7-AUG-PAGE-1.qxd 8/6/2024 9:41 PM Page 1

ਬੁੱਧਵਾਰ, 7 ਅਗਸਤ, 2024
23 ਸਾਉਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 67

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 7 AUGUST, 2024 ਜਲੰਧਰ

YouTube nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੱਝ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਓਡੀਸ਼ਾ ਖਰੀਦ ਸਕਦੈ ਪੰਜਾਬ ਦਾ ਆਲੂ

**ਭੁਬਨੇਸ਼ਵਰ** : ਓਡੀਸ਼ਾ ਸਰਕਾਰ ਸਪਲਾਈ ਵਿਚ ਸੁਧਾਰ ਕਰਨ ਅਤੇ ਕੀਮਤਾਂ ਘਟਾਉਣ ਦੇ ਮੱਦੇਨਜ਼ਰ ਪੰਜਾਬ ਤੋਂ ਆਲੂਆਂ ਦੀ ਖਰੀਦ ਕਰ ਸਕਦੀ ਹੈ। ਖ਼ੁਰਾਕ ਸਪਲਾਈ ਅਤੇ ਖਪਤਕਾਰ ਕਲਿਆਣ ਮੰਤਰੀ ਕ੍ਰਿਸ਼ਨ ਚੰਦਰ ਪਾਤਰਾ ਨੇ ਦੱਸਿਆ ਕਿ ਯੂ ਪੀ ਤੋਂ ਖਰੀਦ ਦੇ ਬਾਵਜੂਦ ਆਲੂ ਦੀ ਕੀਮਤ 45 ਰੁਪਏ ਪ੍ਰਤੀ ਕਿਲੋ 'ਤੇ ਬਣੀ ਰਹੀ। ਗੁਆਂਢੀ ਸੂਬਾ ਪੱਛਮੀ ਬੰਗਾਲ ਤੋਂ ਜ਼ਰੂਰਤ ਯੋਗ ਸਪਲਾਈ ਨਾ ਹੋਣ ਕਾਰਨ ਆਲੂ ਦੀਆਂ ਕੀਮਤਾਂ ਵਿਚ ਵਾਧਾ ਹੋਇਆ ਹੈ। ਪਾਤਰਾ ਨੇ ਕਿਹਾ-ਅਸੀਂ ਹੁਣ ਯੂ ਪੀ ਤੋਂ ਆਲੂ ਖਰੀਦ ਰਹੇ ਹਾਂ, ਜੇ ਲੋੜ ਪਈ ਤਾਂ ਅਸੀਂ ਪੰਜਾਬ ਤੋਂ ਵੀ ਦਰਾਮਦ ਕਰਾਂਗੇ।

## ਫੁੱਟਬਾਲ ਦੇ ਫਾਈਨਲ 'ਚ ਸਪੇਨ ਤੇ ਫਰਾਂਸ ਭਿੜਨਗੇ

**ਫਰਾਂਸ** : ਸਪੇਨ ਪਹਿਲੇ ਅੱਧ ਵਿਚ ਪਛੜਨ ਤੋਂ ਬਾਅਦ ਜੁਆਨਲੁ ਸਾਂਚੇਜ ਵੱਲੋਂ ਕੀਤੇ ਗੋਲ ਦੀ ਮਦਦ ਨਾਲ ਮੋਰੱਕੋ ਨੂੰ 2 1 ਨਾਲ ਹਰਾ ਕੇ ਫੁੱਟਬਾਲ ਦੇ ਫਾਈਨਲ ਵਿਚ ਪੁੱਜ ਗਿਆ। ਉਹ ਲਗਾਤਾਰ ਦੂਜੀ ਅਤੇ ਰਿਕਾਰਡ ਪੰਜਵੀਂ ਵਾਰ ਫਾਈਨਲ ਵਿਚ ਪੁੱਜਾ ਹੈ। ਉਹ ਫਾਈਨਲ ਵਿਚ ਮੇਜ਼ਬਾਨ ਫਰਾਂਸ ਨਾਲ ਭਿੜੇਗਾ। ਇਸ ਦੇ ਨਾਲ ਹੀ ਪਿਛਲੇ 32 ਸਾਲਾਂ ਵਿਚ ਪਹਿਲੀ ਵਾਰ ਹੈ ਕਿ ਯੂਰਪ ਦੀ ਕੋਈ ਟੀਮ ਸੋਨ ਤਮਗਾ ਜਿੱਤੇਗੀ।

## ਕਮਲਾ ਹੈਰਿਸ ਬਣੀ ਉਮੀਦਵਾਰ

**ਵਾਸ਼ਿੰਗਟਨ** : ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਡੈਮੋਕਰੇਟਿਕ ਪਾਰਟੀ ਵੱਲੋਂ ਰਾਸ਼ਟਰਪਤੀ ਅਹੁਦੇ ਦੀ ਅਧਿਕਾਰਤ ਉਮੀਦਵਾਰੀ ਹਾਸਲ ਕਰ ਲਈ ਹੈ। ਇਸ ਦੇ ਨਾਲ ਹੀ ਉਹ ਪਾਰਟੀ ਵੱਲੋਂ ਰਾਸ਼ਟਰਪਤੀ ਚੋਣਾਂ ਦੀ ਟਿਕਟ ਹਾਸਲ ਕਰਨ ਵਾਲੀ ਪਹਿਲੀ ਭਾਰਤੀ-ਅਫਰੀਕੀ ਮਹਿਲਾ ਬਣ ਗਈ। ਪਿਛਲੇ ਮਹੀਨੇ ਰਾਸ਼ਟਰਪਤੀ ਜੋਅ ਬਾਇਡਨ ਨੇ ਦੌੜ ਤੋਂ ਬਾਹਰ ਹੋਣ ਦਾ ਐਲਾਨ ਕੀਤਾ ਸੀ, ਜਿਸ ਮਗਰੋਂ ਹੈਰਿਸ ਨੂੰ ਸੱਤਾਧਾਰੀ ਡੈਮੋਕਰੇਟਿਕ ਪਾਰਟੀ ਦੀ ਉਮੀਦਵਾਰ ਐਲਾਨਿਆ ਗਿਆ ਸੀ।

## ਰਾਜਸਥਾਨ 'ਚ ਹੱਦੋਂ ਵੱਧ ਬਾਰਿਸ਼

**ਜੈਪੁਰ** : ਰਾਜਸਥਾਨ ਦੇ ਕਈ ਇਲਾਕਿਆਂ 'ਚ ਸੋਮਵਾਰ ਤੋਂ ਭਾਰੀ ਬਾਰਿਸ਼ ਹੋ ਰਹੀ ਹੈ। ਲੰਘੇ 24 ਘੰਟਿਆਂ 'ਚ ਜੈਸਲਮੇਰ, ਜੋਧਪੁਰ ਅਤੇ ਪਾਲੀ ਜ਼ਿਲ੍ਹੇ ਵਿੱਚ ਕਈ ਥਾਵਾਂ 'ਤੇ ਬੇਹੱਦ ਭਾਰੀ ਮਤਲਬ 200 ਮਿਲੀਮੀਟਰ ਤੋਂ ਵੱਧ ਬਾਰਿਸ਼ ਦਰਜ ਕੀਤੀ ਗਈ। ਰੇਲਵੇ ਨੇ ਕਈ ਰੇਲਾਂ ਰੱਦ ਕਰ ਦਿੱਤੀਆਂ ਹਨ। ਮੰਗਲਵਾਰ ਸਵੇਰੇ 8.30 ਵਜੇ ਸਮਾਪਤ ਹੋਏ 24 ਘੰਟੇ ਦੌਰਾਨ ਜੈਸਲਮੇਰ ਦੇ ਮੋਹਨਗੜ੍ਹ 'ਚ 260 ਮਿਲੀਮੀਟਰ ਤੇ ਭਨੀਆਨਾ 'ਚ 206 ਮਿਲੀਮੀਟਰ, ਜੋਧਪੁਰ ਦੇ ਦੇਚੂ 'ਚ 246 ਮਿਲੀਮੀਟਰ ਅਤੇ ਪਾਲੀ 'ਚ 257 ਮਿਲੀਮੀਟਰ ਬਾਰਿਸ਼ ਹੋਈ।

## ਅਡਵਾਨੀ ਅਪੋਲੋ 'ਚ



**ਨਵੀਂ ਦਿੱਲੀ** : ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਉਪ ਪ੍ਰਧਾਨ ਮੰਤਰੀ ਲਾਲ ਕ੍ਰਿਸ਼ਨ ਅਡਵਾਨੀ (96) ਨੂੰ ਮੰਗਲਵਾਰ ਅਪੋਲੋ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਜੁਲਾਈ ਦੇ ਪਹਿਲੇ ਹਫਤੇ ਦੌਰਾਨ ਵੀ ਸਿਹਤ ਠੀਕ ਨਾ ਹੋਣ ਦੇ ਚੱਲਦਿਆਂ ਉਨ੍ਹਾ ਨੂੰ ਦੋ ਦਿਨ ਇਸੇ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਸੀ।

## ਕਰਜ਼ਈ ਸ਼ੂਟਰ ਦੀਆਂ ਨਜ਼ਰਾਂ 'ਚ ਬਿਸ਼ਨੋਈ ਬੇਕਸੂਰ

**ਮੁੰਬਈ** : ਸਲਮਾਨ ਖਾਨ ਦੇ ਮੁੰਬਈ ਸਥਿਤ ਘਰ ਦੇ ਬਾਹਰ ਅਪਰੈਲ ਮਹੀਨੇ ਗੋਲੀਬਾਰੀ ਕਰਨ ਵਾਲਿਆਂ 'ਚੋਂ ਇਕ ਸ਼ੂਟਰ ਨੇ ਜ਼ਮਾਨਤ ਦੀ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਜੇਲ੍ਹ 'ਚ ਬੰਦ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਸਿਧਾਂਤਾਂ ਤੋਂ ਪ੍ਰੇਰਤ ਹੈ। ਮੁਲਜ਼ਮ ਵਿੱਕੀ ਕੁਮਾਰ ਗੁਪਤਾ ਨੇ ਮੰਗਲਵਾਰ ਕਿਹਾ ਕਿ ਉਸ ਨੇ ਕਰਜ਼ੇ 'ਚ ਫਸੇ ਹੋਣ ਕਾਰਨ ਕਥਿਤ ਅਪਰਾਧ ਕੀਤਾ। ਮੁਲਜ਼ਮ ਨੇ ਦਾਅਵਾ ਕੀਤਾ ਕਿ ਲਾਰੈਂਸ ਬਿਸ਼ਨੋਈ ਦਾ ਨਾਂਅ ਮਾਮਲੇ 'ਚ ਗਲਤ ਤਰੀਕੇ ਨਾਲ ਲਿਆ ਗਿਆ ਹੈ ਅਤੇ ਗੋਲੀਬਾਰੀ 'ਚ ਉਸ ਦੀ ਕੋਈ ਭੂਮਿਕਾ ਨਹੀਂ ਹੈ, ਜਿਵੇਂ ਕਿ ਮੁੰਬਈ ਪੁਲਸ ਦਾਅਵਾ ਕਰ ਰਹੀ ਹੈ। ਉਸ ਨੇ ਕਿਹਾ ਕਿ ਗੋਲੀਬਾਰੀ ਦਾ ਮਕਸਦ ਸਲਮਾਨ ਖਾਨ ਨੂੰ 26 ਸਾਲ ਪਹਿਲਾਂ ਦੋ ਕਾਲੇ ਹਿਰਨਾਂ ਨੂੰ ਮਾਰਨ ਦੇ ਕਥਿਤ ਕਾਰੇ ਲਈ ਡਰਾਉਣਾ ਸੀ।

## ਸੁਪਰੀਮ ਕੋਰਟ ਹਿਜਾਬ 'ਤੇ ਰੋਕ ਦਾ ਮਾਮਲਾ ਸੁਣੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਬੰਬੇ ਹਾਈ ਕੋਰਟ ਦੇ ਉਸ ਫੈਸਲੇ ਨੂੰ ਸੂਚੀਬੱਧ ਕਰਨ ਦਾ ਆਦੇਸ਼ ਦਿੱਤਾ, ਜਿਸ ਵਿਚ ਮੁੰਬਈ ਦੇ ਇਕ ਕਾਲਜ ਵਿਚ ਹਿਜਾਬ, ਬੁਰਕਾ ਜਾਂ ਨਕਾਬ ਪਾਉਣ 'ਤੇ ਪਾਬੰਦੀ ਲਾਉਣ ਦੇ ਫੈਸਲੇ ਨੂੰ ਬਰਕਰਾਰ ਰੱਖਿਆ ਗਿਆ ਸੀ। ਬੰਬੇ ਹਾਈ ਕੋਰਟ ਨੇ ਪਾਬੰਦੀਆਂ ਦੇ ਫੈਸਲੇ ਵਿਚ ਦਖਲਅੰਦਾਜ਼ੀ ਕਰਨ ਤੋਂ 26 ਜੂਨ ਨੂੰ ਇਨਕਾਰ ਕਰਦਿਆਂ ਕਿਹਾ ਸੀ ਕਿ ਅਜਿਹੇ ਨਿਯਮਾਂ ਨਾਲ ਵਿਦਿਆਰਥੀਆਂ ਦੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਨਹੀਂ ਹੁੰਦੀ। ਹਾਈ ਕੋਰਟ ਨੇ ਕਿਹਾ ਸੀ ਕਿ ਡਰੈੱਸ ਕੋਡ ਦਾ ਉਦੇਸ਼ ਅਨੁਸ਼ਾਸਨ ਨੂੰ ਬਣਾਈ ਰੱਖਣਾ ਹੈ, ਜੋ ਕਿ ਵਿਦਿਅਕ ਸੰਸਥਾ ਨੂੰ ਸਥਾਪਤ ਅਤੇ ਪ੍ਰਬੰਧਤ ਕਰਨ ਲਈ ਕਾਲਜਾਂ ਦੇ ਬੁਨਿਆਦੀ ਅਧਿਕਾਰ ਦਾ ਹਿੱਸਾ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਤੁਰੰਤ ਸੂਚੀਬੱਧ ਕਰਨ ਦੀ ਅਪੀਲ ਦੇ ਮੱਦੇਨਜ਼ਰ ਕਿਹਾ ਕਿ ਇਸ ਮਾਮਲੇ ਲਈ ਪਹਿਲਾਂ ਹੀ ਇਕ ਬੈਂਚ ਤੈਅ ਕੀਤੀ ਗਈ ਹੈ ਅਤੇ ਇਸ ਨੂੰ ਜਲਦ ਹੀ ਸੂਚੀਬੱਧ ਕੀਤਾ ਜਾਵੇਗਾ।

# ਬੰਗਲਾਦੇਸ਼ 'ਚ ਸੰਸਦ ਭੰਗ, ਖਾਲਿਦਾ ਰਿਹਾਅ

### ਅੰਦੋਲਨਕਾਰੀਆਂ ਵੱਲੋਂ ਸਰਕਾਰ ਦੀ ਵਾਗਡੋਰ ਨੋਬੇਲ ਇਨਾਮ ਜੇਤੂ ਮੁਹੰਮਦ ਯੂਨਸ ਨੂੰ ਸੌਂਪਣ ਦੀ ਵਕਾਲਤ

**ਢਾਕਾ** : ਬੰਗਲਾਦੇਸ਼ ਦੇ ਰਾਸ਼ਟਰਪਤੀ ਮੁਹੰਮਦ ਸ਼ਹਾਬੂਦੀਨ ਨੇ ਅੰਤਰਮ ਸਰਕਾਰ ਦੇ ਗਠਨ ਦਾ ਰਾਹ ਪੱਧਰਾ ਕਰਦਿਆਂ ਜਾਤੀਆ ਸੰਗਸਦ (ਸੰਸਦ) ਭੰਗ ਕਰ ਦਿੱਤੀ ਹੈ। ਇਹ ਫੈਸਲਾ ਉਨ੍ਹਾ ਤਿੰਨਾਂ ਸੈਨਾ ਮੁਖੀਆਂ, ਵੱਖ-ਵੱਖ ਪਾਰਟੀਆਂ ਦੇ ਆਗੂਆਂ, ਸਿਵਲ ਸੁਸਾਇਟੀ ਦੇ ਨੁਮਾਇੰਦਿਆਂ ਅਤੇ ਵਿਤਕਰੇ-ਵਿਰੋਧੀ ਵਿਦਿਆਰਥੀ ਅੰਦੋਲਨ ਦੇ ਆਗੂਆਂ ਨਾਲ ਮਸ਼ਵਰਾ ਕਰਕੇ ਕੀਤਾ।

ਇਸੇ ਦੌਰਾਨ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੀ ਪ੍ਰਧਾਨ ਤੇ ਸਾਬਕਾ ਪ੍ਰਧਾਨ ਮੰਤਰੀ ਖਾਲਿਦਾ ਜ਼ਿਆ (79) ਨੂੰ ਜੇਲ੍ਹ ਵਿੱਚੋਂ ਰਿਹਾਅ ਕਰ ਦਿੱਤਾ ਗਿਆ ਹੈ। ਉਨ੍ਹਾ ਤੋਂ ਇਲਾਵਾ ਹੋਰ ਜੇਲ੍ਹਬੰਦ ਆਗੂਆਂ ਨੂੰ ਵੀ ਰਿਹਾਅ ਕੀਤਾ ਜਾ ਰਿਹਾ ਹੈ। ਇਸੇ ਦੌਰਾਨ ਅੰਦੋਲਨ ਦੇ ਅਹਿਮ ਕੋਆਰਡੀਨੇਟਰ ਨਹੀਦ ਇਸਲਾਮ ਨੇ ਕਿਹਾ ਹੈ ਕਿ ਉਨ੍ਹਾ 84 ਸਾਲਾ ਨੋਬੇਲ ਇਨਾਮ ਜੇਤੂ ਮੁਹੰਮਦ ਯੂਨਸ ਨੂੰ ਅੰਤਰਮ ਸਰਕਾਰ ਦਾ ਮੁਖੀ ਬਣਾਉਣ ਦਾ ਸੁਝਾਅ ਦਿੱਤਾ ਹੈ। ਯੂਨਸ ਨਾਲ ਗੱਲ ਹੋ ਗਈ ਹੈ ਤੇ ਉਹ ਮੰਨ ਵੀ ਗਏ ਹਨ। ਨਹੀਦ ਨੇ ਕਿਹਾ ਕਿ ਉਹ ਵਿਦਿਆਰਥੀਆਂ ਵੱਲੋਂ ਸੁਝਾਈ ਸਰਕਾਰ ਤੋਂ ਬਿਨਾਂ ਕੋਈ ਹੋਰ ਸਰਕਾਰ ਮਨਜ਼ੂਰ ਨਹੀਂ ਕਰਨਗੇ। ਮਿਲਟਰੀ ਸਰਕਾਰ ਜਾਂ ਮਿਲਟਰੀ ਦੀ ਹਮਾਇਤ ਵਾਲੀ ਸਰਕਾਰ ਜਾਂ ਫਾਸ਼ੀ ਸਰਕਾਰ ਮਨਜ਼ੂਰ ਨਹੀਂ ਹੋਵੇਗੀ। ਇਸੇ ਦੌਰਾਨ 100 ਹੋਰ ਮੌਤਾਂ ਨਾਲ ਦੇਸ਼ ਵਿਚ ਹਿੰਸਾ ਕਾਰਨ ਮੌਤਾਂ ਦੀ ਗਿਣਤੀ 440 ਹੋ ਗਈ ਹੈ। ਅਮਰੀਕਾ ਨੇ ਕਿਹਾ ਹੈ ਕਿ ਬੰਗਲਾਦੇਸ਼ 'ਚ ਲੋਕਤੰਤਰੀ ਕੀਮਤਾਂ, ਕਾਨੂੰਨ ਦੇ ਸ਼ਾਸਨ ਅਤੇ ਬੰਗਲਾਦੇਸ਼ੀ ਲੋਕਾਂ ਦੀ ਇੱਛਾ ਦਾ ਸਨਮਾਨ ਕਰਦੇ ਹੋਏ ਅੰਤਰਮ ਸਰਕਾਰ ਦਾ ਗਠਨ ਕੀਤਾ ਜਾਣਾ ਚਾਹੀਦਾ ਹੈ। ਵਿਦੇਸ਼ ਵਿਭਾਗ ਦੇ ਤਰਜਮਾਨ ਮੈਥਿਊ ਮਿਲਰ ਨੇ ਕਿਹਾ-ਅਸੀਂ ਬੰਗਲਾਦੇਸ਼ ਦੇ ਲੋਕਾਂ ਨੂੰ ਬੰਗਲਾਦੇਸ਼ ਦੀ ਸਰਕਾਰ ਦਾ ਭਵਿੱਖ ਨਿਰਧਾਰਤ ਕਰਦੇ ਹੋਏ ਦੇਖਣਾ ਚਾਹੁੰਦੇ ਹਾਂ। ਅਮਰੀਕਾ ਬੰਗਲਾਦੇਸ਼ ਦੇ ਹਾਲਾਤ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਉਹ ਹਿੰਸਾ ਖਤਮ ਕਰਨ ਤੇ ਪਿਛਲੇ ਕੁਝ ਹਫਤਿਆਂ 'ਚ ਹੋਈਆਂ ਮੌਤਾਂ ਲਈ ਜਵਾਬਦੇਹੀ ਤੈਅ ਕਰਨ ਦੀ ਅਪੀਲ ਕਰਦਾ ਹੈ।

## ਹੋਟਲ ਨੂੰ ਅੱਗ ਲਾ ਕੇ 24 ਸਾੜ'ਤੇ



**ਢਾਕਾ** : ਭੀੜ ਨੇ ਅਵਾਮੀ ਲੀਗ ਦੇ ਜ਼ਿਲ੍ਹਾ ਜਨਰਲ ਸਕੱਤਰ ਸ਼ਾਹੀਨ ਚੱਕਲੱਦਰ ਦੇ ਜੋਸ਼ੋਰ ਜ਼ਿਲ੍ਹੇ ਵਿਚਲੇ ਹੋਟਲ ਨੂੰ ਸੋਮਵਾਰ ਰਾਤ ਅੱਗ ਲਾ ਦਿੱਤੀ, ਜਿਸ ਨਾਲ ਇਕ ਇੰਡੋਨੇਸ਼ੀਆਈ ਸਣੇ 24 ਲੋਕ ਮਾਰੇ ਗਏ। ਮੀਡੀਆ ਰਿਪੋਰਟਾਂ ਮੁਤਾਬਕ ਭੀੜ ਨੇ ਹੇਠਲੀ ਮੰਜ਼ਲ ਨੂੰ ਅੱਗ ਲਾਈ ਤੇ ਦੇਖਦਿਆਂ ਹੀ ਦੇਖਦਿਆਂ ਫੈਲ ਗਈ। ਦੇਸ਼ ਦੇ ਹੋਰਨਾਂ ਹਿੱਸਿਆਂ ਤੋਂ ਵੀ ਅਵਾਮੀ ਲੀਗ ਦੇ ਆਗੂਆਂ ਦੀਆਂ ਸੰਪਤੀਆਂ ਨੂੰ ਅੱਗ ਲਾਉਣ ਦੀਆਂ ਰਿਪੋਰਟਾਂ ਹਨ।

## ਇੰਗਲੈਂਡ ਦੀ ਹਸੀਨਾ ਨੂੰ ਪਨਾਹ ਦੇਣੋਂ 'ਨਾਂਹ'

**ਨਵੀਂ ਦਿੱਲੀ** : ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਲੰਡਨ ਜਾਣ ਦੀ ਯੋਜਨਾ ਕੁਝ 'ਅਨਿਸ਼ਚਿਤਤਾਵਾਂ' ਕਾਰਨ ਲਮਕ ਗਈ ਹੈ ਅਤੇ ਅਗਲੇ ਕੁਝ ਦਿਨਾਂ ਤੱਕ ਉਨ੍ਹਾ ਦੇ ਭਾਰਤ ਤੋਂ ਬਾਹਰ ਜਾਣ ਦੀ ਸੰਭਾਵਨਾ ਨਹੀਂ ਹੈ।

ਸੂਤਰਾਂ ਨੇ ਮੰਗਲਵਾਰ ਇਹ ਜਾਣਕਾਰੀ ਦਿੱਤੀ। ਪ੍ਰਧਾਨ ਮੰਤਰੀ ਅਹੁਦੇ ਤੋਂ ਅਸਤੀਫਾ ਦੇਣ ਤੋਂ ਕੁਝ ਘੰਟੇ ਬਾਅਦ ਸੋਮਵਾਰ ਨੂੰ ਹਿੰਡਨ ਏਅਰਬੇਸ 'ਤੇ ਪਹੁੰਚੀ ਹਸੀਨਾ ਨੂੰ ਇਕ ਅਣਪਛਾਤੇ ਸਥਾਨ 'ਤੇ ਲਿਜਾਇਆ ਗਿਆ ਅਤੇ ਉਨ੍ਹਾ ਨੂੰ ਸਖਤ ਸੁਰੱਖਿਆ 'ਚ ਰੱਖਿਆ ਗਿਆ ਹੈ। ਸੂਤਰਾਂ ਨੇ ਦੱਸਿਆ ਕਿ ਹਸੀਨਾ ਆਪਣੀ ਭੈਣ ਰੇਹਾਨਾ ਨਾਲ ਅਸਥਾਈ ਸ਼ਰਨ ਵਾਸਤੇ ਭਾਰਤ ਤੋਂ ਲੰਡਨ ਜਾਣ ਵਾਲੀ ਸੀ ਪਰ ਹੁਣ ਉਹ ਹੋਰ ਬਦਲਾਂ 'ਤੇ ਵਿਚਾਰ ਕਰ ਰਹੀ ਹੈ ਕਿਉਂਕਿ ਬਰਤਾਨੀਆ ਸਰਕਾਰ ਨੇ ਸੰਕੇਤ ਦਿੱਤਾ ਹੈ ਕਿ ਉਨ੍ਹਾ ਨੂੰ ਉਨ੍ਹਾ ਦੇ ਦੇਸ਼ 'ਚ ਹਿੰਸਕ ਪ੍ਰਦਰਸ਼ਨਾਂ ਦੇ ਮੱਦੇਨਜ਼ਰ ਕਿਸੇ ਵੀ ਸੰਭਾਵੀ ਜਾਂਚ ਖਿਲਾਫ ਬਰਤਾਨੀਆ 'ਚ ਕਾਨੂੰਨੀ ਸੁਰੱਖਿਆ ਨਹੀਂ ਮਿਲ ਸਕਦੀ।

# ਨੀਰਜ ਪਹਿਲੀ ਟ੍ਰਾਈ ਨਾਲ ਫਾਈਨਲ 'ਚ



**ਪੈਰਿਸ** : ਪਿਛਲੇ ਚੈਂਪੀਅਨ ਨੀਰਜ ਚੋਪੜਾ ਨੇ ਮੰਗਲਵਾਰ ਗਰੁੱਪ 'ਬੀ' ਕੁਆਲੀਫਿਕੇਸ਼ਨ 'ਚ ਆਪਣੀ ਪਹਿਲੀ ਹੀ ਕੋਸ਼ਿਸ਼ 'ਚ 89.34 ਮੀਟਰ ਦੀ ਥਰੋਅ ਨਾਲ ਪੈਰਿਸ ਉਲੰਪਿਕ ਖੇਡਾਂ ਦੇ ਪੁਰਸ਼ ਜੈਵੇਲੀਅਨ ਥਰੋਅ ਮੁਕਾਬਲੇ ਦੇ ਫਾਈਨਲ 'ਚ ਜਗ੍ਹਾ ਬਣਾ ਲਈ। ਸਭ ਤੋਂ ਪਹਿਲਾ ਥਰੋਅ ਕਰਨ ਲਈ ਆਏ 26 ਸਾਲਾ ਨੀਰਜ ਨੇ 89.34 ਮੀਟਰ ਨਾਲ ਸੈਸ਼ਨ ਦਾ ਆਪਣਾ ਸਭ ਤੋਂ ਵਧੀਆ ਪ੍ਰਦਰਸ਼ਨ ਕਰਦੇ ਹੋਏ 8 ਅਗਸਤ ਨੂੰ ਹੋਣ ਵਾਲੇ ਫਾਈਨਲ ਲਈ ਕੁਆਲੀਫਾਈ ਕੀਤਾ। ਨੀਰਜ ਨੇ 87.58 ਮੀਟਰ ਦੀ ਕੋਸ਼ਿਸ਼ ਨਾਲ ਟੋਕੀਓ ਉਲੰਪਿਕ ਦਾ ਸੋਨ ਤਮਗਾ ਜਿੱਤਿਆ ਸੀ। ਨੀਰਜ ਹੁਣ ਵੀਰਵਾਰ ਫਾਈਨਲ 'ਚ ਉਲੰਪਿਕ ਦੇ ਇਤਿਹਾਸ 'ਚ ਖਿਤਾਬ ਬਰਕਰਾਰ ਰੱਖਣ ਵਾਲਾ ਪੰਜਵਾਂ ਸੁਟਾਵਾ ਬਣਨ ਦੇ ਇਰਾਦੇ ਨਾਲ ਉਤਰੇਗਾ। ਨੀਰਜ ਨੇ ਸਭ ਤੋਂ ਵਧੀਆ ਪ੍ਰਦਰਸ਼ਨ 2022 ਵਿਚ 89.94 ਮੀਟਰ ਥਰੋਅ ਕਰਕੇ ਕੀਤਾ ਸੀ। ਭਾਰਤ ਦਾ ਦੂਜਾ ਮੁਕਾਬਲੇਬਾਜ਼ ਕਿਸ਼ੋਰ ਜੇਨਾ ਫਾਈਨਲ ਵਿਚ ਪੁੱਜਣ ਵਾਲੇ 12 ਐਥਲੀਟਾਂ 'ਚ ਸ਼ਾਮਲ ਨਹੀਂ ਹੋ ਸਕਿਆ, ਉਹ ਗਰੁੱਪ ਏ 'ਚ 80.73 ਮੀਟਰ ਹੀ ਸੁੱਟ ਸਕਿਆ।

ਜੇਨਾ ਨੇ ਪਿਛਲੇ ਸਾਲ ਅਕਤੂਬਰ ਵਿਚ ਏਸ਼ੀਅਨ ਗੇਮਜ਼ 'ਚ 87.54 ਮੀਟਰ ਥਰੋਅ ਕੀਤੀ ਸੀ। ਪਾਕਿਸਤਾਨ ਦੇ ਮੌਜੂਦਾ ਕਾਮਨਵੈਲਥ ਚੈਂਪੀਅਨ ਤੇ ਨੀਰਜ ਦੇ ਦੋਸਤ ਅਰਸ਼ਦ ਨਦੀਮ ਨੇ ਗਰੁੱਪ ਬੀ ਵਿੱਚੋਂ 86.59 ਮੀਟਰ ਨਾਲ ਫਾਈਨਲ ਲਈ ਕੁਆਲੀਫਾਈ ਕੀਤਾ। ਇਸੇ ਗਰੁੱਪ ਵਿੱਚੋਂ ਗ੍ਰੇਨਾਡਾ ਦੇ ਹੰਢੇ ਹੋਏ ਐਂਡਰਸਨ ਪੀਟਰਜ਼ ਨੇ 88.63 ਮੀਟਰ ਨਾਲ ਕੁਆਲੀਫਾਈ ਕੀਤਾ। ਗਰੁੱਪ ਏ ਵਿੱਚ ਜਰਮਨੀ ਦਾ ਜੂਲੀਅਨ ਵੈਬਰ 87.76 ਮੀਟਰ ਨਾਲ ਪਹਿਲੇ, ਜਦਕਿ ਸਾਬਕਾ ਵਿਸ਼ਵ ਚੈਂਪੀਅਨ ਕੀਨੀਆ ਦਾ ਜੂਲੀਅਸ ਯੇਗੋ 85.97 ਮੀਟਰ ਨਾਲ ਦੂਜੇ ਨੰਬਰ 'ਤੇ ਰਿਹਾ।

## ਫੋਗਾਟ ਨੇ ਵਿਸ਼ਵ ਚੈਂਪੀਅਨ ਨੂੰ ਹਰਾਇਆ



ਯੂਕਰੇਨ ਦੀ ਓਕਸਾਨਾ ਖਿਲਾਫ ਐਕਸ਼ਨ 'ਚ ਫੋਗਾਟ।

**ਪੈਰਿਸ** : ਵਿਨੇਸ਼ ਫੋਗਾਟ ਯੂਕਰੇਨ ਦੀ ਓਕਸਾਨਾ ਲਿਵਾਚ ਨੂੰ ਮੰਗਲਵਾਰ ਹਰਾ ਕੇ ਉਲੰਪਿਕ ਕੁਸ਼ਤੀ ਦੇ 50 ਕਿੱਲੋ ਭਾਰ ਵਰਗ ਦੇ ਸੈਮੀਫਾਈਨਲ ਵਿਚ ਪੁੱਜ ਗਈ। 29 ਸਾਲਾ ਫੋਗਾਟ ਨੇ ਗਹਿਗਚ ਮੁਕਾਬਲੇ ਵਿਚ ਲੀਵਚ ਨੂੰ 7-5 ਨਾਲ ਹਰਾਇਆ। ਤੀਜੀ ਉਲੰਪਿਕ ਖੇਡ ਰਹੀ ਫੋਗਾਟ ਦਾ ਸੈਮੀਫਾਈਨਲ ਮੁਕਾਬਲਾ ਕਿਊਬਾ ਦੀ ਗੁਜਮਾਨ ਲੋਪੇਜੀ ਨਾਲ ਰਾਤ ਸਾਢੇ 10 ਵਜੇ ਹੋਣਾ ਸੀ। ਇਸ ਤੋਂ ਪਹਿਲਾਂ ਫੋਗਾਟ ਚਾਰ ਵਾਰ ਦੀ ਵਿਸ਼ਵ ਚੈਂਪੀਅਨ ਅਤੇ ਮੌਜੂਦਾ ਸੋਨ ਤਮਗਾ ਜੇਤੂ ਜਾਪਾਨ ਦੀ ਯੂਈ ਸੁਸਾਕੀ ਨੂੰ ਹਰਾ ਕੇ ਕੁਆਰਟਰ ਫਾਈਨਲ 'ਚ ਪੁੱਜੀ ਸੀ। ਸੁਸਤ ਲੜਨ ਕਾਰਨ ਪੈਨਲਟੀ ਵਜੋਂ 0-2 ਨਾਲ ਪਛੜ ਰਹੀ ਫੋਗਾਟ ਨੇ ਆਖਰੀ ਪੰਜ ਸਕਿੰਟਾਂ 'ਚ ਕੌਤਕ ਕਰਦਿਆਂ ਤਿੰਨ ਅੰਕ ਹਾਸਲ ਕਰਕੇ 3-2 ਨਾਲ ਜਿੱਤ ਦਰਜ ਕੀਤੀ। ਫੋਗਾਟ ਪਿਛਲੀਆਂ ਦੋ ਉਲੰਪਿਕ ਖੇਡਾਂ 'ਚ ਤਮਗਾ ਜਿੱਤਣ 'ਚ ਨਾਕਾਮ ਰਹੀ ਸੀ।

# ਸਰਕਾਰ ਭਾਰਤੀ ਭਾਈਚਾਰੇ ਦੇ ਸੰਪਰਕ 'ਚ



**ਨਵੀਂ ਦਿੱਲੀ** : ਸਰਕਾਰ ਨੇ ਬੰਗਲਾਦੇਸ਼ 'ਚ ਅਸਥਿਰ ਹਾਲਾਤ 'ਤੇ ਚਿੰਤਾ ਜ਼ਾਹਰ ਕਰਦੇ ਹੋਏ ਮੰਗਲਵਾਰ ਕਿਹਾ ਕਿ ਉਹ ਗੁਆਂਢੀ ਮੁਲਕ ਦੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੀ ਹੈ। ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਰਾਜ ਸਭਾ 'ਚ ਕਿਹਾ ਕਿ ਬੰਗਲਾਦੇਸ਼ ਨਾਲ ਭਾਰਤ ਦੇ ਦਹਾਕਿਆਂ ਤੋਂ ਡੂੰਘੇ ਸੰਬੰਧ ਹਨ। ਉੱਥੋਂ ਦੇ ਹਾਲਾਤ ਨਾਲ ਇੱਥੇ ਵੀ ਚਿੰਤਾ ਪੈਦਾ ਹੋਈ ਹੈ। ਉੱਥੇ ਜੂਨ 'ਚ ਹਾਲਾਤ ਵਿਗੜਨੇ ਸ਼ੁਰੂ ਹੋਏ ਤੇ ਇਹ ਸਿਲਸਿਲਾ ਹੁਣ ਤੱਕ ਜਾਰੀ ਹੈ। ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਵੀ ਹਾਲਾਤ ਨਹੀਂ ਬਦਲੇ। ਜੋ ਕੁਝ ਗੁਆਂਢੀ ਮੁਲਕ 'ਚ ਹੋਇਆ, ਉਸ ਦਾ ਇਕ ਸੂਤਰੀ ਏਜੰਡਾ ਇਹ ਸੀ ਕਿ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਅਸਤੀਫਾ ਦੇ ਦੇਣ। ਬੰਗਲਾਦੇਸ਼ 'ਚ ਅਜੇ ਵੀ ਹਾਲਾਤ ਅਸਥਿਰ ਹਨ। ਸਰਕਾਰ ਡਿਪਲੋਮੈਟ ਮਿਸ਼ਨਾਂ ਰਾਹੀਂ ਬੰਗਲਾਦੇਸ਼ 'ਚ ਭਾਰਤੀ ਭਾਈਚਾਰੇ ਨਾਲ ਲਗਾਤਾਰ ਸੰਪਰਕ 'ਚ ਹੈ। ਗੁਆਂਢੀ ਮੁਲਕ ਦੇ ਨਾਲ ਲੱਗਣ ਵਾਲੀ ਸਰਹੱਦ 'ਤੇ ਸੁਰੱਖਿਆ ਬਲਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ ਗਏ ਹਨ।

ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਸਰਬ ਪਾਰਟੀ ਮੀਟਿੰਗ ਦੌਰਾਨ ਬੰਗਲਾਦੇਸ਼ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ ਅਤੇ ਸਰਬਸੰਮਤ ਸਮਰਥਨ ਅਤੇ ਤਾਲਮੇਲ ਲਈ ਸਾਰੀਆਂ ਪਾਰਟੀਆਂ ਦੀ ਸ਼ਲਾਘਾ ਕੀਤੀ। ਜੈਸ਼ੰਕਰ ਨੇ ਦੱਸਿਆ ਕਿ ਭਾਰਤ ਨੇ ਸ਼ੇਖ ਹਸੀਨਾ ਨੂੰ ਮਦਦ ਦਾ ਭਰੋਸਾ ਦਿਵਾਉਂਦੇ ਹੋਏ ਉਨ੍ਹਾ ਨੂੰ ਭਵਿੱਖ ਦੀ ਰਣਨੀਤੀ ਤੈਅ ਕਰਨ ਲਈ ਸਮਾਂ ਦਿੱਤਾ ਹੈ। ਭਾਰਤ ਗੁਆਂਢੀ ਮੁਲਕ 'ਚ ਮੌਜੂਦ 10,000 ਤੋਂ ਵੱਧ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਬੰਗਲਾਦੇਸ਼ੀ ਫੌਜ ਦੇ ਸੰਪਰਕ 'ਚ ਹੈ।

## ਜੀਵਨ ਬੀਮਾ ਤੇ ਸਿਹਤ ਬੀਮਾ 'ਤੇ ਜੀ ਐੱਸ ਟੀ ਖਿਲਾਫ਼ ਪ੍ਰਦਰਸ਼ਨ




**ਨਵੀਂ ਦਿੱਲੀ** : ਇੰਡੀਆ ਗੱਠਜੋੜ ਦੀ ਅਗਵਾਈ ਹੇਠ ਵਿਰੋਧੀ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਜੀਵਨ ਬੀਮਾ ਅਤੇ ਸਿਹਤ ਬੀਮਾ 'ਤੇ 18 ਫੀਸਦੀ ਜੀ ਐੱਸ ਟੀ ਵਾਪਸ ਲੈਣ ਦੀ ਮੰਗ ਕਰਦਿਆਂ ਮੰਗਲਵਾਰ ਸੰਸਦ ਭਵਨ ਦੇ 'ਮਕਰ ਦੁਆਰ' ਦੇ ਸਾਹਮਣੇ ਪ੍ਰਦਰਸ਼ਨ ਕੀਤਾ। ਇਸ ਮੌਕੇ ਰਾਹੁਲ ਗਾਂਧੀ, ਸ਼ਰਦ ਪਵਾਰ, ਤ੍ਰਿਣਮੂਲ ਕਾਂਗਰਸ, ਸ਼ਿਵ ਸੈਨਾ (ਯੂ ਬੀ ਟੀ), ਝਾਰਖੰਡ ਮੁਕਤੀ ਮੋਰਚਾ ਸਮੇਤ ਕਈ ਦਲਾਂ ਦੇ ਸੰਸਦ ਮੈਂਬਰ ਸ਼ਾਮਲ ਹੋਏ ਅਤੇ ਨਾਅਰੇਬਾਜ਼ੀ ਕੀਤੀ। ਉਨ੍ਹਾਂ ਜੀ ਐੱਸ ਟੀ ਖਤਮ ਕਰਨ ਬਾਰੇ ਤਖਤੀਆਂ ਫੜੀਆਂ ਹੋਈਆਂ ਸਨ। ਕਾਂਗਰਸੀ ਆਗੂ ਪ੍ਰਮੋਦ ਤਿਵਾੜੀ ਨੇ ਕਿਹਾ ਕਿ ਇਹ ਸਰਕਾਰ ਕਫਨ ਟੈਕਸ ਲਾ ਰਹੀ ਹੈ, ਜੋ ਕਿ ਸਭ ਤੋਂ ਵੱਡੀ ਲੁੱਟ ਹੈ, ਇੰਡੀਆ ਗੱਠਜੋੜ ਇਸ ਦਾ ਪੁਰਜ਼ੋਰ ਵਿਰੋਧ ਕਰੇਗਾ।

## ਸਿਸੋਦੀਆ ਦੀ ਜ਼ਮਾਨਤ 'ਤੇ ਫੈਸਲਾ ਰਾਖਵਾਂ

**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਜਸਟਿਸ ਬੀ ਆਰ ਗਵਈ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਨੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਦੀ ਜ਼ਮਾਨਤ ਪਟੀਸ਼ਨ 'ਤੇ ਮੰਗਲਵਾਰ ਸੁਣਵਾਈ ਤੋਂ ਬਾਅਦ ਫੈਸਲਾ ਸੁਰੱਖਿਅਤ ਰੱਖ ਲਿਆ। ਇਸ ਤੋਂ ਪਹਿਲਾਂ ਬੈਂਚ ਨੇ ਈ ਡੀ ਤੋਂ ਪੁੱਛਿਆ ਕਿ ਮੁਕੱਦਮੇ ਨੂੰ ਪੂਰਾ ਕਰਨ 'ਚ ਕਿੰਨਾ ਸਮਾਂ ਲੱਗੇਗਾ। ਬੈਂਚ ਈ ਡੀ ਦੀ ਇਸ ਦਲੀਲ ਨਾਲ ਸਹਿਮਤ ਨਹੀਂ ਹੋਈ ਕਿ ਸਿਸੋਦੀਆ ਨੇ ਬਹੁਤ ਦਸਤਾਵੇਜ਼ ਮੰਗੇ ਸਨ ਤਾਂ ਜੋ ਮੁਕੱਦਮੇ 'ਚ ਦੇਰੀ ਹੋ ਸਕੇ।

ਸਿਸੋਦੀਆ ਦੇ ਵਕੀਲ ਅਭਿਸ਼ੇਕ ਮਨੂੰ ਸਿੰਘਵੀ ਨੇ ਦਲੀਲ ਦਿੱਤੀ ਕਿ ਸਿਸੋਦੀਆ ਖਿਲਾਫ ਕੋਈ ਸਬੂਤ ਨਹੀਂ ਹੈ। ਉਸ ਦੇ ਖਿਲਾਫ ਕੋਈ ਬਿਆਨ ਨਹੀਂ ਹੈ, ਇੱਥੋਂ ਤੱਕ ਕਿ ਕੋਈ ਵਟਸਐਪ ਚੈਟ ਵੀ ਨਹੀਂ ਹੈ। ਉਸ ਦੇ ਕਿਸੇ ਹਵਾਲਾ ਵਪਾਰੀ ਨਾਲ ਸੰਬੰਧ ਵੀ ਸਾਹਮਣੇ ਨਹੀਂ ਆਏ ਹਨ। ਸਿਸੋਦੀਆ ਇਸ ਮਾਮਲੇ 'ਚ ਦਿੱਤੀ ਜਾਣ ਵਾਲੀ ਘੱਟੋ-ਘੱਟ ਸਜ਼ਾ ਦਾ ਅੱਧਾ ਸਮਾਂ ਕੱਟ ਚੁੱਕਾ ਹੈ ਅਤੇ ਇਸ ਕੈਦ ਦੀ ਮਿਆਦ ਦਾ ਕੋਈ ਅੰਤ ਨਹੀਂ ਹੈ।

## ਸਿੱਖਿਆ ਬੋਰਡ ਦੀ ਚੇਅਰਪਰਸਨ ਡਾ. ਸਤਿਬੀਰ ਕੌਰ ਮੁਸਤਫੀ

**ਮੋਹਾਲੀ (ਗੁਰਜੀਤ ਬਿੱਲਾ)**



ਪੰਜਾਬ ਸਕੂਲ ਸਿੱਖਿਆ ਬੋਰਡ ਦੀ ਚੇਅਰਪਰਸਨ ਡਾ. ਸਤਿਬੀਰ ਬੇਦੀ ਨੇ ਮੰਗਲਵਾਰ ਨਿੱਜੀ ਕਾਰਨਾਂ ਕਰਕੇ ਅਚਾਨਕ ਅਸਤੀਫਾ ਦੇ ਦਿੱਤਾ। ਉਨ੍ਹਾ ਨੂੰ ਪਿਛਲੇ ਸਾਲ 18 ਫਰਵਰੀ ਨੂੰ ਚੇਅਰਮੈਨ ਬਣਾਇਆ ਗਿਆ ਸੀ। ਪੰਜਾਬ ਸਰਕਾਰ ਨੇ ਅਸਤੀਫਾ ਪ੍ਰਵਾਨ ਕਰ ਲਿਆ ਹੈ ਅਤੇ ਫਿਲਹਾਲ ਦਫਤਰੀ ਕੰਮਕਾਜ ਚਲਾਉਣ ਲਈ ਉਨ੍ਹਾ ਦੀ ਥਾਂ ਸਿੱਖਿਆ ਵਿਭਾਗ ਦੇ ਸਕੱਤਰ ਨੂੰ ਬੋਰਡ ਦੇ ਚੇਅਰਮੈਨ ਦਾ ਵਾਧੂ ਚਾਰਜ ਦਿੱਤਾ ਹੈ। ਸਿੱਖਿਆ ਬੋਰਡ ਆਫੀਸਰ ਵੈੱਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਬੰਸ ਸਿੰਘ ਢੋਲੇਵਾਲ ਨੇ ਕਿਹਾ ਕਿ ਡਾ. ਬੇਦੀ ਦੇ ਯਤਨਾਂ ਸਦਕਾ ਸਿੱਖਿਆ ਬੋਰਡ ਦੀ ਆਰਥਿਕਤਾ ਲੀਹਾਂ 'ਤੇ ਆ ਰਹੀ ਸੀ।

ਸਿੱਖਿਆ ਬੋਰਡ ਵੱਲੋਂ ਪਹਿਲੀ ਵਾਰ ਸਾਰੇ ਬੋਰਡਾਂ ਨਾਲੋਂ ਨਤੀਜਾ ਪਹਿਲਾਂ ਘੋਸ਼ਿਤ ਕਰਵਾ ਕੇ ਕੀਰਤੀਮਾਨ ਸਥਾਪਤ ਕੀਤਾ ਗਿਆ। ਉਨ੍ਹਾ ਕਿਹਾ ਕਿ ਜਦੋਂ ਦੇਸ਼ ਵਿੱਚ ਪ੍ਰੀਖਿਆਵਾਂ ਦੇ ਪਰਚੇ ਲੀਕ ਹੋਣ ਦੀਆਂ ਖਬਰਾ ਆ ਰਹੀਆਂ ਹਨ ਤਾਂ ਡਾ. ਬੇਦੀ ਵੱਲੋਂ ਪ੍ਰਸ਼ਨ ਪੱਤਰ ਵੰਡਣ ਸੰਬੰਧੀ ਵੱਡੇ ਪੱਧਰ 'ਤੇ ਸੁਧਾਰ ਕੀਤੇ ਗਏ, ਜਿਸ ਨਾਲ ਕਿਤੇ ਵੀ ਪਰਚਾ ਲੀਕ ਜਾਂ ਕੋਈ ਹੋਰ ਸ਼ਿਕਾਇਤ ਪ੍ਰਾਪਤ ਨਹੀਂ ਹੋਈ। ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਦੀਆਂ ਪ੍ਰੀਖਿਆਵਾਂ ਇਕ ਦਿਨ ਕਰਵਾਉਣ ਦੇ ਫੈਸਲੇ ਦੀ ਸਮੁੱਚੇ ਸਿੱਖਿਆ ਜਗਤ ਵਿੱਚ ਸ਼ਲਾਘਾ ਕੀਤੀ ਗਈ। ਡਾਕਟਰ ਬੇਦੀ ਇਕ ਮਹੀਨੇ ਦੀ ਮੈਡੀਕਲ ਛੁੱਟੀ 'ਤੇ ਚੱਲ ਰਹੇ ਸਨ। ਸੂਤਰਾਂ ਦਾ ਕਹਿਣਾ ਹੈ ਕਿ ਉਹਨਾ ਦਾ ਪੰਜਾਬ ਦੇ ਇਕ ਕੈਬਨਿਟ ਮੰਤਰੀ ਨਾਲ ਕਿਸੇ ਮਾਮਲੇ ਨੂੰ ਲੈ ਕੇ ਟਕਰਾਅ ਸੀ, ਜਿਸ ਕਾਰਨ ਉਨ੍ਹਾ ਛੁੱਟੀ ਦੌਰਾਨ ਹੀ ਟੈਲੀਫੋਨ 'ਤੇ ਅਸਤੀਫਾ ਭੇਜ ਦਿੱਤਾ।

## ਦਲਿਤ ਅਧਿਕਾਰ ਤਾਲਮੇਲ ਕਮੇਟੀ ਦੇ ਸੱਦੇ 'ਤੇ ਦੇਸ਼ ਭਰ 'ਚ ਰੋਸ ਪ੍ਰਦਰਸ਼ਨ ਭਲਕੇ

**ਸ਼ਾਹਕੋਟ (ਗਿਆਨ ਸੈਦਪੁਰੀ)**-ਦਲਿਤ ਅਧਿਕਾਰਾਂ ਲਈ ਬਣੀ ਤਾਲਮੇਲ ਕਮੇਟੀ ਵੱਲੋਂ ਇਸ ਵਾਰ ਭਾਜਪਾ ਸਰਕਾਰ ਵੱਲੋਂ ਪੇਸ਼ ਕੀਤੇ ਗਏ ਕੇਂਦਰੀ ਬਜਟ ਨੂੰ ਦਲਿਤ ਵਿਰੋਧੀ ਬਜਟ ਐਲਾਨਿਆ ਗਿਆ ਹੈ। ਬਜਟ ਦੇ ਵਿਰੋਧ ਵਿੱਚ 8 ਅਗਸਤ ਨੂੰ ਦੇਸ਼ ਪੱਧਰੀ ਵਿਰੋਧ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਤਾਲਮੇਲ ਕਮੇਟੀ ਵਿੱਚ ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ, ਸੈਂਟਰ ਫਾਰ ਦਲਿਤ ਸਟੱਡੀ, ਦਲਿਤ ਸ਼ੋਸ਼ਤ ਸਮਾਜ ਮੰਚ, ਆਲ ਇੰਡੀਆ ਐਗਰੀਕਲਚਰਲ ਰੂਰਲ ਲੇਬਰ ਐਸੋਸੀਏਸ਼ਨ ਆਦਿ ਜਥੇਬੰਦੀਆਂ ਸ਼ਾਮਲ ਹਨ। ਇਨ੍ਹਾਂ ਜਥੇਬੰਦੀਆਂ ਦੇ ਕੇਂਦਰੀ ਆਗੂਆਂ ਮੱਲੇ ਪੱਲੀ ਲਕਸ਼ਮਈਆ, ਰਾਧਾ ਕ੍ਰਿਸ਼ਨਨ (ਐੱਮ ਪੀ), ਗੁਲਜ਼ਾਰ ਸਿੰਘ ਗੋਰੀਆ, ਬੀ. ਵੈਂਕਟ, ਵੀ ਐੱਸ ਨਿਰਮਲ, ਦਿਰੇਂਦਰ ਝਾਅ, ਰਾਮ ਚੰਦਰ ਡੋਮ, ਵਿਕਰਮ ਸਿੰਘ, ਕਾਮੇਲ ਸਿੰਘ, ਬੀਨਾ ਪੱਲੀਕਲ ਅਤੇ ਐਨ ਸਾਈ ਬਾਲਾ ਜੀ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਹਾਲ ਹੀ ਵਿੱਚ ਪੇਸ਼ ਕੀਤੇ ਗਏ ਬਜਟ ਵਿੱਚ ਅਤੇ ਆਮ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਆਉਂਦੀ ਹੱਦਾਂ ਤੋਂ ਕਦੇ ਇਹ ਖਬਰ ਕੋਈ,
ਟੋਲਾ ਆਇਆ ਕੋਈ ਨਵਾਂ ਈ ਟੱਪ ਬੇਲੀ।
ਸੂਚਨਾ ਮਿਲੀ ਤੋਂ ਹੋਣ ਫਿਰ ਭਾਲ ਲੱਗਦੀ,
ਲੱਭ ਲਊ ਕੌਣ ਤਦ ਲੰਘਿਆ ਸੱਪ ਬੇਲੀ।
ਆਉਂਦੀ ਖਬਰ ਆ ਪਿੱਛੋਂ ਹੈਰਾਨ ਕਰਦੀ,
ਐਵੇਂ ਛੱਡ ਗਿਆ ਜਾਂਦਾ ਕੋਈ ਗੱਪ ਬੇਲੀ।
ਰੋਕਤੀ ਜਾਂਦੀ ਬੱਸ ਸਾਰੀ ਫਿਰ ਕਾਰਵਾਈ,
ਮਾਮਲਾ ਦਿੱਤਾ ਇਹ ਜਾਂਦਾ ਈ ਠੱਪ ਬੇਲੀ।
ਲੰਘਦਾ ਸਾਲ ਨਹੀਂ ਅੱਧਾ ਤਾਂ ਫੇਰ ਓਧਰ,
ਸੁਣਨੀ ਪੈ ਜਾਏ ਉਹ ਫੇਰ ਦੁਹਾਈ ਬੇਲੀ।
ਟੋਲੀ ਆਈ ਹੈ ਕੋਈ ਫਿਰ ਟੱਪ ਗਈ ਜੀ,
ਹੱਥੀਂ ਫੋਰਸਾਂ ਦੇ ਫਿਰ ਨਹੀਂ ਆਈ ਬੇਲੀ।

-ਤੀਸ ਮਾਰ ਖਾਂ

# ਬਾਦਲਾਂ ਦੇ ਗੁਨਾਹ ਨਾਮੁਆਫੀਯੋਗ : ਮਾਨ

### ਬਾਗੀ ਵੀ ਬਾਦਲ ਪਰਵਾਰ ਦੇ ਗੁਨਾਹਾਂ 'ਚ ਬਰਾਬਰ ਭਾਈਵਾਲ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਪੰਜਾਬ ਵਾਸੀਆਂ ਨੂੰ ਬੂਟੇ ਲਾਉਣ ਦੀ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਦਾ ਸੱਦਾ ਦਿੱਤਾ ਤਾਂ ਕਿ ਵਾਤਾਵਰਣ ਪ੍ਰਦੂਸ਼ਣ ਦੀ ਰੋਕਥਾਮ ਦੇ ਨਾਲ-ਨਾਲ ਸੂਬੇ ਵਿੱਚ ਹਰਿਆਵਲ ਹੇਠ ਰਕਬਾ ਵਧਾਇਆ ਜਾ ਸਕੇ। ਇੱਥੇ ਵਣ-ਮਹਾਂਉਤਸਵ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਵਿਲੱਖਣ ਉਪਰਾਲੇ ਦਾ ਉਦੇਸ਼ ਸੂਬੇ ਭਰ ਵਿੱਚ ਹਰਿਆਲੀ ਨੂੰ ਹੋਰ ਵਧਾਉਣਾ ਹੈ।



ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ 'ਕਾਰਬਨ ਕਰੈਡਿਟ ਸਕੀਮ' ਲਾਗੂ ਕਰਨ ਵਾਲਾ ਦੇਸ਼ ਵਿੱਚ ਪਹਿਲਾ ਸੂਬਾ ਹੈ ਤਾਂ ਕਿ ਵਾਤਾਵਰਣ ਨੂੰ ਬਚਾਉਣ ਦੇ ਨਾਲ-ਨਾਲ ਆਲਮੀ ਤਪਸ਼ ਉਤੇ ਕਾਬੂ ਪਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਪ੍ਰਾਜੈਕਟ ਟੇਰੀ (ਊਰਜਾ ਤੇ ਖੋਜ ਸੰਸਥਾਨ) ਦੀ ਮਦਦ ਨਾਲ ਸੂਬੇ ਵਿੱਚ ਲਾਗੂ ਕੀਤਾ ਜਾ ਚੁੱਕਾ ਹੈ ਅਤੇ ਪਾਇਲਟ ਪ੍ਰਾਜੈਕਟ ਵਜੋਂ ਸੂਬੇ ਦੇ 3686 ਕਿਸਾਨਾਂ ਨੂੰ ਚਾਰ ਕਿਸ਼ਤਾਂ ਵਿੱਚ 45 ਕਰੋੜ ਰੁਪਏ ਵੰਡੇ ਜਾਣਗੇ। ਮਾਨ ਨੇ ਇਸ ਸਕੀਮ ਅਧੀਨ ਪਹਿਲੀ ਕਿਸ਼ਤ ਵਜੋਂ ਹੁਸ਼ਿਆਰਪੁਰ ਜ਼ਿਲ੍ਹੇ ਦੇ 818 ਕਿਸਾਨਾਂ ਨੂੰ 1.75 ਕਰੋੜ ਰੁਪਏ ਦੇ ਚੈੱਕ ਵੰਡੇ। ਮੁੱਖ ਮੰਤਰੀ ਨੇ ਦੱਸਿਆ ਕਿ ਇਹ ਫੰਡ ਵਾਤਾਵਰਣ ਪ੍ਰਦੂਸ਼ਣ ਦੀ ਰੋਕਥਾਮ ਲਈ ਸਰਗਰਮ ਭੂਮਿਕਾ ਨਿਭਾਅ ਰਹੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਤਬਦੀਲ ਕੀਤੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਮਨੁੱਖ ਨੇ ਅੰਨ੍ਹੇਵਾਹ ਰੁੱਖ ਵੱਢ ਕੇ ਕੁਦਰਤ ਨਾਲ ਵੱਡਾ ਖਿਲਵਾੜ ਕੀਤਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਦੀ ਇਸ ਗਲਤੀ ਕਰਕੇ ਅਸੀਂ ਦੇਸ਼ ਭਰ ਵਿੱਚ ਕੁਦਰਤੀ ਆਫ਼ਤਾਂ ਦਾ ਸਾਹਮਣਾ ਕਰ ਰਹੇ ਹਾਂ ਅਤੇ ਵੱਧ ਤੋਂ ਵੱਧ ਬੂਟੇ ਲਾਉਣਾ ਹੀ ਇਸ ਦਾ ਇਕੋ-ਇਕ ਹੱਲ ਹੈ। ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਉਹ ਆਪੋ-ਆਪਣੇ ਖੇਤਾਂ ਵਿੱਚ ਘੱਟੋ-ਘੱਟ ਚਾਰ ਬੂਟੇ ਲਾਉਣ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਲੋੜ ਪਈ ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਇਸ ਬਾਰੇ ਕਾਨੂੰਨ ਵੀ ਬਣਾਇਆ ਜਾ ਸਕਦਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਉਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਾਬਕਾ ਉਪ ਮੁੱਖ ਮੰਤਰੀ ਆਪਣੀਆਂ ਸਿਆਸੀ ਚਾਲਾਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਵਿਅੰਗ ਕਰਦਿਆਂ ਕਿਹਾ, ਬਾਦਲ ਪਰਵਾਰ

● ਬਾਕੀ ਸਫ਼ਾ 2 'ਤੇ

## ਔਸਤਨ ਰੋਜ਼ਾਨਾ 50 ਨੌਕਰੀਆਂ ਦਿੱਤੀਆਂ : ਮਾਨ




**ਫਿਲੌਰ (ਨਿਰਮਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਕਿਹਾ ਕਿ ਸੂਬਾ ਸਰਕਾਰ ਨੇ ਆਪਣੇ ਸਿਰਫ਼ 872 ਦਿਨਾਂ ਦੇ ਕਾਰਜਕਾਲ ਵਿੱਚ ਸੂਬੇ ਦੇ 44,250 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਨਵੇਂ ਮਾਪਦੰਡ ਸਿਰਜੇ ਹਨ, ਜਿਸ ਨਾਲ ਪਿਛਲੇ ਢਾਈ ਸਾਲਾਂ ਵਿੱਚ ਔਸਤਨ ਰੋਜ਼ਾਨਾ 50 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲੀਆਂ ਹਨ।

ਇੱਥੇ ਪੁਲਸ, ਕਾਨੂੰਨ ਤੇ ਨਿਆਂ ਅਤੇ ਗ੍ਰਹਿ ਮਾਮਲੇ ਵਿਭਾਗ ਵਿੱਚ 443 ਅਫ਼ਸਰਾਂ ਨੂੰ ਨਿਯੁਕਤੀ ਪੱਤਰ ਵੰਡਣ ਲਈ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀ ਪੱਤਰ ਵੰਡਣ ਨਾਲ ਹੁਣ ਤੱਕ ਸਰਕਾਰੀ ਨੌਕਰੀਆਂ ਹਾਸਲ ਕਰਨ ਵਾਲੇ ਨੌਜਵਾਨਾਂ ਦੀ ਗਿਣਤੀ 44250 ਹੋ ਗਈ ਹੈ ਅਤੇ ਇਹ ਸਾਰੀਆਂ ਨਿਯੁਕਤੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉਤੇ ਹੋਈਆਂ ਹਨ।

ਮੁੱਖ ਮੰਤਰੀ ਨੇ ਪੁਲਸ ਅਧਿਕਾਰੀਆਂ ਨੂੰ ਸੂਬੇ ਵਿੱਚੋਂ ਨਸ਼ਿਆਂ ਦੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਨਸ਼ਿਆਂ ਵਿਰੁੱਧ ਦੇਸ਼ ਦੀ ਜੰਗ ਲੜ ਰਿਹਾ ਹੈ ਅਤੇ ਪੰਜਾਬ ਪੁਲਸ ਨੇ ਹਮੇਸ਼ਾ ਇਸ ਦੀ ਸਪਲਾਈ ਨੂੰ ਰੋਕਣ ਲਈ ਬੈਰੀਅਰ ਵਜੋਂ ਕੰਮ ਕੀਤਾ ਹੈ। ਹੁਣ ਸਮਾਂ ਆ ਗਿਆ ਹੈ, ਜਦੋਂ ਪੰਜਾਬ ਪੁਲਸ ਨੂੰ ਆਪਣੀ ਸ਼ਾਨਾਮੱਤੀ ਰਵਾਇਤ ਨੂੰ ਕਾਇਮ ਰੱਖਣਾ ਚਾਹੀਦਾ ਹੈ, ਤਾਂ ਜੋ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ।

7-Aug-PAGE-3.qxd 8/6/2024 9:47 PM Page 1



# ਨਰੋਟ ਮਹਿਰਾ ਤੇ ਬੇਗੋਵਾਲ ਵਿਖੇ ਲੱਗੇ ਵਿਸ਼ੇਸ਼ ਕੈਂਪਾਂ ਦਾ ਕਟਾਰੂਚੱਕ ਨੇ ਲਿਆ ਜਾਇਜ਼ਾ



**ਪਠਾਨਕੋਟ: (ਦਵਿੰਦਰ ਸਿੰਘ)**-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਆਦੇਸ਼ਾਂ ਅਨੁਸਾਰ ਸਰਕਾਰ ਤੁਹਾਡੇ ਦੁਆਰ ਅਧੀਨ ਪਿੰਡ ਪਿੰਡ ਪਹੁੰਚ ਕਰਕੇ ਸੰਗਤ ਦਰਸ਼ਨ ਪ੍ਰੋਗਰਾਮ ਕਰਵਾਏ ਜਾ ਰਹੇ ਹਨ, ਜਿਸ ਅਧੀਨ ਜਿਲ੍ਹਾ ਪਠਾਨਕੋਟ ਵਿਖੇ ਵੀ ਦੂਰ ਦਰਾਜ ਦੇ ਖੇਤਰਾਂ ਅੰਦਰ ਅਤੇ ਹਿੰਦ-ਪਾਕ ਸਰਹੱਦ ਦੇ ਨਾਲ ਲਗਦੇ ਪਿੰਡਾਂ ਤੱਕ ਪਹੁੰਚ ਕਰਕੇ ਲੋਕਾਂ ਨਾਲ ਰਾਫਤਾ ਕਾਇਮ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਮੌਕੇ ਤੇ ਉਨ੍ਹਾਂ ਸਮੱਸਿਆਵਾਂ ਦਾ ਹੱਲ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਮੁਹਿੰਮ ਸ਼ੁਰੂ ਕੀਤੀ ਗਈ ਹੈ। ਅੱਜ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਨਰੋਟ ਮਹਿਰਾ ਅਤੇ ਬੇਗੋਵਾਲ ਵਿਖੇ ਲਗਾਏ ਕੈਂਪਾਂ ਦੌਰਾਨ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਪਿੰਡ ਨਰੋਟ ਮਹਿਰਾ ਅਤੇ ਬੇਗੋਵਾਲ ਵਿਖੇ ਸਰਕਾਰ ਆਪਦੇ ਦੁਆਰ ਅਧੀਨ ਲਗਾਏ ਕੈਂਪਾਂ ਵਿੱਚ ਪਹੁੰਚ ਕਰਕੇ ਕੈਂਪਾਂ ਦਾ ਜਾਇਜ਼ਾ ਲੈਣ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਵਿਕਾਸ), ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਨਰੇਸ਼ ਸੈਣੀ ਬੀ.ਸੈਲ. ਦੇ ਜ਼ਿਲ੍ਹਾ ਪ੍ਰਧਾਨ, ਤਰਸੇਮ ਮਹਾਜਨ, ਨਿਸ਼ਾ, ਮਹੇਸ਼ ਕੁਮਾਰ ਐਕਸੀਅਨ ਵਾਟਰ ਸਪਲਾਈ ਸੈਨੀਟੇਸ਼ਨ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਅਤੇ ਪਾਰਟੀ ਕਾਰਜ ਕਰਤਾ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਪੰਜਾਬ ਸਭ ਤੋਂ ਪਹਿਲਾਂ ਪਿੰਡ ਨਰੋਟ ਮਹਿਰਾ ਵਿਖੇ ਪਹੁੰਚੇ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਲਗਾਏ ਗਏ ਟੇਬਲਾਂ ਤੇ ਪਹੁੰਚ ਕੇ ਅੱਜ ਦੇ ਕੈਂਪ ਦੌਰਾਨ ਉਨ੍ਹਾਂ ਤੱਕ ਪਹੁੰਚ ਕਰਨ ਵਾਲੇ ਲੋਕਾਂ ਦੇ ਵੇਰਵੇ ਮੰਗੇ।ਵੱਖ-ਵੱਖ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਕੈਂਪ ਦੌਰਾਨ ਜ਼ਿਆਦਾਤਰ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਮੌਕੇ 'ਤੇ ਹੀ ਕੀਤਾ ਜਾ ਰਿਹਾ ਹੈ। ਕੈਂਪ ਵਿੱਚ ਪਹੁੰਚ ਕਰਨ ਵਾਲੇ ਜਿਨ੍ਹਾਂ ਲੋਕਾਂ ਕੋਲ ਕਾਗਜ਼ਾਤ ਪੂਰੇ ਨਹੀਂ ਹਨ ਉਨ੍ਹਾਂ ਨੂੰ ਦਫਤਰਾਂ ਦਾ ਸਮਾਂ ਦਿੱਤਾ ਗਿਆ ਹੈ ਤਾਂ ਜੋ ਉਨ੍ਹਾਂ ਦੇ ਕਾਰਜ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੇ ਜਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪਿੰਡ ਪੱਧਰ ਤੇ ਪਹੁੰਚ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦੇ ਲਈ ਅਜਿਹੇ ਕੈਂਪ ਭਵਿੱਖ ਵਿੱਚ ਵੀ ਲਗਾਏ ਜਾਣਗੇ।

# ਸ਼ਹਿਰ ਦੇ ਵੱਖ-ਵੱਖ ਵਾਰਡਾਂ ਤੋਂ ਦਰਜਨਾਂ ਨੌਜਵਾਨ 'ਆਪ' 'ਚ ਸ਼ਾਮਲ



**ਦੀਨਾਨਗਰ- (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਸ਼ਹਿਰ ਅੰਦਰ ਅੱਜ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਹੋਰ ਤਾਕਤ ਮਿਲੀ ਜਦੋਂ ਸ਼ਹਿਰ ਦੇ ਵੱਖ-ਵੱਖ ਵਾਰਡਾਂ ਨਾਲ ਸਬੰਧਤ ਦਰਜਨਾਂ ਨੌਜਵਾਨਾਂ ਨੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਮੁੱਖ ਤੌਰ ਤੇ ਨਿਤੇਸ਼, ਅਭੀ, ਰਾਜਨ, ਕ੍ਰਿਸ਼ਨਾ, ਹੈਰੀ, ਵੰਸ਼, ਕਰਨ, ਮਿਤੇਸ਼, ਅੰਕੁਸ਼, ਰੋਹਿਤ ਅਤੇ ਕਰਨ ਦੇ ਨਾਂ ਸ਼ਾਮਲ ਹਨ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਨੌਜਵਾਨਾਂ ਨੂੰ ਸਨਮਾਨਿਤ ਕਰਨ ਮੌਕੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਹੁਣ ਰਵਾਇਤੀ ਪਾਰਟੀਆਂ ਦਾ ਸਮਾਂ ਲੰਘ ਚੁੱਕਾ ਹੈ ਅਤੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਧੜਾਧੜ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਪੂਰੇ ਮਾਣ ਸਨਮਾਨ ਦਾ ਭਰੋਸਾ ਦਿਵਾਉਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਜ਼ਮੀਨ ਨਾਲ ਜੁੜੇ ਹੋਏ ਮਿਹਨਤੀ ਲੋਕਾਂ ਦੀ ਪਾਰਟੀ ਹੈ ਜਿਸ ਵਿੱਚ ਹਰੇਕ ਵਿਅਕਤੀ ਨੂੰ ਪੂਰਾ ਮਾਣ ਸਤਿਕਾਰ ਮਿਲਦਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਅਤੇ ਕੀਤੇ ਜਾ ਰਹੇ ਕੰਮਾਂ ਸਦਕਾ ਅੱਜ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਕੋਲੋਂ ਪੂਰੀ ਤਰ੍ਹਾਂ ਖੁਸ਼ ਹਨ ਜਿਸਦੀ ਉਦਾਹਰਨ ਜਲੰਧਰ ਦੇ ਲੋਕਾਂ ਨੇ ਜਿਮਨੀ ਚੋਣ ਵਿੱਚ ਇਕਪਾਸੜ ਫਤਵਾ ਦੇ ਕੇ ਪੇਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਜਲੀ, ਪਾਣੀ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਕੀਤੇ ਗਏ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਹਿੱਤ ਵਿੱਚ ਹੋਰ ਵੀ ਵੱਡੇ ਫੈਸਲੇ ਲਏ ਜਾਣਗੇ।

# ਭਾਈ ਗੁਰਦਾਸ ਸਕੂਲ ਲੱਖਣ ਕਲਾਂ ਦੇ ਬੱਚਿਆਂ ਦੀ ਜ਼ਿਲ੍ਹਾ ਪੱਧਰੀ ਖੇਡਾਂ ਲਈ ਚੋਣ



**ਕਲਾਨੌਰ, (ਮਨਦੀਪ ਕੋਹਲੀ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਗਈਆਂ 75ਵੀਆਂ ਜੋਨਲ ਪੱਧਰ ਖੇਡਾਂ ਡੇਰਾ ਬਾਬਾ ਨਾਨਕ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਵਿੱਚ ਹੋਈਆਂ ਸਨ।ਇਨ੍ਹਾਂ ਅਥਲੈਟਿਕਸ ਖੇਡਾਂ ਵਿੱਚ ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਲੱਖਣ ਕਲਾਂ ਦੇ ਬੱਚਿਆਂ ਨੇ ਵਧੀਆ ਪ੍ਰਦਰਸ਼ਨ ਕਰਕੇ ਕਈ ਮੈਡਲ ਜਿੱਤੇ ਹਨ ਜਿਸ ਕਰਕੇ ਬੱਚਿਆਂ ਦੀ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਵਿੱਚ ਚੋਣ ਹੋਈ ਹੈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਕਾਹਲੋਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਪ੍ਰਿੰ. ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਚੰਗੀ ਸੋਚ ਦੇ ਚਲਦੇ ਸਕੂਲ ਦੇ ਬੱਚਿਆਂ ਵੱਲੋਂ ਕਈ ਮੈਡਲ ਜਿੱਤ ਕੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਆਪਣੇ ਮਾਤਾ ਪਿਤਾ ਅਤੇ ਸਟਾਫ ਦੇ ਆਗਿਆਕਾਰੀ ਅਤੇ ਸਕੂਲ ਦੇ ਹੋਣਹਾਰ ਬੱਚੇ ਹੋਣ ਦਾ ਸਬੂਤ ਦਿੱਤਾ ਹੈ, ਅੱਜ ਜਿਨਾਂ ਬੱਚਿਆਂ ਦੀ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਲਈ ਚੋਣ ਹੋਈ ਹੈ ਉਨ੍ਹਾਂ ਵਿੱਚ ਲੜਕੀਆਂ ਬਲਜੀਤ ਕੌਰ, ਗੀਤ ਕੌਰ, ਪਲਕਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਤਰਨਪ੍ਰੀਤ ਕੌਰ, ਮਨਪ੍ਰੀਤ ਕੌਰ ਅਤੇ ਲੜਕਿਆਂ ਵਿੱਚੋਂ ਅਭੀ ਜੋਤ ਸਿੰਘ, ਪਰਮਿੰਦਰ ਸਿੰਘ, ਮਨਕੀਰਤ ਸਿੰਘ, ਇੰਦਰਜੀਤ ਸਿੰਘ, ਅਜੇ ਵੀਰ ਸਿੰਘ, ਯੁਵਰਾਜ ਸਿੰਘ ਅਤੇ ਹਰਨੂਰ ਸਿੰਘ ਸ਼ਾਮਿਲ ਹਨ ਇੱਥੇ ਇਹ ਵੀ ਦੱਸਣਾ ਜ਼ਰੂਰੀ ਹੈ ਕਿ ਜਿਹੜੀ ਬੱਚੀ ਬਲਜੀਤ ਕੌਰ ਹੈ ਉਹ ਸਿਰਫ ਛੇਵੀਂ ਕਲਾਸ ਦੀ ਵਿਦਿਆਰਥਣ ਹੈ ਅਤੇ ਡੇਰਾ ਬਾਬਾ ਨਾਨਕ ਵਿੱਚ ਜ਼ੋਨਲ ਪੱਧਰ ਦੀਆਂ ਹੋਈਆਂ ਖੇਡਾਂ ਵਿੱਚ 800 ਮੀਟਰ ਰੇਸ ਵਿੱਚ ਵੀ ਪਹਿਲੇ ਸਥਾਨ ਤੇ ਰਹੀ ਅਤੇ 1500 ਮੀਟਰ ਵਿੱਚੋ ਵੀ ਪਹਿਲਾਂ ਸਥਾਨ ਹਾਸਿਲ ਕੀਤਾ ਸੀ।ਇਸ ਮੌਕੇ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਕਾਹਲੋਂ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਤੇ ਪੂਰਾ ਮਾਣ ਹੈ ਅਤੇ ਉਮੀਦ ਕਰਦੇ ਹਾਂ ਕਿ ਜਿਹੜੇ ਬੱਚੇ ਜ਼ੋਨਲ ਪੱਧਰ ਤੇ ਜਿੱਤ ਪ੍ਰਾਪਤ ਕਰਕੇ ਜਿਲਾ ਲੈਵਲ ਲਈ ਚੁਣੇ ਗਏ ਹਨ ਉਹ ਜ਼ਿਲ੍ਹਾ ਲੈਵਲ ਦੀਆਂ ਖੇਡਾਂ ਵਿੱਚੋਂ ਵੱਡੇ ਪੱਧਰ ਤੇ ਤਮਗੇ ਹਾਸਿਲ ਕਰਕੇ ਸਟੇਟ ਲੈਵਲ ਤੇ ਵੀ ਜ਼ਰੂਰ ਖੇਡਣਗੇ, ਉਹਨਾਂ ਕਿਹਾ ਕਿ ਬੱਚਿਆਂ ਨੂੰ ਇਸ ਤਰ੍ਹਾਂ ਦਾ ਬਣਾਉਣਾ ਉਹਨਾਂ ਵਿੱਚ ਖੇਡਾਂ ਲਈ ਜਨੂਨ ਪੈਦਾ ਕਰਨ ਵਿੱਚ ਬੱਚਿਆਂ ਦੇ ਮਾਤਾ ਪਿਤਾ ਦੇ ਨਾਲ ਸਕੂਲ ਸਟਾਫ ਮੈਡਮ ਹਰਪ੍ਰੀਤ ਕੌਰ, ਐਸ ਪੀ ਸਿੰਘ, ਜਗਬੀਤ ਕੌਰ ਸਮੇਤ ਸਾਰੇ ਸਟਾਫ ਨੂੰ ਸਿਹਰਾ ਜਾਂਦਾ ਹੈ।

## ਅਣਪਛਾਤੇ ਵਾਹਨ ਦੀ ਟੱਕਰ ਵੱਜਣ ਨਾਲ ਮੋਟਰਸਾਈਕਲ ਚਾਲਕ ਦੀ ਮੌਤ, ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਸੜਕ ਦੇ ਵਿਚਕਾਰ ਮੋਟਰਸਾਈਕਲ ਨੂੰ ਟੱਕਰ ਮਾਰਨ ਵਾਲੇ ਅਣਪਛਾਤੇ ਵਾਹਨ ਚਾਲਕ ਖ਼ਿਲਾਫ਼ ਥਾਣਾ ਤਿੱਬੜ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਜੱਸਾ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਟਰਪਈ ਥਾਣਾ ਮਜੀਠਾ ਅੰਮ੍ਰਿਤਸਰ ਨੇ ਦੱਸਿਆ ਕਿ ਮੇਰਾ ਛੋਟਾ ਭਰਾ ਨਿਸ਼ਾਨ ਸਿੰਘ ਜਿਸ ਦੀ ਉਮਰ 28 ਸਾਲ ਹੈ ਜੋ ਬਾਬਾ ਬੁੱਢਾ ਫਾਈਨੈਂਸ ਭੰਗਾਲੀ ਖੁਰਦ ਅੰਮ੍ਰਿਤਸਰ ਵਿੱਚ ਕੰਮ ਕਰਦਾ ਸੀ ਅਤੇ 5 ਅਗਸਤ ਨੂੰ ਸਵੇਰੇ 8 ਵਜੇ ਘਰੋਂ ਆਪਣੇ ਮੋਟਰਸਾਈਕਲ ਤੇ ਸਵਾਰ ਹੋ ਕੇ ਕੰਮ ਤੇ ਗਿਆ ਕਿ ਜਦੋਂ ਉਹ ਸਾਢੇ 10 ਵਜੇ ਦੇ ਕਰੀਬ ਬਾਈਪਾਸ ਔਜਲਾ ਗੁਰਦਾਸਪੁਰ ਨਜ਼ਦੀਕ ਪਹੁੰਚਿਆ ਤਾਂ ਕਿਸੇ ਨਾ ਮਲੂਮ ਵਾਹਨ ਚਾਲਕ ਨੇ ਉਸ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ।

ਨਿਸ਼ਾਨ ਸਿੰਘ ਦੇ ਜ਼ਿਆਦਾ ਸੱਟ ਲੱਗਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦੋਂਕਿ ਅਣਪਛਾਤਾ ਵਹੀਕਲ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਤਿੱਬੜ ਪੁਲਸ ਨੇ ਅਣਪਛਾਤੇ ਵਾਹਨ ਚਾਲਕ ਖਿਲਾਫ ਜ਼ੇਰੇ ਧਾਰਾ 106, 324 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕਿਸਾਨ ਅੰਦੋਲਨ ਦੌਰਾਨ ਸ਼ਹਾਦਤ ਦੇਣ ਵਾਲੇ ਦੋ ਕਿਸਾਨਾਂ ਦੇ ਆਸ਼ਰਿਤਾਂ ਨੂੰ ਮਿਲੀ ਨੌਕਰੀ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਪੰਜਾਬ ਸਰਕਾਰ ਵੱਲੋਂ ਕਿਸਾਨ ਅੰਦੋਲਨ ਦੌਰਾਨ ਦਿੱਲੀ ਵਿਖੇ ਸ਼ਹੀਦ ਹੋਏ ਕਿਸਾਨਾਂ ਦੇ ਆਸ਼ਰਿਤਾਂ ਨੂੰ ਤਰਸ ਦੇ ਆਧਾਰ ਤੇ ਨੌਕਰੀ ਦੇਣ ਦੇ ਵਾਅਦੇ ਅਨੁਸਾਰ ਅੱਜ ਸਬੰਧਤ ਪਰਿਵਾਰਾਂ ਦੇ ਅਵਤਾਰ ਸਿੰਘ ਪੁੱਤਰ ਫਤਿਹ ਸਿੰਘ ਪਿੰਡ ਬਾਕੀਪੁਰ ਅਤੇ ਨਰੈਣ ਸਿੰਘ ਪੁੱਤਰ ਮਲਕੀਤ ਸਿੰਘ ਪਿੰਡ ਖਹਿਰਾ ਨੂੰ ਖੇਤੀਬਾੜੀ ਵਿਭਾਗ ਵਿੱਚ ਬੇਲਦਾਰ ਦਰਜਾ ਚਾਰ ਦੀ ਅਸਾਮੀ ਵਿਰੁੱਧ ਭਰਤੀ ਦੇ ਨਿਯੁਕਤੀ ਪੱਤਰ ਜਾਰੀ ਕੀਤੇ ਗਏ ਜੋ ਤਰਨ ਤਾਰਨ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਸੰਬੰਧਿਤ ਉਮੀਦਵਾਰਾਂ ਨੂੰ ਦਿੰਦੇ ਹੋਏ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਦੀ ਇੱਕ ਬੈਠਕ ਨੂੰ ਸੰਬੋਧਨ ਕਰਦੇ ਹੋਏ ਡਾਕਟਰ ਸੋਹਲ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀਆਂ ਸਮੱਸਿਆਵਾਂ ਦੇ ਯੋਗ ਹੱਲ ਲਈ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ ਅਤੇ ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾ ਕੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਾ ਚਾਹੁੰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਾਣੀ ਦੇ ਘੱਟ ਰਹੇ ਪੱਧਰ ਨੂੰ ਦੇਖਦੇ ਹੋਏ ਕਿਸਾਨਾਂ ਨੂੰ ਝੋਨੇ ਦੀ ਕਾਸ਼ਤ ਤੇ ਹੇਠ ਰਕਬਾ ਘੱਟ ਕਰਨ ਲਈ ਕਿਹਾ ਗਿਆ ਹੈ ਅਤੇ ਜਿਹੜੇ ਕਿਸਾਨ ਅਜਿਹਾ ਕਰਨਗੇ। ਉਨ੍ਹਾਂ ਨੂੰ ਸਰਕਾਰ ਵੱਲੋਂ ਵਿਸ਼ੇਸ਼ ਸਹਾਇਤਾ ਰਾਸ਼ੀ ਪ੍ਰਦਾਨ ਕੀਤੀ ਜਾਵੇਗੀ।ਡਾਕਟਰ ਸੋਹਲ ਨੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਹੈ।ਇਸ ਮੌਕੇ ਡਾ. ਰੁਲਦਾ ਸਿੰਘ ਖੇਤੀਬਾੜੀ ਅਫਸਰ ਤਰਨ ਤਾਰਨ, ਡਾ, ਤੇਜਬੀਰ ਸਿੰਘ ਭੰਗੂ ਖੇਤੀਬਾੜੀ ਅਫਸਰ ਭਿੱਖੀਵਿੰਡ, ਮਨਜਿੰਦਰ ਸਿੰਘ ਜੌਹਲ ਖੇਤੀਬਾੜੀ ਵਿਸਥਾਰ ਅਫਸਰ, ਗੁਰਪਾਲ ਸਿੰਘ ਢਿੱਲੋ ਬਲਾਕ ਟੈਕਨੀਕਲ ਮੈਨੇਜਰ, ਮਨਜੀਤ ਸਿੰਘ ਪਵਾਰ ਖੇਤੀਬਾੜੀ ਸਬ ਇੰਸਪੈਕਟਰ ਤਰਨ ਤਾਰਨ ਹਾਜ਼ਰ ਸਨ।

# ਵਾਤਾਵਰਨ ਨੂੰ ਸੰਭਾਲਣ ਲਈ ਵੱਧ ਤੋਂ ਵੱਧ ਬੂਟੇ ਲਾਉਣੇ ਸਮੇਂ ਦੀ ਵੱਡੀ ਲੋੜ : ਸ਼ੈਰੀ ਕਲਸੀ



**ਬਟਾਲਾ (ਤਰਲੋਕ ਬੱਗਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੂਬੇ ਦੇ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਮੁਹਿੰਮ ਸ਼ੁਰੂ ਕਰਨ ਲਈ ਗਈ ਹੈ ਤਾਂ ਜੋ ਸਾਡਾ ਵਾਤਾਵਰਣ ਸਵੱਛ ਬਣ ਸਕੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਣ- ਮਹਾਂਉਤਸਵ ਮੌਕੇ ਨਗਰ ਨਿਗਮ ਬਟਾਲਾ ਵਿਖੇ ਬੂਟੇ ਲਗਾਉਣ ਸਮੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੀਤਾ। ਇਸ ਮੌਕੇ ਐਸਡੀਐਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਡਾ ਸ਼ਾਇਰੀ ਭੰਡਾਰੀ ਵੀ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਮੌਸਮ ਵਿੱਚ ਤਬਦੀਲੀਆਂ ਆ ਰਹੀਆਂ ਹਨ ਉਹ ਤੇਜ਼ੀ ਨਾਲ ਕੀਤੀ ਗਈ ਦਰੱਖਤਾਂ ਦੀ ਕਟਾਈ ਕਾਰਨ ਹੀ ਹਨ, ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਮੌਸਮ ਵਿੱਚ ਸਮਾਨਤਾ ਲਿਆਉਣ ਵਾਸਤੇ ਵੱਧ ਤੋਂ ਵੱਧ ਬੂਟੇ ਲਗਾਈਏ ਅਤੇ ਉਨਾਂ ਦੀ ਸੰਭਾਲ ਵੀ ਕਰੀਏ। ਉਨ੍ਹ ਕਿਹਾ ਕਿ ਕੇਵਲ ਬੂਟੇ ਲਗਾਉਣ ਨਾਲ ਹੀ ਸਾਡੀ ਜ਼ਿਵਾਰੀ ਪੂਰੀ ਨਹੀਂ ਹੁੰਦੀ ਸਗੋਂ ਬੂਟੇ ਲਗਾ ਕੇ ਉਹਨਾਂ ਦੀ ਸਾਂਭ ਸੰਭਾਲ ਕਰਨਾ ਵੀ ਸਾਡੀ ਹੀ ਜ਼ਿਵਾਰੀ ਬਣਦੀ ਹੈ ਤਾਂ ਜੋ ਇਹ ਬੂਟੇ ਵੱਡੇ ਹੋ ਕੇ ਦਰਖਤਾਂ ਦਾ ਰੂਪ ਧਾਰ ਸਕਨ ਅਤੇ ਸਾਡੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਈ ਰੱਖਣ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬੂਟੇ ਲਗਾਉਣ ਦੀ ਮੁਹਿਮ ਵਿੱਚ ਸਾਰੇ ਵਰਗਾਂ ਦੇ ਲੋਕਾਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ, ਕਿਉਂਕਿ ਬੂਟੇ ਲਗਾ ਕੇ ਹੀ ਅਸੀਂ ਆਪਣੇ ਵਾਤਾਵਰਣ ਨੂੰ ਬਚਾ ਸਕਦੇ ਹਾਂ।ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਹੋਰ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਦੀ ਮੁਹਿਮ ਵਿੱਚ ਸਹਿਯੋਗ ਦੇਣ ਦਾ ਸੱਦਾ ਵੀ ਦਿੱਤਾ।ਇਸ ਮੌਕੇ ਚੇਅਰਮੈਨ ਨਰੇਸ਼ ਗੋਇਲ, ਪਿਰਥੀਪਾਲ ਸਿੰਘ ਬਟਾਲਾ, ਦਵਿੰਦਰ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪ੍ਰਧਾਨ ਸਵਰਨਕਾਰ ਸੰਘ ਪੰਜਾਬ ਯਸ਼ਪਾਲ ਚੌਹਾਨ, ਗੁਰਪ੍ਰੀਤ ਸਿੰਘ ਰਾਜੂ, ਪ੍ਰਿੰ. ਬਲਦੇਵ ਰਾਜ, ਬੰਟੀ ਟਰੈਂਡਜ਼ ਵਾਲੇ, ਰਜਿੰਦਰ ਜੰਬਾ, ਟੋਨੀ ਗਿੱਲ, ਰਾਜੀਵ ਵਿੱਗ, ਰਾਜਦੀਪ ਸਿੰਘ, ਜਗਤਾਰ ਸਿੰਘ, ਅਵਤਾਰ ਸਿੰਘ ਗਿੱਲ, ਨਰਿੰਦਰ ਸਿੰਘ, ਪ੍ਰਿੰਸ ਰੰਧਾਵਾ, ਮਲਕੀਤ ਸਿੰਘ ਗਗਨ ਬਟਾਲਾ, ਮਾਣਿਕ ਮਹਿਤਾ ਅਤੇ ਦਵਿੰਦਰ ਸਿੰਘ ਆਦਿ ਮੌਜੂਦ ਸਨ।

## ਧਾਰੀਵਾਲ ਸ਼ਹਿਰ 'ਚ ਸ਼ਮਸ਼ਾਨਘਾਟ ਦੇ ਬਾਹਰ ਲੱਗੇ ਕੂੜੇ ਦੇ ਢੇਰਾਂ ਦਾ ਮਸਲਾ ਹੱਲ

**ਗੁਰਦਾਸਪੁਰ, (ਜਨਕ ਮਹਾਜਨ)**-ਸ਼ਹਿਰ ਧਾਰੀਵਾਲ ਦੇ ਸ਼ਮਸ਼ਾਨ ਘਾਟ ਦੇ ਬਾਹਰ ਲੱਗਾ ਵੱਡਾ ਕੂੜੇ ਦਾ ਪਹਾੜ ਜੋ ਕਿ ਸ਼ਹਿਰ ਤੇ ਇਲਾਕੇ ਦੇ ਲਈ ਵੱਡੀ ਸਮੱਸਿਆ ਬਣਿਆ ਹੋਇਆ ਸੀ, ਅੱਜ ਆਮ ਆਦਮੀ ਪਾਰਟੀ ਦੇ ਹਲਕਾ ਕਾਦੀਆਂ ਦੇ ਇੰਚਾਰਜ ਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਚੇਅਰਮੈਨ ਜਗਰੂਪ ਸੇਖਵਾਂ ਦੇ ਯਤਨਾਂ ਸਦਕਾ ਹੱਲ ਹੋ ਗਿਆ ਹੈ। ਇਸ ਕੂੜੇ ਦੇ ਪਹਾੜ ਨੂੰ ਖਤਮ ਕਰਨ ਦੇ ਲਈ ਮਸ਼ੀਨਰੀ ਲੱਗ ਗਈ ਹੈ ਜੋ ਕਿ ਕੂੜੇ ਨੂੰ ਡਿਜ਼ੋਲਵ ਕਰ ਰਹੀ ਹੈ। ਬੀਡੀਪੀਓ ਦਫਤਰ ਧਾਰੀਵਾਲ ਵਿਖੇ ਗੱਲਬਾਤ ਦੌਰਾਨ ਚੇਅਰਮੈਨ ਜਗਰੂਪ ਸੇਖਵਾਂ ਨੇ ਕਿਹਾ ਕਿ ਸ਼ਹਿਰ ਧਾਰੀਵਾਲ ਦੀ ਪਿਛਲੇ 10 ਸਾਲਾਂ ਦੀ ਕੂੜੇ ਦੀ ਸਮੱਸਿਆ ਦਾ ਉਨ੍ਹਾਂ ਵੱਲੋਂ ਹੱਲ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਇਹ ਵੀ ਕਿਹਾ ਕਿ ਸ਼ਹਿਰ ਵਾਸੀਆਂ ਦੀ ਹਰੇਕ ਸਮੱਸਿਆ ਦਾ ਹੱਲ ਜਲਦੀ ਕੀਤਾ ਜਾਵੇਗਾ। ਸ਼ਹਿਰ ਵਿੱਚ ਜਲਦੀ ਸੀਵਰੇਜ ਤੇ ਵਾਟਰ ਟਰੀਟਮੈਂਟ ਪਲਾਂਟ ਵੀ ਲਗਾਏ ਜਾਣਗੇ ਜਿਸ ਸਬੰਧ ਵਿੱਚ ਉਨ੍ਹਾਂ ਨੇ ਅਧਿਕਾਰੀਆਂ ਨੂੰ ਜ਼ਰੂਰੀ ਆਦੇਸ਼ ਦੇ ਦਿੱਤੇ ਹਨ। ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਵੀ ਉਨ੍ਹਾਂ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕੜੇ ਆਦੇਸ਼ ਦਿੱਤੇ ਹਨ ਕਿ ਜਲਦੀ ਪਿੰਡਾਂ ਦੇ ਜੋ ਵਿਕਾਸ ਕਾਰਜ ਅਧੂਰੇ ਹਨ। ਉਨ੍ਹਾਂ ਨੂੰ ਪੂਰਾ ਕਰ ਦਿੱਤਾ ਜਾਵੇ। ਇਸ ਮੌਕੇ ਵੱਡੀ ਗਿਣਤੀ ਦੇ ਵਿੱਚ ਵੱਖ-ਵੱਖ ਪਿੰਡਾਂ ਤੋਂ ਆਮ ਆਦਮੀ ਪਾਰਟੀ ਦੇ ਵਰਕਰ ਵੀ ਮੌਜੂਦ ਸਨ।

## ਗੋਇੰਦਵਾਲ ਸਾਹਿਬ ਦੇ ਡੀਐੱਸਪੀ ਦਫਤਰ ਅੱਗੇ ਦੇਵਾਂਗੇ ਵਿਸ਼ਾਲ ਧਰਨਾ: ਜਾਮਾਰਾਏ, ਮੱਲ੍ਹਾ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੀ ਅਹਿਮ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਨੇ ਕੀਤੀ। ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਅਤੇ ਪਾਰਟੀ ਦੇ ਜ਼ਿਲਾ ਸਕੱਤਰ ਮੁਖਤਾਰ ਸਿੰਘ ਮੱਲ੍ਹਾ ਨੇ ਕਿਹਾ 22 ਤਰੀਕ ਨੂੰ ਗੋਇੰਦਵਾਲ ਸਾਹਿਬ ਦੇ ਡੀਐੱਸਪੀ ਦਫਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਤਾਂ ਕਿ ਲੋਕਾਂ ਨੂੰ ਇਨਸਾਫ ਮਿਲ ਸਕੇ। ਉਨ੍ਹਾਂ ਕਿਹਾ ਕਿ ਲਗਾਤਾਰ ਡਕੈਤੀਆਂ, ਚੋਰੀਆਂ ਤੇ ਨਜਾਇਜ਼ ਕਬਜ਼ੇ ਕਰਨ ਦਾ ਸਿਲਸਲਾ ਜਾਰੀ ਹੈ।ਡੀਐੱਸਪੀ ਗੋਇੰਦਵਾਲ ਸਾਹਿਬ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਹੈ। ਜੇ ਲਾਲਪੁਰਾ ਕਹਿਣਗੇ ਤਾਂ ਲੋਕਾਂ ਨੂੰ ਇਨਸਾਫ ਮਿਲੂਗਾ ਨਹੀਂ ਤਾਂ ਨਹੀਂ ਮਿਲੇਗਾ।ਇਹ ਸਾਰੇ ਹੀ ਮਸਲਿਆਂ ਨੂੰ ਲੈ ਕੇ 22 ਤਰੀਕ ਨੂੰ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ। ਜਿਸ ਤਰ੍ਹਾਂ ਪਹਿਲੀਆਂ ਸਰਕਾਰਾਂ ਸਮੇਂ ਪੁਲਸ ਹਲਕਾ ਵਿਧਾਇਕ ਤੇ ਨਸ਼ੇ ਦੇ ਸਮੱਗਲਰਾਂ ਦੀ ਤਿੱਕੜੀ ਕੰਮ ਕਰਦੀ ਸੀ ਉਸੇ ਤਰੀਕੇ ਨਾਲ ਹੁਣ ਕੰਮ ਚੱਲ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲਾ ਸਕੱਤਰੇਤ ਦੇ ਮੈਂਬਰ ਸੁਲੱਖਣ ਸਿੰਘ ਤੁੜ, ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੇਲੋਕੇ, ਬਲਦੇਵ ਸਿੰਘ ਪੰਡੋਰੀ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਧਰਮ ਸਿੰਘ ਪੱਟੀ ਆਦਿ ਹਾਜ਼ਰ ਸਨ।

## ਮਹਿਤਾ ਚੌਕ 'ਚ ਰੁਜ਼ਗਾਰ ਮੇਲਾ 9 ਨੂੰ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਸਰਦਾਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਰੋਜ਼ਗਾਰ ਮੇਲਾ ਮਾਰਕੀਟ ਕਮੇਟੀ ਦਫਤਰ ਮਹਿਤਾ ਚੌਕ ਵਿਖੇ 9 ਅਗਸਤ ਦਿਨ ਸ਼ੁੱਕਰਵਾਰ ਨੂੰ ਲੱਗ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਗੁਰਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਲਗਾਏ ਜਾ ਰਹੇ ਇਸ ਰੁਜ਼ਗਾਰ ਮੇਲੇ ਵਿੱਚ 18 ਤੋਂ 35 ਸਾਲ ਦੇ ਮੁੰਡੇ-ਕੁੜੀਆਂ ਦਸਵੀਂ ਤੇ ਦਸਵੀਂ ਤੋਂ ਵੱਧ ਪੜ੍ਹੇ ਹਿੱਸਾ ਲੈ ਸਕਦੇ ਹਨ ।

# ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ 'ਚ ਸਟਾਫ ਤੇ ਬੱਚਿਆਂ ਨੇ ਤੀਆਂ ਦਾ ਤਿਉਹਾਰ ਮਨਾਇਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ, ਡਾਇਰੈਕਟਰ ਡਾ.ਮਹਿੰਦਰਪਾਲ ਸਿੰਘ ਕਲੇਰ ਅਤੇ ਪ੍ਰਧਾਨ ਰਣਜੀਤ ਕੌਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਆਉਣ ਵਾਲੀ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੋੜ ਕੇ ਰੱਖਣ ਦਾ ਉਪਰਾਲਾ ਕਰਦੇ ਹੋਏ ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਮਿਲ ਕੇ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਬੱਚਿਆਂ ਅਤੇ ਅਧਿਆਪਕਾਂ ਨੇ ਗਿੱਧਾ ਭੰਗੜਾ ਪਾਇਆ ਅਤੇ ਪੀਂਘਾਂ ਵੀ ਝੂਟੀਆਂ। ਬੱਚਿਆਂ ਤੇ ਅਧਿਆਪਕਾਂ ਵੱਲੋਂ ਖੀਰ ਤੇ ਪੂੜਿਆਂ ਦਾ ਵੀ ਰੱਜ ਕੇ ਅਨੰਦ ਮਾਣਿਆ। ਇਸ ਮੌਕੇ ਅਧਿਆਪਕਾ ਸੁਖਵੰਤ ਕੌਰ ਵੱਲੋਂ ਬੱਚਿਆਂ ਕੋਲੋਂ ਘਰਾਂ ਵਿੱਚੋਂ ਅਲੋਪ ਹੋ ਰਹੀਆਂ ਪੁਰਾਤਨ ਵਿਰਸੇ ਨਾਲ ਸਬੰਧਿਤ ਵਸਤੂਆਂ ਅਤੇ ਦੇਸੀ ਮਹੀਨਿਆਂ ਬਾਰੇ ਸਵਾਲ ਪੁੱਛੇ ਗਏ ਅਤੇ ਲੋੜੀਂਦੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬੱਚਿਆਂ ਦੇ ਪੰਜਾਬੀ ਪਹਿਰਾਵੇ ਦੇ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਗਹਿਗੱਚ ਮੁਕਾਬਲਿਆਂ ਵਿੱਚ ਕੇਜੀ ਗਰੁੱਪ ਵਿੱਚੋਂ ਦਿਲਪ੍ਰੀਤ ਕੌਰ ਨੇ ਪਹਿਲਾ, ਗੁਰਬਾਣੀ ਕੌਰ ਤੇ ਮਨਕੀਰਤ ਸਿੰਘ ਨੇ ਦੂਜਾ ਅਤੇ ਸੁਖਜੀਤ ਸਿੰਘ ਨੇ ਤੀਜਾ; ਸਬ-ਜੂਨੀਅਰ ਗਰੁੱਪ ਵਿੱਚੋਂ ਗੁਰਨੂਰ ਕੌਰ ਨੇ ਪਹਿਲਾ, ਰੋਜ਼ਪ੍ਰੀਤ ਕੌਰ ਨੇ ਦੂਜਾ ਅਤੇ ਮਨਸੀਰਤ ਕੌਰ ਨੇ ਤੀਜਾ; ਜੂਨੀਅਰ ਗਰੁੱਪ ਵਿੱਚੋਂ ਨਵਨੀਤ ਕੌਰ ਪਸਨਾਵਾਲ ਨੇ ਪਹਿਲਾ, ਸਿਮਰਨਜੀਤ ਕੌਰ ਨੇ ਦੂਜਾ ਅਤੇ ਨਵਨੀਤ ਕੌਰ ਨੇ ਤੀਜਾ ਅਤੇ ਸੀਨੀਅਰ ਗਰੁੱਪ ਵਿੱਚੋਂ ਸੁਖਮਨਪ੍ਰੀਤ ਕੌਰ ਅਤੇ ਸੁਮਨਪ੍ਰੀਤ ਕੌਰ ਨੇ ਪਹਿਲਾ, ਹਰਮਨਪ੍ਰੀਤ ਕੌਰ ਨੇ ਦੂਜਾ ਅਤੇ ਪਲਵਿੰਦਰ ਕੌਰ ਤੇ ਭੂਮਿਕਾ ਨੇ ਤੀਜਾ ਪ੍ਰਾਪਤ ਕੀਤਾ। ਜੱਜਮੈਂਟ ਦੀ ਭੂਮਿਕਾ ਮੈਡਮ ਮਨਪ੍ਰੀਤ ਕੌਰ, ਮੈਡਮ ਰਮਨਦੀਪ ਕੌਰ ਅਤੇ ਮੈਡਮ ਸਵੀਟੀ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਅਧਿਆਪਕਾ ਕੁਲਜਿੰਦਰ ਕੌਰ, ਮੈਡਮ ਕਿਰਨ, ਮਨਪ੍ਰੀਤ ਕੌਰ, ਮੈਡਮ ਲਵਲੀਨ, ਪਵਨਪ੍ਰੀਤ ਕੌਰ, ਕੁਲਦੀਪ ਕੌਰ, ਪਰਮਿੰਦਰ ਕੌਰ, ਮੈਡਮ ਰੇਖਾ, ਮੈਡਮ ਸ਼ਿਲਪੀ ਅਤੇ ਸੁਖਵੰਤ ਕੌਰ ਸਮੇਤ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਿਰ ਸਨ।

# ਈਟੀਓ ਵੱਲੋਂ ਗਹਿਰੀ ਤੇ ਨਵਾਂ ਕੋਟ ਵਿਖੇ ਸਰਕਾਰੀ ਸਕੂਲਾਂ ਦਾ ਨਿਰੀਖਣ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸ. ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਹੈ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਉਹ ਸਾਰੀਆਂ ਸਹੂਲਤਾਂ ਮਿਲਣਗੀਆਂ ਜੋ ਹੁਣ ਤੱਕ ਮਾਡਲ ਤੇ ਕਾਨਵੈਂਟ ਸਕੂਲਾਂ ਦੇ ਵਿਦਿਆਰਥੀਆਂ ਦਾ ਵੀ ਸੁਪਨਾਂ ਰਹੀਆਂ ਹਨ। ਐਸਟ੍ਰੋਟਰਫ, ਹਾਕੀ ਗਰਾਊਡ, ਫੁੱਟਬਾਲ ਗਰਾਊਡ, ਆਲ ਵੈਂਦਰ ਸਵੀਮਿੰਗ ਪੂਲ ਅਤੇ ਸ਼ੂਟਿੰਗ ਰੇਂਜ ਬਣਾਉਣ ਵਰਗੇ ਕੰਮ ਸਰਕਾਰੀ ਸਕੂਲਾਂ ਵਿੱਚ ਸ਼ੁਰੂ ਹੋ ਗਏ ਹਨ ਅਤੇ ਸਰਕਾਰੀ ਸਕੂਲਾਂ ਨੂੰ ਭਵਿੱਖ ਦੇ ਓਲੰਪਿਕਸ ਖਿਡਾਰੀਆਂ ਦੀ ਨਰਸਰੀ ਵਜੋਂ ਤਿਆਰ ਕੀਤਾ ਜਾ ਰਿਹਾ ਹੈ।ਉਨ੍ਹਾਂ ਸਰਕਾਰੀ ਐਲੀਮੈਂਟਰੀ ਸਕੂਲ ਗਹਿਰੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਵਾਂ ਕੋਟ ਵਿਖੇ ਸਕੂਲਾਂ ਦੀ ਜਾਂਚ ਕੀਤੀ ਅਤੇ ਵਿਦਿਆਰਥੀਆਂ ਨਾਲ ਸਮਾਂ ਬਿਤਾਇਆ।ਉਨ੍ਹਾਂ ਨੇ ਕਿਹਾ ਕਿ ਪਹਿਲਾ ਸ਼ੂਟਿੰਗ ਵਰਗੀ ਖੇਡ ਅਮੀਰ ਲੋਕਾਂ ਦੇ ਬੱਚਿਆਂ ਦੇ ਵੱਸ ਦੀ ਹੀ ਸੀ, ਜਿਸ ਨੂੰ ਅਸੀਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਲੈ ਕੇ ਆ ਰਹੇ ਹਾਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਦੀ ਦਿਸ਼ਾ ਵਿੱਚ ਲਗਾਤਾਰ ਪੁਲਾਂਘਾਂ ਪੁੱਟ ਰਿਹਾ ਹੈ, ਨਵੇਂ ਆਯਾਮ ਸਥਾਪਤ ਹੋ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਰੁੱਖ ਲਗਾਉਂਦੇ ਹਾਂ ਤੇ ਉਹ 5,7 ਸਾਲ ਬਾਅਦ ਫਲ ਤੇ ਛਾਂ ਦਿੰਦਾ ਹੈ, ਅਸੀਂ ਅੱਜ ਇਹ ਸੁਵਿਧਾਵਾ ਦੇ ਰਹੇ ਹਾਂ, ਤਾਂ ਕਿ ਭਵਿੱਖ ਵਿੱਚ ਸਾਡੇ ਵਿਦਿਆਰਥੀ, ਖਿਡਾਰੀ ਦੇਸ਼ ਦਾ ਨਾਮ ਕੁੱਲ ਦੁਨੀਆਂ ਵਿਚ ਰੌਸ਼ਨ ਕਰਨ।ਉਨ੍ਹਾਂ ਨੇ ਕਿਹਾ ਕਿ ਹੁਣ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਕਾਨਵੈਂਟ ਤੇ ਮਾਡਲ ਸਕੂਲਾਂ ਦੇ ਵਿਦਿਆਰਥੀਆਂ ਤੋਂ ਅੱਗੇ ਵਧਣਗੇ। ਇਸ ਮੌਕੇ ਸਕੂਲ ਅਧਿਆਪਕਾਂ ਅਤੇ ਸਟਾਫ ਨੇ ਉਨ੍ਹਾਂ ਨੂੰ ਸਕੂਲ ਪਹੁੰਚਣ ਉੱਤੇ ਜੀ ਆਇਆਂ ਕਿਹਾ ਅਤੇ ਸਕੂਲਾਂ ਦੀ ਪ੍ਰਗਤੀ ਰਿਪੋਰਟ ਸਾਂਝੀ ਕੀਤੀ।

# ਡੇਢ ਦਹਾਕੇ ਤੋਂ ਵੱਧ ਸਮੇਂ ਤੋਂ ਹੱਕਦਾਰ ਅਧਿਆਪਕਾਂ ਨੂੰ ਨਹੀਂ ਮਿਲੀ ਤਰੱਕੀ : ਡੀ ਟੀ ਐੱਫ



**ਚੰਡੀਗੜ੍ਹ, (ਗੁਰਜੀਤ ਬਿੱਲਾ)**- ਸਿੱਖਿਆ ਵਿਭਾਗ ਪੰਜਾਬ ਵੱਲੋਂ ਪਿਛਲੇ ਸਾਲਾਂ (2008, 2012, 2016, 2021-22) ਵਿੱਚ ਹੋਈਆਂ ਤਰੱਕੀਆਂ ਹਾਸਲ ਕਰਨੋਂ ਵਾਂਝੇ ਰਹਿ ਗਏ ਸੀਨੀਅਰ ਅਧਿਆਪਕਾਂ ਨੂੰ ਤਰੱਕੀਆਂ ਦੇ ਕੇ ਲੈਕਚਰਾਰ ਬਣਾਉਣ ਦੇ 12 ਜੁਲਾਈ 2024 ਵਾਲੇ ਆਰਡਰ 14 ਜੁਲਾਈ 2024 ਨੂੰ ਤਕਨੀਕੀ ਕਾਰਣ ਕਹਿੰਦੇ ਹੋਏ ਰੱਦ ਕਰਨ ਅਤੇ ਹਾਲੇ ਤੱਕ ਉਹ ਤਕਨੀਕੀ ਕਾਰਣ ਠੀਕ ਨਾ ਕਰਨ ਬਾਰੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਕਿਹਾ ਕਿ ਮਾਸਟਰ ਕਾਡਰ ਵਿੱਚ ਕੰਮ ਕਰਦੇ ਅਧਿਆਪਕ ਲੰਬੇ ਸਮੇਂ ਤੋਂ ਆਪਣੀਆਂ ਤਰੱਕੀਆਂ ਦੀ ਉਡੀਕਦੇ ਅਧਿਆਪਕਾਂ ਨੂੰ 12 ਜੁਲਾਈ ਨੂੰ ਉਡੀਕ ਖਤਮ ਹੋਣ ਦੀ ਆਸ ਬੱਝੀ ਸੀ। ਪਰ ਇਨ੍ਹਾਂ ਤਰੱਕੀਆਂ ਦੇ ਆਰਡਰਾਂ ਨੂੰ ਤਕਨੀਕੀ ਕਾਰਣਾਂ ਦਾ ਬਹਾਨਾ ਬਣਾ ਕੇ ਰੱਦ ਕਰਨਾ ਉਨ੍ਹਾਂ ਸਾਰੇ ਸੀਨੀਅਰ ਅਧਿਆਪਕਾਂ ਨਾਲ ਮਾਨਸਿਕ ਅੱਤਿਆਚਾਰ ਕਰਨ ਦੇ ਸਮਾਨ ਹੈ ਜੋ ਦਹਾਕੇ ਡੇਢ ਦਹਾਕੇ ਪਹਿਲਾਂ (2008, 2012, 2016 ਅਤੇ 2021-22 ਵਿੱਚ) ਹੋਈਆਂ ਤਰੱਕੀਆਂ ਵਿੱਚ ਲੈਕਚਰਾਰ ਬਣਨ ਲਈ ਯੋਗ ਸਨ। ਉਨ੍ਹਾਂ ਕਿਹਾ ਕਿ ਬਦਲਾਅ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਧਿਆਪਕਾਂ ਦੀਆਂ ਤਰੱਕੀਆਂ ਵਿੱਚ ਇਹ ਬਦਲਾਅ ਲਿਆਂਦਾ ਹੈ ਕਿ ਉਨ੍ਹਾਂ ਦੇ ਸਿੱਖਿਆ ਵਿਭਾਗ ਵੱਲੋਂ ਪਿਛਲੇ ਤਿੰਨ ਸਾਲਾਂ ਵਿੱਚ ਤਰੱਕੀਆਂ 'ਤੇ ਪੂਰਨ ਵਿਰਾਮ ਲਾ ਰੱਖਿਆ ਹੈ। ਇਸੇ ਤਰ੍ਹਾਂ ਵਿਭਾਗ ਵੱਲੋਂ ਬਣਾਇਆ ਗਿਆ ਪ੍ਰਮੋਸ਼ਨ ਸੈੱਲ ਅਸਲ ਵਿੱਚ ਪ੍ਰਮੋਸ਼ਨ ਰੋਕੂ ਸੈੱਲ ਸਾਬਤ ਹੋ ਰਿਹਾ ਹੈ।ਡੀ.ਟੀ.ਐੱਫ.ਪੰਜਾਬ ਦੇ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਅਤੇ ਜਸਵਿੰਦਰ ਔਜਲਾ, ਪ੍ਰੈੱਸ ਸਕੱਤਰ ਪਵਨ ਕੁਮਾਰ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਨੇ ਕਿਹਾ ਕਿ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਤਰੱਕੀਆਂ ਵਿੱਚ ਅੜਿੱਕਾ ਬਣਨ ਵਾਲੇ ਅਫਸਰਾਂ ਨੂੰ ਪੱਤਰ ਜਾਰੀ ਕਰਕੇ ਘੁਰਕੀ ਦੇਣ ਦਾ ਸਿਰਫ਼ ਦਿਖਾਵਾ ਹੀ ਕਰਦੇ ਹਨ ਜਦਕਿ ਸਿੱਖਿਆ ਵਿਭਾਗ ਵਿੱਚ ਤਰੱਕੀਆਂ ਵਾਲਾ ਪਰਨਾਲਾ ਉੱਥੇ ਦਾ ਉੱਥੇ ਹੀ ਹੈ। ਇਸੇ ਤਰ੍ਹਾਂ ਹਰਜੋਤ ਸਿੰਘ ਸਿੱਖਿਆ ਮੰਤਰੀ ਪੰਜਾਬ ਸਿੱਖਿਆ ਸੁਧਾਰਾਂ ਦੇ ਦਾਅਵੇ ਤਾਂ ਬੜੇ ਕਰਦੇ ਹਨ ਪਰ ਹਕੀਕਤ ਇਹ ਹੈ ਕਿ ਉਨ੍ਹਾਂ ਨੂੰ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਨਲਾਇਕੀ ਬਾਰੇ ਕੋਈ ਜਾਣਕਾਰੀ ਨਹੀਂ ਹੈ ਜਿਸ ਕਾਰਨ ਲੰਮੇ ਸਮੇਂ ਤੋਂ ਅਧਿਆਪਕਾਂ ਦੀਆਂ ਤਰੱਕੀਆਂ ਅਤੇ ਸੀਨੀਆਰਤਾ ਦਾ ਮਸਲਾ ਖਟਾਈ ਵਿੱਚ ਪਿਆ ਹੋਇਆ ਹੈ। ਡੀ ਟੀ ਐੱਫ ਦੇ ਆਗੂਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਹਰ ਕਾਡਰ ਦੀਆਂ ਪੈਂਡਿੰਗ ਤਰੱਕੀਆਂ ਜਲਦ ਤੋਂ ਜਲਦ ਕੀਤੀਆਂ ਜਾਣ ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਵਿਖੇ ਲੱਗਾ ਤੀਆਂ ਦਾ ਮੇਲਾ




**ਤਰਨਤਾਰਨ (ਪ੍ਰਿਤਪਾਲ ਸਿੰਘ)**-ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਵਿਦਿਆਰਥੀਆਂ ਨੂੰ ਆਪਣੇ ਪੰਜਾਬੀ ਵਿਰਸੇ ਅਤੇ ਸੱਭਿਆਚਾਰਕ ਤਿਉਹਾਰਾਂ ਨਾਲ ਜੋੜੀ ਰੱਖਣ ਲਈ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੀਆਂ ਸਾਰੀਆਂ ਵਿਦਿਆਰਥਣਾਂ ਨੂੰ ਸਕੂਲ ਬੁਲਾਇਆ ਗਿਆ ਅਤੇ ਇਕ ਖਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥਣਾਂ ਵੱਲੋਂ ਪੰਜਾਬੀ ਲੋਕ-ਗੀਤ, ਗਿੱਧਾ, ਭੰਗੜਾ ਆਦਿ ਪੇਸ਼ ਕੀਤਾ ਗਿਆ।ਇਸ ਮੌਕੇ ਅਧਿਆਪਕ ਅਤੇ ਵਿਦਿਆਰਥਣਾਂ ਦੇ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਸਭ ਨੇ ਉੱਚ ਕੋਟੀ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਦਵਿੰਦਰ ਕੌਰ, ਅਮਨਦੀਪ ਕੌਰ, ਰਾਜਬੀਰ ਕੌਰ ਅਤੇ ਰਣਜੀਤ ਕੌਰ ਨੂੰ ਤੀਆਂ ਦੀ ਰਾਣੀ, 2024 ਦਾ ਖਿਤਾਬ ਦਿੱਤਾ ਗਿਆ ਅਤੇ ਇਸੇ ਤਰ੍ਹਾਂ ਵਿਦਿਆਰਥਣਾਂ ਵਿੱਚੋਂ ਮੰਨਤਦੀਪ ਕੌਰ (ਜਮਾਤ ਬਾਰ੍ਹਵੀਂ) ਅਤੇ ਖੁਸ਼ਦੀਪ ਕੌਰ (ਜਮਾਤ ਬਾਰ੍ਹਵੀਂ) ਨੂੰ ਸਾਵਣ ਦੀ ਪਰੀ, 2024 ਦਾ ਖਿਤਾਬ ਦਿੱਤਾ ਗਿਆ। ਵਿਦਿਆਰਥਣਾਂ ਦੀ ਕਲਾ ਨੂੰ ਨਿਖਾਰਨ ਲਈ ਮਹਿੰਦੀ ਮੁਕਾਬਲਾ ਵੀ ਕਰਵਾਇਆ ਗਿਆ ਅਤੇ ਜੇਤੂ ਵਿਦਿਆਰਥਣਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇੱਥੇ ਜ਼ਿਕਰਯੋਗ ਹੈ ਕਿ ਇਸ ਤੀਆਂ ਦੇ ਤਿਉਹਾਰ ਨੂੰ ਅਧਿਆਪਕਾਂ ਅਤੇ ਵਿਦਿਆਰਥਣਾਂ ਵੱਲੋਂ ਪੂਰੀ ਰੀਝ ਨਾਲ ਮਨਾਇਆ ਗਿਆ।ਇਸ ਪ੍ਰੋਗਰਾਮ ਦੇ ਅਖੀਰ ਵਿੱਚ ਬੋਲਦਿਆਂ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ ਜੀ ਨੇ ਸਾਰਿਆਂ ਨੂੰ ਤੀਆਂ ਦੇ ਤਿਉਹਾਰ ਦੀ ਵਧਾਈ ਦਿੰਦਿਆਂ ਤੀਆਂ ਦੇ ਇਤਿਹਾਸ ਤੋਂ ਵੀ ਜਾਣੂ ਕਰਵਾਇਆ ਅਤੇ ਹਮੇਸ਼ਾ ਹਰ ਤਿਉਹਾਰ ਨੂੰ ਵੱਧ-ਚੜ੍ਹ ਕੇ ਅਤੇ ਰਲ-ਮਿਲ ਕੇ ਮਨਾਉਣ ਲਈ ਕਿਹਾ।

# ਬਿਜਲੀ ਕਾਮਿਆਂ ਤੇ ਪੈਨਸ਼ਨਰਜ਼ ਯੂਨੀਅਨ ਵੱਲੋਂ ਸਰਕਾਰ ਵਿਰੁੱਧ ਅਰਥੀ ਫੂਕ ਪ੍ਰਦਰਸ਼ਨ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਦੇ ਸੂਬਾ ਪੱਧਰੀ ਸੱਦੇ ਤੇ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਧਾਰਨ ਕੀਤੀ ਡੰਗ ਟਪਾਊ ਨੀਤੀ ਖਿਲਾਫ ਬਿਜਲੀ ਕਾਮਿਆਂ ਅਤੇ ਪੈਨਸ਼ਨਰਜ਼ ਯੂਨੀਅਨ ਵਲੋਂ ਸਾਂਝੇ ਤੌਰ ਤੇ ਸਰਕਲ ਦਫ਼ਤਰ ਗੁਰਦਾਸਪੁਰ ਵਿਖੇ ਸਰਕਾਰ ਦਾ ਪੁਤਲਾ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ।ਇਸ ਦੀ ਪ੍ਰਧਾਨਗੀ ਸਾਥੀ ਸਾਹਿਬ ਸਿੰਘ ਧਾਲੀਵਾਲ ਅਤੇ ਨਿਰਮਲ ਸਿੰਘ ਬਸਰਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਪ੍ਰਧਾਨ ਸਾਥੀ ਬਲਵਿੰਦਰ ਉਦੀਪੁਰ, ਪੈਨਸ਼ਨ ਯੂਨੀਅਨ ਦੇ ਪ੍ਰਧਾਨ ਸਾਥੀ ਹਜ਼ਾਰਾ ਸਿੰਘ ਗਿੱਲ ਨੇ ਦੱਸਿਆ ਕਿ ਸਰਕਾਰ ਦਾ ਰਵੱਈਆ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਬੇਹੱਦ ਮਾੜਾ ਹੈ, ਸਾਂਝੇ ਫਰੰਟ ਨੂੰ ਮੀਟਿੰਗਾ ਦੇ ਕੇ ਸਰਕਾਰ ਗਲਬਾਤ ਕਰਨ ਤੋਂ ਲਗਾਤਾਰ ਭੱਜ ਰਹੀਂ ਹੈ ਜਿਸ ਕਾਰਨ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਮਹਿਸੂਸ ਕਰ ਰਹੇ ਹਨ। ਉਨ੍ਹ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਪਹਿਲੀਆਂ ਰਵਾਇਤੀ ਪਾਰਟੀਆਂ ਵਾਂਗ ਮੁਲਾਜ਼ਮ ਵਿਰੋਧੀ ਫ਼ੈਸਲੇ ਕਰ ਰਹੀ ਹੈ ਅਤੇ ਮੁਲਾਜ਼ਮ ਮੰਗਾਂ ਤੋਂ ਟਾਲਾ ਵੱਟ ਰਹੀ ਹੈ।ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀਆਂ ਤਿੰਨ ਕਿਸ਼ਤਾਂ ਨਹੀਂ ਦਿੱਤੀਆਂ ਜਾ ਰਹੀਆਂ ਹਨ, 2016 ਤੋਂ ਸਕੇਲਾਂ ਦਾ ਬਕਾਇਆ ਸਰਕਾਰ ਦੱਬ ਕੇ ਬੈਠੀ ਹੈ।ਪੁਰਾਣੀ ਪੈਨਸ਼ਨ ਸਕੀਮ ਮੰਨ ਕੇ ਵੀ ਲਾਗੂ ਨਹੀਂ ਕੀਤੀ।ਸਰਕਾਰ ਆਰਥਿਕ ਹਾਲਤ ਠੀਕ ਕਰਨ ਲਈ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਬਲੀ ਦਾ ਬੱਕਰਾ ਬਣਾ ਰਹੀ ਹੈ ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਸਰਕਾਰ ਵਿਰੁੱਧ ਭਾਰੀ ਰੋਸ ਪਾਇਆ ਜਾ ਰਿਹਾ।ਮੁਲਾਜ਼ਮ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਮਸਲੇ ਹੱਲ ਨਾ ਕੀਤੇ ਤਾਂ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ 10 ਅਗਸਤ ਨੂੰ ਮੀਟਿੰਗ ਕਰਕੇ ਸਰਕਾਰ ਵਿਰੁੱਧ ਸੰਘਰਸ਼ ਦਾ ਐਲਾਨ ਕਰਨਗੇ।ਇਸ ਮੌਕੇ ਪ੍ਰੇਮ ਸਾਗਰ, ਆਗਿਆ ਸਿੰਘ, ਰਕੇਸ਼ ਕੁਮਾਰ, ਬਸੰਤ ਕੁਮਾਰ, ਰੂਪ ਲਾਲ, ਇੰਜ ਦੇਵ ਰਾਜ, ਸੁਖਵਿੰਦਰ ਸਿੰਘ ਪਾਹੜਾ, ਬਲਕਾਰ ਸਿੰਘ, ਅਨੂਪ ਸਿੰਘ, ਸੱਜੂ ਰਾਮ, ਅਸ਼ਵਨੀ ਕੁਮਾਰ, ਲਖਵਿੰਦਰ ਸਿੰਘ ਟਾਂਡਾ, ਰਣਜੀਤ ਸਿੰਘ, ਬਲਵਿੰਦਰ ਪਾਲ, ਅਨਿਲ ਕੁਮਾਰ ਸ਼ਰਮਾ, ਰਣਧੀਰ ਸਿੰਘ ਕਾਹਲੋਂ, ਅਮਨਦੀਪ ਸਿੰਘ ਧਾਲੀਵਾਲ ਆਦਿ ਆਗੂ ਹਾਜ਼ਰ ਸਨ।

# ਭਗਤ ਪੂਰਨ ਸਿੰਘ ਦੇ ਦੱਸੇ ਮਾਰਗ 'ਤੇ ਚੱਲਣਾ ਹੀ ਉਨ੍ਹਾਂ ਨੂੰ ਅਸਲ ਸ਼ਰਧਾਂਜਲੀ : ਕੁੰਵਰ ਵਿਜੈ ਪ੍ਰਤਾਪ ਸਿੰਘ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.), ਅੰਮ੍ਰਿਤਸਰ ਦੇ ਵਿਹੜੇ ਵਿੱਚ ਪਿੰਗਲਵਾੜਾ ਸੰਸਥਾ ਦੇ ਬਾਨੀ ਅਤੇ ਸੰਸਥਾਪਕ ਭਗਤ ਪੂਰਨ ਸਿੰਘ ਦੀ 32ਵੀਂ ਬਰਸੀ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਲੜੀ ਤਹਿਤ ਆਖਰੀ ਪੜਾਅ ਵਿੱਚ ਭਗਤ ਪੂਰਨ ਸਿੰਘ ਦੀ ਯਾਦ ਵਿੱਚ ਰੱਖੇ ਗਏ ਸਹਿਜ ਪਾਠ ਦੇ ਭੋਗ ਪਾਏ ਗਏ।ਇਸ ਦੌਰਾਨ ਇਲਾਹੀ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਵਿੱਚੋਂ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਵੱਲੋਂ ਕੀਤਾ ਗਿਆ।ਇਸ ਮੌਕੇ ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਵਾਲਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ ਗਿਆ।ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਮੁੱਖ ਸੇਵਾਦਾਰ ਡਾ. ਇੰਦਰਜੀਤ ਕੌਰ ਨੇ ਭਗਤ ਜੀ ਦੇ ਜੀਵਨ ਨਾਲ ਜੁੜੀਆਂ ਯਾਦਾਂ ਦੀ ਸਾਂਝ ਸੰਗਤਾਂ ਨਾਲ ਪਾਈ।ਇਸ ਮੌਕੇ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂਦੀ ਟੀਮ ਨੇ ਵੀ ਰੁੱਖਾਂ ਦੀ ਅਹਿਮੀਅਤ ਨੂੰ ਭਗਤ ਪੂਰਨ ਸਿੰਘ ਜੀ ਦੇ ਜੀਵਨ ਨਾਲ ਜੋੜ ਕੇ ਬੜੇ ਵੇਰਵੇ ਸਹਿਤ ਬਿਆਨ ਕੀਤਾ।ਇਸ ਸਮੇਂ ਪਿੰਗਲਵਾੜਾ ਸੰਸਥਾ ਵੱਲੋਂ ਕਿਤਾਬਾਂ 'ਭਗਤ ਪੂਰਨ ਸਿੰਘ ਦੀ ਅਧਿਆਤਮਕ ਧੀ ਅਤੇ ਮੇਰੇ ਪਿਆਰੇ ਬਾਬਾ ਜੀ) ਰਿਲੀਜ਼ ਕੀਤੀਆਂ ਗਈਆਂ।ਇਸ ਮੌਕੇ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਐੱਮਐੱਲਏ ਅੰਮ੍ਰਿਤਸਰ ਵੱਲੋਂ ਵੀ ਉਚੇਚੇ ਤੌਰ ਤੇ ਹਾਜ਼ਰੀ ਭਰੀ ਗਈ।ਇਸ ਵਾਰ ਭਗਤ ਪੂਰਨ ਸਿੰਘ ਮਾਨਵ ਸੇਵਾ ਐਵਾਰਡ ਪਿੰਗਲਵਾੜਾ ਸੰਸਥਾ ਵਿੱਚ ਲੰਬੇ ਸਮੇਂ ਤੋਂ ਆਨਰੇਰੀ ਤੌਰ 'ਤੇ ਭਗਤ ਪੂਰਨ ਸਿੰਘ ਸਕੂਲ ਫਾਰ ਡੈੱਫ਼ ਦੇ ਡਾਇਰੈਕਟਰ, ਗਰੁੱਪ ਕੈਪਟਨ (ਰਿਟਾ.), ਰਜਿੰਦਰਪਾਲ ਸਿੰਘ ਅਤੇ ਭਗਤ ਪੂਰਨ ਸਿੰਘ ਆਦਰਸ਼ ਸੀਨੀਅਰ ਸੈਕੰਡਰੀ ਸਕੂਲਜ਼ ਦੇ ਆਨਰੇਰੀ ਸਿੱਖਿਆ ਸਲਾਹਕਾਰ ਗੁਰਨਾਇਬ ਸਿੰਘ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਕਿਹਾ ਕਿ ਭਗਤ ਪੂਰਨ ਸਿੰਘ ਵੱਲੋਂ ਦੱਸੇ ਮਾਰਗ 'ਤੇ ਚੱਲਣਾ ਹੀ ਉਨ੍ਹਾਂ ਨੂੰ ਅਸਲ ਸ਼ਰਧਾਂਜਲੀ ਹੈ ਅਤੇ ਅਜੋਕੀ ਪੀੜ੍ਹੀ ਨੂੰ ਭਗਤ ਪੂਰਨ ਸਿੰਘ ਦੀ ਨਿਰਸਵਾਰਥ ਜ਼ਿੰਦਗੀ ਤੋਂ ਜਾਣੂੰ ਕਰਾਇਆ।ਇਸ ਮੌਕੇ ਆਈਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਪਿੰਗਲਵਾੜਾ ਸੰਸਥਾ ਵੱਲੋਂ ਸਨਮਾਨ ਚਿੰਨ੍ਹ ਅਤੇ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮੇਂ ਕੁਲਵੰਤ ਸਿੰਘ ਅਣਖੀ, ਡਾ. ਨਸੀਰ ਅਖਤਰ, ਪ੍ਰਧਾਨ ਸਿੱਖ ਮੁਸਲਿਮ ਸਾਂਝਾ ਫਰੰਟ ਅਤੇ ਵਾਤਾਵਰਨ ਪ੍ਰੇਮੀ, ਭਾਈ ਸਾਹਿਬ ਭਾਈ ਸੁਰਜੀਤ ਸਿੰਘ ਸੁਭਾਗਾ ਮੁੱਖ ਗ੍ਰੰਥੀ ਸ਼ਹੀਦ ਗੰਜ ਬਾਬਾ ਦੀਪ ਸਿੰਘ, ਪ੍ਰਦੁਮਨ ਸਿੰਘ, ਗਿਆਨੀ ਕੇਵਲ ਸਿੰਘ, ਬੀਬੀ ਤਜਿੰਦਰ ਕੌਰ ਬੱਬੂ, ਯੂ. ਕੇ. ਅਤੇ ਸਮੂਹ ਪਿੰਗਲਵਾੜਾ ਪਰਿਵਾਰ ਹਾਜ਼ਰ ਸੀ।

## ਅੱਜ ਪਿੰਡ ਚੌਂਤਾ ਤੇ 12 ਨੂੰ ਝੰਡਾ ਲੁਬਾਣਾ ਵਿਖੇ ਲਗਾਏ ਜਾਣਗੇ ਏਡੀਸੀ ਵੱਲੋਂ ਵਿਸ਼ੇਸ਼ ਕੈਂਪ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਵੱਲੋਂ ਅਧਿਕਾਰੀਆਂ ਨੂੰ ਲੋਕਾਂ ਵਿੱਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਕਰਨ ਦੀਆਂ ਦਿੱਤੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਤਹਿਤ 7 ਅਗਸਤ ਨੂੰ ਪਿੰਡ ਚੌਂਤਾ ਅਤੇ 12 ਅਗਸਤ ਨੂੰ ਝੰਡਾ ਲੁਬਾਣਾ ਵਿਖੇ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਇਨ੍ਹਾਂ ਕੈਂਪ ਦਾ ਸਮਾਂ ਦੁਪਹਿਰ 12:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਹੋਵੇਗਾ। ਇਨ੍ਹਾਂ ਦੋਵਾਂ ਕੈਂਪਾਂ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਣਗੀਆਂ। ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ ਨੇ ਇਨ੍ਹਾਂ ਕੈਂਪਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 7 ਅਗਸਤ ਨੂੰ ਪਿੰਡ ਚੌਂਤਾ ਵਿੱਚ ਲੱਗਣ ਵਾਲੇ ਕੈਂਪ ਵਿੱਚ ਚੌਂਤਾ, ਜੰਡੀ, ਢਾਕੀ, ਬੇੜੀ ਅਤੇ ਝੜੋਲੀ ਦੇ ਵਸਨੀਕ ਲੈਣਗੇ ਜਦਕਿ 12 ਅਗਸਤ ਨੂੰ ਪਿੰਡ ਝੰਡਾ ਲੁਬਾਣਾ ਪਿੰਡ ਵਿੱਚ ਲੱਗਣ ਵਾਲੇ ਕੈਂਪ ਵਿੱਚ ਝੰਡਾ ਲੁਬਾਣਾ ਤੋਂ ਇਲਾਵਾ ਛਿਛਰਾ, ਰਾਜੂ ਬੇਲਾ, ਬਲਵੰਡਾ, ਚੜ੍ਹਦੀ ਪੱਤੀ ਭੈਣੀ ਮੀਆਂ ਖਾਂ ਦੇ ਵਸਨੀਕ ਭਾਗ ਲੈਣਗੇ। ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਸਰਕਾਰ ਤੁਹਾਡੇ ਦੁਆਰ ਕੈਂਪਾਂ ਦੌਰਾਨ ਵੱਖ-ਵੱਖ ਵਿਭਾਗਾਂ ਵੱਲੋਂ ਵਿਸ਼ੇਸ਼ ਸਟਾਲ ਲਗਾ ਕੇ ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਦਿੱਤਾ ਜਾਵੇਗਾ। ਇਸਦੇ ਨਾਲ ਹੀ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਰੂਰਲ ਏਰੀਆ ਅਤੇ ਬਾਰਡਰ ਏਰੀਆ ਸਰਟੀਫਿਕੇਟ, ਪੈਨਸ਼ਨ ਨਾਲ ਸਬੰਧਿਤ ਸੁਵਿਧਾਵਾਂ, ਸਿਹਤ ਵਿਭਾਗ ਨਾਲ ਸਬੰਧਿਤ ਸੁਵਿਧਾਵਾਂ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨਾਲ ਸਬੰਧਿਤ ਕੰਮ, ਮਨਰੇਗਾ ਨਾਲ ਸਬੰਧਿਤ ਕੰਮ, ਵਾਟਰ ਸਪਲਾਈ ਅਤੇ ਜਲ ਸਪਲਾਈ ਵਿਭਾਗ ਨਾਲ ਸਬੰਧਿਤ ਕੰਮ, ਅਧਾਰ ਕਾਰਡ ਸੁਵਿਧਾ ਦਾ ਮੌਕੇ 'ਤੇ ਲਾਭ ਦਿੱਤਾ ਜਾਵੇਗਾ। ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਿਤ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

7-Aug-PAGE-4-2024.qxd 8/6/2024 10:43 PM Page 1

ਨਵਾਂ ਜ਼ਮਾਨਾ
ਬੁੱਧਵਾਰ, 7 ਅਗਸਤ 2024

# ਹਸੀਨਾ ਦਾ ਹਸ਼ਰ ਸਾਡਿਆਂ ਲਈ ਚੇਤਾਵਨੀ

*ਪਿਛਲੇ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਚੱਲ ਰਹੇ ਦੇਸ਼-ਵਿਆਪੀ ਅੰਦੋਲਨ ਤੋਂ ਬਾਅਦ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਸੋਮਵਾਰ ਨੂੰ ਅਸਤੀਫ਼ਾ ਦੇ ਕੇ ਢਾਕੇ ਵਿੱਚੋਂ ਭੱਜ ਕੇ ਭਾਰਤ ਵਿੱਚ ਆ ਗਈ। ਵਿਦਿਆਰਥੀਆਂ ਦੀ ਅਗਵਾਈ ਵਿੱਚ ਸ਼ੁਰੂ ਹੋਏ ਰਿਜ਼ਰਵੇਸ਼ਨ ਵਿਰੋਧੀ ਅੰਦੋਲਨ ਦੌਰਾਨ 300 ਦੇ ਕਰੀਬ ਲੋਕ ਮਾਰੇ ਜਾ ਚੁੱਕੇ ਹਨ। ਇਸੇ ਦੌਰਾਨ ਸੁਪਰੀਮ ਕੋਰਟ ਨੇ ਵਿਦਿਆਰਥੀਆਂ ਦੀ ਮੰਗ ਮੰਨਦਿਆਂ 1971 ਦੀ ਅਜ਼ਾਦੀ ਲਈ ਲੜਾਈ ਲੜਨ ਵਾਲਿਆਂ ਦੇ ਪਰਵਾਰਾਂ ਨੂੰ ਮਿਲਦੇ 30 ਫ਼ੀਸਦੀ ਕੋਟੇ ਨੂੰ ਘਟਾ ਕੇ 5 ਫੀਸਦੀ ਕਰ ਦਿੱਤਾ ਸੀ। ਇਸ ਦੇ ਬਾਵਜੂਦ ਅੰਦੋਲਨਕਾਰੀਆਂ ਨੇ ਹਿੰਸਾ 'ਚ ਮਾਰੇ ਗਏ ਲੋਕਾਂ ਦਾ ਦੋਸ਼ ਲਾ ਕੇ ਸ਼ੇਖ ਹਸੀਨਾ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਨਾਮਿਲਵਰਤਣ ਅੰਦੋਲਨ ਛੇੜ ਦਿੱਤਾ ਤੇ 5 ਅਗਸਤ ਨੂੰ ਢਾਕੇ ਵੱਲ ਲੌਂਗ ਮਾਰਚ ਦਾ ਸੱਦਾ ਦੇ ਦਿੱਤਾ। ਇਸ ਲੌਂਗ ਮਾਰਚ ਨਾਲ ਲੱਖਾਂ ਲੋਕ ਆ ਜੁੜੇ ਤੇ ਉਨ੍ਹਾਂ ਪ੍ਰਧਾਨ ਮੰਤਰੀ ਦੇ ਨਿਵਾਸ ਵੱਲ ਵਧਣਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਤੇ ਅਵਾਮੀ ਲੀਗ ਦੇ ਸਮਰਥਕਾਂ ਅਤੇ ਪੁਲਸ ਵਿੱਚ ਹੋਈਆਂ ਝੜਪਾਂ ਵਿੱਚ 100 ਤੋਂ ਵੱਧ ਹੋਰ ਲੋਕ ਮਾਰੇ ਗਏ। ਸ਼ੁਰੂ ਵਿੱਚ ਸ਼ੇਖ ਹਸੀਨਾ ਚਾਹੁੰਦੀ ਸੀ ਕਿ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਫੌਜ ਤਾਕਤ ਦੀ ਵਰਤੋਂ ਕਰੇ। ਇਸ ਮੁੱਦੇ 'ਤੇ ਹੇਠਲੇ ਫੌਜੀ ਅਧਿਕਾਰੀਆਂ ਨੇ ਜਨਰਲ ਵਕਾਰ-ਉਜ਼-ਜ਼ਮਾਨ ਨੂੰ ਕਹਿ ਦਿੱਤਾ ਕਿ ਉਹ ਪ੍ਰਦਰਸ਼ਨਕਾਰੀਆ 'ਤੇ ਗੋਲੀ ਚਲਾਉਣ ਨਾਲ ਸਹਿਮਤ ਨਹੀਂ ਹਨ। ਜਨਰਲ ਨੇ ਇਸ ਪਿੱਛੋਂ ਸੋਮਵਾਰ ਨੂੰ ਪ੍ਰਧਾਨ ਮੰਤਰੀ ਨੂੰ ਕਹਿ ਦਿੱਤਾ ਕਿ ਹੁਣ ਉਨ੍ਹਾ ਕੋਲ ਅਸਤੀਫ਼ਾ ਦੇਣ ਤੋਂ ਬਿਨਾਂ ਕੋਈ ਚਾਰਾ ਨਹੀਂ ਤੇ ਦੇਸ਼ ਛੱਡਣ ਲਈ ਸਿਰਫ਼ 45 ਮਿੰਟ ਹਨ।*

*ਬੰਗਲਾਦੇਸ਼ ਦੀਆਂ ਘਟਨਾਵਾਂ ਨੂੰ ਇਹ ਸਮਝ ਲੈਣਾ ਕਿ ਇਹ ਸਾਰਾ ਕੁਝ ਰਾਖਵਾਂਕਰਨ ਵਿਰੋਧੀ ਬੇਰੁਜ਼ਗਾਰਾਂ ਦੇ ਅੰਦੋਲਨ ਦਾ ਸਿੱਟਾ ਸੀ, ਗਲਤ ਹੈ। ਦੁਨੀਆ ਭਰ ਦੇ ਦੇਸ਼ਾਂ ਵਿੱਚ ਕਰੌਨੀ ਕੈਪਟਲਿਜ਼ਮ (ਪੂੰਜੀਵਾਦ ਤੇ ਸਰਕਾਰ ਦਾ ਗੱਠਜੋੜ) ਰਾਹੀਂ ਲੋਕਤੰਤਰ ਨੂੰ ਤਾਨਾਸ਼ਾਹੀ ਵਿੱਚ ਬਦਲ ਦੇਣ ਦਾ ਇੱਕ ਦੌਰ ਸ਼ੁਰੂ ਹੋ ਚੁੱਕਾ ਹੈ। ਸ਼ੇਖ ਹਸੀਨਾ ਨੇ 2008 ਵਿੱਚ ਬੇਗਮ ਖਾਲਿਦਾ ਜ਼ਿਆ ਨੂੰ ਹਰਾ ਕੇ ਸੱਤਾ ਹਾਸਲ ਕੀਤੀ ਸੀ। ਉਸ ਤੋਂ ਬਾਅਦ ਉਸ ਨੇ ਉਹ ਸਭ ਹੱਥਕੰਡੇ ਅਪਣਾਏ, ਜਿਹੜੇ ਉਸ ਦੀ ਸੱਤਾ ਨੂੰ ਪੱਕਾ ਕਰ ਸਕਦੇ ਸਨ। ਲੋਕਤੰਤਰ ਦੀਆਂ ਸਾਰੀਆਂ ਸੰਸਥਾਵਾਂ ਵਿੱਚ ਆਪਣੇ ਬੰਦੇ ਵਾੜ ਕੇ ਕਬਜ਼ਾ ਕਰ ਲਿਆ। ਮੀਡੀਆ ਨੂੰ ਡਰ ਤੇ ਲਾਲਚ ਰਾਹੀਂ ਗੋਦੀ ਮੀਡੀਆ ਬਣਾ ਲਿਆ। ਵਿਰੋਧੀ ਪਾਰਟੀਆਂ ਦੇ ਹਜ਼ਾਰਾਂ ਆਗੂਆਂ ਤੇ ਵਰਕਰਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਹੀ ਨਹੀਂ, ਉਨ੍ਹਾਂ ਦੇ ਕਤਲ ਵੀ ਕਰਾਏ। ਮੌਜੂਦਾ ਅੰਦੋਲਨ ਦੌਰਾਨ ਹੀ ਬੰਗਲਾਦੇਸ਼ ਨੈਸ਼ਨਲ ਪਾਰਟੀ ਦੇ 5 ਆਗੂਆਂ ਨੂੰ ਜੇਲ੍ਹ ਵਿੱਚ ਮਰਵਾ ਦਿੱਤਾ ਗਿਆ। ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੀ ਪ੍ਰਧਾਨ ਖਾਲਿਦਾ ਜ਼ਿਆ ਨੂੰ ਜੇਲ੍ਹ ਵਿੱਚ ਸੁੱਟ ਦਿੱਤਾ, ਜਿੱਥੇ ਉਹ ਡੈੱਥ ਬੈੱਡ 'ਤੇ ਆਖਰੀ ਸਾਹ ਲੈ ਰਹੀ ਸੀ। ਉਸ ਦੇ ਪਰਵਾਰ ਨੂੰ ਉਸ ਨੂੰ ਇਲਾਜ ਲਈ ਵਿਦੇਸ਼ ਲਿਜਾਣ ਦੀ ਵੀ ਆਗਿਆ ਨਾ ਦਿੱਤੀ ਗਈ। ਦੇਸ਼ ਦੀ ਸਮੁੱਚੀ ਕਾਰਜਪਾਲਿਕਾ ਤੇ ਨਿਆਂਪਾਲਿਕਾ ਵਿੱਚ ਅਵਾਮੀ ਲੀਗ ਦੇ ਵਰਕਰਾਂ ਨੂੰ ਭਰ ਕੇ ਸਭ ਕੁਝ ਆਪਣੇ ਅਧੀਨ ਕਰ ਲਿਆ ਗਿਆ।*

*ਲੋਕਤੰਤਰ ਵਿੱਚ ਇਹ ਆਮ ਰੁਝਾਨ ਰਿਹਾ ਹੈ ਕਿ ਜਦੋਂ ਲੋਕ ਸਰਕਾਰ ਦੀਆਂ ਨਾਕਾਮੀਆਂ ਕਾਰਨ ਦੁੱਖ ਭੋਗਣ ਲਗਦੇ ਹਨ ਤਾਂ ਉਹ ਪੰਜ ਸਾਲਾਂ ਬਾਅਦ ਵੋਟਾਂ ਰਾਹੀਂ ਸਰਕਾਰ ਬਦਲ ਦਿੰਦੇ ਹਨ। ਬੰਗਲਾਦੇਸ਼ ਵਿੱਚ ਲੋਕਾਂ ਨੂੰ ਪਤਾ ਲੱਗ ਗਿਆ ਸੀ ਕਿ ਇਹ ਸਰਕਾਰ ਵੋਟਾਂ ਰਾਹੀਂ ਬਦਲੀ ਨਹੀਂ ਜਾ ਸਕਦੀ, ਇਸੇ ਕਾਰਨ ਜਨਵਰੀ ਵਿੱਚ ਹੋਈਆਂ ਚੋਣਾਂ ਦਾ ਸਭ ਵਿਰੋਧੀ ਦਲਾਂ ਨੇ ਬਾਈਕਾਟ ਕਰ ਦਿੱਤਾ। ਜਨਤਾ ਕੋਲ ਸਿਰਫ਼ ਇੱਕੋ ਰਾਹ ਬਚਿਆ ਸੀ ਕਿ ਜਨਤਕ ਵਿਰੋਧ ਰਾਹੀਂ ਤਾਨਾਸ਼ਾਹੀ ਦਾ ਤਖ਼ਤ ਪਲਟ ਦੇਵੇ, ਜੋ ਉਸ ਨੇ ਕਰ ਦਿਖਾਇਆ ਹੈ। ਅਵਾਮੀ ਲੀਗ ਦੇ ਬਹੁਤੇ ਆਗੂਆਂ ਨੂੰ ਇਹ ਅਹਿਸਾਸ ਹੋ ਗਿਆ ਸੀ ਕਿ ਹੁਣ ਉਨ੍ਹਾਂ ਦੇ ਦਿਨ ਪੁੱਗ ਚੁੱਕੇ ਹਨ। ਇਸ ਲਈ 14 ਤੋਂ 17 ਜੁਲਾਈ ਦੌਰਾਨ ਹੀ ਉਸ ਦੇ ਦੋ ਦਰਜਨ ਤੋਂ ਵੱਧ ਮੰਤਰੀ ਤੇ ਉਨ੍ਹਾਂ ਦੇ ਪਰਵਾਰ ਅਮਰੀਕਾ, ਬਰਤਾਨੀਆ, ਕੈਨੇਡਾ, ਆਸਟ੍ਰੇਲੀਆ ਤੇ ਚੀਨ ਵਰਗੇ ਦੇਸ਼ਾਂ ਵਿੱਚ ਚਲੇ ਗਏ ਸਨ।*

*ਭਾਰਤੀ ਹੁਕਮਰਾਨਾਂ ਲਈ ਬੰਗਲਾਦੇਸ਼ ਦੀਆਂ ਘਟਨਾਵਾਂ ਝਟਕਾ ਹਨ। ਜੀ ਡੀ ਪੀ ਦਾ ਵਾਧਾ ਤੇ ਵਿਦੇਸ਼ੀ ਨਿਵੇਸ਼ ਦਿਖਾ ਕੇ 'ਵਿਸ਼ਵ ਗੁਰੂ' ਬਣ ਜਾਣ ਦੇ ਸੁਫ਼ਨੇ ਲੋਕਾਂ ਦੀ ਬੇਰੁਜ਼ਗਾਰੀ ਤੇ ਮਹਿੰਗਾਈ ਰਾਹੀਂ ਹੋਈ ਦੁਰਦਸ਼ਾ ਦੇ ਸਾਹਮਣੇ ਦਮ ਤੋੜ ਜਾਂਦੇ ਹਨ। ਯਾਦ ਰਹੇ ਕਿ ਬੰਗਲਾਦੇਸ਼ ਦੀ ਜੀ ਡੀ ਪੀ ਸਾਥੋਂ ਮਜ਼ਬੂਤ ਸੀ ਤੇ ਉੱਥੇ ਵਿਦੇਸ਼ੀ ਨਿਵੇਸ਼ ਦਾ ਤਾਂਤਾ ਲੱਗਾ ਹੋਇਆ ਸੀ। ਸਾਡੇ ਹਾਕਮਾਂ ਲਈ ਇਹ ਚੇਤਾਵਨੀ ਹੈ ਕਿ ਲੋਕਤੰਤਰੀ ਸੰਸਥਾਵਾਂ ਉਤੇ ਕਬਜ਼ੇ ਤੇ ਵਿਰੋਧੀਆਂ ਨੂੰ ਜੇਲ੍ਹੀਂ ਸੁੱਟਣ ਦੇ ਬਾਵਜੂਦ ਤਾਨਾਸ਼ਾਹੀ ਦਾ ਅੰਤ ਆਉਣਾ ਹੀ ਹੁੰਦਾ ਹੈ।*

*ਬੰਗਲਾਦੇਸ਼ ਦੀਆਂ ਘਟਨਾਵਾਂ ਨੇ ਭਾਰਤ ਸਰਕਾਰ ਦੀ ਵਿਦੇਸ਼ ਨੀਤੀ ਦੀ ਨਾਕਾਮੀ ਨੂੰ ਵੀ ਜੱਗ-ਜ਼ਾਹਰ ਕਰ ਦਿੱਤਾ ਹੈ। ਬੰਗਲਾਦੇਸ਼ ਦੇ ਹਾਲੀਆ ਅੰਦੋਲਨ ਦੌਰਾਨ 'ਭਾਰਤ ਆਊਟ' ਦੇ ਲੱਗੇ ਨਾਅਰੇ ਦੱਸਦੇ ਹਨ ਕਿ ਉੱਥੇ ਭਾਰਤ ਵਿਰੋਧੀ ਭਾਵਨਾਵਾਂ ਕਿਸ ਹੱਦ ਤੱਕ ਪੁੱਜ ਚੁੱਕੀਆਂ ਹਨ। ਭਾਜਪਾ ਦੇ ਆਗੂ ਵੀ ਇਸ ਲਈ ਜ਼ਿੰਮੇਵਾਰ ਹਨ, ਜੋ ਬੰਗਲਾਦੇਸ਼ੀਆਂ ਨੂੰ ਘੁਸਪੈਠੀਏ ਤੇ ਸਿਉਂਕ ਕਹਿੰਦੇ ਰਹਿੰਦੇ ਹਨ। ਸਾਡੇ ਦੇਸ਼ ਦੇ ਹਾਕਮ ਆਪਣੇ ਆਪ ਨੂੰ ਸਾਰਕ ਦੇਸ਼ਾਂ ਦੀ ਮੁੱਖ ਸ਼ਕਤੀ ਕਹਿੰਦੇ ਰਹੇ ਹਨ, ਪਰ ਅਸੀਂ ਖੜ੍ਹੇ ਕਿੱਥੇ ਹਾਂ? ਮਾਲਦੀਵ, ਸ੍ਰੀਲੰਕਾ, ਪਾਕਿਸਤਾਨ, ਨੇਪਾਲ, ਮਿਆਂਮਾਰ ਤੇ ਹੁਣ ਬੰਗਲਾਦੇਸ਼ ਸਾਥੋਂ ਦੂਰ ਹੋ ਚੁੱਕੇ ਹਨ।*

*ਸਾਡੀ ਇੱਕ ਹੋਰ ਸਮੱਸਿਆ ਬੰਗਲਾਦੇਸ਼ ਵਿੱਚ ਵਸਦੇ ਇੱਕ ਕਰੋੜ ਹਿੰਦੂਆਂ ਦੀ ਹੈ। ਜੇ ਉੱਥੇ ਸੱਤਾ ਵਿੱਚ ਜਮਾਤੇ ਇਸਲਾਮੀ ਆ ਜਾਂਦੀ ਹੈ ਤਾਂ ਬੰਗਲਾਦੇਸ਼ ਦੂਜਾ ਪਾਕਿਸਤਾਨ ਬਣਨ ਵੱਲ ਵਧ ਸਕਦਾ ਹੈ। ਇਸ ਸਥਿਤੀ ਦੇ ਮੁਕਾਬਲੇ ਲਈ ਸਾਡੇ ਹਾਕਮ ਕੀ ਨੀਤੀ ਅਪਣਾਉਂਦੇ ਹਨ, ਇਹ ਤਾਂ ਆਉਣ ਵਾਲੇ ਸਮੇਂ 'ਚ ਹੀ ਪਤਾ ਲੱਗੇਗਾ।*

**-ਚੰਦ ਫਤਿਹਪੁਰੀ**

# ਸਿਆਸੀ ਬੇਈਮਾਨੀ, ਆਰਥਕ ਬਦਨੀਤੀ ਤੇ ਦੇਸ਼ ਦੀ ਬਦਹਾਲੀ



ਗੁਰਮੀਤ ਸਿੰਘ ਪਲਾਹੀ

ਗਰੀਬੀ, ਭੁੱਖਮਰੀ, ਬੇਰੁਜ਼ਗਾਰੀ, ਅਨਪੜ੍ਹਤਾ, ਬਦਤਰ ਸਿਹਤ ਸੇਵਾਵਾਂ, ਅਪਰਾਧ, ਪੀਣ ਵਾਲੇ ਸਾਫ਼ ਪਾਣੀ ਦੀ ਘਾਟ ਆਦਿ ਬਾਰੇ ਲੱਖ ਵਾਰ ਦਲੀਲਾਂ ਦੇ ਕੇ ਆਪਾਂ ਇਹ ਸਿੱਧ ਕਰਨ ਦਾ ਯਤਨ ਕਰੀਏ ਕਿ ਦੇਸ਼ 'ਚ ਵਧ ਰਹੀ ਆਬਾਦੀ ਇਹਨਾ ਸਮੱਸਿਆਵਾਂ ਕਾਰਨ ਹੈ, ਪਰ ਅਸਲ ਵਿੱਚ ਸਿਆਸੀ ਬੇਈਮਾਨੀ, ਵੋਟਾਂ ਦੀ ਸਿਆਸਤ, ਆਰਥਿਕ ਨੀਤੀਆਂ ਕਾਰਨ ਵਧ ਰਿਹਾ ਦੇਸ਼ 'ਚ ਅਮੀਰ-ਗਰੀਬ ਦਾ ਪਾੜਾ ਦੇਸ਼ ਭਾਰਤ ਨੂੰ ਭੈੜੀ ਹਾਲਤ ਵਿੱਚ ਲੈ ਜਾਣ ਦਾ ਮੁੱਖ ਕਾਰਨ ਹੈ। ਇਸੇ ਕਾਰਨ ਹੀ ਦੇਸ਼ ਬਦਹਾਲੀ ਦਾ ਸ਼ਿਕਾਰ ਹੈ।

ਭਾਰਤ ਦੀ ਜਨ ਸੰਖਿਆ ਵਿਸ਼ਵ ਜਨਸੰਖਿਆ ਦਾ 18 ਫ਼ੀਸਦੀ ਹੈ। ਭਾਰਤ ਕੋਲ ਵਿਸ਼ਵ ਦੀ ਕੁੱਲ ਜ਼ਮੀਨ ਦਾ 2.5 ਫ਼ੀਸਦੀ ਹੈ ਅਤੇ 4 ਫ਼ੀਸਦੀ ਪਾਣੀ ਹੈ। ਦੇਸ਼ ਕੋਲ ਜਿੰਨੀ ਜ਼ਮੀਨ ਹੈ, ਉਸ ਦੇ ਕੁਲ 60 ਫ਼ੀਸਦੀ ਹਿੱਸੇ 'ਤੇ ਖੇਤੀ ਹੁੰਦੀ ਹੈ, ਪਰ ਦੇਸ਼ ਦੇ 20 ਕਰੋੜ ਲੋਕ ਭੁੱਖਮਰੀ ਦੇ ਸ਼ਿਕਾਰ ਹਨ। ਆਖ਼ਰ ਕਾਰਨ ਕੀ ਹੈ? ਕੀ ਅਸੀਂ ਕੁਦਰਤੀ ਸੋਮਿਆਂ ਦੀ ਕੁਵਰਤੋਂ ਕਰਕੇ, ਸਭੋ ਕੁਝ ਧਨ ਕੁਬੇਰਾਂ ਹੱਥ ਫੜਾ ਕੇ, ਉਨ੍ਹਾਂ ਨੂੰ ਆਪਣੀ ਮਰਜ਼ੀ ਨਾਲ ਮੁਨਾਫ਼ਾ ਕਮਾਉਣ ਦੀ ਆਗਿਆ ਦੇ ਕੇ ਦੇਸ਼ ਨੂੰ ਕੰਗਾਲੀ, ਮੰਦਹਾਲੀ ਦੇ ਰਸਤੇ ਨਹੀਂ ਤੋਰ ਦਿੱਤਾ?

ਕਾਰਪੋਰੇਟਾਂ, ਜਿਸ ਢੰਗ ਨਾਲ ਬੁਨਿਆਦੀ ਢਾਂਚਾ ਉਸਾਰਨ ਦੇ ਨਾਂਅ 'ਤੇ ਜੰਗਲਾਂ ਦੀ ਕਟਾਈ ਕੀਤੀ, ਕੁਦਰਤੀ ਖਾਣਾਂ ਦੀ ਦੁਰਵਰਤੋਂ ਕੀਤੀ, ਦੇਸ਼ 'ਚ ਪ੍ਰਦੂਸ਼ਣ ਪੈਦਾ ਕੀਤਾ, ਕੀਟਨਾਸ਼ਕਾਂ, ਖਾਦਾਂ ਦੀ ਵਰਤੋਂ ਕਰਵਾ ਕੇ ਦੇਸ਼ ਵਾਸੀਆਂ ਹੱਥ ਬੀਮਾਰੀਆਂ ਦੀਆਂ ਪੰਡਾਂ ਹੀ ਨਹੀਂ ਫੜਾਈਆਂ, ਉਹਨਾਂ ਨੂੰ ਬੁਰੇ ਹਾਲੀਂ ਕਰ ਦਿੱਤਾ। ਸਿੱਟਾ ਜਲਵਾਯੂ ਤਬਦੀਲੀ 'ਚ ਵੇਖਿਆ ਜਾ ਸਕਦਾ ਹੈ।

ਅੱਜ ਖੇਤੀ ਯੋਗ ਜ਼ਮੀਨ ਉਤੇ ਲਗਾਤਾਰ ਹਮਲਾ ਹੋ ਰਿਹਾ ਹੈ, ਰਕਬਾ ਘੱਟ ਰਿਹਾ ਹੈ, ਖੇਤੀ ਭੂਮੀ ਦੀ ਹੋਰ ਕੰਮਾਂ ਲਈ ਵਰਤੋਂ ਵਧ ਰਹੀ ਹੈ। ਕਿਸਾਨ ਖੇਤੀ ਤੋਂ ਦੂਰ ਹੋ ਰਹੇ ਹਨ। ਖੇਤੀ ਜ਼ਮੀਨ 'ਚ ਕਮੀ ਸਮਾਜਿਕ-ਆਰਥਿਕ ਤਾਣੇ-ਬਾਣੇ 'ਤੇ ਵੀ ਅਸਰ ਪਾ ਰਹੀ ਹੈ। ਵੇਸਟਲੈਂਡ ਐਟਲਾਸ-2019 ਦੇ ਅਨੁਸਾਰ ਪੰਜਾਬ ਜਿਹੇ ਖੇਤੀ ਪ੍ਰਧਾਨ ਸੂਬੇ ਵਿੱਚ 14000 ਹੈਕਟੇਅਰ ਅਤੇ ਪੱਛਮੀ ਬੰਗਾਲ ਵਿੱਚ 62000 ਹੈਕਟੇਅਰ ਖੇਤੀ ਯੋਗ ਭੂਮੀ ਘਟ ਗਈ ਹੈ। ਸਭ ਤੋਂ ਜ਼ਿਆਦਾ ਆਬਾਦੀ ਵਾਲੇ ਸੂਬੇ ਉੱਤਰ ਪ੍ਰਦੇਸ਼ 'ਚ 48000 ਹੈਕਟੇਅਰ ਖੇਤੀ ਯੋਗ ਜ਼ਮੀਨ ਹਰ ਸਾਲ ਘਟ ਰਹੀ ਹੈ। ਇਹ ਸਭ ਕੁਝ ਵਿਕਾਸ ਦੇ ਨਾਂਅ 'ਤੇ ਹੋ ਰਿਹਾ ਹੈ।

1992 'ਚ ਪੇਂਡੂ ਪਰਵਾਰਾਂ ਕੋਲ 11.7 ਕਰੋੜ ਹੈਕਟੇਅਰ ਖੇਤੀ ਯੋਗ ਭੂਮੀ ਸੀ, ਜੋ 2013 ਤੱਕ ਘਟ ਕੇ 9.2 ਕਰੋੜ ਹੈਕਟੇਅਰ ਰਹਿ ਗਈ ਅਤੇ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਅਗਲੇ ਸਾਲ ਤੱਕ ਖੇਤੀ ਯੋਗ ਜ਼ਮੀਨ 8 ਕਰੋੜ ਹੈਕਟੇਅਰ ਹੀ ਰਹਿ ਜਾਏਗੀ, ਤਾਂ ਫਿਰ ਦੇਸ਼ ਭੁੱਖਾ ਨਹੀਂ ਮਰੇਗਾ? ਕਿਥੋਂ ਮਿਲੇਗਾ ਕਿਰਤੀ ਲੋਕਾਂ ਨੂੰ ਅੰਨ? ਕਿਥੋਂ ਮਿਲੇਗਾ ਸਾਫ਼-ਸੁਥਰਾ ਪਾਣੀ?

ਵਿਸ਼ਵ ਭੁੱਖ ਸੂਚਕਾਂਕ-2022 ਦੀ ਰਿਪੋਰਟ ਅਨੁਸਾਰ 16.3 ਫ਼ੀਸਦੀ ਆਬਾਦੀ ਕੁਪੋਸ਼ਨ ਦਾ ਸ਼ਿਕਾਰ ਹੈ। 5 ਸਾਲ ਤੋਂ ਘੱਟ ਉਮਰ ਦੇ 35 ਫ਼ੀਸਦੀ ਬੱਚੇ ਅਵਿਕਸਤ ਹਨ। ਭਾਰਤ ਵਿੱਚ 3.3 ਫ਼ੀਸਦੀ ਬੱਚਿਆਂ ਦੀ 5 ਸਾਲ ਦੀ ਉਮਰ ਪੂਰੀ ਹੋਣ ਤੋਂ ਪਹਿਲਾਂ-ਪਹਿਲਾਂ ਮੌਤ ਹੋ ਜਾਂਦੀ ਹੈ। ਇਥੇ ਹੀ ਬੱਸ ਨਹੀਂ, ਦੇਸ਼ਾ 'ਚ ਪੈਦਾ ਹੋ ਰਿਹਾ 30 ਫ਼ੀਸਦੀ ਅਨਾਜ਼ ਬਰਬਾਦ ਹੋ ਰਿਹਾ ਹੈ। ਇਹ ਭੋਜਨ ਕਿਸੇ ਦੇ ਪੱਲੇ ਨਹੀਂ ਪੈ ਰਿਹਾ।

ਦੇਸ਼ ਦੇ ਹਾਕਮਾਂ ਦੀ ਅੱਖ ਤਾਂ ਦੁਨੀਆ ਦੀ ਤੀਜੀ ਵੱਡੀ ਆਰਥਿਕਤਾ ਬਣਨ 'ਤੇ ਟਿੱਕੀ ਹੋਈ ਹੈ, ਅੱਜ ਭਾਰਤ ਦਾ ਹਾਕਮ 5 ਟ੍ਰਿਲੀਅਨ ਡਾਲਰ ਦੀ ਗੱਲ ਕਰਦਾ ਹੈ ਅਤੇ 2047 ਤੱਕ 30 ਟ੍ਰਿਲੀਅਨ ਦੀ ਆਰਥਿਕਤਾ ਵਾਲਾ ਮਾਲਕ ਬਣਨ ਦੇ ਦਾਅਵੇ ਕਰ ਰਿਹਾ ਹੈ। ਕੀ ਭਾਰਤ ਉਦੋਂ ਤੱਕ ਵਿਕਾਸਸ਼ੀਲ ਤੋਂ ਵਿਕਸਤ ਦੇਸ਼ ਦਾ ਸਫ਼ਰ ਪੂਰਾ ਕਰ ਸਕੇਗਾ, ਜਦੋਂ ਤੱਕ ਦੇਸ਼ ਵਾਸੀਆਂ ਨੂੰ ਸਿੱਖਿਆ, ਸਿਹਤ, ਚੰਗੇ ਵਾਤਾਵਰਨ ਦੀਆਂ ਇਕੋ ਜਿਹੀਆਂ ਸਹੂਲਤਾਂ ਪੈਦਾ ਨਹੀਂ ਹੁੰਦੀਆਂ?

ਇੱਕ ਬਹੁਤ ਹੀ ਹੈਰਾਨ-ਕੁਨ ਰਿਪੋਰਟ ਯੂ.ਐੱਨ.ਓ. ਵਲੋਂ ਭਾਰਤੀ ਬਜਟ 2024 ਦੇ ਪੇਸ਼ ਹੋਣ ਦੇ ਦੂਜੇ ਦਿਨ ਛਾਪੀ ਹੈ, ਜਿਸ ਅਨੁਸਾਰ 20 ਦੇਸ਼ਾਂ ਦੇ 64 ਮਿਲੀਅਨ ਬੱਚੇ ਸਾਊਥ ਏਸ਼ੀਆ ਵਿੱਚ ਅਤੇ 59 ਮਿਲੀਅਨ ਬੱਚੇ ਸਬ-ਸਹਾਰਾ ਅਫਰੀਕਾ ਵਿੱਚ ਇਹੋ ਜਿਹੇ ਹਨ, ਜਿਹੜੇ 5 ਮਹੀਨਿਆਂ ਤੋਂ 23 ਮਹੀਨਿਆਂ ਤੱਕ ਦੀ ਉਮਰ ਦੇ ਹਨ ਅਤੇ ਜਿਹਨਾਂ ਨੂੰ ਸਹੀ ਖਾਣਾ ਤੱਕ ਵੀ ਨਸੀਬ ਨਹੀਂ ਹੁੰਦਾ। ਇਹਨਾਂ ਵਿੱਚ 19.3 ਫ਼ੀਸਦੀ ਬੱਚੇ ਭਾਰਤ ਦੇਸ਼ ਨਾਲ ਸੰਬੰਧਤ ਹਨ।

ਹਾਰਵਰਡ ਸਟੱਡੀ, ਜੋ 2024 'ਚ ਛਪੀ ਸੀ, ਵਿੱਚ 'ਸਿਫ਼ਰ ਭੋਜਨ ਵਾਲੇ ਬੱਚਿਆਂ' ਦੀ ਗੱਲ ਕੀਤੀ ਗਈ ਸੀ, ਇਹ ਬੱਚੇ 5 ਮਹੀਨਿਆਂ ਤੋਂ 23 ਮਹੀਨਿਆਂ ਦੀ ਉਮਰ ਦੇ ਬੱਚੇ ਹੁੰਦੇ ਹਨ, ਜਿਹਨਾਂ ਨੂੰ ਪਿਛਲੇ 24 ਘੰਟਿਆਂ 'ਚ ਭੋਜਨ ਨਹੀਂ ਮਿਲਦਾ ਅਤੇ ਭਾਰਤ ਇਸ ਲਿਸਟ ਵਿੱਚ ਦੁਨੀਆ ਭਰ 'ਚ ਚੌਥੇ ਸਥਾਨ 'ਤੇ ਹੈ। ਪਹਿਲੇ ਸਥਾਨ 'ਤੇ ਗੁਆਣਾ (21.8 ਫੀਸਦੀ), ਦੂਜੇ 'ਤੇ ਪਾਲੀ (21.5 ਫੀਸਦੀ) ਅਤੇ ਚੌਥੇ 'ਤੇ ਭਾਰਤ (19.3 ਫੀਸਦੀ) ਰੱਖਿਆ ਗਿਆ ਸੀ, ਭਾਵੇਂ ਕਿ ਭਾਰਤ ਸਰਕਾਰ ਨੇ ਇਸ ਰਿਪੋਰਟ ਨੂੰ ਫਰਜ਼ੀ, ਨਕਲੀ ਕਰਾਰ ਦਿੱਤਾ ਸੀ, ਪਰ ਇਹ ਗੱਲ ਚਿੱਟੇ ਦਿਨ ਵਾਂਗ ਸਾਫ਼ ਹੈ ਕਿ ਭਾਰਤ ਦੀ ਕੁੱਲ 140 ਕਰੋੜ ਆਬਾਦੀ ਵਿੱਚ 76.5 ਕਰੋੜ ਆਬਾਦੀ ਇਹੋ ਜਿਹੀ ਹੈ, ਜਿਸ ਨੂੰ ਸੰਤੁਲਿਤ ਭੋਜਨ ਨਹੀਂ ਮਿਲਦਾ, ਜਿਸ ਵਿਚੋਂ 19.5 ਕਰੋੜ ਛੋਟੇ ਬੱਚੇ ਕੁਪੋਸ਼ਣ ਦਾ ਸ਼ਿਕਾਰ ਹਨ, ਜਿਹਨਾਂ ਵਿੱਚ ਲੜਕੀਆਂ ਦੀ ਗਿਣਤੀ ਵੱਧ ਹੈ।

ਇਹ ਗੱਲ ਵੀ ਤੱਥਾਂ ਤੋਂ ਉਲਟ ਨਹੀਂ ਹੈ ਕਿ ਭਾਰਤ ਵਿੱਚ ਅਮੀਰ ਵਰਗ, ਮੱਧ ਵਰਗੀ ਕਿਸਾਨ ਤਾਂ ਚੰਗਾ ਭੋਜਨ ਪ੍ਰਾਪਤ ਕਰਨ ਦੇ ਯੋਗ ਹਨ, ਪਰ ਬਾਕੀ ਪੇਂਡੂ ਆਬਾਦੀ, ਮਜ਼ਦੂਰ, ਕਿਸਾਨ, ਆਦਿਵਾਸੀ ਅਤੇ ਮੱਧ ਵਰਗ ਦੇ ਲੋਕਾਂ ਨੂੰ ਬਿਹਤਰ ਭੋਜਨ ਨਸੀਬ ਨਹੀਂ ਹੁੰਦਾ। ਇਸ ਤੋਂ ਵੱਡੀ ਹੋਰ ਕਿਹੜੀ ਵਿਡੰਬਨਾ ਹੋ ਸਕਦੀ ਹੈ ਕਿ ਤਰੱਕੀਆਂ ਕਰਨ ਦੇ ਸੁਪਨੇ ਲੈਣ ਵਾਲਾ 'ਮਹਾਨ ਦੇਸ਼' ਗਰੀਬੀ, ਭੁੱਖਮਰੀ ਦੇ ਪੰਜੇ 'ਚ ਫਸਿਆ ਹੋਇਆ ਹੈ ਅਤੇ ਉਸ ਦੀ ਆਰਥਿਕਤਾ ਨੂੰ ਕਾਰਪੋਰੇਟ ਘਰਾਣਿਆਂ ਨੇ ਬੁਰੀ ਤਰ੍ਹਾਂ ਹਥਿਆਇਆ ਹੋਇਆ ਹੈ।

ਕੀ ਇਹ ਸੱਚ ਨਹੀਂ ਕਿ ਮਨੁੱਖ ਨੂੰ ਭੋਜਨ ਤਦੇ ਪ੍ਰਾਪਤ ਹੋਏਗਾ, ਜੇਕਰ ਮਨੁੱਖ ਪੱਲੇ ਰੁਜ਼ਗਾਰ ਹੋਏਗਾ। ਰੁਜ਼ਗਾਰ ਤਦੇ ਮਿਲੇਗਾ, ਜੇਕਰ ਹੱਥ 'ਚ ਕੋਈ ਸਿਖਲਾਈ ਹੋਏਗੀ। ਥਿੰਕ ਟਿੰਕ ਇੰਸਟੀਚਿਊਟ ਫਾਰ ਹਿਊਮਨ ਡਿਵੈੱਲਪਮੈਂਟ ਨੇ ਇੱਕ ਰਿਪੋਰਟ ਛਾਪੀ ਹੈ ਭਾਰਤ ਬਾਰੇ, ਜਿਸ 'ਚ ਲਿਖਿਆ ਹੈ ਕਿ ਦੱਖਣੀ ਏਸ਼ੀਆਈ ਰਾਸ਼ਟਰ ਵਿੱਚ ਤਿੰਨ ਵਿਚੋਂ ਇੱਕ ਯੁਵਕ ਨਾ ਤਾਂ ਸਿੱਖਿਆ ਪ੍ਰਾਪਤ ਕਰ ਰਿਹਾ ਹੈ, ਨਾ ਹੀ ਉਹ ਕੋਈ ਸਿਖਲਾਈ ਪਰਾਪਤ ਕਰ ਰਿਹਾ ਹੈ। ਹਾਲਾਤ ਇਹ ਹਨ ਕਿ ਦੇਸ਼ ਵਿੱਚ ਪੜ੍ਹੇ-ਲਿਖੇ ਯੁਵਕਾਂ 'ਚ ਬੇਰੁਜ਼ਗਾਰੀ ਦਰ 40 ਫ਼ੀਸਦੀ ਤੋਂ ਉਪਰ ਟੱਪ ਚੁੱਕੀ ਹੈ।

ਭਾਰਤ ਦਾ ਨੀਤੀ ਆਯੋਗ ਦਾਅਵਾ ਕਰਦਾ ਹੈ ਕਿ ਭਾਰਤ ਦੀ ਕੁੱਲ ਆਬਾਦੀ ਦੀ 5 ਫ਼ੀਸਦੀ ਆਬਾਦੀ ਗਰੀਬਾਂ ਦੀ ਹੈ। ਭਾਵ ਸੱਤ ਕਰੋੜ ਲੋਕ ਗਰੀਬ ਹਨ। ਸਰਕਾਰ ਨੇ ਘਰੇਲੂ ਉਪਯੋਗ ਸਰਵੇਖਣ ਕਰਵਾਇਆ ਅਤੇ ਕਿਹਾ ਕਿ ਪੇਂਡੂ ਖੇਤਰਾਂ 'ਚ ਪ੍ਰਤੀ ਵਿਅਕਤੀ ਔਸਤਨ ਖ਼ਰਚ 3094 ਰੁਪਏ ਅਤੇ ਸ਼ਹਿਰੀ ਖੇਤਰਾਂ 'ਚ 4963 ਰੁਪਏ ਹੈ, ਜਿਸ ਦਾ ਸਿੱਧਾ ਅਰਥ ਹੈ ਕਿ ਭਾਰਤ ਦੇ 71 ਕਰੋੜ ਲੋਕ ਪ੍ਰਤੀ ਦਿਨ 100-150 ਰੁਪਏ ਜਾਂ ਉਸ ਤੋਂ ਘੱਟ ਨਾਲ ਗੁਜ਼ਾਰਾ ਕਰਦੇ ਹਨ। ਜੇਕਰ ਪਰਤ-ਦਰ-ਪਰਤ ਹੇਠਾਂ ਜਾਈਏ ਤਾਂ ਤਸਵੀਰ ਹੋਰ ਵੀ ਨਿਰਾਸ਼ਾਜਨਕ ਹੈ। ਸਭ ਤੋਂ ਹੇਠਲੇ 20 ਫੀਸਦੀ ਲੋਕ 70-100 ਰੁਪਏ 'ਤੇ ਜੀਵਨ ਨਿਰਬਾਹ ਕਰਦੇ ਹਨ ਅਤੇ ਹੋਰ ਹੇਠਲੇ 10 ਫ਼ੀਸਦੀ ਲੋਕ 60-90 ਰੁਪਏ 'ਤੇ ਜੀਵਨ ਗੁਜ਼ਾਰਾ ਕਰਦੇ ਹਨ। ਕੀ ਇਹ ਗਰੀਬ ਨਹੀਂ ਹਨ ਜਾਂ ਇਹਨਾਂ ਦੀ ਸ਼੍ਰੇਣੀ ਗਰੀਬੀ ਰੇਖਾ ਤੋਂ ਵੀ ਹੋਰ ਹੇਠ ਹੈ?

ਇਥੇ ਇਹ ਗੱਲ ਸਮਝਣ ਵਾਲੀ ਹੈ ਕਿ ਆਬਾਦੀ ਦਾ 50 ਫੀਸਦੀ, ਭਾਵ 71 ਕਰੋੜ ਲੋਕ, ਨਾ ਤਾਂ ਸਰਕਾਰੀ ਕਰਮਚਾਰੀ ਹਨ, ਨਾ ਹੀ ਸਰਕਾਰੀ ਪੈਨਸ਼ਨ ਧਾਰਕ ਹਨ, ਨਾ ਹੀ ਪ੍ਰਾਈਵੇਟ ਕੰਪਨੀਆਂ ਦੇ ਤਨਖ਼ਾਹਦਾਰ ਕਰਮਚਾਰੀ ਹਨ, ਪਰ ਤਦ ਵੀ ਇਹ ਲੋਕ ਜੀ.ਐੱਸ.ਟੀ. ਜਿਹੇ ਟੈਕਸ, ਚੀਜ਼ਾਂ ਖਰੀਦਣ ਵੇਲੇ ਦਿੰਦੇ ਹਨ, ਜਿਹਨਾ 'ਚ 30 ਕਰੋੜ ਲੋਕ ਦਿਹਾੜੀਦਾਰ ਮਜ਼ਦੂਰ ਹਨ, ਜਿਹਨਾਂ ਦੀ ਆਮਦਨ ਪਿਛਲੇ 6 ਸਾਲਾਂ ਤੋਂ ਮਹਿੰਗਾਈ ਦੇ ਦੌਰ 'ਚ ਸਥਿਰ ਹੋ ਕੇ ਰਹੇ ਗਈ ਹੋਈ ਹੈ। ਇਸ ਸਥਿਰ ਹੋਈ ਆਮਦਨ ਦਾ ਆਖ਼ਰ ਜ਼ੁੰਮੇਵਾਰ ਕੌਣ ਹੈ? ਕੀ ਇਸ ਦੀ ਜ਼ੁੰਮੇਵਾਰ ਸਰਕਾਰ ਨਹੀਂ? ਕੀ ਇਸ ਦਾ ਜ਼ੁੰਮੇਵਾਰ ਆਰਥਕ ਬਦਨੀਤੀ ਦਾ ਅਲੰਬਰਦਾਰ ਦੇਸ਼ ਦਾ ਕਾਰਪੋਰੇਟ ਲਾਣਾ ਨਹੀਂ?

ਵਿਸ਼ਵ ਦੀ ਸਭ ਤੋਂ ਵੱਡੀ ਆਬਾਦੀ ਭਾਰਤ ਹੈ। 140 ਕਰੋੜ ਤੋਂ ਉਪਰ ਵਿਸ਼ਵ ਦੇ ਗਲੋਬਲ ਭੁੱਖਮਰੀ ਇਡੈਕਸ-2023 ਅਨੁਸਾਰ 125 ਦੇਸ਼ਾਂ ਵਿੱਚ ਸਾਡਾ ਸਥਾਨ 111 ਵਾਂ ਹੈ। ਬੇਰੁਜ਼ਗਾਰੀ ਦੀ ਦਰ 2024 ਜੂਨ ਅਨੁਸਾਰ 9.3 ਫ਼ੀਸਦੀ ਹੈ। ਬੇਰੁਜ਼ਗਾਰੀ 'ਚ ਵਿਸ਼ਵ ਪੱਧਰੀ ਰੈਂਕ 86ਵਾਂ ਹੈ। ਸਿਹਤ ਸੇਵਾਵਾਂ ਪ੍ਰਤੀ 167 ਦੇਸ਼ਾਂ 'ਚ ਸਾਡਾ ਸਥਾਨ 111ਵੇਂ ਸਥਾਨ ਤੇ ਹੈ। ਹਵਾ ਪ੍ਰਦੂਸ਼ਣ ਫੈਲਾਉਣ ਦੇ ਮਾਮਲੇ 'ਚ ਭਾਰਤ 134 ਦੇਸ਼ਾਂ 'ਚ ਤੀਜੇ ਸਥਾਨ 'ਤੇ ਹੈ। ਭਾਵ ਦੇਸ਼ ਦੇ ਵੱਡੇ ਸ਼ਹਿਰ ਅੱਤ ਦਰਜੇ ਦੇ ਗੰਦੇ ਹਨ। ਦੇਸ਼ ਦੀ ਰਾਜਧਾਨੀ ਦਿੱਲੀ ਦੁਨੀਆ ਦੇ ਸਭ ਤੋਂ ਗੰਦੇ ਸ਼ਹਿਰਾਂ 'ਚ ਸ਼ਾਮਲ ਹੈ। ਪਾਣੀ ਪ੍ਰਦੂਸ਼ਣ ਦੇ ਮਾਮਲੇ 'ਚ ਵੀ ਦੇਸ਼ ਪਿਛੇ ਨਹੀਂ।

ਇਸ ਸਭ ਕੁਝ ਦਾ ਅਸਰ ਸਧਾਰਨ ਲੋਕਾਂ 'ਤੇ ਪੈਂਦਾ ਹੈ। ਦੇਸ਼ ਦੀਆਂ ਆਰਥਿਕ ਬਦਨੀਤੀਆਂ ਗਰੀਬ ਲੋਕਾਂ ਨੂੰ ਹੋਰ ਗਰੀਬੀ ਵੱਲ ਧੱਕ ਰਹੀਆਂ ਹਨ। ਭੁੱਖਮਰੀ ਨੇ ਲੋਕਾਂ ਦਾ ਜੀਊਣਾ ਦੁੱਭਰ ਕੀਤਾ ਹੋਇਆ ਹੈ। ਗੰਦੀਆਂ ਬਸਤੀਆਂ (ਸਲੱਮ ਏਰੀਆ) ਵਧ ਰਹੀਆਂ ਹਨ, ਖੇਤੀ ਘਟ ਰਹੀ ਹੈ। ਪ੍ਰਦੂਸ਼ਣ ਨੇ ਬਿਮਾਰੀਆਂ ਦਾ ਜਾਲ ਵਿਛਾਇਆ ਹੋਇਆ ਹੈ।

ਬਿਨਾਂ ਸ਼ੱਕ ਦੇਸ਼ ਦਾ ਵਿਕਾਸ ਜ਼ਰੂਰੀ ਹੈ। ਬੁਨਿਆਦੀ ਢਾਂਚਾ, ਪੁਲ, ਸੜਕਾਂ, ਸਕੂਲ, ਕਾਲਜ, ਹਸਪਤਾਲ ਜ਼ਰੂਰੀ ਹਨ, ਪਰ ਜਿਹਨਾਂ ਪੇਂਡੂ ਇਲਾਕਿਆਂ ਵਿੱਚ ਦਲਿਤਾਂ ਅਤੇ ਆਦਿਵਾਸੀਆਂ ਦੀਆਂ ਬਸਤੀਆਂ ਹਨ, ਉਹਨਾਂ ਤੱਕ ਬੁਨਿਆਦੀ ਸੁਵਿਧਾਵਾਂ ਦੀ ਪਹੁੰਚ ਕੀ ਜ਼ਰੂਰੀ ਨਹੀਂ? ਅੱਜ ਸਥਿਤੀ ਇਹ ਹੈ ਕਿ ਇਹਨਾ ਬਸਤੀਆਂ ਤੱਕ ਨਾ ਭਰੋਸੇਮੰਦ ਬਿਜਲੀ ਆਉਂਦੀ ਹੈ, ਨਾ ਸੜਕਾਂ ਪਹੁੰਚਦੀਆਂ ਹਨ, ਨਾ ਇੱਕੀਵੀਂ ਸਦੀ ਦੀਆਂ ਜ਼ਰੂਰੀ ਸੁਵਿਧਾਵਾਂ! ਭਾਰਤੀ ਵਿਵਸਥਾ ਦੇ ਇਸ ਟੁੱਟੇ ਹੋਏ ਢਾਂਚੇ ਨੂੰ ਮਜ਼ਬੂਤ ਬਣਾਉਣ ਦੇ ਬਦਲੇ ਗਰੀਬਾਂ ਨੂੰ ਖੈਰਾਤ ਬਖ਼ਸ਼ਣ ਦੀ ਨੀਤੀ ਜਾਰੀ ਹੈ।

ਕੀ ਇਹ ਸਿਆਸੀ ਬੇਇਮਾਨੀ ਨਹੀਂ? ਕੀ ਇਹ ਆਰਥਿਕ ਬਦਨੀਤੀ ਨਹੀਂ, ਕਿ ਦੇਸ਼ ਦੀਆਂ ਲਗਾਮਾਂ ਧਨ ਕੁਬੇਰਾਂ ਹੱਥ ਫੜਾ ਦਿੱਤੀਆਂ ਜਾਣ, ਤਾਂ ਕਿ ਉਹ ਦੇਸ਼ ਦੇ ਲੋਕਾਂ ਦੀ ਲੁੱਟ-ਖਸੁੱਟ ਮਨਮਰਜ਼ੀ ਨਾਲ ਕਰ ਸਕਣ। ਇਸ ਤੋਂ ਵੱਡੀ ਦੇਸ਼ ਦੀ ਬਦਹਾਲੀ ਹੋਰ ਕੀ ਹੋ ਸਕਦੀ ਹੈ?

**# ਸੰਪਰਕ : 98158-02070**

# ਚਾਂਦੀ ਦੇ ਸੱਪ ਤੇ ਲਲੇਰ



ਅਮਰਜੀਤ ਸਿੰਘ 'ਫੌਜੀ'

ਮੇਰੇ ਦੋਸਤ ਸ਼ਮਸ਼ੇਰ ਮੱਲ੍ਹੀ ਤੇ ਰੁਲਦੂ ਸ਼ਰਮਾ ਦੋਹਾਂ ਦੀ ਵੀ ਗੂੜ੍ਹੀ ਦੋਸਤੀ ਸੀ, ਸੀ ਵੀ ਇਕੋ ਪਿੰਡ ਦੇ। ਜਿੱਥੇ ਮੱਲ੍ਹੀ ਪੂਰਾ ਤਰਕਵਾਦੀ ਸੀ ਅਤੇ ਅੰਧ-ਵਿਸ਼ਵਾਸ ਦੇ ਬਖੀਏ ਉਧੇੜਦਾ ਰਹਿੰਦਾ ਸੀ, ਉੱਥੇ ਹੀ ਰੁਲਦੂ ਟੂਣੇ-ਟਾਮਣ, ਧਾਗੇ-ਤਵੀਤ ਅਤੇ ਹੋਰ ਅੰਧਵਿਸ਼ਵਾਸੀ ਹਰਕਤਾਂ ਤੇ ਵਿਸ਼ਵਾਸ ਕਰਦਾ ਸੀ ਅਤੇ ਇਸ ਵਿਸ਼ੇ 'ਤੇ ਦੋਹਾਂ ਵਿੱਚ ਬਹਿਸਬਾਜ਼ੀ ਵੀ ਹੁੰਦੀ ਰਹਿੰਦੀ ਸੀ।

ਇੱਕ ਦਿਨ ਕੀ ਹੋਇਆ ਕਿ ਜੁਲਾਈ ਦਾ ਮਹੀਨਾ ਹੋਣ ਕਰਕੇ ਗਰਮੀ ਬਹੁਤ ਜ਼ਿਆਦਾ ਸੀ, ਅੰਬਰੋਂ ਅੱਗ ਵਰ੍ਹ ਰਹੀ ਸੀ, ਹਵਾ ਬਿਲਕੁਲ ਬੰਦ ਸੀ, ਰੁੱਖਾਂ ਦਾ ਪੱਤਾ ਵੀ ਨਹੀਂ ਹਿੱਲ ਰਿਹਾ ਸੀ। ਦੋਵੇਂ ਦੋਸਤ ਗਰਮੀ ਦੇ ਸਤਾਏ ਹੋਏ ਨਹਿਰ 'ਤੇ ਨਹਾਉਣ ਚਲੇ ਗਏ ਅਤੇ ਕੱਪੜੇ ਲਾਹ ਕੇ ਪਾਣੀ ਵਿੱਚ ਵੜ ਗਏ, ਜਦੋਂ ਉਨ੍ਹਾਂ ਨੂੰ ਠੰਢੇ ਪਾਣੀ ਵਿੱਚ ਨਹਾਉਣ ਕਰਕੇ ਗਰਮੀ ਤੋਂ ਸੁਰਤ ਜਿਹੀ ਆਈ ਤਾਂ ਇੰਨੇ ਨੂੰ ਨਹਿਰ ਵਿੱਚ ਇੱਕ ਵੱਡਾ ਲਿਫਾਫਾ ਤਰਦਾ ਹੋਇਆ ਦਿਖਾਈ ਦਿੱਤਾ ਅਤੇ ਮੱਲ੍ਹੀ ਨੇ ਉਹ ਲਿਫਾਫਾ ਫ਼ੜ ਲਿਆ ਤੇ ਜਦੋਂ ਲਿਫਾਫਾ ਖੋਲ੍ਹਿਆ ਤਾਂ ਵਿੱਚੋਂ ਅੱਡ-ਅੱਡ ਲਿਫਾਫਿਆਂ ਵਿੱਚ ਬੰਨ੍ਹੇ ਹੋਏ ਦੋ ਲਲੇਰ ਨਿਕਲੇ, ਇੱਕ ਲਲੇਰ ਤਾਂ ਮੱਲ੍ਹੀ ਨੇ ਉਥੇ ਹੀ ਭੰਨ ਲਿਆ ਅਤੇ ਖਾਣ ਲੱਗ ਪਿਆ। ਜਦੋਂ ਰੁਲਦੂ ਨੂੰ ਖਾਣ ਲਈ ਕਿਹਾ ਤਾਂ ਉਹ ਨਾਂਹ ਨੁੱਕਰ ਜਿਹੀ ਕਰਨ ਤੋਂ ਬਾਅਦ ਖਾਣ ਲਈ ਮੰਨ ਗਿਆ, ਕਿਉਂਕਿ ਮੱਲ੍ਹੀ ਨੇ ਤਰਕ ਨਾਲ ਸਮਝਾਇਆ ਸੀ ਕਿ ਮੈਂ ਵੀ ਤੇਰੇ ਸਾਹਮਣੇ ਹੀ ਖਾਧਾ ਹੈ, ਮੈਨੂੰ ਤਾਂ ਕੁੱਝ ਨਹੀਂ ਹੋਇਆ! ਇਸ ਕਰਕੇ ਰੁਲਦੂ ਵੀ ਡਰਦਾ-ਡਰਦਾ ਜਿਹਾ ਖਾ ਗਿਆ ਅਤੇ ਦੂਜਾ ਲਿਫਾਫਾ ਰੁਲਦੂ ਨੇ ਘਰ ਲੈ ਕੇ ਜਾਣ ਲਈ ਰੱਖ ਲਿਆ ਤੇ ਜਦੋਂ ਨਹਾ ਕੇ ਹਟੇ ਤਾਂ ਮੱਲ੍ਹੀ ਆਪਣੀ ਵਰਕਸ਼ਾਪ ਚਲਾ ਗਿਆ ਅਤੇ ਰੁਲਦੂ ਦੂਜੇ ਨਾਰੀਅਲ ਵਾਲਾ ਲਿਫਾਫਾ ਲੈ ਕੇ ਘਰ ਚਲਾ ਗਿਆ। ਘਰ ਜਾ ਕੇ ਜਿਵੇਂ ਹੀ ਉਸ ਨੇ ਲਿਫਾਫਾ ਖੋਲ੍ਹਿਆ ਤਾਂ ਵਿਚੋਂ ਇੱਕ ਵਧੀਆ ਲਲੇਰ ਅਤੇ ਦੋ ਚਾਂਦੀ ਦੇ ਸੱਪ ਨਿਕਲੇ? ਤੇ ਰੁਲਦੂ ਵੀ ਡਰ ਗਿਆ। ਏਨੇ ਨੂੰ ਰੁਲਦੂ ਦੀ ਮਾਂ ਵੀ ਅਚਾਨਕ ਘਰੇ ਆ ਗਈ, ਜੋ ਗੁਆਂਢੀਆਂ ਦੇ ਘਰੇ ਢਿੱਡ ਹੌਲ਼ਾ ਕਰਨ ਗਈ ਸੀ। ਉਸ ਨੇ ਕੌੜ ਅੱਖਾਂ ਨਾਲ ਰੁਲਦੂ ਵੱਲ ਦੇਖਿਆ ਤੇ ਪੁੱਛਿਆ, ਇਹ ਕੀ ਹੈ ਅਤੇ ਕਿੱਥੋਂ ਲਿਆਇਐਂ? ਤਾਂ ਰੁਲਦੂ ਨੇ ਜਦੋਂ ਸਾਰੀ ਕਹਾਣੀ ਦੱਸੀ ਤਾਂ ਉਸ ਦੀ ਮਾਂ ਨੇ ਲੀੜੇ ਧੋਣ ਵਾਲਾ ਥਾਪਾ ਚੱਕ ਲਿਆ ਤੇ ਰੁਲਦੂ ਦੇ ਦੋ-ਤਿੰਨ ਮੌਰਾਂ ਵਿੱਚ ਛੱਡੇ ਤੇ ਕਹਿੰਦੀ, ਇਨ੍ਹਾਂ ਨੂੰ ਜਿੱਥੋਂ ਲੈ ਕੇ ਆਇਐਂ, ਉਥੇ ਹੀ ਸਿੱਟ ਕੇ ਆ ਨਹੀਂ ਤਾਂ ਘਰੇ ਨਾ ਵੜੀਂ। ਰੁਲਦੂ ਨੇ ਡਰਦੇ-ਡਰਦੇ ਨੇ ਚਿਮਟੇ ਨਾਲ ਚੱਕ ਕੇ ਸੱਪ ਅਤੇ ਲਲੇਰ ਲਿਫਾਫੇ ਵਿੱਚ ਪਾਏ ਤੇ ਨਹਿਰ ਵੱਲ ਨੂੰ ਚੱਲ ਪਿਆ। ਉਹ ਡਰਦਾ ਨਹਿਰ ਤੱਕ ਵੀ ਨਾ ਗਿਆ ਤੇ ਰਾਹ ਵਿੱਚ ਹੀ ਝਾੜੀਆਂ ਵਿੱਚ ਲਿਫਾਫਾ ਸਿੱਟ ਕੇ ਮੁੜ ਆਇਆ।

ਤੇ ਸਿੱਧਾ ਮੱਲ੍ਹੀ ਕੋਲ਼ ਜਾ ਕੇ ਕਹਿਣ ਲੱਗਾ! ਯਾਰ ਅੱਜ ਤਾਂ ਤੂੰ ਮੇਰੇ ਮੌਰ ਈ ਕੁਟਵਾ ਦਿੱਤੇ। ਮੱਲ੍ਹੀ ਨੇ ਭਮੱਤਰੇ ਜਿਹੇ ਹੋਏ ਰੁਲਦੂ ਵੱਲ ਹੈਰਾਨੀ ਨਾਲ ਦੇਖਿਆ ਤੇ ਕਾਰਨ ਪੁੱਛਿਆ। ਤਾਂ ਰੁਲਦੂ ਨੇ ਲਿਫਾਫੇ ਵਿੱਚੋਂ ਲਲੇਰ ਤੇ ਦੋ ਸੱਪ ਨਿਕਲਣ ਵਾਲੀ ਗੱਲ ਤੋਂ ਲੈ ਕੇ ਲਿਫਾਫਾ ਸੁੱਟਣ ਤੱਕ ਦੀ ਸਾਰੀ ਕਹਾਣੀ ਮੱਲ੍ਹੀ ਨੂੰ ਦੱਸੀ ਤਾਂ ਮੱਲ੍ਹੀ ਕਹਿੰਦਾ ਚੱਲ ਮੇਰੇ ਨਾਲ ਮੈਨੂੰ ਦੱਸ ਉਹ ਲਿਫਾਫਾ ਕਿੱਥੇ ਸੁੱਟਿਐ?

ਤੇ ਰੁਲਦੂ ਨੂੰ ਨਾਲ਼ ਲੈ ਕੇ ਉਹ ਲਿਫਾਫਾ ਚੱਕ ਲਿਆਇਆ। ਮੱਲ੍ਹੀ ਨੇ ਆਉਣ ਸਾਰ ਚਾਂਦੀ ਦੇ ਸੱਪ ਤਾਂ ਗੱਲੇ ਵਿੱਚ ਸਿੱਟ ਲਏ ਤੇ ਲਲੇਰ ਭੰਨ ਖਾਣ ਲੱਗ ਪਿਆ ਅਤੇ ਡਰਿਆ ਹੋਇਆ ਰੁਲਦੂ ਘਰੇ ਆ ਗਿਆ।

ਕਈ ਦਿਨਾਂ ਬਾਅਦ ਰੁਲਦੂ ਨੇ ਜਦੋਂ ਸਾਰੀ ਕਹਾਣੀ ਆਪਣੀਂ ਮਾਂ ਨੂੰ ਦੱਸੀ ਤੇ ਕਿਹਾ ਕਿ ਮੱਲ੍ਹੀ ਸੱਪ ਵੀ ਚੱਕ ਲਿਆਇਆ ਤੇ ਲਲੇਰ ਵੀ ਖਾ ਗਿਆ, ਉਹਨੂੰ ਤਾਂ ਕੁਛ ਨੀਂ ਹੋਇਆ, ਤਾਂ ਉਸ ਦੀ ਮਾਂ ਸਿੱਧੀ ਮੱਲ੍ਹੀ ਦੇ ਘਰੇ ਜਾ ਵੱਜੀ ਤੇ ਦੂਰੋਂ ਈ ਬੋਲੀ ਵੇ ਮੱਲ੍ਹੀਆ ਕਿੱਥੇ ਐਂ ਤੂੰ, ਮੱਲ੍ਹੀ ਅੱਖਾਂ ਜੀਆਂ ਮਲ਼ਦਾ ਬਾਹਰ ਆਇਆ ਤੇ ਬੋਲਿਆ, ਹਾਂ ਬੇਬੇ ਕੀ ਹੋਇਆ!

ਤਾਂ ਰੁਲਦੂ ਦੀ ਮਾਂ ਕਹਿੰਦੀ ਲਿਆ ਸਾਡੇ ਸੱਪ

ਮੱਲ੍ਹੀ ਖਚਰੀ ਜਿਹੀ ਹਾਸੀ ਹੱਸਦਾ ਹੋਇਆ ਬੋਲਿਆ ਬੇਬੇ ਕਿਹੜੇ ਸੱਪ!

ਉਹ ਕਹਿੰਦੀ ਜਿਹੜੇ ਨਹਿਰ 'ਚੋਂ ਫ਼ੜੇ ਸੀ!

ਮੱਲ੍ਹੀ ਕਹਿੰਦਾ ਉਹ ਤਾਂ ਰੁਲਦੂ ਸਿੱਟ ਆਇਆ ਸੀ।
ਰੁਲਦੂ ਦੀ ਮਾਂ ਕਹਿੰਦੀ, ਭਾਵੇਂ ਉਹ ਸੁੱਟ ਆਇਆ ਸੀ!
ਸੀ ਤਾਂ ਸਾਡੇ ਈ ਨਾ

ਚੱਲ ਪੁੱਤ ਐਂ ਕਰ ਤੂੰ!

ਅੱਧੇ ਅੱਧੇ ਵੰਡ ਲੈ ਤੇ ਇੱਕ ਸੱਪ ਸਾਨੂੰ ਦੇ ਦੇ,

ਮੈਂ ਰੁਲਦੂ ਦੀ ਬਹੂ ਵਾਸਤੇ ਸਕੰਦੀਆਂ ਬਣਵਾ ਦੂੰ।

ਮੱਲ੍ਹੀ ਨੇ ਇੱਕ ਸੱਪ ਰੁਲਦੂ ਦੀ ਮਾਂ ਨੂੰ ਫੜਾਉਂਦੇ ਹੋਏ ਹੱਸ ਕੇ ਕਿਹਾ, ਬੇਬੇ ਇਨ੍ਹਾਂ 'ਤੇ ਟੂਣਾ ਕੀਤਾ ਹੋਇਆ ਸੀ।

ਵੇ ਕਿਹੜਾ ਟੂਣਾ! ਐਵੇਂ ਲੋਕਾਂ ਨੂੰ ਡਰਾਉਂਦੇ ਐ ਇਹ ਟੂਣੇ ਟਾਮਣ ਤੇ ਧਾਗੇ ਤਵੀਤ ਕਰਨ ਵਾਲੇ ਅੰਧਵਿਸ਼ਵਾਸੀ ਲੋਕ। ਇਹ ਭੋਲੇ-ਭਾਲੇ ਲੋਕਾਂ ਦੀ ਆਰਥਿਕ, ਮਾਨਸਿਕ ਅਤੇ ਸਰੀਰਕ ਲੁੱਟ ਕਰਦੇ ਹਨ, ਇਹੋ ਜਿਹੇ ਲੋਕਾਂ ਦਾ ਸਮਾਜਿਕ ਬਾਈਕਾਟ ਕਰਨਾ ਚਾਹੀਦਾ ਹੈ ਅਤੇ ਇਨ੍ਹਾਂ ਦੀਆਂ ਸਮਾਜ ਵਿਰੋਧੀ ਹਰਕਤਾਂ ਦਾ ਪਰਦਾਫਾਸ਼ ਕਰਕੇ ਇਨ੍ਹਾਂ ਨੂੰ ਸਮਾਜ ਵਿੱਚ ਨੰਗੇ ਕਰਨਾ ਚਾਹੀਦਾ ਹੈ ਤਾਂ ਕਿ ਆਮ ਲੋਕਾਂ ਨੂੰ ਇਨ੍ਹਾਂ ਦੇ ਚੁੰਗਲ ਵਿੱਚ ਫਸਣ ਤੋਂ ਬਚਾਇਆ ਜਾ ਸਕੇ ਅਤੇ ਸਰਕਾਰ ਨੂੰ ਵੀ ਇਨ੍ਹਾਂ 'ਤੇ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।

ਤੇ ਫੇਰ ਪਿਆਰ ਜਿਹੇ ਨਾਲ ਬੋਲੀ, ਵੇ ਮੱਲ੍ਹੀਆ, ਜੇ ਸਾਡੇ ਹਿੱਸੇ ਦਾ ਲਲੇਰ ਵੀ ਪਿਐ ਤਾਂ ਉਹ ਵੀ ਫੜਾ ਦੇ

ਮੈਂ ਰੁਲਦੂ ਨੂੰ ਖੀਰ ਬਣਾ ਦਿਊਂ।

ਮੱਲ੍ਹੀ ਖਿੜਖਿੜਾ ਕੇ ਹੱਸ ਪਿਆ ਤੇ ਕਹਿੰਦਾ ਲਲੇਰ ਤਾਂ ਦੀਨੇ ਪਿੰਡ ਵਾਲਾ ਫ਼ੌਜੀ ਆਇਆ ਸੀ, ਉਹ ਛਕ ਗਿਆ, ਹੁਣ ਕਿੱਥੋਂ ਭਾਲਦੀ ਐਂ ਖੋਪਾ।

***# ਸੰਪਰਕ : 94174-04804***

# ਮਿਹਨਤਕਸ਼ ਬੇਰੁਜ਼ਗਾਰੀ ਦੀ ਜਕੜ 'ਚ

**ਅਨੁਵਾਦ : ਪ੍ਰਿਥੀਪਾਲ ਮਾੜੀਮੇਘਾ**

ਅੱਜ ਦੇਸ਼ ਦੇ ਹਾਲਾਤ ਇਹ ਹਨ ਕਿ ਆਮ ਆਦਮੀ ਨੂੰ ਰੁਜ਼ਗਾਰ ਮਿਲਣਾ ਹੀ ਬੰਦ ਹੋ ਗਿਆ ਹੈ। ਅਜੋਕੇ ਸਮੇਂ ਮਿਹਨਤ ਕਰਨ ਵਾਲੀ ਉਮਰ ਦੇ ਮਜ਼ਦੂਰਾਂ ਦੀ ਸੰਖਿਆ ਇੱਕ ਬਿਲੀਅਨ ( 100 ਕਰੋੜ) ਤੱਕ ਪਹੁੰਚ ਚੁੱਕੀ ਹੈ। ਰੁਜ਼ਗਾਰ ਦੀ ਕਮੀ ਦਾ ਰਾਖਸ਼ਸ਼ ਹਰ ਘਰ ਤੇ ਹਰ ਪਰਵਾਰ ਨੂੰ ਘੂਰ ਰਿਹਾ ਹੈ। ਸਿਰਫ ਕੁਝ ਖਾਸ ਮੌਕੇ 'ਤੇ ਮਿਲਣ ਵਾਲੇ ਰੁਜ਼ਗਾਰ ਮਿਲਣ ਨਾਲ ਜ਼ਿੰਦਾ ਰਹਿਣਾ ਸੰਭਵ ਨਹੀਂ ਹੈ। ਰਾਜ ਕਰਦੀ ਧਿਰ ਵਾਲੇ ਇਹ ਕਹਿੰਦੇ ਨਹੀਂ ਥੱਕਦੇ ਕਿ ਬੇਰੁਜ਼ਗਾਰੀ ਦੀ ਦਰ ਘਟ ਰਹੀ ਹੈ। ਸਰਕਾਰ ਦੀ ਆਪਣੀ ਪੀ ਐੱਲ ਐੱਫ ਐੱਸ ਜਾਂ ਕਿਰਤ ਬਲ ਭਾਗੇਦਾਰੀ ਸਰਵੇ ਵਿੱਚ ਇਹ ਦਿਖਾਇਆ ਜਾਂਦਾ ਹੈ ਕਿ ਬੇਰੁਜ਼ਗਾਰੀ ਦਰ 2022-23 ਵਿੱਚ 301% ਡਿੱਗ ਗਈ, ਭਾਵ ਬੇਰੁਜ਼ਗਾਰੀ ਘਟੀ ਹੈ, ਪਰੰਤੂ ਸੀ ਐੱਮ ਆਈ ਈ ਦੇ ਨਿੱਜੀ ਡੈਟੇ ਵਿੱਚ ਇਹ ਦਿਖਾਇਆ ਗਿਆ ਹੈ ਕਿ ਬੇਰੁਜ਼ਗਾਰੀ ਦੀ ਦਰ 7-8% ਵਿੱਚ ਹੀ ਘੁੰਮਦੀ ਰਹੀ ਹੈ, ਘੱਟ ਨਹੀਂ ਹੋਈ।

ਇੰਡੀਆ ਇੰਪਲਾਈਮੈਂਟ ਰਿਪੋਰਟ 2024: ਯੂਥ ਇੰਪਲਾਈਮੈਂਟ, ਸਿਕਸ਼ਾ ਅਤੇ ਕੁਸ਼ਲਤਾ, ਜੋ ਆਈ ਐੱਲ ਓ ਅਤੇ ਮਾਨਵ ਸੰਸਾਧਨ ਵਿਕਾਸ ਸੰਸਥਾ ਦੁਆਰਾ ਨਵੀਂ ਦਿੱਲੀ ਵਿੱਚ ਪ੍ਰਕਾਸ਼ਿਤ ਕੀਤਾ ਗਿਆ ਸੀ ਉਸ ਵਿੱਚ ਸਪੱਸ਼ਟ ਕਿਹਾ ਗਿਆ ਸੀ ਕਿ ਇਹ ਆਸ਼ਾ ਕਰਨੀ ਹੀ ਗਲਤ ਹੈ ਕਿ ਸਾਰੀਆਂ ਦੀਆਂ ਸਾਰੀਆਂ ਸਮੱਸਿਆਵਾਂ ਸਰਕਾਰ ਹੱਲ ਕਰ ਸਕਦੀ ਹੈ, ਜਿਨ੍ਹਾਂ 'ਚੋਂ ਹੀ ਇੱਕ ਬੇਰੁਜ਼ਗਾਰੀ ਦੀ ਸਮੱਸਿਆ ਵੀ ਹੈ।

ਦੇਸ਼ ਦੇ ਕੁੱਲ ਮਿਹਨਤਕਸ਼ਾਂ ਦੀ ਕਿਰਤ ਸ਼ਕਤੀ ਅੱਜ ਬੇਰੁਜ਼ਗਾਰੀ ਦੀ ਜਕੜ ਵਿੱਚ ਹੈ। ਇਸ ਵਿੱਚ ਮੋਦੀ ਸਰਕਾਰ ਦੀ ਰੁਜ਼ਗਾਰ ਦੇ ਮੌਕੇ ਤਿਆਰ ਕਰਨ ਦੀ ਨੀਤੀ ਸਪੱਸ਼ਟ ਹੋ ਜਾਂਦੀ ਹੈ। ਇਹ ਸਪੱਸ਼ਟ ਦਿਖਾਈ ਦਿੰਦਾ ਹੈ ਕਿ ਬੇਰੁਜ਼ਗਾਰੀ ਦੇ ਸੰਕਟ ਨੂੰ ਦੂਰ ਕਰਨ ਲਈ ਮੋਦੀ ਸਰਕਾਰ ਦੇ ਏਜੰਡੇ ਵਿੱਚ ਇਸ ਨੂੰ ਕਾਫੀ ਥੱਲੇ ਜਗ੍ਹਾ ਦਿੱਤੀ ਗਈ ਹੈ।

ਲੋਕ ਸਭਾ ਦੇ 2024 ਦੇ ਚੋਣਾਂ ਦੇ ਦੌਰ ਵਿੱਚ ਬੇਰੁਜ਼ਗਾਰੀ ਇੱਕ ਅਹਿਮ ਮਸਲਾ ਬਣ ਕੇ ਸਾਹਮਣੇ ਆਈ ਹੈ। ਯੂਨੀਅਨ ਮਨਿਸਟਰੀ ਆਫ ਲੇਬਰ ਐਂਡ ਅਨਇੰਪਲਾਈਮੈਂਟ ਦੇ ਸਕੱਤਰ ਅਨੁਸਾਰ ਸਟੇਟਮੈਂਟ ਆਈ, ਜਿਸ ਵਿੱਚ ਕਿਹਾ ਗਿਆ ਕਿ 2022-23 ਵਿੱਚ 30 ਮਿਲੀਅਨ (3 ਕਰੋੜ) ਰੁਜ਼ਗਾਰ ਜ਼ਾਰੀ ਹੋਏ ਸਨ ਅਤੇ 110 ਮਿਲੀਅਨ ਤੋਂ ਵੀ ਜ਼ਿਆਦਾ ਰੁਜ਼ਗਾਰ ਪਿਛਲੇ 5 ਸਾਲਾਂ ਵਿੱਚ ਹੋਰ ਜੋੜੇ ਗਏ ਸਨ। ਇਸ ਦਾ ਅਰਥ ਸੀ ਮੋਦੀ ਸਰਕਾਰ ਨੇ ਬੇਰੁਜ਼ਗਾਰੀ ਦੇ ਸੰਕਟ 'ਚੋਂ ਦੇਸ਼ ਨੂੰ ਕੱਢ ਲਿਆ ਹੈ। ਲੇਬਰ ਮਾਰਕੀਟ ਵਿੱਚ ਹਰ ਸਾਲ 20 ਮਿਲੀਅਨ ਭਾਰਤੀ ਕਿਰਤੀ ਬਾਜ਼ਾਰਾਂ ਤੱਕ ਪਹੁੰਚਦੇ ਹਨ। ਇਸ ਦਾ ਇਹ ਵੀ ਅਰਥ ਨਿਕਲਦਾ ਹੈ ਕਿ ਮੋਦੀ ਸਰਕਾਰ ਸਮੇਂ ਜ਼ਰੂਰਤ ਨਾਲੋਂ ਜ਼ਿਆਦਾ ਕੰਮ ਹੋਇਆ। ਇਨ੍ਹਾਂ ਕੰਮਾਂ ਵਿੱਚ ਸਭ ਤੋਂ ਮਹੱਤਵਪੂਰਨ ਹੈ ਰੁਜ਼ਗਾਰ ਦੇ ਮੌਕੇ ਬਣਾਉਣੇ, ਉਹ ਵੀ ਸਾਲ ਭਰ ਵਿੱਚ।

ਸਟੇਟਮੈਂਟ ਰਿਜ਼ਰਵ ਬੈਂਕ ਆਫ ਇੰਡੀਆ ਦੇ ਕਲੇਮ ਡਾਟਾ ਬੇਸ (2022-23 ਦੇ ਲਈ) ਵਿੱਚ ਦਿੱਤੇ ਗਏ ਸਨ ਜੋ ਰੁਜ਼ਗਾਰ ਸਿਰਜਨ ਅਤੇ ਉਤਪਾਦਕਤਾ ਦਾ ਪੱਧਰ, ਪੂੰਜੀ, ਕਿਰਤ, ਊਰਜਾ ਭਵਿੱਖ ਵਿੱਚ ਹੋਣ ਵਾਲੇ ਕੰਮ ਅਤੇ ਸੇਵਾ ਖੇਤਰ ਵਿੱਚ ਕਿੰਨਾ ਹੈ, ਇਸ ਦੀ ਜਾਣਕਾਰੀ ਦਿੰਦੇ ਹੋਏ ਇਹ ਧਿਆਨ ਦੇਣ ਦੀ ਗੱਲ ਹੈ ਕਿ ਉੱਪਰ ਦਿੱਤੀ ਗਈ ਜਾਣਕਾਰੀ ਨੂੰ ਕੇਂਦਰ ਦੀ ਸਰਕਾਰ ਤੇ ਕਿਰਤ ਅਤੇ ਰੁਜ਼ਗਾਰ ਮੰਤਰਾਲੇ ਦੀ ਸਾਲਾਨਾ ਰਿਪੋਰਟ ਵਿੱਚ ਵੀ ਸਮਰਥਨ ਨਹੀਂ ਮਿਲਿਆ ਸੀ। ਇੱਥੇ ਇਹ ਵੀ ਜ਼ਿਕਰ ਕਰਨਾ ਜ਼ਰੂਰੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2024 ਦੀਆਂ ਚੋਣਾਂ ਤੋਂ ਪਹਿਲਾਂ ਪਿਛਲੀਆਂ ਚੋਣਾਂ ਸਮੇਂ ਹਰ ਸਾਲ 20 ਮਿਲੀਅਨ ਰੁਜ਼ਗਾਰ ਜਾਰੀ ਕਰਨ ਦਾ ਵਾਅਦਾ ਕੀਤਾ ਸੀ, ਪਰੰਤੂ ਕਦੀ ਵੀ ਉਸ ਨੂੰ ਪੂਰਾ ਕਰਨ ਦੀ ਕੋਸ਼ਿਸ਼ ਨਹੀਂ ਕੀਤੀ ਗਈ।

2024 ਦੇ ਚੋਣ ਪ੍ਰਚਾਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਲੀ ਦੇ ਇੱਕ ਇਕੱਠ ਵਿੱਚ ਇਹ ਵੀ ਬਿਆਨ ਦਿੱਤਾ ਕਿ ਭਾਰਤ ਦੇ ਨੌਜਵਾਨਾਂ ਨੇ ਰੁਜ਼ਗਾਰ ਸਿਰਜਨ ਦੀ ਭੂਮਿਕਾ ਅਪਣਾਈ ਹੈ, ਨਾ ਕਿ ਰੁਜ਼ਗਾਰ ਮੰਗਣ ਵਾਲੇ ਦੀ। ਇਹ ਸਿਰਫ ਸਾਦਗੀ ਹੀ ਨਹੀਂ ਸੀ ਇਸ ਦੇ ਵਿਅੰਗ ਦੀ ਧਾਰ ਭਾਰਤ ਦੇ ਬੇਰੁਜ਼ਗਾਰ ਨੂੰ ਜ਼ਖ਼ਮੀ ਕਰ ਗਈ ਸੀ।

ਬੇਰੁਜ਼ਗਾਰੀ ਆਪਣੇ ਵਿੱਚ ਹੀ ਨਾਕਾਮੀ ਦਾ ਤਿੱਖਾ ਅਹਿਸਾਸ ਦੇਂਦੀ ਰਹਿੰਦੀ ਹੈ, ਕਿਉਂਕਿ ਬੇਰੁਜ਼ਗਾਰੀ ਸਿਰਫ਼ ਉਨ੍ਹਾਂ ਵਿੱਚ ਹੀ ਨਹੀਂ ਹੈ, ਜੋ ਮਿਹਨਤ ਕਰਨ ਵਾਲੀ ਉਮਰ ਵਿੱਚ ਹਨ, ਬਲਕਿ ਹਰ ਉਮਰ ਦੇ ਲੋਕ ਬੇਰੁਜ਼ਗਾਰ ਹਨ ਅਤੇ ਉਸ ਦੀ ਤੜਫ ਤੋਂ ਵਾਕਿਫ਼ ਹਨ। ਬਚਪਨ ਵਿੱਚ ਹੀ ਮੁਸ਼ਕਲ ਨਾਲ ਚਾਰ ਜਾਂ ਪੰਜ ਸਾਲ ਦੀ ਉਮਰ ਤੋਂ ਕੰਮ ਕਰਨਾ ਜੋ ਸ਼ੁਰੂ ਹੁੰਦਾ ਹੈ, ਉਹ ਅੱਸੀ ਜਾਂ ਉਸ ਤੋਂ ਵੀ ਵਧੇਰੇ ਉਮਰ ਤੱਕ ਜਾਂਦਾ ਹੈ।

ਡੀ ਕੌਸ਼ਿਸ਼ ਬਸੂ ਦੇ ਤਾਜ਼ੇ ਕਥਨ ਨੂੰ ਅਸੀਂ ਇੱਥੇ ਯਾਦ ਕਰ ਸਕਦੇ ਹਾਂ, ਜਿਸ ਵਿੱਚ ਉਨ੍ਹਾਂ ਕਿਹਾ ਕਿ ਭਾਰਤ ਦੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਉਨ੍ਹਾਂ ਦੇਸ਼ਾਂ ਦੇ ਬਰਾਬਰ ਗਿਣੀ ਜਾਂਦੀ ਹੈ, ਜੋ ਜ਼ਿਆਦਾ ਬੇਰੁਜ਼ਗਾਰੀ ਵਾਲੇ ਹਨ। ਇਹ ਬੇਰੁਜ਼ਗਾਰੀ ਦਾ ਉੱਚਾ ਪੱਧਰ ਜੋ ਵਿਸ਼ਵ ਦੇ ਪੱਧਰ 'ਤੇ ਪਾਇਆ ਗਿਆ ਹੈ, ਉਹ ਹੈ 45.4 % ਡਾਕਟਰ ਬਸੁ ਨੇ ਸਰਕਾਰ ਨਾਲ ਇਸ ਗੰਭੀਰ ਮਸਲੇ ਬਾਰੇ ਵਿਚਾਰ ਕਰਨਾ ਜਾਂ ਕਦਮ ਚੁੱਕਣ ਲਈ ਵਿਰੋਧ ਕੀਤਾ।

2017-18 ਵਿੱਚ ਬੇਰੁਜ਼ਗਾਰੀ ਦਰ ਦਾ ਪੱਧਰ ਪਿਛਲੇ 25 ਸਾਲਾਂ ਵਿੱਚ ਸਭ ਤੋਂ ਜ਼ਿਆਦਾ ਹੈ। ਹੁਣ ਭਾਰਤ ਦੇ 2024 ਦੇ ਰੁਜ਼ਗਾਰ ਰਿਪੋਰਟ ਦੇ ਅਨੁਸਾਰ ਜੋ ਤਸਵੀਰ ਬਣੀ ਹੈ, ਉਹ ਰੁਜ਼ਗਾਰ ਦੇ ਫਰੰਟ 'ਤੇ ਬਹੁਤ ਜ਼ਿਆਦਾ ਚਿੰਤਾਜਨਕ ਹੈ। ਵਿਸ਼ੇਸ਼ ਕਰਕੇ ਭਾਰਤੀ ਨੌਜਵਾਨਾਂ ਲਈ। ਇਸ ਰੁਜ਼ਗਾਰ ਰਿਪੋਰਟ ਦੇ ਪ੍ਰਕਾਸ਼ਨ ਦੇ ਇੱਕ ਹਿੱਸੇ ਨੂੰ ਕਦੀ ਵੀ ਰੁਜ਼ਗਾਰ ਮਿਲਣ ਦੀ ਕੋਈ ਉਮੀਦ ਨਹੀਂ ਹੈ।

ਮੋਦੀ ਸਰਕਾਰ ਦੇ 10 ਸਾਲਾਂ ਵਿੱਚ ਬੇਰੁਜ਼ਗਾਰਾਂ ਦੀ ਉਮਰ ਹੋਰ ਵੀ ਵਧ ਗਈ ਹੈ। ਜਿਨ੍ਹਾਂ ਲੋਕਾਂ ਨੇ ਕਿਸੇ ਤਰ੍ਹਾਂ ਰੁਜ਼ਗਾਰ ਲੈ ਲਿਆ ਹੈ, ਉਹ ਅਸੰਗਠਿਤ ਖੇਤਰ ਵਿੱਚ ਉਨ੍ਹਾਂ ਦੇ ਸਵੈ-ਰੋਜ਼ਗਾਰ ਦੇ ਮੌਕੇ ਪ੍ਰਮੁੱਖ ਸਥਾਨ ਲੈ ਚੁੱਕੇ ਹਨ। ਰੁਜ਼ਗਾਰ ਸਿਰਜਨ ਵਿੱਚ ਜੋ 2022 ਵਿੱਚ 55.8% ਸੀ, ਵਰਤਮਾਨ ਰੁਜ਼ਗਾਰ 22.7 'ਤੇ ਟਿਕ ਗਿਆ ਹੈ, ਮੌਜੂਦਾ ਸਮੇਂ ਰੁਜ਼ਗਾਰ ਚਿਹਰਾ 21.5% ਹੈ। ਦਰਅਸਲ ਬੇਰੁਜ਼ਗਾਰੀ ਦੇ ਸੰਕਟ ਦੀ ਭਿਆਨਕਤਾ ਖਤਮ ਨਹੀਂ ਹੋਈ ਹੈ ਸਗੋਂ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਇਹ ਬੇਰੁਜ਼ਗਾਰੀ ਦਾ ਸੰਕਟ ਫੈਲਦਾ ਹੀ ਜਾ ਰਿਹਾ ਹੈ। ਮੋਦੀ ਸਰਕਾਰ ਨੇ 2014 ਤੋਂ ਬੇਰੁਜ਼ਗਾਰੀ ਦੇ ਨਾਲ ਵਿਕਾਸ ਜਾਂ ਰੁਜ਼ਗਾਰਲੈਸ ਗਰੋਥ ਦਾ ਮਾਡਲ ਤਿਆਰ ਕੀਤਾ ਹੈ। ਲੋਕ ਸਭਾ ਦੀਆਂ ਚੋਣਾਂ ਵਿੱਚ ਬਹੁਮਤ ਗਵਾਉਣ ਦਾ ਇੱਕ ਵੱਡਾ ਕਾਰਨ ਇਹ ਵੀ ਹੈ ਜਿਸ 'ਤੇ ਹੁਣ ਤੱਕ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ। ਸਰਕਾਰ ਦੇ ਲਈ ਬੇਰੁਜ਼ਗਾਰੀ ਇੱਕ ਵੱਡੀ ਸਮੱਸਿਆ ਦੀ ਤਰ੍ਹਾਂ ਹਮੇਸ਼ਾ ਬਣੀ ਰਹੇਗੀ।

ਇਸ ਸੰਦਰਭ ਵਿੱਚ ਅਨਇਨਕਾਰਪੋਰੇਟ ਇੰਟਰਪ੍ਰਾਈਜ਼ਜ ਦੀ ਸਾਲਾਨਾ ਰਿਪੋਰਟ ਜੋ ਸੀ। ਉਹ ਹੈਰਾਨੀਜਨਕ ਹੈ। ਇਸ ਵਿੱਚ ਪਾਇਆ ਗਿਆ ਕਿ ਅਸੰਗਠਿਤ ਖੇਤਰ ਵਿੱਚ ਲੱਗੇ ਮਜ਼ਦੂਰਾਂ ਦੀ ਸੰਖਿਆ 2023 ਵਿੱਚ 16.45 ਲੱਖ ਜਾਂ 1.5% ਨਾਲ 10.96 ਕਰੋੜ ਹੋ ਗਈ ਹੈ, ਜੋ 2015-16 ਦੇ ਬਾਅਦ ਮਿਲੀ ਪਹਿਲੀ ਜਾਣਕਾਰੀ ਨਾਲ ਮਿਲਦੀ ਜੁਲਦੀ ਹੈ। ਇਹ ਸੂਚਨਾ ਵਿਮੁਦਰੀਕਰਨ ਜਾਂ ਡਿਮਾਨੀਟਾਈਜ਼ੇਸ਼ਨ ਦੇ ਪ੍ਰਭਾਵ ਦੇ ਰੂਪ ਵਿੱਚ ਪਹਿਲੀ ਵਾਰ ਮਿਲੀ ਹੈ, ਜੋ ਨਵੰਬਰ 2016 ਵਿੱਚ ਪਹਿਲੀ ਵਾਰ ਸ਼ੁਰੂ ਕੀਤੀ ਗਈ ਹੈ ਅਤੇ ਜੁਲਾਈ 2017 ਵਿੱਚ ਜੀ ਐੱਸ ਟੀ ਦੇ ਰੂਪ ਵਿੱਚ ਪਹਿਲੀ ਵਾਰ ਆਈ ਸੀ। ਜਲਦੀ ਹੀ ਕੋਵਿਡ-19 ਦੀ ਮਹਾਂਮਾਰੀ ਵੀ ਮਾਰਚ 2020 ਵਿੱਚ ਸ਼ੁਰੂ ਹੋ ਗਈ ਸੀ। ਇਹ ਡੈਟਾ ਪਹਿਲੀ ਵਾਰ ਸਾਨੂੰ ਵਿਮੁਦਰੀਕਰਨ ਦੇ ਕਈ ਨਾਕਾਰਾਤਮਕ ਪ੍ਰਭਾਵਾਂ ਵਿੱਚੋਂ ਇੱਕ ਦੇ ਰੂਪ ਵਿੱਚ ਮਿਲਿਆ ਹੈ। ਇਸ ਦੌਰਾਨ ਫੈਲਦੀ ਬੇਰੁਜ਼ਗਾਰੀ ਅਤੇ ਅਭਾਵ ਦਾ ਭਿਆਨਕ ਮੰਜ਼ਰ ਇਸ ਵਿੱਚ ਦਿਖਾਈ ਦਿੰਦਾ ਹੈ।

ਵਿਮੁਦਰੀਕਰਨ ਤੋਂ ਮਿਲੇ ਕਈ ਨਾਕਾਰਾਤਮਕ ਪ੍ਰਭਾਵਾਂ ਵਿੱਚ ਪ੍ਰਮੁੱਖ ਹੈ ਹਾਲਤਾਂ 'ਚੋਂ ਅਚਾਨਕ ਪੈਸਿਆਂ ਦੀ ਸਿੱਧਾ ਨਿਕਾਸੀ, ਜੀ ਐੱਸ ਟੀ ਜਿਸ ਨੂੰ ਟੈਕਸ ਨੈੱਟ ਨਾਲ ਵੀ ਜੋੜਿਆ ਗਿਆ ਹੈ ਅਤੇ ਕੋਵਿਡ-19, ਜਿਸ ਨੇ ਸਰਕਾਰ ਨੂੰ ਪ੍ਰੇਰਨਾ ਦਿੱਤੀ ਇਹ ਰਾਸ਼ਟਰੀ ਤੌਰ ਤੇ ਲਾਕਡਾਊਨ ਲਗਾਏ, ਇਸ ਢੰਗ ਨਾਲ ਪੈਸੇ ਦੀ ਨਿਕਾਸੀ ਚਲਦੀ ਰਹੀ।

ਸਭ ਤੋਂ ਉੱਪਰ ਜਿਸ ਦਾ ਨਾਂਅ ਆਉਂਦਾ ਹੈ, ਉਨ੍ਹਾਂ ਵਿੱਚ 10 ਰਾਜਾਂ ਵਿੱਚ ਅਸੰਗਠਿਤ ਖੇਤਰ ਵਿੱਚ ਤਿੰਨ ਚੁਥਾਈ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਿਆ ਹੈ। ਪੰਜ ਰਾਜਾਂ ਵਿੱਚ ਜਿਨ੍ਹਾਂ ਵਿੱਚ ਮਹਾਰਾਸ਼ਟਰ, ਬਿਹਾਰ, ਗੁਜਰਾਤ, ਮੱਧ ਪ੍ਰਦੇਸ਼ ਅਤੇ ਉੜੀਸਾ ਵਿੱਚ ਥੋੜ੍ਹੀ ਜਿਹੀ ਬੜ੍ਹਤ ਹੋਈ ਹੈ, ਅਸੰਗਠਿਤ ਖੇਤਰ ਵਿੱਚ ਰੁਜ਼ਗਾਰ ਮਿਲਣ ਵਿੱਚ ਜੋ 2015-16 ਅਤੇ 2022-23 ਦੇ ਦਰਮਿਆਨ ਛੋਟੀ ਜਿਹੀ ਹੈ।

ਇਹ ਡੈਟਾ ਗੈਰ-ਖੇਤੀ ਖੇਤਰਾਂ ਵਿੱਚ ਲੱਗੇ ਉਦਯੋਗਾਂ ਤੋਂ ਮਿਲੇ ਸੰਕੇਤਾਂ ਦਾ ਹੈ, ਜਿਸ ਖੇਤਰ ਨੂੰ ਰੁਜ਼ਗਾਰ ਦੇ ਸਰੋਤ ਦੇ ਰੂਪ ਵਿੱਚ ਧਿਆਨ ਨਾਲ ਦੇਖਿਆ ਜਾ ਰਿਹਾ ਹੈ। ਕਿਰਤ ਸ਼ਕਤੀ ਨੂੰ ਸ਼ਾਇਦ ਇਹੀ ਜਗ੍ਹਾ ਮਿਲ ਸਕਦੀ ਹੈ।

(ਧੰਨਵਾਦ ਸੰਪਾਦਕੀ 'ਮੁਕਤੀ ਸੰਘਰਸ਼')

**# ਸੰਪਰਕ : 98760-78731**

# ਦੁਨੀਆ ਬਚਾਉਣ ਲਈ ਪ੍ਰਮਾਣੂ ਹਥਿਆਰਾਂ ਦਾ ਖਾਤਮਾ ਅਤੀ ਜ਼ਰੂਰੀ : ਡਾ. ਅਰੁਣ ਮਿੱਤਰਾ

## ਖਾਲਸਾ ਸਕੂਲ ਵਿਖੇ ਹੀਰੋਸ਼ੀਮਾ ਦਿਵਸ ਨੂੰ ਸਮਰਪਤ ਵਿਚਾਰ ਗੋਸ਼ਟੀ



**ਲੁਧਿਆਣਾ (ਐੱਮ ਐੱਸ ਭਾਟੀਆ)**

ਇੱਥੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸਿਵਿਲ ਲਾਈਨ ਲੁਧਿਆਣਾ ਵਿਖੇ 'ਹੁਣ ਹੋਰ ਯੁੱਧ ਨਹੀਂ' ਵਿਸ਼ੇ 'ਤੇ ਵਿਚਾਰ ਗੋਸ਼ਟੀ ਕੀਤੀ ਗਈ।ਇਸ ਗੋਸ਼ਟੀ ਦਾ ਆਯੋਜਨ 6 ਅਗਸਤ ਨੂੰ ਜਪਾਨ ਦੇ ਨਗਰ ਹੀਰੋਸ਼ੀਮਾ ਦੇ ਉੱਪਰ ਅਮਰੀਕਾ ਦੁਆਰਾ ਪ੍ਰਮਾਣੂ ਬੰਬ ਸੁੱਟਣ ਕਰਕੇ 2 ਲੱਖ ਲੋਕ, ਜਿਨ੍ਹਾਂ ਵਿੱਚ 38000 ਦੇ ਕਰੀਬ ਬੱਚੇ ਮਾਰੇ ਗਏ, ਨੂੰ ਸ਼ਰਧਾਂਜਲੀ ਭੇਟ ਕਰਨ ਤੇ ਆਉਣ ਵਾਲੇ ਸਮੇਂ ਵਿੱਚ ਯੁੱਧ ਨਾ ਹੋਣ, ਇਸ ਗੱਲ ਲਈ ਜਨ ਚੇਤਨਾ ਪੈਦਾ ਕਰਨ ਲਈ ਕੀਤਾ ਗਿਆ।ਪ੍ਰਮੁੱਖ ਬੁਲਾਰੇ ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ (ਆਈਡੀਪੀਡੀ) ਦੇ ਕੌਮੀ ਪ੍ਰਧਾਨ ਡਾਕਟਰ ਅਰੁਣ ਮਿੱਤਰਾ ਨੇ ਕਿਹਾ ਕਿ ਪ੍ਰਮਾਣੂ ਬੰਬ ਦੇ ਨਾਲ ਧਮਾਕਾ, ਅੱਤ ਦੀ ਗਰਮੀ ਤੇ ਫੈਲਣ ਵਾਲੀਆਂ ਕਿਰਨਾਂ ਦੇ ਕਾਰਨ ਬਹੁਤ ਹੀ ਦਰਦਨਾਕ ਢੰਗ ਨਾਲ ਮੌਤਾਂ ਹੁੰਦੀਆਂ ਹਨ।ਗਰਮੀ ਇੰਨੀ ਜ਼ਿਆਦਾ ਹੁੰਦੀ ਹੈ ਕਿ ਸਰੀਰ ਇਕਦਮ ਪਿਘਲ ਜਾਂਦਾ ਹੈ। ਇਥੋਂ ਤੱਕ ਕਿ ਕੰਕਰੀਟ ਦੀਆਂ ਬਿਲਡਿੰਗਾਂ ਵੀ ਪਿਘਲ ਜਾਂਦੀਆਂ ਹਨ।ਫੈਲਣ ਵਾਲੀਆਂ ਕਿਰਨਾਂ ਦਾ ਪ੍ਰਭਾਵ ਦਹਾਕਿਆਂ ਤੱਕ ਰਹਿੰਦਾ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਕੈਂਸਰ ਹੁੰਦੇ ਹਨ ਤੇ ਆਉਣ ਵਾਲੀਆਂ ਪੀੜ੍ਹੀਆਂ ਵਿਕਲਾਂਗ ਪੈਦਾ ਹੋ ਸਕਦੀਆਂ ਹਨ।ਅੱਜ ਦੁਨੀਆ ਵਿੱਚ 16 ਹਜ਼ਾਰ ਦੇ ਕਰੀਬ ਪ੍ਰਮਾਣੂ ਹਥਿਆਰ ਮੌਜੂਦ ਹਨ, ਜਿਹੜੇ ਕਿ ਅਗਰ ਵਰਤੇ ਗਏ ਤਾਂ ਪੂਰੀ ਦੀ ਪੂਰੀ ਆਧੁਨਿਕ ਸੱਭਿਅਤਾ ਸਮਾਪਤ ਹੋ ਜਾਏਗੀ।ਭਾਰਤ ਤੇ ਪਾਕਿਸਤਾਨ ਵਿੱਚ ਜੇ 100 ਪ੍ਰਮਾਣੂ ਹਥਿਆਰ ਵਰਤੇ ਗਏ ਤਾਂ ਦੁਨੀਆ ਭਰ ਵਿੱਚ ਦੋ ਅਰਬ ਲੋਕ ਮਾਰੇ ਜਾਣਗੇ।ਇਸ ਲਈ, ਉਨ੍ਹਾਂ ਕਿਹਾ ਕਿ ਪ੍ਰਮਾਣੂ ਹਥਿਆਰਾਂ ਦੀ ਪੂਰੀ ਤਰ੍ਹਾਂ ਸਮਾਪਤੀ ਹੋਣੀ ਚਾਹੀਦੀ ਹੈ ਤੇ ਇੱਕ ਵੀ ਹਥਿਆਰ ਦੁਨੀਆ ਵਿੱਚ ਨਹੀਂ ਹੋਣਾ ਚਾਹੀਦਾ।

ਉਨ੍ਹਾ ਚੇਤਾਵਨੀ ਦਿੱਤੀ ਕਿ ਦੁਨੀਆ ਵਿੱਚ ਚੱਲ ਰਹੀਆਂ ਜੰਗਾਂ ਦੇ ਕਾਰਨ ਜਾਨ-ਮਾਲ ਦਾ ਨੁਕਸਾਨ ਹੋ ਰਿਹਾ ਹੈ ਤੇ ਭੁੱਖਮਰੀ ਫੈਲ ਰਹੀ ਹੈ।ਇਸ ਗੱਲ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਕਿ ਗਾਜ਼ਾ ਵਿੱਚ ਨਿੱਕੇ ਨਿੱਕੇ ਬੱਚਿਆਂ ਦੇ ਹੋ ਰਹੇ ਕਤਲੇਆਮ ਦੇਖ ਕੇ ਵੀ ਦੁਨੀਆ ਇਸ ਨੂੰ ਰੋਕਣ ਵਿੱਚ ਅਸਮਰਥ ਹੈ।ਯੂਕਰੇਨ ਵਿੱਚ ਚੱਲ ਰਹੀ ਲੜਾਈ ਦੇ ਕਾਰਨ ਪ੍ਰਮਾਣੂ ਯੁੱਧ ਦਾ ਖਤਰਾ ਮੰਡਰਾ ਰਿਹਾ ਹੈ।ਇਸ ਸਥਿਤੀ ਨੂੰ ਸੁਧਾਰਨ ਲਈ ਦੁਨੀਆ ਭਰ ਵਿੱਚ ਅਮਨ ਲਹਿਰ ਦੀ ਆਵਾਜ਼ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਸੋਸ਼ਲ ਥਿੰਕਰਜ਼ ਫੋਰਮ ਦੇ ਕਨਵੀਨਰ ਐੱਮ ਐੱਸ ਭਾਟੀਆ ਨੇ ਕਿਹਾ ਕਿ ਸਾਨੂੰ ਵਿਸ਼ਵ ਸ਼ਾਂਤੀ ਨੂੰ ਤਰਜੀਹ ਦੇ ਤੌਰ 'ਤੇ ਲੈਣਾ ਚਾਹੀਦਾ ਹੈ, ਕਿਉਂਕਿ ਸ਼ਾਂਤੀ ਦੇ ਬਿਨਾਂ ਕਦੇ ਵੀ ਵਿਕਾਸ ਨਹੀਂ ਹੋ ਸਕਦਾ।ਹਿੰਸਾ ਦੇ ਮਾਹੌਲ ਵਿੱਚ ਸਭ ਤੋਂ ਬੁਰਾ ਪ੍ਰਭਾਵ ਬੱਚਿਆਂ ਉੱਪਰ ਪੈਂਦਾ ਹੈ।

ਭਾਰਤ ਜਨ ਗਿਆਨ ਵਿਗਿਆਨ ਜਥਾ ਦੇ ਪ੍ਰਧਾਨ ਕੌਮੀ ਪੁਰਸਕਾਰ ਜੇਤੂ ਸ੍ਰ. ਰਣਜੀਤ ਸਿੰਘ ਨੇ ਕਿਹਾ ਕਿ ਉਹ ਲਗਾਤਾਰ ਕੋਸ਼ਿਸ਼ ਕਰਨਗੇ ਕਿ ਵਾਤਾਵਰਨ ਸੰਭਾਲ ਤੇ ਵਿਸ਼ਵ ਸ਼ਾਂਤੀ ਲਈ ਵੱਖ ਵੱਖ ਸਕੂਲਾਂ ਵਿੱਚ ਜਾ ਕੇ ਜਨ ਚੇਤਨਾ ਪੈਦਾ ਕੀਤੀ ਜਾਏ।ਇਸ ਵੇਲੇ ਸਮੁੱਚੇ ਸਮਾਜ ਨੂੰ ਇਕੱਠਾ ਕਰਕੇ ਅਮਨ ਦੇ ਨਾਲ ਨਾਲ ਫੈਲ ਰਹੀ ਭੁੱਖਮਰੀ ਬਾਰੇ ਚੇਤੰਨ ਕਰਕੇ ਲਾਮਬੰਦ ਕਰਨਾ ਪਏਗਾ।ਯੁੱਧ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਕਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਇਸ ਗੰਭੀਰ ਵਿਸ਼ੇ 'ਤੇ ਵਿਚਾਰ ਚਰਚਾ ਜ਼ਰੂਰ ਕਰਨ ਤੇ ਦੁਨੀਆ ਵਿੱਚ ਸਥਾਈ ਸ਼ਾਂਤੀ ਲਈ ਆਪਣਾ ਯੋਗਦਾਨ ਪਾਉਣ।ਇਸ ਮੌਕੇ ਸਕੂਲ ਦੇ ਕਾਮਰਸ ਵਿਭਾਗ ਦੇ ਵਿਦਿਆਰਥੀ ਸੀਆ ਤੇ ਪ੍ਰਭਲੀਨ ਕੌਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਨਿਹੰਗ ਸਿੰਘ ਨੇ ਨਿਹੰਗ ਸਿੰਘ ਦਾ ਵੱਢਿਆ ਗੁੱਟ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਵਿਖੇ ਇੱਕ ਨਿਹੰਗ ਸਿੰਘ ਵੱਲੋਂ ਦੂਸਰੇ ਨਿਹੰਗ ਸਿੰਘ 'ਤੇ ਕਿਰਪਾਨ ਨਾਲ ਹਮਲਾ ਕਰਕੇ ਉਸ ਨੂੰ ਗੰਭੀਰ ਜ਼ਖ਼ਮੀ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ।ਮਾਮਲੇ ਦੀ ਤਫਤੀਸ਼ ਕਰ ਰਹੇ ਸਹਾਇਕ ਥਾਣੇਦਾਰ ਤਿਲਕ ਰਾਜ ਨੇ ਦੱਸਿਆ ਕਿ ਨਿਹੰਗ ਸਿੰਘ ਸੁਖਵੀਰ ਸਿੰਘ ਨੇ ਪੁਲਸ ਨੂੰ ਦੱਸਿਆ ਕਿ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਨੇੜੇ ਸਥਿਤ ਨਿਹੰਗ ਸਿੰਘਾਂ ਦੀ ਬਰੋਟਾ ਛਾਉਣੀ ਵਿਖੇ ਘੋੜਿਆਂ ਦੀ ਸੇਵਾ ਚਲਦੀ ਹੈ, ਜਿੱਥੇ ਉਹ ਸੇਵਾ ਕਰ ਰਹੇ ਸਨ ਤਾਂ ਨਿਹੰਗ ਸਿੰਘ ਜਸਵੀਰ ਸਿੰਘ ਨੇ ਕਿਹਾ ਕਿ ਬਾਜ ਨਾਮਕ ਘੋੜੇ ਦੀ ਸੇਵਾ ਮੈਂ ਕਰਾਂਗਾ, ਜਿਸ ਨੂੰ ਨਿਹੰਗ ਸਿੰਘ ਗੁਰਜੰਟ ਸਿੰਘ ਨੇ ਕਿਹਾ ਕਿ ਹੁਣ ਮੈਂ ਸੇਵਾ ਕਰ ਰਿਹਾ ਹਾਂ ਤੁਸੀਂ ਬਾਅਦ ਵਿੱਚ ਆ ਕੇ ਸੇਵਾ ਕਰ ਲਿਓ, ਜਿਸ 'ਤੇ ਜਸਵੀਰ ਸਿੰਘ ਨੇ ਤੈਸ਼ ਵਿੱਚ ਆ ਕੇ ਆਪਣੀ ਕਿਰਪਾਨ ਕੱਢ ਕੇ ਬਾਜ ਨਾਮਕ ਘੋੜੇ ਦੀ ਗਰਦਨ 'ਤੇ ਵਾਰ ਕਰ ਦਿੱਤਾ ਤਾਂ ਘੋੜਾ ਡਰ ਕੇ ਭੱਜ ਗਿਆ, ਜਿਸ ਮਗਰੋਂ ਜਸਵੀਰ ਸਿੰਘ ਨੇ ਲਲਕਾਰਾ ਮਾਰਦੇ ਹੋਏ ਜਾਨੋਂ ਮਾਰਨ ਦੀ ਨੀਅਤ ਨਾਲ ਕਿਰਪਾਨ ਦਾ ਸਿੱਧਾ ਵਾਰ ਗੁਰਜੰਟ ਸਿੰਘ ਦੇ ਸਿਰ 'ਤੇ ਕਰ ਦਿੱਤਾ, ਜਿਸ ਤੋਂ ਬਚਣ ਦੀ ਕੋਸ਼ਿਸ਼ ਵਿੱਚ ਗੁਰਜੰਟ ਸਿੰਘ ਨੇ ਆਪਣਾ ਖੱਬਾ ਹੱਥ ਸਿਰ ਉੱਤੇ ਰੱਖ ਲਿਆ ਤੇ ਜਸਵੀਰ ਸਿੰਘ ਵੱਲੋਂ ਕੀਤਾ ਗਿਆ ਕਿਰਪਾਨ ਦਾ ਵਾਰ ਗੁਰਜੰਟ ਸਿੰਘ ਦੇ ਖੱਬੇ ਗੁੱਟ ਉੱਤੇ ਲੱਗਾ, ਜਿਸ ਕਾਰਨ ਗੁਰਜੰਟ ਸਿੰਘ ਦਾ ਗੁੱਟ ਬਾਂਹ ਨਾਲੋਂ ਵੱਖ ਹੋ ਕੇ ਧਰਤੀ 'ਤੇ ਡਿੱਗ ਪਿਆ।ਜਸਵੀਰ ਸਿੰਘ ਵੱਲੋਂ ਕੀਤਾ ਗਿਆ ਕਿਰਪਾਨ ਦਾ ਅਗਲਾ ਵਾਰ ਗੁਰਜੰਟ ਸਿੰਘ ਦੇ ਸੱਜੇ ਹੱਥ ਦੀ ਹਥੇਲੀ 'ਤੇ ਲੱਗਾ, ਜਿਸ ਕਾਰਨ ਉਸ ਦੇ ਸੱਜੇ ਹੱਥ 'ਤੇ ਵੀ ਡੂੰਘਾ ਜ਼ਖ਼ਮ ਹੋ ਗਿਆ ਤੇ ਗੁਰਜੰਟ ਸਿੰਘ ਲਹੂ ਲੁਹਾਣ ਹੋ ਗਿਆ।ਇਸ ਤੋਂ ਬਾਅਦ ਜਸਵੀਰ ਸਿੰਘ ਧਮਕੀਆਂ ਦਿੰਦਾ ਹੋਇਆ ਕਿਰਪਾਨ ਸਮੇਤ ਮੌਕੇ ਤੋਂ ਦੌੜ ਗਿਆ।ਉਨ੍ਹਾਂ ਦੱਸਿਆ ਕਿ ਇਸ ਹਮਲੇ 'ਚ ਜ਼ਖ਼ਮੀ ਹੋਏ ਗੁਰਜੰਟ ਸਿੰਘ (27) ਨੂੰ ਇਲਾਜ ਲਈ ਪੀ.ਜੀ.ਆਈ. ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਸ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।ਸੁਖਵੀਰ ਸਿੰਘ ਦੇ ਬਿਆਨਾਂ 'ਤੇ ਜਸਵੀਰ ਸਿੰਘ ਵਾਸੀ ਪਿੰਡ ਮਹੱਦੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਜਸਵੀਰ ਸਿੰਘ ਦੀ ਭਾਲ ਕੀਤੀ ਜਾ ਰਹੀ ਹੈ।



ਹਮਲੇ 'ਚ ਗੰਭੀਰ ਜ਼ਖ਼ਮੀ ਹੋਏ ਨਿਹੰਗ ਸਿੰਘ ਦੀ ਤਸਵੀਰ।

# ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਯੋਗ ਪੱਤਰਕਾਰਾਂ ਦੇ ਯੈਲੋ ਕਾਰਡ ਨਾ ਬਣਾਉਣ ਖਿਲਾਫ ਸੰਘਰਸ਼ ਦਾ ਐਲਾਨ

## ਨਿਰੰਤਰ ਬਣਦੇ ਆ ਰਹੇ ਪੱਤਰਕਾਰਾਂ ਦੇ ਯੈਲੋ ਕਾਰਡ ਤੁਰੰਤ ਜਾਰੀ ਕੀਤੇ ਜਾਣ : ਬਰਾੜ, ਢਾਬਾਂ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**-ਬਦਲਾਵ ਦੇ ਨਾਮ 'ਤੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆਏ ਹਰ ਵਰਗ ਦੇ ਲੋਕ ਜਿੱਥੇ ਸੜਕਾਂ 'ਤੇ ਨਿੱਕਲ ਰਹੇ ਹਨ, ਉਥੇ ਲੋਕਤੰਤਰ ਦਾ ਚੌਥਾ ਥੰਮ੍ਹ ਸਮਝੇ ਜਾਂਦੇ ਮੀਡੀਆ ਵਿੱਚ ਕੰਮ ਕਰਦੇ ਪੱਤਰਕਾਰਾਂ ਨੂੰ ਵੀ ਵਿਤਕਰੇ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਵਾਰ ਪੰਜਾਬ ਸਰਕਾਰ ਲੋਕ ਸੰਪਰਕ ਵਿਭਾਗ ਵੱਲੋਂ ਕਈ ਪੱਤਰਕਾਰਾਂ ਦੇ ਯੈਲੋ ਕਾਰਡ ਜਾਰੀ ਨਹੀਂ ਕੀਤੇ ਗਏ, ਜਿਸ ਦਾ ਪੱਤਰਕਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਖਿਲਾਫ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲ੍ਹਾ ਕੌਂਸਲ ਵੱਲੋਂ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਕੁਲਦੀਪ ਸਿੰਘ ਬਰਾੜ, ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਟੋਨੀ ਛਾਬੜਾ, ਜ਼ਿਲ੍ਹੇ ਦੇ ਉਪ ਪ੍ਰਧਾਨ ਪਰਮਜੀਤ ਢਾਬਾਂ, ਤਹਿਸੀਲ ਜਲਾਲਾਬਾਦ ਦੇ ਸਕੱਤਰ ਹਰਪ੍ਰੀਤ ਮਹਿਮੀ ਤੇ ਕੈਸ਼ੀਅਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਨਤਾ ਪ੍ਰਾਪਤ ਅਦਾਰਿਆਂ (ਰਜਿ: ਅਖਬਾਰਾਂ, ਮੈਗਜ਼ੀਨਾਂ ਤੇ ਟੀ ਵੀ ਚੈਨਲਾਂ) ਵਿੱਚ ਕੰਮ ਕਰਨ ਵਾਲੇ ਪੱਤਰਕਾਰਾਂ ਦੇ ਹਰ ਸਾਲ ਯੈਲੋ ਕਾਰਡ ਬਣਾਏ ਜਾਂਦੇ ਹਨ। ਇਸ ਵਾਰ ਸਰਕਾਰ ਤੇ ਉਸ ਦੇ ਲੋਕ ਸੰਪਰਕ ਵਿਭਾਗ ਵੱਲੋਂ ਮਨ ਮਾਨੀਆਂ ਤੇ ਮਨ-ਮਰਜ਼ੀਆਂ ਕਰਕੇ ਯੈਲੋ ਕਾਰਡ ਜਾਰੀ ਕੀਤੇ ਗਏ ਹਨ, ਜਿਸ ਨਾਲ ਕਈ ਯੋਗ ਪੱਤਰਕਾਰਾਂ ਦੇ ਯੈਲੋ ਕਾਰਡ ਨਹੀਂ ਬਣੇ, ਜਿਸ ਕਾਰਨ ਉਨ੍ਹਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਉਕਤ ਅਹੁਦੇਦਾਰਾਂ ਨੇ ਦੱਸਿਆ ਕਿ ਇਸ ਦਾ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵੱਲੋਂ ਸਖਤ ਨੋਟਿਸ ਲੈਂਦਿਆਂ ਸਾਰੇ ਪੱਤਰਕਾਰਾਂ ਨੂੰ ਇਕ ਮੰਚ 'ਤੇ ਇਕੱਠੇ ਹੋਣ ਦਾ ਸੱਦਾ ਦਿੱਤਾ ਗਿਆ। ਪੱਤਰਕਾਰਾਂ ਦੇ ਆਗੂਆਂ ਨੇ ਐਲਾਨ ਕਰਦਿਆਂ ਕਿਹਾ ਕਿ ਜਿਨ੍ਹਾਂ ਦੇ ਬਣਨ ਯੋਗ ਯੈਲੋ ਕਾਰਡ ਹਨ, ਉਨ੍ਹਾਂ ਦੇ ਪੰਜਾਬ ਸਰਕਾਰ ਦੇ ਲੋਕ ਸੰਪਰਕ ਵਿਭਾਗ ਵੱਲੋਂ ਯੈਲੋ ਕਾਰਡ ਨਹੀਂ ਬਣਾਏ ਗਏ, ਉਨ੍ਹਾਂ ਦੇ ਯੈਲੋ ਕਾਰਡ ਬਣਵਾਉਣ ਲਈ ਜ਼ਿਲ੍ਹਾ ਲੋਕ ਸੰਪਰਕ ਵਿਭਾਗ ਤੇ ਪੰਜਾਬ ਸਰਕਾਰ ਖਿਲਾਫ ਸੰਘਰਸ਼ ਵਿੱਢਿਆ ਜਾਵੇਗਾ।

# ਹੱਡਾਰੋੜੀ ਚੁਕਾਓ, ਪਰਵਾਰ ਬਚਾਓ ਕਮੇਟੀ ਵੱਲੋਂ ਨਾਅਰੇਬਾਜ਼ੀ

## 14 ਨੂੰ ਅਰਥੀ ਫੂਕ ਮੁਜ਼ਾਹਰੇ ਦਾ ਐਲਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਗੁਰੂ ਰਵਿਦਾਸ ਮੰਦਰ ਵਿਖੇ ਨੌਧਰਾਣੀ ਫਾਟਕਾਂ ਨਜ਼ਦੀਕ ਨਗਰ ਕੌਂਸਲ ਮਾਲੇਰਕੋਟਲਾ ਵੱਲੋਂ ਲਗਾਈ ਮੁਰਦਾ ਪਸ਼ੂਆਂ ਦੀ ਹੱਡਾਰੋੜੀ 'ਚੋਂ ਆਉਂਦੀ ਭੈੜੀ ਬਦਬੂ ਤੋਂ ਪ੍ਰੇਸ਼ਾਨ ਗਾਂਧੀ ਨਗਰ ਤੇ ਗੋਬਿੰਦ ਨਗਰ ਦੇ ਮੋਹਤਬਰ ਵਿਅਕਤੀਆਂ ਅਤੇ ਹੱਡਾਰੋੜੀ ਚੁਕਾਓ-ਪਰਿਵਾਰ ਬਚਾਓ ਕਮੇਟੀ ਦੇ ਆਗੂਆਂ ਦੀ ਇੱਕ ਵਿਸ਼ੇਸ਼ ਮੀਟਿੰਗ ਹੋਈ, ਜਿਸ 'ਚ ਬੀਤੇ ਚਾਰ ਮਹੀਨਿਆਂ ਤੋਂ ਨੌਧਰਾਣੀ ਫਾਟਕ ਦੇ ਨਜ਼ਦੀਕ ਲਗਾਈ ਹੱਡਾਰੋੜੀ ਨੂੰ ਰਿਹਾਇਸ਼ੀ ਏਰੀਏ ਤੇ ਉਦਯੋਗਿਕ ਖੇਤਰ ਤੋਂ ਦੂਰ ਤਬਦੀਲ ਕਰਨ ਦੀ ਮੰਗ ਨੂੰ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਣਗੌਲਿਆ ਕਰਨ ਦਾ ਵਿਰੋਧ ਕਰਦਿਆਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।

ਮੀਟਿੰਗ 'ਚ ਮੁਹੱਲਾ ਨਿਵਾਸੀ ਰਣਜੀਤ ਸਿੰਘ ਰਾਣਵਾਂ, ਲਾਲ ਸਿੰਘ, ਮਹਿੰਦਰ ਸਿੰਘ, ਸਤਨਾਮ ਸਿੰਘ, ਸੁਖਦੇਵ ਸਿੰਘ, ਬੇਅੰਤ ਸਿੰਘ, ਕੇਵਲ ਸਿੰਘ, ਬਘੇਲ ਸਿੰਘ, ਅਜੇ ਕੁਮਾਰ, ਰਵੀ ਕੁਮਾਰ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਭੁਪਿੰਦਰ ਸਿੰਘ, ਬੂਟਾ ਸਿੰਘ, ਸੰਜੇ ਕੁਮਾਰ ਆਦਿ ਨੇ ਕਿਹਾ ਕਿ 26 ਜੁਲਾਈ ਨੂੰ ਹੱਡਾਰੋੜੀ ਦੀ ਗੰਦੀ ਬਦਬੂ ਤੋਂ ਪ੍ਰੇਸ਼ਾਨ ਲੋਕਾਂ ਵੱਲੋਂ ਡਿਪਟੀ ਕਮਿਸ਼ਨਰ ਨੂੰ ਹੱਡਾਰੋੜੀ ਰਿਹਾਇਸ਼ੀ ਖੇਤਰ ਤੋਂ ਤਬਦੀਲ ਕਰਨ ਸਬੰਧੀ ਮੈਮੋਰੰਡਮ ਦਿੱਤਾ ਗਿਆ ਸੀ। ਇਸ ਤੋਂ ਇਲਾਵਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਵਿਧਾਇਕ ਡਾ. ਮੁਹੰਮਦ ਜਮੀਲ ਉਰ ਰਹਿਮਾਨ ਤੇ ਚੇਅਰਮੈਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਨੈਸ਼ਨਲ ਗਰੀਨ ਟ੍ਰਿਬਿਊਨਲ, ਨਵੀਂ ਦਿੱਲੀ ਸਮੇਤ ਉੱਚ ਅਧਿਕਾਰੀਆਂ ਨੂੰ ਮੰਗ ਪੱਤਰ ਭੇਜੇ ਗਏ ਹਨ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਅਮਲ 'ਚ ਨਹੀਂ ਲਿਆਂਦੀ ਗਈ, ਜਿਸ ਕਾਰਨ ਲੋਕਾਂ 'ਚ ਰੋਸ ਵਧ ਰਿਹਾ ਹੈ। ਰਣਜੀਤ ਸਿੰਘ ਰਾਣਵਾਂ ਨੇ ਦੱਸਿਆ ਕਿ ਕਮੇਟੀ ਨੇ ਫ਼ੈਸਲਾ ਕੀਤਾ ਹੈ ਕਿ ਹੱਡਾਰੋੜੀ ਨੂੰ ਰਿਹਾਇਸ਼ੀ ਖੇਤਰ ਤੋਂ ਦੂਰ ਤਬਦੀਲ ਕਰਵਾਉਣ ਤੱਕ ਸੰਘਰਸ਼ ਜਾਰੀ ਰਹੇਗਾ ਤੇ 14 ਅਗਸਤ ਨੂੰ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਖ਼ਿਲਾਫ਼ ਅਰਥੀ ਫੂਕ ਮੁਜ਼ਾਹਰਾ ਕੀਤਾ ਜਾਵੇਗਾ।

# ਫ਼ਿਰੋਜ਼ਪੁਰ ਤੇ ਮੁੰਬਈ ਵਿਚਾਲੇ ਚੱਲਣ ਵਾਲੀ ਸੁਪਰਫਾਸਟ ਪੰਜਾਬ ਮੇਲ ਦਾ ਸਮਾਂ ਬਦਲਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਤੋਂ ਮੁੰਬਈ ਵਿਚਾਲੇ ਚੱਲਣ ਵਾਲੀ ਸੁਪਰਫਾਸਟ ਪੰਜਾਬ ਮੇਲ ਦਾ ਸਮਾਂ ਬਦਲ ਦਿੱਤਾ ਗਿਆ ਹੈ।ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਫ਼ਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ ਰਾਤ 9:45 'ਤੇ ਚੱਲਣ ਵਾਲੀ ਪੰਜਾਬ ਮੇਲ ਫ਼ਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ ਰਾਤ 9.55 'ਤੇ ਰਵਾਨਾ ਹੋਵੇਗੀ।ਪਹਿਲਾਂ ਫ਼ਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੋਂ ਇਸ ਰੇਲਗੱਡੀ ਦਾ ਸਮਾਂ 9.45 ਦਾ ਹੁੰਦਾ ਸ, ਪਰ ਹੁਣ ਇਸ ਰੇਲਗੱਡੀ ਦਾ ਸਮਾਂ 10 ਮਿੰਟ ਬਦਲ ਦਿੱਤਾ ਗਿਆ ਹੈ।ਇਹ ਟਰੇਨ ਹੁਣ ਫਰੀਦਕੋਟ ਰੇਲਵੇ ਸਟੇਸ਼ਨ ਤੋਂ 10.22 'ਤੇ, ਕੋਟਕਪੂਰਾ ਤੋਂ 10.39 'ਤੇ, ਗੰਗਸਰ ਤੋਂ 10.55 'ਤੇ, ਬਠਿੰਡਾ ਤੋਂ 11.55 'ਤੇ ਰਵਾਨਾ ਹੋਵੇਗੀ, ਜਦਕਿ ਵਾਪਸੀ ਦੇ ਸਫਰ 'ਤੇ ਮੁੰਬਈ ਤੋਂ ਫ਼ਿਰੋਜ਼ਪੁਰ ਆਉਣ ਵਾਲੀ ਇਹ ਰੇਲਗੱਡੀ ਬਠਿੰਡਾ ਤੋਂ 10.55 ਵਜੇ ਚੱਲੇਗੀ।ਜਦਕਿ ਗੁਨਿਆਣਾ ਪਹੁੰਚਣ ਦਾ ਸਮਾਂ ਹੁਣ 3.09 ਜੈਤੋ, 3.24 ਕੋਟਕਪੂਰਾ, 3.40 ਫਰੀਦਕੋਟ, 3.37 ਮਿੰਟ ਤੇ ਫ਼ਿਰੋਜ਼ਪੁਰ ਛਾਉਣੀ ਰੇਲਵੇ ਸਟੇਸ਼ਨ ਤੱਕ ਪਹੁੰਚਣ ਦਾ ਸਮਾਂ 4.55 ਮਿੰਟ ਨਿਰਧਾਰਤ ਕੀਤਾ ਗਿਆ ਹੈ।ਰੇਲਵੇ ਵੱਲੋਂ ਬਠਿੰਡਾ ਤੋਂ ਮੁੰਬਈ ਵਿਚਕਾਰ ਚੱਲਣ ਵਾਲੀ ਇਸ ਰੇਲਗੱਡੀ ਦੇ ਸਮੇਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਇਸ ਤੋਂ ਇਲਾਵਾ ਫ਼ਿਰੋਜ਼ਪੁਰ ਤੋਂ ਧਨਬਾਦ ਵਿਚਕਾਰ ਚੱਲਣ ਵਾਲੀ ਟਰੇਨ ਨੰਬਰ 13308 ਦਾ ਸਮਾਂ ਵੀ ਬਦਲਿਆ ਗਿਆ ਹੈ।ਫ਼ਿਰੋਜ਼ਪੁਰ ਤੋਂ ਸ਼ਾਮ 4.15 'ਤੇ ਚੱਲਣ ਵਾਲੀ ਓ ਆਰ ਰੇਲਗੱਡੀ ਹੁਣ ਸ਼ਾਮ 4.25 'ਤੇ, ਮੱਖੂ ਤੋਂ ਸ਼ਾਮ 5.00 'ਤੇ, ਲੋਹੀਆਂ ਤੋਂ ਸ਼ਾਮ 5.25 'ਤੇ, ਸ਼ਾਹਕੋਟ ਤੋਂ ਸ਼ਾਮ 5.48 'ਤੇ, ਨਕੋਦਰ ਤੋਂ 6.6 ਵਜੇ, ਨੂਰਮਹਿਲ ਤੋਂ ਸ਼ਾਮ 6.24 'ਤੇ, ਬਿਲਗਾ ਤੋਂ 6.37 'ਤੇ, ਫਿਲੌਰ ਤੋਂ 7.08 'ਤੇ ਅਤੇ ਲੁਧਿਆਣਾ ਤੋਂ 7.50 'ਤੇ ਰਵਾਨਾ ਹੋਵੇਗੀ।ਲੁਧਿਆਣਾ ਤੇ ਧਨਬਾਦ ਵਿਚਕਾਰ ਚੱਲਣ ਵਾਲੀ ਇਸ ਟਰੇਨ ਦੇ ਸਮੇਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ।

# ਅਸਪਾਲ ਕੋਠੇ 'ਚ ਖੇਤਾਂ 'ਚੋਂ ਦੀ ਰੇਲਵੇ ਲਾਈਨ ਨਿਕਲਣ ਕਾਰਨ ਰਸਤਾ ਬੰਦ, ਲੋਕ ਪ੍ਰੇਸ਼ਾਨ



**ਮਾਨਸਾ (ਆਤਮਾ ਸਿੰਘ ਪਮਾਰ)**

ਅਸਪਾਲ ਕੋਠੇ ਵਿਖੇ ਖੇਤਾਂ ਵਿੱਚੋਂ ਦੀ ਰੇਲਵੇ ਲਾਈਨ ਨਿਕਲਣ ਕਾਰਨ ਅੱਗੇ ਲਗਦੇ ਖੇਤਾਂ ਦਾ ਰਾਹ ਲਗਪਗ ਬੰਦ ਹੋਣ ਕਰਕੇ ਕਿਸਾਨਾਂ ਦਾ ਥਰਮਲ ਪਲਾਂਟ ਬਣਾਂਵਾਲੀ ਨਾਲ ਪਿਛਲੇ ਲੰਬੇ ਸਮੇਂ ਤੋਂ ਮਸਲਾ ਉਲਝ ਰਿਹਾ ਹੈ।ਡੀ ਸੀ ਮਾਨਸਾ ਤੇ ਐਸ ਡੀ ਐਮ ਮਾਨਸਾ ਨਾਲ ਮੀਟਿੰਗ ਉਪਰੰਤ ਵੀ ਮਸਲੇ ਦਾ ਕੋਈ ਸਾਰਥਕ ਹੱਲ ਨਹੀਂ ਨਿਕਲ ਸਕਿਆ। ਬੀਤੇ ਦਿਨੀਂ ਕਾਨੂੰਨਗੋ ਤੇ ਕੱਲ੍ਹ ਤਹਿਸੀਲਦਾਰ ਮੌਕਾ ਦੇਖ ਕੇ ਆਏ ਸਨ ਪ੍ਰੰਤੂ ਮਸਲਾ ਜਿਉਂ ਦਾ ਤਿਉਂ ਲਟਕ ਰਿਹਾ ਹੈ। ਅੱਜ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਰਾਮਫਲ ਸਿੰਘ ਚੱਕ ਅਲੀਸ਼ੇਰ, ਜਨਰਲ ਸਕੱਤਰ ਪੰਜਾਬ ਸਿੰਘ ਅਕਲੀਆ ਦੀ ਅਗਵਾਈ ਹੇਠ ਜ਼ਿਲ੍ਹੇ ਦੀ ਟੀਮ ਵੱਲੋਂ 6-7 ਟਰੈਕਟਰਾਂ ਰਾਹੀਂ ਰੇਲਵੇ ਲਾਈਨ ਉਪਰ ਦੀ ਰਸਤਾ ਬਣਾਇਆ ਜਾ ਰਿਹਾ ਹੈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ। ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਲਗਭਗ 10 -12 ਕਿਸਾਨ ਪਰਵਾਰ ਜੋ ਖੇਤਾਂ ਨੂੰ ਰਸਤਾ ਨਾ ਮਿਲਣ ਕਾਰਨ 10 ਕਿਲੋਮੀਟਰ ਦੂਰੀ ਤੈਅ ਕਰਕੇ ਆਪਣੇ ਖੇਤ ਆਉਣ ਜਾਣ ਲਈ ਮਜਬੂਰ ਹਨ, ਜਿਸ ਨਾਲ ਉਨ੍ਹਾਂ ਦਾ ਰੋਜ਼ਾਨਾ ਆਰਥਿਕ ਨੁਕਸਾਨ ਅਤੇ ਸਮੇਂ ਦੀ ਬਰਬਾਦੀ ਹੋ ਰਹੀ ਹੈ। ਕਿਸਾਨ ਖੇਤਾਂ ਵਿੱਚ ਖੜ੍ਹੀ ਮੱਕੀ ਦੀ ਫਸਲ ਕੱਟਣ ਅਤੇ ਜੀਰੀ ਲਗਾਉਣ ਦਾ ਕੰਮ ਰੁਕਣ ਕਾਰਨ ਪ੍ਰੇਸ਼ਾਨ ਹਨ। ਪ੍ਰਸ਼ਾਸਨ ਦੇ ਮੌਕੇ 'ਤੇ ਨਾ ਪਹੁੰਚਣ ਕਾਰਨ ਜਥੇਬੰਦੀ ਨੇ ਅਧਿਕਾਰੀਆਂ ਦੀ ਬੇਰੁਖੀ ਅਤੇ ਤਸੱਲੀਬਖਸ਼ ਜੁਆਬ ਨਾ ਦੇਣ ਕਾਰਨ ਰਾਹ ਖੁਦ ਕੱਢਣ ਦਾ ਫੈਸਲਾ ਲਿਆ। ਜਥੇਬੰਦੀ ਦੇ ਫੈਸਲੇ ਮੁਤਾਬਿਕ ਜੇਕਰ ਸੱਦਾ ਸਿੰਘ ਵਾਲਾ ਤੋਂ ਬਣਾਂਵਾਲੀ ਤੱਕ ਜ਼ਮੀਨ ਨੂੰ ਰਾਹ ਦਿਵਾਉਣ ਵਿੱਚ ਪ੍ਰਸ਼ਾਸਨ ਨਾਕਾਮਯਾਬ ਰਹਿੰਦਾ ਹੈ ਤਾਂ ਰੇਲਵੇ ਲਾਈਨ ਦੇ ਉਪਰ ਦੀ ਹੀ ਰਾਹ ਬਣਾਇਆ ਜਾਵੇਗਾ।

ਇਸ ਸਮੇਂ ਕਿਸਾਨ ਆਗੂ ਹਰਜਿੰਦਰ ਮਾਨਸਾਹੀਆ, ਕਪੂਰ ਸਿੰਘ, ਮਨਜੀਤ ਸਿੰਘ ਸੋਢੀ, ਬੀਰੀ ਮਾਨ, ਦਰਸ਼ਨ ਸਿੰਘ ਮੰਘਾਣੀਆਂ, ਗੁਰਜੰਟ ਸਿੰਘ ਚੱਕ ਅਲੀਸ਼ੇਰ, ਕਾਹਨਾ ਸਿੰਘ ਬੁਰਜ ਹਰੀ, ਰਾਜੂ ਸਿੰਘ ਸਰਪੰਚ ਅਸਪਾਲ ਕੋਠੇ, ਅਵਤਾਰ ਸਿੰਘ ਨੰਬਰਦਾਰ, ਕਰਨੈਲ ਸਿੰਘ ਮਾਨਸਾ, ਕਾਕਾ ਸਿੰਘ, ਮਨਜੀਤ ਸਿੰਘ ਔਲਖ ਤੋਂ ਇਲਾਵਾ ਬੁਢਲਾਡਾ ਬਲਾਕ ਆਗੂ ਵੀ ਹਾਜ਼ਰ ਸਨ।

# ਬਲਵੀਰ ਸਿੰਘ ਪੁੰਨੀ ਦੇ ਸਮੂਹ ਪਰਵਾਰ ਵੱਲੋਂ ਸਕੂਲ ਨੂੰ ਪ੍ਰਿੰਟਰ ਦਾਨ



**ਜੈਤੋ (ਸਤੀਸ਼ ਕੁਮਾਰ ਭੀਰੀ)**-ਸਾਦਾ ਪੱਤੀ ਮਿਸਤਰੀਆਂ ਵਾਲੀ ਗਲੀ ਜੈਤੋ ਦੇ ਵਸਨੀਕ ਬਲਵੀਰ ਸਿੰਘ ਪੁੰਨੀ ਜਿਨ੍ਹਾਂ ਦਾ ਪਰਵਾਰ ਹੁਣ ਕੈਨੇਡਾ ਦਾ ਪੱਕਾ ਵਸਨੀਕ ਬਣ ਚੁੱਕਾ ਹੈ, ਉਨ੍ਹਾਂ ਦੇ ਸਮੂਹ ਪਰਵਾਰ ਵੱਲੋਂ ਵਾਹਿਗੁਰੂ ਵੱਲੋਂ ਬਖਸ਼ੀ ਪੋਤਰਿਆਂ ਦਾਤ ਦੀ ਖੁਸ਼ੀ 'ਚ ਸਰਕਾਰੀ ਪ੍ਰਾਇਮਰੀ ਸਕੂਲ ਵਾਰਡ ਨੰਬਰ 1 ਨੂੰ ਮੰਗਲਵਾਰ ਇਕ ਪ੍ਰਿੰਟਰ ਦਾਨ ਕੀਤਾ ਗਿਆ।

ਬਲਵੀਰ ਸਿੰਘ ਪੁੰਨੀ ਦਾ ਕਹਿਣਾ ਹੈ ਕਿ ਭਾਵੇਂ ਉਹ ਹੁਣ ਵਿਦੇਸ਼ ਵਿਚ ਰਹਿੰਦੇ ਹਨ ਪਰ ਉਨ੍ਹਾਂ ਦੇ ਦਿਲ ਵਿਚ ਪੰਜਾਬ ਅਤੇ ਆਪਣਾ ਦੇਸ਼ ਹਮੇਸ਼ਾ ਵੱਸਦਾ ਹੈ । ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੇ ਵਿੱਦਿਅਕ ਅਦਾਰੇ ਬਹੁਤ ਸਾਰੀਆਂ ਥੋੜਾਂ ਅਤੇ ਬਿਨਾਂ ਸਹੂਲਤਾਂ ਤੋਂ ਚੱਲ ਰਹੇ ਹਨ ਤੇ ਨਵੀਂ ਤਕਨੀਕ ਲਈ ਸਕੂਲਾਂ ਵਿਚ ਕੰਪਿਊਟਰ ਅਤੇ ਪ੍ਰਿੰਟਰ ਆਦਿ ਜ਼ਰੂਰੀ ਹਨ। ਕਿਸੇ ਹੋਰ ਦਾਨ ਨਾਲੋਂ ਗਿਆਨ ਵੰਡਣ ਵਾਲੇ ਸਾਡੇ ਵਿੱਦਿਆ ਦੇ ਮੰਦਰਾਂ ਨੂੰ ਸਾਨੂੰ ਪਹਿਲ ਦੇ ਆਧਾਰ 'ਤੇ ਦਾਨ ਦੇਣਾ ਚਾਹੀਦਾ ਹੈ ਤਾਂ ਜੋ ਸਕੂਲ ਅਤੇ ਵਿਦਿਆਰਥੀਆਂ ਦਾ ਵਿੱਦਿਅਕ ਮਿਆਰ ਹੋਰ ਵੀ ਉੱਚਾ ਹੋ ਸਕੇ। ਇਸ ਮੌਕੇ ਪੁੰਨੀ ਪਰਵਾਰ ਦੇ ਸਮੂਹ ਮੈਂਬਰ ਨਸੀਬ ਕੌਰ, ਹਰਵਿੰਦਰ ਕੌਰ ਤੋਂ ਇਲਾਵਾ ਸਕੂਲ ਦੀ ਮੁੱਖ ਅਧਿਆਪਕਾ ਜਸਵਿੰਦਰ ਕੌਰ ਹਾਜ਼ਰ ਸਨ। ਸਕੂਲ ਦੇ ਸਮੂਹ ਸਟਾਫ ਵੱਲੋਂ ਦਾਨੀ ਪਰਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਸਾਂਝੇ ਫਰੰਟ ਦੇ ਸੱਦੇ 'ਤੇ ਮਾਨ ਸਰਕਾਰ ਦੀ 'ਝੂਠੇ ਲਾਰਿਆਂ ਦੀ ਪੰਡ' ਫੂਕ ਕੇ ਕੀਤੇ ਰੋਸ ਮੁਜ਼ਾਹਰੇ



ਲੁਧਿਆਣਾ



ਧੂਰੀ



ਮੋਗਾ



ਸ੍ਰੀ ਮੁਕਤਸਰ ਸਾਹਿਬ

**ਲੁਧਿਆਣਾ (ਐੱਮ. ਐੱਸ. ਭਾਟੀਆ)**

ਇੱਥੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦਾ ਸਮਾਂ ਨੀਯਤ ਕਰਕੇ ਮੁਲਤਵੀ ਕਰਨ ਦੀ ਡੰਗ ਟਪਾਊ ਨੀਤੀ ਦੇ ਵਿਰੋਧ ਵਿੱਚ ਡੀ ਸੀ ਕੰਪਲੈਕਸ ਅੱਗੇ ਰੋਸ ਰੈਲੀ ਕੀਤੀ ਗਈ ਅਤੇ ਭਗਵੰਤ ਮਾਨ ਸਰਕਾਰ ਦੇ ਢਾਈ ਸਾਲ ਦੇ ਝੂਠੇ ਲਾਰਿਆਂ ਦੀ ਪੰਡ ਫੂਕੀ ਗਈ। ਇਸ ਮੌਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਕਨਵੀਨਰ ਗੁਰਮੇਲ ਸਿੰਘ ਮੈਲਡੇ, ਚਰਨ ਸਿੰਘ ਸਰਾਭਾ, ਚੇਅਰਮੈਨ ਪੀ ਆਈ ਸੀ ਲੁਧਿਆਣਾ ਦਲੀਪ ਸਿੰਘ, ਸੁਸ਼ੀਲ ਕੁਮਾਰ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਚੰਡੀਗੜ੍ਹ ਦੇ ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ ਤੇ ਜਗਮੇਲ ਸਿੰਘ ਪੱਖੋਵਾਲ, ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਸਿੰਘ ਬੈਂਸ, ਦੀ ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਵਿਨੋਦ ਕੁਮਾਰ, ਸੀਨੀਅਰ ਮੀਤ ਪ੍ਰਧਾਨ ਅਸ਼ੋਕ ਕੁਮਾਰ ਮੱਟੂ, ਜੀਤ ਸਿੰਘ, ਇੰਦਰਜੀਤ ਸਿੰਘ, ਸੱਤਪਾਲ ਸਿੰਘ ਬੱਲੋਵਾਲ, ਮੰਗਤ ਰਾਮ, ਗਿਆਨ ਸਿੰਘ, ਮੋਹਨ ਸਿੰਘ ਪਡੀਰ, ਬਲਵੀਰ ਸਿੰਘ, ਮੁਲਾਜ਼ਮਾਂ ਦੇ ਸਿਰਮੌਰ ਆਗੂ ਦਲੀਪ ਸਿੰਘ ਖੀਪਲ, ਮਲਕੀਤ ਸਿੰਘ ਮਾਲੜਾ, ਚੇਅਰਮੈਨ ਪਰਮਜੀਤ ਸਿੰਘ, ਪੰਜਾਬ ਮੰਡੀ ਬੋਰਡ ਦੇ ਪ੍ਰਧਾਨ ਰਣਜੀਤ ਸਿੰਘ ਮੁੱਲਾਂਪੁਰ, ਸ਼ਿਗਾਰਾ ਸਿੰਘ, ਪੰਜਾਬ ਬਿਜਲੀ ਬੋਰਡ ਤੋਂ ਚਮਕੌਰ ਸਿੰਘ ਬਰਮੀ, ਕੇਵਲ ਸਿੰਘ ਬਨਵੈਤ, ਗੁਰਦਿਆਲ ਸਿੰਘ ਘੁਮਾਣ, ਜੱਸਾ ਸਿੰਘ, ਪੰਜਾਬ ਰੋਡਵੇਜ਼ ਤੋਂ ਦਰਸ਼ਨ ਸਿੰਘ ਥਰੀਕੇ, ਗੌਰਮਿੰਟ ਸਕੂਲ ਟੀਚਰ ਯੂਨੀਅਨ ਤੋਂ ਚਰਨ ਸਿੰਘ ਤਾਜਪੁਰੀ, ਪੀ ਡਬਲਿਊ ਡੀ ਤੋਂ ਕਸ਼ਮੀਰਾ ਸਿੰਘ, ਜੈਵੀਰ, ਆਸ਼ਾ ਵਰਕਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਬਲਵੀਰ ਕੌਰ ਗਿੱਲ, ਜ਼ਿਲ੍ਹਾ ਆਗੂ ਸਵਰਨਜੀਤ ਕੌਰ ਫੁੱਲਾਂਵਾਲ, ਪ੍ਰਵੀਨ ਕੌਰ, ਕਮਲੇਸ਼ ਕੌਰ, ਕੁਲਵੰਤ ਕੌਰ ਨੇ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਪੰਜਾਬ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਜਿਵੇਂ ਕਿ ਹਰ ਤਰ੍ਹਾਂ ਕੱਚੇ, ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨਾ, 66 ਮਹੀਨੇ ਦਾ ਤਨਖਾਹ ਰਵੀਜ਼ਨ ਤੇ ਡੀ ਏ ਦਾ ਬਕਾਇਆ ਦੇਣਾ, ਮਹਿੰਗਾਈ ਭੱਤੇ ਦੀਆਂ 3 ਕਿਸ਼ਤਾਂ ਜੋ 12% ਬਣਦੀਆਂ ਹਨ ਤੁਰੰਤ ਦੇਣਾ, 1-1-2004 ਤੋਂ ਭਰਤੀ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਸਕੀਮ ਹੂਬਹੂ ਲਾਗੂ ਕਰਨਾ, 200 ਰੁਪੈ ਜਜੀਆ ਟੈਕਸ ਬੰਦ ਕਰਨਾ, 16 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਥੋਪੇ ਕੇਂਦਰੀ ਤਨਖਾਹ ਸਕੇਲ ਵਾਪਸ ਲੈ ਕੇ ਪੰਜਾਬ ਦੇ ਸਕੇਲ ਲਾਗੂ ਕਰਨਾ, ਪਰਖ ਕਾਲ ਦੌਰਾਨ ਮੁਢਲੀ ਤਨਖਾਹ ਦੇਣ ਦਾ ਫੈਸਲਾ 15/01/15 ਵਾਪਸ ਲੈਣਾ, ਪੇਂਡੂ ਭੱਤੇ ਸਮੇਤ ਬੰਦ ਕੀਤੇ 37 ਭੱਤੇ ਬਹਾਲ ਕਰਨਾ, ਤਨਖਾਹ ਕਮਿਸ਼ਨ ਦਾ ਦੂਸਰਾ ਹਿੱਸਾ ਜਾਰੀ ਕਰਨਾ ਆਦਿ ਮੰਗਾਂ ਭਗਵੰਤ ਮਾਨ ਸਰਕਾਰ ਦੇ ਅਜੰਡੇ 'ਤੇ ਨਹੀਂ ਹਨ।ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਦੀਆਂ ਡੰਗ ਟਪਾਊ ਨੀਤੀਆਂ ਤੋਂ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਪੂਰੀ ਤਰ੍ਹਾਂ ਦੁਖੀ ਹਨ, ਇਸ ਲਈ 10 ਅਗਸਤ ਨੂੰ ਪੈਨਸ਼ਨ ਭਵਨ ਲੁਧਿਆਣਾ ਵਿਖੇ ਸਾਂਝੇ ਫਰੰਟ ਦੀ ਮੀਟਿੰਗ ਵਿੱਚ ਤਿੱਖੇ ਸੰਘਰਸ਼ ਸਬੰਧੀ ਫੈਸਲੇ ਲਏ ਜਾਣਗੇ।ਆਗੂਆਂ ਐਲਾਨ ਕੀਤਾ ਕਿ ਦੀ ਕਲਾਸ ਫੋਰ ਗੌ: ਇੰਪ: ਯੂਨੀਅਨ ਵੱਲੋਂ 14-15 ਅਗਸਤ ਨੂੰ ਰਾਜ ਭਰ ਵਿੱਚ ਰੋਸ ਮੁਜ਼ਾਹਰੇ/ਭੁੱਖ ਹੜਤਾਲਾਂ ਕਰਕੇ ਝੰਡਾ ਲਹਿਰਾਉਣ ਆਏ ਮੰਤਰੀਆਂ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗਾਂ ਦੇ ਯਾਦ ਪੱਤਰ ਭੇਜੇ ਜਾਣਗੇ।



ਮਖੂ

**ਧੂਰੀ (ਸੁਖਦੇਵ ਧੂਰੀ)** : ਧੂਰੀ ਦੇ ਤ੍ਰਿਵੈਣੀ ਚੌਕ ਵਿੱਚ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਧੂਰੀ ਵੱਲੋਂ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਤੇ ਜਰਨਲ ਸਕੱਤਰ ਅਮਰਜੀਤ ਸਿੰਘ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੇ ਝੂਠੇ ਲਾਰਿਆਂ ਤੋਂ ਤੰਗ ਆ ਕੇ ਰੋਸ ਪ੍ਰਦਰਸ਼ਨ ਕਰਦਿਆਂ ਸਰਕਾਰ ਖਿਲਾਫ ਭੜਾਸ ਕੱਢੀ। ਇਸ ਮੌਕੇ ਮੰਗ ਉਠਾਈ ਗਈ ਕਿ 2:59 ਫੈਕਟਰ ਅਨੁਸਾਰ ਪੈਨਸ਼ਨ ਵਿੱਚ ਸੋਧ ਕੀਤੀ ਜਾਵੇ, ਤਨਖਾਹ ਕਮਿਸ਼ਨ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਡੀ ਏ 12% ਤੁਰੰਤ ਦਿੱਤਾ ਜਾਵੇ, ਮੈਡੀਕਲ ਬਿੱਲ ਲਈ ਗ੍ਰਾਂਟ ਜਾਰੀ ਕੀਤੀ ਜਾਵੇ, ਪੈਨਸ਼ਨਰ ਲਈ ਕੈਸ਼ਲੈਸ ਸਕੀਮ ਲਾਗੂ ਕੀਤਾ ਜਾਵੇ। ਇਸ ਮੌਕੇ ਕੁਲਵੰਤ ਸਿੰਘ, ਜੈ ਦੇਵ, ਰਾਮ ਗੋਪਾਲ, ਇੰਦਰਜੀਤ ਸ਼ਰਮਾ, ਅਵਤਾਰ ਸਿੰਘ, ਸੋਮ ਨਾਥ, ਬਾਲ ਕ੍ਰਿਸ਼ਨ, ਸੁਖਦੇਵ ਸਿੰਘ, ਜੰਗ ਸਿੰਘ, ਰਤਨ ਸਿੰਘ, ਜਸਵਿੰਦਰ ਸਿੰਘ, ਕਰਮ ਸਿੰਘ ਮਾਨ, ਹਰਬੰਸ ਸਿੰਘ, ਸੁੰਦਰ ਲਾਲ, ਫਕੀਰ ਸਿੰਘ, ਗੁਰਮੇਲ ਸਿੰਘ, ਰੱਲਾ ਸਿੰਘ, ਕਰਮਜੀਤ ਸਿੰਘ ਤੇ ਹੋਰ ਕਈ ਮੈਂਬਰ ਹਾਜ਼ਰ ਸਨ।



ਕੋਟਕਪੂਰਾ

**ਮੋਗਾ (ਇਕਬਾਲ ਸਿੰਘ ਖਹਿਰਾ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨਾਲ ਪਹਿਲੀ ਜੁਲਾਈ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਹੋਈ ਮੀਟਿੰਗ ਵਿੱਚ ਚੋਣ ਜਾਬਤੇ ਦੀ ਆੜ ਵਿੱਚ 25 ਜੁਲਾਈ ਨੂੰ ਦੁਬਾਰਾ ਮੀਟਿੰਗ ਕਰਨ ਦੇ ਭਰੋਸੇ ਮਗਰੋਂ 6 ਜੁਲਾਈ ਨੂੰ ਜਲੰਧਰ ਪੱਛਮੀ ਦੀ ਜ਼ਿਮਨੀ ਚੋਣ ਮੌਕੇ ਸਾਂਝੇ ਫਰੰਟ ਵੱਲੋਂ ਕੀਤਾ ਜਾਣ ਵਾਲਾ ਝੰਡਾ ਮਾਰਚ ਅੱਗੇ ਪਾ ਦਿੱਤਾ ਗਿਆ ਸੀ, ਪਰ 25 ਜੁਲਾਈ ਦੀ ਮੀਟਿੰਗ ਤੋਂ ਭੱਜੇ ਮੁੱਖ ਮੰਤਰੀ ਖਿਲਾਫ਼ 26, 27 ਜੁਲਾਈ ਨੂੰ ਅਰਥੀ ਫੂਕਣ ਦੇ ਪ੍ਰੋਗਰਾਮ ਇਸ ਕਰਕੇ ਅੱਗੇ ਪਾਏ ਗਏ ਕਿ ਮੁੱਖ ਮੰਤਰੀ ਵੱਲੋਂ 2 ਅਗਸਤ ਦੀ ਮੀਟਿੰਗ ਸੱਦ ਲਈ ਗਈ ਹੈ। ਸਾਂਝਾ ਫਰੰਟ ਦੇ ਆਗੂਆਂ ਭਜਨ ਸਿੰਘ ਗਿੱਲ, ਜਗਦੀਸ਼ ਸਿੰਘ ਚਾਹਲ, ਸੁਖਮੰਦਰ ਸਿੰਘ, ਸਰਬਜੀਤ ਦੌਧਰ, ਬਲੌਰ ਸਿੰਘ ਘਾਲੀ, ਗੁਰਮੇਲ ਸਿੰਘ ਨਾਹਰ, ਰਾਜਿੰਦਰ ਸਿੰਘ ਰਿਆੜ, ਕੁਲਬੀਰ ਸਿੰਘ ਢਿੱਲੋਂ, ਸੁਖਪਾਲ ਜੀਤ ਸਿੰਘ, ਭੁਪਿੰਦਰ ਸਿੰਘ ਸੇਖੋਂ, ਜਸਪਾਲ ਰਾਏ, ਗੁਰਜੰਟ ਸਿੰਘ ਕੋਕਰੀ ਨੇ ਦੱਸਿਆ ਕਿ ਹੁਣ 2 ਅਗਸਤ ਦੀ ਮੀਟਿੰਗ ਨੂੰ ਅੱਗੇ 22 ਅਗਸਤ 'ਤੇ ਲਿਜਾਣ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਗੁੱਸੇ ਦਾ ਲਾਵਾ ਫੁੱਟ ਪਿਆ, ਕਿਉਂਕਿ ਇਹ ਮੀਟਿੰਗ ਅੱਗੇ ਪਾਉਣ ਦਾ ਮਤਲਬ ਸਾਫ਼ ਹੈ ਕਿ ਪੰਚਾਇਤੀ ਚੋਣਾਂ ਤੇ ਵਿਧਾਨ ਸਭਾ ਦੀਆਂ ਜ਼ਿਮਨੀ ਚੋਣਾਂ ਕਰਕੇ ਫਿਰ ਇਹ ਬਹਾਨਾ ਬਣਾਇਆ ਜਾਵੇਗਾ ਕਿ ਚੋਣ ਜਾਬਤੇ ਵਿੱਚ ਅਸੀਂ ਕੋਈ ਐਲਾਨ ਨਹੀਂ ਕਰ ਸਕਦੇ। ਜ਼ਿਲ੍ਹਾ ਆਗੂਆਂ ਨੇ ਪੰਜਾਬ ਸਰਕਾਰ ਦੀ ਟਰਕਾਊ ਨੀਤੀ ਖਿਲਾਫ਼ ਅੱਜ ਮੋਗਾ ਦੇ ਮੇਨ ਚੌਕ ਵਿੱਚ ਸਾਂਝੇ ਫਰੰਟ ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਪੰਜਾਬ ਸਰਕਾਰ ਦੀ ਵਾਅਦਿਆਂ ਦੀ ਪੰਡ ਸਾੜਨ ਲਈ ਕਾਮਰੇਡ ਨਛੱਤਰ ਸਿੰਘ ਭਵਨ ਵਿੱਚ ਮੁਲਾਜ਼ਮਾਂ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਇਕੱਤਰ ਹੋਣ ਉਪਰੰਤ ਮਾਰਚ ਕਰਕੇ ਮੇਨ ਚੌਕ ਵਿੱਚ ਪਹੁੰਚ ਕੇ ਵਾਅਦਿਆਂ ਦੀ ਪੰਡ ਫੂਕੀ ਤੇ ਸਰਕਾਰ ਖਿਲਾਫ਼ ਜ਼ੋਰਦਾਰ ਨਾਹਰੇਬਾਜ਼ੀ ਕੀਤੀ। ਇਸ ਮੌਕੇ ਗਿਆਨ ਸਿੰਘ ਸੇਵਾ ਮੁਕਤ ਡੀ ਪੀ ਆਰ ਓ, ਸੁਰਿੰਦਰ ਰਾਮ ਕੁੱਸਾ, ਪ੍ਰੇਮ ਕੁਮਾਰ, ਜਾਗੀਰ ਸਿੰਘ ਖੋਖਰ, ਗੁਰਜੰਟ ਸਿੰਘ ਕੋਕਰੀ, ਸਤਿਯਮ ਪ੍ਰਕਾਸ਼, ਪੰਜਾਬ ਪੁਲਸ ਦੇ ਸੁਖਦੇਵ ਸਿੰਘ, ਪੋਹਲਾ ਸਿੰਘ ਬਰਾੜ, ਬੂਟਾ ਸਿੰਘ ਭੱਟੀ, ਸੁਰਿੰਦਰ ਸਿੰਘ ਸਾਬਕਾ ਜ਼ਿਲ੍ਹਾ ਪ੍ਰਧਾਨ ਡੀ.ਟੀ.ਐੱਫ਼, ਕੁਲਵਿੰਦਰ ਸਿੰਘ, ਜਤਿੰਦਰ ਪਾਲ ਸਿੰਘ ਆਦਿ ਸਾਂਝਾ ਫਰੰਟ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।



ਗੁਰੂ ਹਰਸਹਾਏ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** : ਸਰਕਾਰੀ ਪੈਨਸ਼ਨਰ ਤੇ ਮੁਲਾਜ਼ਮ ਜਥੇਬੰਦੀਆਂ ਦੇ ਸਾਂਝੇ ਫਰੰਟ ਦੇ ਸੱਦੇ 'ਤੇ ਬਿਜਲੀ ਕਰਮਚਾਰੀਆਂ ਨੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਵੱਖ ਵੱਖ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਤੁਰੰਤ ਲਾਗੂ ਕਰੇ।ਬੁਲਾਰਿਆਂ ਨੇ ਇਸ ਗੱਲ ਦੀ ਵੀ ਜ਼ੋਰਦਾਰ ਨਿੰਦਾ ਕੀਤੀ ਕਿ ਜਥੇਬੰਦੀਆਂ ਦੇ ਵਫ਼ਦ ਨੂੰ ਵਾਰ ਵਾਰ ਬੁਲਾ ਕੇ ਮੀਟਿੰਗਾਂ ਰੱਦ ਕਰ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਤਨਖਾਹ ਕਮਿਸ਼ਨ ਦਾ ਬਕਾਇਆ ਜਲਦੀ ਦਿੱਤਾ ਜਾਵੇ, ਪਿਛਲੇਂ ਸਮੇਂ ਦਾ ਪੈਂਡਿੰਗ ਪਿਆ ਡੀ ਏ ਦਿੱਤਾ ਜਾਵੇ, ਡੀ ਏ ਦੀਆਂ ਕਿਸ਼ਤਾਂ ਦਾ ਏਰੀਅਰ ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਪਰਖਕਾਲ ਦਾ ਸਮਾਂ ਖਤਮ ਕੀਤਾ ਜਾਵੇ ਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ।ਇਸ ਮੌਕੇ ਅੰਗਰੇਜ਼ ਸਿੰਘ ਪ੍ਰਧਾਨ ਪੰਜਾਬ ਰੋਡਵੇਜ਼, ਹਰਭਗਵਾਨ ਸਿੰਘ ਕਲਾਸ ਫੋਰ ਯੂਨੀਅਨ, ਬਰਜਿੰਦਰ ਸ਼ਰਮਾ ਸੂਬਾ ਆਗੂ, ਬਲਜੀਤ ਸਿੰਘ ਮੋਦਲਾ, ਬਲਜੀਤ ਸਿੰਘ ਕਿਰਪਾਲਕੇ, ਗੁਰਸੇਵਕ ਸਿੰਘ, ਬਸੰਤ ਸਿੰਘ, ਅਸ਼ੋਕ ਰੁਪਾਣਾ, ਮਨਿੰਦਰ ਸਿੰਘ ਤੇ ਨਛੱਤਰ ਸਿੰਘ ਥਾਂਦੇ ਆਦਿ ਆਗੂ ਮੌਜੂਦ ਸਨ।

**ਮੱਖੂ (ਰਛਪਾਲ ਸਿੰਘ ਸੰਧੂ)** : ਜੁਆਇੰਟ ਫੋਰਮ ਦੇ ਸੱਦੇ 'ਤੇ ਮੁਲਾਜ਼ਮਾਂ ਤੇ ਪੈਨਸ਼ਨਰ ਸਾਥੀਆਂ ਨੇ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਨ ਦੇ ਵਿਰੋਧ ਅਤੇ ਪੇ ਕਮਿਸ਼ਨ ਦਾ ਬਕਾਇਆ ਨਾ ਦੇਣ ਦੇ ਸਬੰਧ ਵਿੱਚ ਸਾਥੀ ਪ੍ਰਤਾਪ ਸਿੰਘ ਪ੍ਰਧਾਨ ਤੇ ਵੱਸਣ ਸਿੰਘ ਦੀ ਅਗਵਾਈ ਵਿੱਚ ਬਿਜਲੀ ਘਰ ਸਬ ਡਵੀਜ਼ਨ ਮਖੂ ਅੱਗੇ ਅਰਥੀ ਫੂਕ ਮੁਜ਼ਾਹਰਾ ਕੀਤਾ।ਇਸ ਮੌਕੇ ਪੈਨਸ਼ਨਰ ਤੇ ਮੁਲਾਜ਼ਮ ਸਾਥੀਆਂ ਵੱਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਤੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।ਇਸ ਰੋਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਜਗਦੇਵ ਸਿੰਘ ਮੰਡਲ ਆਗੂ, ਜਸਬੀਰ ਸਿੰਘ ਪੱਟੀ ਸਹਾਇਕ ਸਕੱਤਰ, ਗੁਰਪ੍ਰੀਤ ਸਿੰਘ ਐੱਸ ਐੱਸ ਏ, ਹਰਪ੍ਰੀਤ ਸਿੰਘ ਐੱਸ ਐੱਸ ਏ, ਸੁਖਵਿੰਦਰ ਸਿੰਘ ਘੁੱਦੂਵਾਲਾ, ਦਲੇਰ ਸਿੰਘ ਮਖੂ, ਸਤਨਾਮ ਸਿੰਘ ਮਖੂ, ਗੁਰਚਾਨਣ ਸਿੰਘ, ਬਲਵੀਰ ਸਿੰਘ ਲਹੁਕਾ, ਸੁਖਦੇਵ ਸਿੰਘ ਮਖੂ, ਕਰਨੈਲ ਸਿੰਘ ਮਾਲੜਾ, ਉਪਦੇਸ਼ ਕੁਮਾਰ ਤੇ ਪੈਨਸ਼ਨਰਜ਼ ਯੂਨੀਅਨ ਦੇ ਸਰਕਲ ਸਕੱਤਰ ਰਸ਼ਪਾਲ ਸਿੰਘ ਸੰਧੂ ਨੇ ਸੰਬੋਧਨ ਕੀਤਾ।

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)** : ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਸਾਂਝਾ ਮੋਰਚਾ ਦੇ ਸੱਦੇ 'ਤੇ ਗੁਰੂ ਹਰਸਹਾਏ ਦੇ ਸਮੂਹ ਮੁਲਾਜ਼ਮਾਂ ਵੱਲੋਂ ਸਬ-ਡਵੀਜ਼ਨ ਦਫ਼ਤਰ ਗੁਰੂ ਹਰਸਹਾਏ ਦੇ ਗੇਟ ਅੱਗੇ ਰੋਹ ਭਰਪੂਰ ਅਰਥੀ ਫੂਕ ਰੋਸ ਰੈਲੀ ਪ੍ਰਧਾਨ ਨਾਨਕ ਚੰਦ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਰੋਸ ਰੈਲੀ ਵਿੱਚ ਜੰਮ ਕੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਹੋਈ।ਰੋਸ ਰੈਲੀ ਨੂੰ ਸੰਬੋਧਨ ਕਰਦੇ ਹੋਏ ਸਰਕਲ ਸਕੱਤਰ ਸ਼ਿੰਗਾਰ ਮਹਿਰੋਕ ਤੇ ਸਬ ਡਵੀਜ਼ਨ ਪ੍ਰਧਾਨ ਸੁਰਿੰਦਰ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਨਾਲ ਸਾਂਝੇ ਮੋਰਚੇ ਦੀ ਤਹਿ ਹੋਈ ਮੀਟਿੰਗ ਦੀ ਤਾਰੀਕ ਵਾਰ ਵਾਰ ਬਦਲ ਕੇ ਅੱਗੇ ਪਾ ਦਿੱਤੀ ਗਈ ਹੈ, ਜਿਸ ਤੋਂ ਜਾਪਦਾ ਹੈ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ ।ਆਗੂਆਂ ਨੇ ਕਿਹਾ ਕਿ ਕਿ ਠੇਕੇਦਾਰੀ ਮਾੜੇ ਸਿਸਟਮ ਕਰਕੇ ਲਗਾਤਾਰ ਹਾਦਸੇ ਵੱਧ ਰਹੇ ਹਨ ਤੇ ਬਿਜਲੀ ਕਾਮਿਆਂ ਦੀ ਕੀਮਤੀ ਜਾਨ ਇਨ੍ਹਾਂ ਹਾਦਸਿਆਂ ਕਰਕੇ ਜਾ ਰਹੀ ਹੈ ਤੇ ਇਨ੍ਹਾਂ ਸਾਥੀਆਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਉਸੇ ਤਰਜ 'ਤੇ ਪਰਿਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ।ਆਗੂਆਂ ਨੇ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਮੀਟਿੰਗ ਨਾ ਕੀਤੀ ਗਈ ਜਾਂ ਮੀਟਿੰਗ ਵਿੱਚ ਹੋਈਆਂ ਸਹਿਮਤੀਆਂ ਲਾਗੂ ਕਰਕੇ ਸਰਕੂਲਰ ਨਾ ਜਾਰੀ ਕੀਤੇ ਗਏ ਤਾਂ ਪੰਜਾਬ ਦੇ ਸਮੁੱਚੇ ਮੁਲਾਜ਼ਮ ਹੋਰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਰੋਸ ਰੈਲੀ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਜਸਵਿੰਦਰ ਪਾਲ, ਸੁਖਦੇਵ ਸਿੰਘ, ਦਵਿੰਦਰ ਸਿੰਘ, ਸੰਦੀਪ ਕੁਮਾਰ, ਬਲਦੇਵ ਸਿੰਘ, ਪਰਵਿੰਦਰ ਸਿੰਘ, ਡਵੀਜ਼ਨ ਆਗੂ ਬਲਕਾਰ ਚੰਦ ਦੀ ਨੇ ਸੰਬੋਧਨ ਵੀ ਕੀਤਾ।



ਫਿਰੋਜ਼ਪੁਰ

**ਕੋਟਕਪੂਰਾ (ਰਛਪਾਲ ਭੁੱਲਰ)** : ਸਥਾਨਕ ਲਾਲਾ ਲਾਜਪਤ ਰਾਏ ਮਿਊਂਸਪਲ ਪਾਰਕ ਵਿੱਚ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਕੋਟਕਪੂਰਾ ਤਹਿਸੀਲ ਦੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਆਸ਼ਾ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੀਟਿੰਗਾਂ ਨਾ ਕਰਨ ਦੀ ਵਾਅਦਾ ਖਿਲਾਫੀ ਦੇ ਰੋਸ ਵਜੋਂ ਤਿੱਖੀ ਨਾਅਰੇਬਾਜ਼ੀ ਕਰਕੇ ਆਪਣਾ ਰੋਸ ਤੇ ਗੁੱਸਾ ਪ੍ਰਗਟ ਕੀਤਾ।ਆਗੂਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ 'ਤੇ ਦੋਸ਼ ਲਾਇਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਨਾਲ ਖੁਦ ਵਾਅਦੇ ਕਰਕੇ ਮੀਟਿੰਗ ਕਰਨ ਤੋਂ ਲਗਾਤਾਰ ਭੱਜ ਰਹੇ ਹਨ।ਇਸ ਸਮੇਂ ਆਪਣੇ ਸੰਬੋਧਨ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਵੀਰ ਇੰਦਰਜੀਤ ਸਿੰਘ ਪੁਰੀ, ਕੁਲਵੰਤ ਸਿੰਘ ਚਾਨੀ, ਸੁਭਾਸ਼ ਚੰਦਰ ਸ਼ਰਮਾ, ਇਕਬਾਲ ਸਿੰਘ ਮਘੇੜਾ ਜਨਰਲ ਸਕੱਤਰ, ਆਲ ਇੰਡੀਆ ਆਸ਼ਾ ਵਰਕਰਾਂ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਸਿੰਬਲਜੀਤ ਕੌਰ, ਕੁਲਵਿੰਦਰ ਸਿੰਘ ਮੌੜ, ਦਰਜਾ ਚਾਰ ਮੁਲਾਜ਼ਮਾਂ ਦੇ ਆਗੂ ਇਕਬਾਲ ਸਿੰਘ ਢੁੱਡੀ, ਬਲਕਾਰ ਸਿੰਘ ਸਹੋਤਾ ਤੇ ਇਕਬਾਲ ਸਿੰਘ ਰਣ ਸਿੰਘ ਵਾਲਾ, ਕੁਲਜੀਤ ਸਿੰਘ ਬੰਬੀਹਾ, ਗੁਰਚਰਨ ਸਿੰਘ ਮਾਨ, ਹੇਮ ਰਾਜ ਜੋਸ਼ੀ ਤੇ ਗੁਰਦੀਪ ਭੋਲਾ ਨੇ ਭਗਵੰਤ ਮਾਨ ਸਰਕਾਰ ਵੱਲੋਂ ਮੁਲਾਜ਼ਮ ਤੇ ਪੈਨਸ਼ਨਰ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਬੇਰੁਖੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਰੋਸ ਪ੍ਰਦਰਸ਼ਨ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਪੁਤਲਾ ਵੀ ਫੂਕਿਆ ਗਿਆ ਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾਈ ਲੀਡਰਸ਼ਿਪ ਤੋਂ ਮੰਗ ਕੀਤੀ ਕਿ 10 ਅਗਸਤ ਨੂੰ ਲੁਧਿਆਣਾ ਵਿਖੇ ਕੀਤੀ ਜਾ ਰਹੀ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਖਿਲਾਫ ਤਿੱਖਾ ਸੰਘਰਸ਼ ਸ਼ੁਰੂ ਕਰਨ ਦਾ ਐਕਸ਼ਨ ਪ੍ਰੋਗਰਾਮ ਉਲੀਕਿਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਤਰਸੇਮ ਨਰੂਲਾ, ਸੁਰਿੰਦਰ ਕੁਮਾਰ ਤੇ ਰਮੇਸ਼ਵਰ ਸਿੰਘ ਸੁਪਰਡੈਂਟ, ਹਰਦੇਵ ਸਿੰਘ ਗਿੱਲ, ਮਦਨ ਲਾਲ ਸ਼ਰਮਾ, ਸੁਖਮੰਦਰ ਸਿੰਘ ਰਾਮਸਰ, ਮਲਕੀਤ ਸਿੰਘ ਢਿੱਲਵਾਂ, ਗੁਰਚਰਨ ਸਿੰਘ ਮੁੱਖ ਅਧਿਆਪਕ, ਸੁਖਮੰਦਰ ਸਿੰਘ ਸੰਧਵਾਂ, ਸੁਰਜੀਤ ਸਿੰਘ ਭੱਟੀ, ਪ੍ਰਿੰਸੀਪਲ ਅਜੇ ਗੁਪਤਾ, ਪ੍ਰਿੰਸੀਪਲ ਦਰਸ਼ਨ ਸਿੰਘ, ਮਹਿੰਦਰ ਪਾਲ ਦਿਓੜਾ, ਆਸ਼ਾ ਵਰਕਰਾਂ ਦੇ ਆਗੂ ਸੁਰਜੀਤ ਕੌਰ, ਅਜੀਤ ਗਿੱਲ, ਚਰਨਜੀਤ ਕੌਰ ਲੰਭਵਾਲੀ, ਸੁਰਿੰਦਰ ਪਾਲ ਕੌਰ, ਸੁਰਜੀਤ ਕੌਰ ਨਾਨਕਸਰ, ਰੁਪਿੰਦਰ ਕੌਰ, ਜਸਵਿੰਦਰ ਕੌਰ ਤੇ ਗੁਰਮੇਲ ਕੌਰ ਸਮੇਤ ਵੱਡੀ ਗਿਣਤੀ ਵਿੱਚ ਮੁਲਾਜ਼ਮ, ਪੈਨਸ਼ਨਰ ਤੇ ਆਸ਼ਾ ਵਰਕਰ ਆਦਿ ਸ਼ਾਮਲ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਫਿਰੋਜ਼ਪੁਰ ਵੱਲੋਂ ਸਟੇਟ ਬਾਡੀ ਦੇ ਸੱਦੇ 'ਤੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਭਰਵੀਂ ਰੈਲੀ ਕੀਤੀ ਗਈ ਤੇ ਪੰਜਾਬ ਸਰਕਾਰ ਦੇ ਲਾਰਿਆਂ ਦੀ ਪੰਡ ਸਾੜੀ ਗਈ।ਇਸ ਰੈਲੀ ਦੀ ਪ੍ਰਧਾਨਗੀ ਜ਼ਿਲ੍ਹਾ ਕੋਆਰਡੀਨੇਟਰ ਸ਼ੁਬੇਗ ਸਿੰਘ ਵੱਲੋਂ ਕੀਤੀ ਗਈ।ਇਸ ਦੌਰਾਨ ਜਸਪਾਲ ਸਿੰਘ ਰਿਟਾਇਰਡ ਡੀ ਐੱਸ ਪੀ ਪੰਜਾਬ ਪੁਲਸ, ਅਜੀਤ ਸਿੰਘ ਜਨਰਲ ਸਕੱਤਰ ਪੈਨਸ਼ਨਰ ਐਸੋਸੀਏਸ਼ਨ, ਕਸ਼ਮੀਰ ਸਿੰਘ ਪ੍ਰਧਾਨ ਜੇਲ੍ਹ ਪੈਨਸ਼ਨਰ ਐਸੋਸੀਏਸ਼ਨ ਆਦਿ ਨੇ ਪੰਜਾਬ ਸਰਕਾਰ ਵੱਲੋਂ ਲਗਾਏ ਜਾ ਰਹੇ ਲਾਰਿਆਂ ਦੀ ਨਿਖੇਧੀ ਤੇ ਆਗਾਮੀ ਜ਼ਿਮਨੀ ਚੋਣਾਂ ਵਿੱਚ ਰੂਲਿੰਗ ਪਾਰਟੀ ਨੂੰ ਸਬਕ ਸਿਖਾਉਣ ਦੀ ਚੇਤਾਵਨੀ ਦਿੱਤੀ।ਸੰਬੋਧਨ ਦੌਰਾਨ ਪੈਰਾ ਮੈਡੀਕਲ ਯੂਨੀਅਨ ਦੇ ਗੁਰਦੇਵ ਸਿੰਘ ਸਿੱਧੂ, ਗੁਰਤੇਜ ਸਿੰਘ ਜਨਰਲ ਸਕੱਤਰ ਪੰਜਾਬ ਪੈਨਸ਼ਨਰ ਯੂਨੀਅਨ, ਰਕੇਸ਼ ਸ਼ਰਮਾ ਤੇ ਨਰਿੰਦਰ ਕੁਮਾਰ ਸ਼ਰਮਾ ਪੈਰਾ ਮੈਡੀਕਲ ਆਗੂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਵੀ ਮੁਲਾਜ਼ਮ ਯੂਨੀਅਨਾਂ ਦਾ ਸਮਰਥਨ ਕੀਤਾ।



ਪਾਤੜਾਂ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਪੀ ਡਬਲਿਯੂ ਡੀ ਫੀਲਡ ਐਂਡ ਵਰਕਸ਼ਾਪ ਬ੍ਰਾਂਚ ਪਾਤੜਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਗਰੂਰ ਰੋਡ ਪਾਤੜਾਂ ਵਿਖੇ ਇਕੱਤਰ ਹੋ ਕੇ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਲਾਰਿਆਂ ਦੀ ਪੰਡ ਨੂੰ ਅਗਨੀ ਭੇਟ ਕਰਕੇ ਸਰਕਾਰ ਖਿਲਾਫ ਰੋਸ ਦਾ ਪ੍ਰਗਟਾਵਾ ਕੀਤਾ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰਦਿਆਂ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਪਹਿਲਾਂ 25 ਜੁਲਾਈ ਤੇ ਹੁਣ 2 ਅਗਸਤ ਦੀ ਮੀਟਿੰਗ ਮੁਲਤਵੀ ਕਰਕੇ ਪੰਜਾਬ ਦੇ 7 ਲੱਖ ਮੁਲਾਜ਼ਮਾਂ ਨਾਲ ਵੱਡਾ ਧੋਖਾ ਕੀਤਾ ਗਿਆ, ਜਿਸ ਨਾਲ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਅੰਦਰ ਵਿਆਪਕ ਰੋਸ ਹੈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਬ੍ਰਾਂਚ ਦੇ ਪ੍ਰਧਾਨ ਕੁਲਦੀਪ ਸਿੰਘ ਘੱਗਾ, ਜ਼ੋਨ ਪ੍ਰਧਾਨ ਜਸਵੀਰ ਸਿੰਘ ਖੋਖਰ, ਚੇਅਰਮੈਨ ਦਰਸ਼ਨ ਸਿੰਘ ਰੋਗਲਾ, ਲਖਵਿੰਦਰ ਸਿੰਘ, ਹਰਬੀਰ ਸਿੰਘ ਸੁਨਾਮ, ਨਾਥ ਸਿੰਘ ਬੁਜਰਕ, ਗੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ, ਮੀਤ ਪ੍ਰਧਾਨ ਮਲਕੀਤ ਸਿੰਘ, ਜਨਰਲ ਸਕੱਤਰ ਪਵਨ ਕੁਮਾਰ, ਵਿੱਤ ਸਕੱਤਰ, ਸਲਿੰਦਰ ਸਿੰਘ, ਸਹਾਇਕ ਜਨਰਲ ਸਕੱਤਰ ਗੁਰਚਰਨ ਸਿੰਘ, ਸਹਾਇਕ ਵਿੱਤ ਸਕੱਤਰ ਮਹਿੰਦਰ ਸਿੰਘ, ਪ੍ਰੈੱਸ ਸਕੱਤਰ ਪ੍ਰਕਾਸ਼ ਚੰਦ, ਸਲਾਹਕਾਰ ਪਿਆਰਾ ਸਿੰਘ, ਸਰਪਰਸਤ ਹਰਦੇਵ ਸਿੰਘ, ਬਲਜਿੰਦਰ ਸਿੰਘ, ਜੁਆਇੰਟ ਸਕੱਤਰ ਜਨਕ ਰਾਜ ਮੌਕੇ 'ਤੇ ਹਾਜ਼ਰ ਸਨ।

# ਠੇਕਾ ਮੁਲਾਜ਼ਮਾਂ 'ਸਕਾਡਾ ਸਿਸਟਮ' ਦੇ ਵਿਰੋਧ 'ਚ ਸਰਕਾਰ ਦੀ ਅਰਥੀ ਸਾੜੀ


ਲਹਿਰਾ ਮੁਹੱਬਤ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ 'ਸੰਘਰਸ਼ ਮੋਰਚੇ' ਦੇ ਬੈਨਰ ਹੇਠ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ 'ਸਕਾਡਾ' ਸਿਸਟਮ ਲਿਆਉਣ ਦੇ ਵਿਰੋਧ 'ਚ ਥਰਮਲ ਗੇਟ 'ਤੇ ਰੋਸ ਰੈਲੀ ਕਰਕੇ ਪੰਜਾਬ ਸਰਕਾਰ ਦੀ ਅਰਥੀ ਸਾੜੀ। ਆਗੂਆਂ ਜਗਰੂਪ ਸਿੰਘ ਲਹਿਰਾ, ਜਗਸੀਰ ਸਿੰਘ ਭੰਗੂ, ਬਲਜਿੰਦਰ ਸਿੰਘ ਮਾਨ ਤੇ ਹਰਦੀਪ ਸਿੰਘ ਤੱਗੜ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ 'ਆਪ' ਸਰਕਾਰ ਵੱਲੋਂ ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕੇਂਦਰ ਸਰਕਾਰ ਤੇ ਵਿਸ਼ਵ ਵਪਾਰ ਸੰਸਥਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ 'ਤੇ ਨਿੱਜੀਕਰਨ ਦਾ ਹੱਲਾ ਵਿੱਢਿਆ ਹੋਇਆ ਹੈ। ਇਸੇ ਤਹਿਤ ਹੀ ਹੋਰਾਂ ਵਿਭਾਗਾਂ ਦੀ ਤਰ੍ਹਾਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਪੱਕੀਆਂ ਅਸਾਮੀਆਂ ਦਾ ਖ਼ਾਤਮਾ ਕਰਕੇ ਵਿਭਾਗ 'ਚ ਆਊਟਸੋਰਸਡ/ਇਨਲਿਸਟਮੈਂਟ ਪ੍ਰਣਾਲੀ ਰਾਹੀਂ ਠੇਕਾ ਭਰਤੀ ਕੀਤੀ ਹੋਈ ਹੈ। ਵਿਭਾਗ ਦੇ ਠੇਕਾ ਮੁਲਾਜ਼ਮਾਂ ਨੂੰ ਲੰਬੀਆਂ ਸੇਵਾਵਾਂ ਦੇ ਬਾਵਜੂਦ ਪੱਕਾ ਨਹੀਂ ਕੀਤਾ ਜਾ ਰਿਹਾ ਤੇ ਨਿੱਜੀਕਰਨ ਦੇ ਇਸ ਹੱਲੇ ਤਹਿਤ ਹੀ 'ਸਕਾਡਾ' ਸਿਸਟਮ ਲਿਆਂਦਾ ਜਾ ਰਿਹਾ ਹੈ, ਜਿਸ ਨਾਲ ਪਿੰਡਾਂ ਦੀਆਂ ਪਾਣੀਆਂ ਵਾਲੀਆਂ ਟੈਂਕੀਆਂ 'ਤੇ 'ਸਕਾਡਾ' ਸਿਸਟਮ ਲੱਗਣ ਨਾਲ਼ ਪੀਣ ਵਾਲੇ ਪਾਣੀ 'ਤੇ ਮੁਕੰਮਲ ਤੌਰ 'ਤੇ ਕਾਰਪੋਰੇਟ ਘਰਾਣਿਆਂ/ਕੰਪਨੀਆਂ ਦਾ ਕਬਜ਼ਾ ਹੋ ਜਾਵੇਗਾ। ਪ੍ਰਾਈਵੇਟ ਕੰਪਨੀਆਂ ਪਾਣੀ ਆਪਣੀ ਮਨਮਰਜ਼ੀ ਦੇ ਭਾਅ ਵੇਚਣਗੀਆਂ। ਇਸ ਤਰ੍ਹਾਂ ਪੇਂਡੂ ਖੇਤਰ ਦੇ ਲੋਕਾਂ ਤੋਂ ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਖੁਸ ਜਾਵੇਗੀ ਤੇ ਪਾਣੀ ਵਾਲੀਆਂ ਟੈਂਕੀਆਂ 'ਤੇ ਸੇਵਾਵਾਂ ਦੇ ਰਹੇ ਸਮੂਹ ਆਊਟਸੋਰਸਡ/ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਦਾ ਰੁਜ਼ਗਾਰ ਵੀ ਖੁਸ ਜਾਵੇਗਾ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨਿਰਦੋਸ਼ ਠੇਕਾ ਮੁਲਾਜ਼ਮਾਂ ਤੇ ਲੋਕਾਂ 'ਤੇ ਪਾਏ ਝੂਠੇ ਪੁਲਸ ਕੇਸ ਤੁਰੰਤ ਪ੍ਰਭਾਵ ਨਾਲ਼ ਰੱਦ ਕੀਤੇ ਜਾਣ ਤੇ ਉਕਤ ਐੱਸ. ਡੀ. ਓ. 'ਤੇ ਵਿਭਾਗੀ ਕਾਰਵਾਈ ਕੀਤੀ ਜਾਵੇ।


ਜਲਾਲਾਬਾਦ

**ਜਲਾਲਾਬਾਦ (ਜੀਤ ਕੁਮਾਰ)** : ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਡਵੀਜ਼ਨ ਪਠਾਨਕੋਟ ਅਧੀਨ ਆਉਂਦੀ ਸਬ ਡਵੀਜ਼ਨ ਤਾਰਾਗੜ੍ਹ ਦੇ ਐੱਸ.ਡੀ.ਓ. ਵੱਲੋਂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ ਪੰਚਾਇਤੀਕਰਨ ਦੀਆਂ ਲੋਕ ਮਾਰੂ ਨੀਤੀਆਂ ਦਾ ਪੂਰਅਮਨ ਢੰਗ ਨਾਲ ਵਿਰੋਧ ਕਰਦੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੇ ਵਰਕਰਾਂ ਤੇ ਉਨ੍ਹਾਂ ਦੇ ਪਰਵਾਰਾਂ ਉੱਪਰ ਝੂਠਾ ਪਰਚਾ ਕਰਵਾਉਣ ਦੇ ਰੋਸ ਵਜੋਂ ਜਥੇਬੰਦੀ ਦੀ ਜ਼ਿਲ੍ਹਾ ਫਾਜ਼ਿਲਕਾ ਦੀ ਬ੍ਰਾਂਚ ਕਮੇਟੀ ਜਲਾਲਾਬਾਦ ਵੱਲੋਂ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਤੇ ਦਫਤਰੀ ਸਟਾਫ ਦੇ ਸੂਬਾ ਆਗੂ ਸੁਖਚੈਨ ਸਿੰਘ ਸੋਢੀ ਦੀ ਅਗਵਾਈ ਹੇਠ ਇਥੇ ਜਲ ਸਪਲਾਈ ਵਿਭਾਗ ਦੀ ਸਬ ਡਵੀਜ਼ਨ ਦਫਤਰ ਗੁੰਮਾਨੀਵਾਲਾ ਵਿਖੇ ਇਕੱਠ ਕਰਨ ਉਪਰੰਤ ਐੱਸ.ਡੀ.ਓ. ਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਤੇ ਦਫਤਰੀ ਸਟਾਫ ਦੇ ਪ੍ਰਧਾਨ ਸੁਖਚੈਨ ਸਿੰਘ ਸੋਢੀ ਨੇ ਕਿਹਾ ਕਿ ਉਕਤ ਐੱਸ.ਡੀ.ਓ. ਦੇ ਤਾਨਾਸ਼ਾਹੀ ਰਵੱਈਏ ਨੂੰ ਸੰਘਰਸ਼ੀ ਲੋਕ ਕਿਸੇ ਵੀ ਕੀਮਤ 'ਤੇ ਬਰਦਾਰਸ਼ਤ ਨਹੀਂ ਕਰਨਗੇ ਤੇ ਸਰਕਾਰਾਂ ਦੇ ਤਾਨਾਸ਼ਾਹੀ ਰਵੱਈਏ ਖਿਲਾਫ ਚੱਲ ਰਹੇ ਸੰਘਰਸ਼ਾਂ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣਗੇ। ਆਗੂਆਂ ਨੇ ਕਿਹਾ ਕਿ ਸਾਡੀ ਜਥੇਬੰਦੀ ਦੀ ਮੰਗ ਹੈ ਕਿ ਪਠਾਨਕੋਟ ਵਿਖੇ ਜਲ ਸਪਲਾਈ ਵਿਭਾਗ ਦੇ ਵਰਕਰਾਂ, ਪਰਵਾਰਾਂ ਤੇ ਪਿੰਡ ਵਾਸੀਆਂ ਉੱਪਰ ਝੂਠੇ ਦਰਜ ਕੀਤੇ ਪਰਚੇ ਨੂੰ ਤੁਰੰਤ ਰੱਦ ਕੀਤਾ ਜਾਵੇ। ਪੇਂਡੂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ (ਕੰਪਨੀ) ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕਰਨਾ ਬੰਦ ਕੀਤਾ ਜਾਵੇ। ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਦਾ ਪ੍ਰਬੰਧ ਸਰਕਾਰ ਖੁਦ ਕਰੇ। ਪਿਛਲੇ ਸਾਲਾਂਬੱਧੀ ਅਰਸੇ ਤੋਂ ਕੰਮ ਕਰਦੇ ਠੇਕਾ ਵਰਕਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ।

## ਸੰਧਵਾਂ ਨੇ ਤੀਆਂ ਦੇ ਮੇਲੇ 'ਚ ਕੀਤੀ ਸ਼ਿਰਕਤ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਪੀਕਰ ਵਿਧਾਨ ਸਭਾ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਬੀਤੀ ਸ਼ਾਮ ਸਥਾਨਕ ਸੰਗਮ ਪੈਲੇਸ ਵਿੱਚ ਮਨਾਏ ਤੀਆਂ ਦਾ ਤਿਉਹਾਰ ਮੇਲਾ ਤੀਆਂ ਦਾ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆਂ ਉਨ੍ਹਾ ਕਿਹਾ ਕਿ ਸਾਨੂੰ ਆਪਣੀ ਸੰਸਕ੍ਰਿਤੀ, ਤਿਉਹਾਰਾਂ 'ਤੇ ਮਾਨ ਹੈ, ਜਿਸ ਨਾਲ ਪੰਜਾਬ ਬਣਦਾ ਹੈ।ਉਨ੍ਹਾ ਕਿਹਾ ਕਿ ਪੰਜਾਬ ਬਲੀਦਾਨ, ਭਲਾਈ ਤੇ ਤਿਉਹਾਰਾਂ ਦਾ ਰਾਜ ਹੈ।ਉਨ੍ਹਾ ਕਿਹਾ ਕਿ ਅਜਿਹੇ ਮੇਲੇ ਕਰਵਾਉਣਾ ਬਹੁਤ ਵੱਡਾ ਉਪਰਾਲਾ ਹੈ, ਜਿਸ ਨਾਲ ਸਾਡੇ ਨੌਜਵਾਨਾਂ ਨੂੰ ਆਪਣੇ ਸੱਭਿਆਚਾਰ ਨਾਲ ਜੁੜੇ ਰਹਿਣ ਦਾ ਮੌਕਾ ਮਿਲਦਾ ਹੈ।ਉਨ੍ਹਾ ਕਿਹਾ ਕਿ ਸਾਨੂੰ ਪੰਜਾਬੀ ਹੋਣ 'ਤੇ ਮਾਣ ਹੈ।ਸਾਨੂੰ ਆਪਣੇ ਸੱਭਿਆਚਾਰ, ਸੰਸਕ੍ਰਿਤੀ ਤੇ ਰੀਤੀ ਰਿਵਾਜਾਂ 'ਤੇ ਮਾਣ ਹੈ।ਉਨ੍ਹਾ ਕਿਹਾ ਕਿ ਅਜਿਹੇ ਮੇਲੇ ਸਾਡੀਆਂ ਧੀਆਂ ਨੂੰ ਖੁਸ਼ੀਆਂ ਦੇਣ ਦਾ ਇੱਕ ਜ਼ਰੀਆ ਹੈ।ਇਸ ਮੌਕੇ ਉਨ੍ਹਾਂ ਭਾਰਤ ਵਿਕਾਸ ਪ੍ਰੀਸ਼ਦ ਕਲੱਬ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਵੀ ਅਜਿਹੇ ਮੇਲੇ ਕਰਵਾਉਣ ਲਈ ਦਿੱਤੀ।

## ਅਕਾਲ ਅਕੈਡਮੀ ਨੇ ਜ਼ੋਨ-ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਚੀਮਾ ਪੀ.ਐੱਸ.ਈ.ਬੀ. ਦੇ ਵਿਦਿਆਰਥੀਆਂ ਨੇ ਪੰਜਾਬ ਦੀਆਂ 68ਵੀਆਂ ਜ਼ੋਨ-ਪੱਧਰੀ ਖੇਡਾਂ ਵਿੱਚ ਮੱਲਾਂ ਮਾਰੀਆਂ।ਅਕੈਡਮੀ ਦੇ ਵਿੱਦਿਆਰਥੀਆਂ ਨੇ ਉਮਰ ਗਰੁੱਪ 14, 17, 19 ਹਾਕੀ ਦੀਆਂ ਖੇਡਾਂ ਵਿੱਚ ਭਾਗ ਲਿਆ, ਜਿਸ ਵਿੱਚ ਉਮਰ ਵਰਗ 14 ਸਾਲਾ ਲੜਕੀਆਂ ਨੇ ਪਹਿਲੀ ਪੁਜ਼ੀਸ਼ਨ, ਉਮਰ ਵਰਗ 14 ਸਾਲਾ ਲੜਕਿਆਂ ਨੇ ਪਹਿਲੀ ਪੁਜ਼ੀਸ਼ਨ, ਉਮਰ ਵਰਗ-17 ਲੜਕੀਆਂ ਨੇ ਦੂਜੀ ਪੁਜ਼ੀਸ਼ਨ ਤੇ ਉਮਰ ਵਰਗ-17 ਲੜਕਿਆਂ ਨੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ।ਲੜਕੇ ਤੇ ਲੜਕੀਆਂ ਦਾ ਖੇਡਾਂ ਵਿੱਚ ਜਿੱਤ ਪ੍ਰਾਪਤ ਕਰਕੇ ਆਉਣ 'ਤੇ ਅਕਾਲ ਅਕੈਡਮੀ ਚੀਮਾ ਸਾਹਿਬ ਪੀ.ਐੱਸ.ਈ.ਬੀ. ਦੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਤੇ ਪ੍ਰਗਟ ਸਿੰਘ ਡੀ ਪੀ ਨੇ ਸਨਮਾਨ ਕੀਤਾ ਅਤੇ ਭਵਿੱਖ ਵਿੱਚ ਹੋਰ ਸਖਤ ਮਿਹਨਤ ਨਾਲ ਉੱਚ-ਦਰਜਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

## ਖ਼ੂਨ ਦਾਨ ਕਰਨਾ ਤੰਦਰੁਸਤੀ ਦੀ ਨਿਸ਼ਾਨੀ : ਜੋਈਆ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਸੁਖਦੀਪ ਸਿੰਘ ਸੋਹਲ ਦੀ ਅਗਵਾਈ ਹੇਠ 303ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਰਸਮੀ ਉਦਘਾਟਨ ਅਮਰਜੀਤ ਸਿੰਘ ਨੌਗਾਵਾਂ ਪ੍ਰਧਾਨ ਪੰਚਾਇਤ ਯੂਨੀਅਨ ਜ਼ਿਲ੍ਹਾ ਪਟਿਆਲਾ ਨੇ ਖ਼ੁਦ ਖ਼ੂਨ ਦਾਨ ਕਰਕੇ ਕੀਤਾ, ਜਦੋਂਕਿ ਮਨੋਜ ਕੁਮਾਰ ਜੋਈਆ ਬੀ. ਪੀ. ਈ. ਓ. ਭੁੰਨਰਹੇੜੀ-1 ਬਤੌਰ ਮੁੱਖ ਮਹਿਮਾਨ ਤੇ ਟਹਿਲਬੀਰ ਸਿੰਘ ਨੌਗਾਵਾਂ ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ, ਜਿਨ੍ਹਾਂ ਨੇ ਖ਼ੁਦ ਵੀ ਖ਼ੂਨ ਦਾਨ ਕੀਤਾ।ਇਸ ਮੌਕੇ ਜਰਨੈਲ ਸਿੰਘ ਛਾਜਲਾ ਨੇ 29ਵੀਂ ਵਾਰ, ਮਨਵਿੰਦਰ ਸਿੰਘ ਮਨੀ ਟੌਹੜਾ ਨੇ 19ਵੀਂ ਵਾਰ ਤੇ ਗੁਰਜੀਤ ਸਿੰਘ ਗਰਚਾ ਨੇ ਵੀ ਖ਼ੂਨ ਦਾਨ ਕੀਤਾ।ਇਸ ਮੌਕੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕਰਦੇ ਹੋਏ ਮਨੋਜ ਕੁਮਾਰ ਜੋਈਆ ਨੇ ਕਿਹਾ ਕਿ ਖ਼ੂਨ ਦਾਨ ਕਰਨਾ ਤੰਦਰੁਸਤੀ ਦੀ ਨਿਸ਼ਾਨੀ ਹੈ।ਇਸ ਮੌਕੇ ਅਵਤਾਰ ਸਿੰਘ ਬਲਬੇੜਾ ਤੇ ਕਿਰਪਾਲ ਸਿੰਘ ਪੰਜੌਲਾ ਹਾਜ਼ਰ ਸਨ।

## ਚੋਰਾਂ ਨੇ ਇੱਕੋ ਰਾਤ 6 ਦੁਕਾਨਾਂ ਨੂੰ ਬਣਾਇਆ ਨਿਸ਼ਾਨਾ

**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸੱਪਲ)**-ਸਥਾਨਕ ਕਸਬੇ ਵਿੱਚ ਚੋਰਾਂ ਵੱਲੋਂ ਰਾਤ ਸਮੇਂ ਦੁਕਾਨਾਂ ਨੂੰ ਆਪਣਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਕਾਰਨ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਦਾ ਬਣਿਆ ਹੋਇਆ ਹੈ।ਵਰਨਣਯੋਗ ਹੈ ਕਿ ਬੀਤੀ ਰਾਤ ਕਸਬੇ ਦੇ ਮੇਨ ਬਸ ਸਟੈਂਡ ਤੋਂ ਲੈ ਕੇ ਰਾਮਲੀਲ੍ਹਾ ਗਰਾਊਂਡ ਵਾਲੇ ਮੇਨ ਰਸਤੇ 'ਤੇ ਚੋਰਾਂ ਨੇ 6 ਦੁਕਾਨਾਂ ਦੇ ਸ਼ਟਰ ਤੋੜ ਕੇ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ।ਇਨ੍ਹਾਂ ਚੋਰੀ ਦੀਆਂ ਘਟਨਾਵਾਂ 'ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਮੇਲਾ ਸਿੰਘ ਸੂਬੇਦਾਰ, ਕੌਂਸਲਰ ਬਲਵਿੰਦਰ ਸਿੰਘ ਢਿੱਲੋਂ, ਵਪਾਰ ਮੰਡਲ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਗਲਾ, ਵਿਜੇ ਗੋਇਲ, ਕਾਲਾ ਮਿੱਤਲ ਨੇ ਆਖਿਆ ਕਿ ਪੁਲਸ ਪ੍ਰਸ਼ਾਸਨ ਵੱਲੋਂ ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਰਾਤ ਸਮੇਂ ਪੁਲਸ ਗਸ਼ਤ ਵਧਾਈ ਜਾਵੇ ਤਾਂ ਜੋ ਇਨ੍ਹਾਂ ਅਣਸੁਖਾਵੀਂ ਘਟਨਾਵਾਂ ਤੋਂ ਬਚਿਆ ਜਾ ਸਕੇ।ਇਨ੍ਹਾਂ ਚੋਰੀ ਦੀਆਂ ਘਟਨਾਵਾਂ ਕਾਰਨ ਰੋਸ ਵਿੱਚ ਆਏ ਦੁਕਾਨਦਾਰਾਂ ਨੇ ਮੇਨ ਬਸ ਸਟੈਂਡ ਅੱਗੇ ਧਰਨਾ ਲਾ ਦਿੱਤਾ ਤੇ ਸਮੂਹ ਲੋਕਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਚੋਰਾਂ ਨੂੰ ਕਾਬੂ ਕੀਤਾ ਜਾਵੇ ਅਤੇ ਅਜਿਹਾ ਨਾ ਹੋਣ ਦੀ ਸੂਰਤ ਵਿੱਚ ਲੋਕ ਥਾਣੇ ਅੱਗੇ ਧਰਨਾ ਲਾਉਣ ਲਈ ਮਜਬੂਰ ਹੋਣਗੇ।ਇਸ ਮੌਕੇ ਭਾਜਪਾ ਮੰਡਲ ਦੇ ਪ੍ਰਧਾਨ ਰਤਨ ਕੁਮਾਰ ਮੰਗੂ, ਨੀਟੂ ਸ਼ਰਮਾ, ਅਮਰਜੀਤ ਸਿੰਘ ਗਿੱਲ ਆਦਿ ਮੌਜੂਦ ਸਨ।

## ਪੀ ਐੱਸ ਪੀ ਸੀ ਐੱਲ ਦਾ ਠੇਕੇਦਾਰ 20,000 ਰੁਪਏ ਰਿਸ਼ਵਤ ਲੈਂਦਾ ਦਬੋਚਿਆ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਅੱਜ ਮੌੜ, ਜ਼ਿਲ੍ਹਾ ਬਠਿੰਡਾ ਵਿਖੇ ਪੀ.ਐਸ.ਪੀ.ਸੀ.ਐਲ. ਦਫ਼ਤਰ ਦੇ ਇੱਕ ਨਿੱਜੀ ਠੇਕੇਦਾਰ ਅੰਮ੍ਰਿਤਪਾਲ ਉਰਫ਼ ਕੱਦੂ ਨੂੰ ਪੀ.ਐਸ.ਪੀ.ਸੀ.ਐਲ. ਗਰਿੱਡ ਮੌੜ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਬਠਿੰਡਾ ਜ਼ਿਲ੍ਹੇ ਦੇ ਪਿੰਡ ਕੁੱਤੀਵਾਲ ਖੁਰਦ ਦੀ ਵਸਨੀਕ ਨਿੱਕੀ ਕੌਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਨੇ ਉਸ ਦੀ ਵਾਹੀਯੋਗ ਜ਼ਮੀਨ ਦਾ ਟਿਊਬਵੈੱਲ ਕੁਨੈਕਸ਼ਨ ਦਿਵਾਉਣ ਬਦਲੇ 80,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਅਤੇ ਭਰੋਸਾ ਦਿੱਤਾ ਕਿ ਠੇਕੇਦਾਰ ਹੋਣ ਨਾਤੇ ਪੀ.ਐਸ.ਪੀ.ਸੀ.ਐਲ. ਦਫ਼ਤਰ ਮੌੜ ਵਿਖੇ ਤਾਇਨਾਤ ਅਧਿਕਾਰੀਆਂ ਨਾਲ ਉਸ ਦੇ ਚੰਗੇ ਸਬੰਧ ਹਨ। ਉਸ ਨੇ ਦੋਸ਼ ਲਾਇਆ ਕਿ ਮੁਲਜ਼ਮ ਨੇ ਪੇਸ਼ਗੀ ਵਜੋਂ 30,000 ਰੁਪਏ ਅਤੇ ਬਾਕੀ ਪੈਸੇ ਬਿਜਲੀ ਕੁਨੈਕਸ਼ਨ ਲੱਗਣ ਤੋਂ ਬਾਅਦ ਦੇਣ ਲਈ ਕਿਹਾ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜ਼ਮ ਠੇਕੇਦਾਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਪਹਿਲੀ ਕਿਸ਼ਤ ਵਜੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

# ਸੇਵਾ-ਮੁਕਤ ਬਿਜਲੀ ਕਾਮਿਆਂ ਸਰਕਾਰ ਦੀ ਅਰਥੀ ਫੂਕੀ



**ਦੋਰਾਹਾ (ਹਰਮਿੰਦਰ ਸੇਠ)**-ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੇ ਸੱਦੇ 'ਤੇ ਸਰਕਲ ਵਰਕਿੰਗ ਕਮੇਟੀ ਪਾਵਰਕਾਮ/ਟ੍ਰਾਸਕੋ ਖੰਨਾ ਦੇ ਫੈਸਲੇ ਮੁਤਾਬਕ ਡਵੀਜ਼ਨ ਦਫਤਰ ਦੋਰਾਹਾ ਪਾਵਰਕਾਮ ਅੱਗੇ ਡਵੀਜ਼ਨ ਪ੍ਰਧਾਨ ਸੁਖਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਰੈਲੀ ਕਰਕੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਸੇਵਾ ਮੁਕਤ ਕਾਮਿਆਂ ਨੇ ਭਗਵੰਤ ਮਾਨ ਦੀ ਸਰਕਾਰ ਵਲੋਂ ਵਾਰ ਵਾਰ ਮੀਟਿੰਗ ਦੇ ਕੇ ਮੀਟਿੰਗ ਨਾ ਕਰਨਾ ਅਤੇ ਲੰਮੇ ਸਮੇ ਤੋਂ ਲਟਕਦੀਆਂ ਮੰਗਾਂ ਮਸਲਿਆਂ ਨੂੰ ਹੱਲ ਕਰਾਉਣ ਲਈ ਰੋਸ ਵਜੋਂ ਪੰਜਾਬ ਸਰਕਾਰ ਦੀ ਅਰਥੀ ਨੂੰ ਲਾਂਬੂ ਲਾਇਆ। ਵੱਖ-ਵੱਖ ਆਗੂਆਂ ਸਰਕਲ ਪ੍ਰਧਾਨ ਹਰਬੰਸ ਸਿੰਘ 'ਦੋਬੁਰਜੀ' ਸੀਨੀਅਰ ਮੀਤ ਪ੍ਰਧਾਨ ਸਰਕਲ ਖੰਨਾ ਤਰਸੇਮ ਲਾਲ, ਡਵੀਜ਼ਨ ਆਗੂ ਹਰਚਰਨ ਸਿੰਘ 'ਗਰੇਵਾਲ' ਰਾਮ ਕਿਸ਼ਨ, ਰਕੇਸ਼ ਕੁਮਾਰ, ਜਗਦੇਵ ਸਿੰਘ, ਅਵਤਾਰ ਸਿੰਘ, ਸਾਂਗਾ ਰਾਮ, ਰਾਮ ਸਰੂਪ ਅਤੇ ਸਿਕੰਦਰ ਸਿੰਘ ਨੇ ਆਪਣੇ ਵਿਚਾਰ ਰੱਖਦੇ ਹੋਏ ਦੱਸਿਆ ਕਿ ਭਗਵੰਤ ਮਾਨ ਸਰਕਾਰ ਵਾਰ-ਵਾਰ ਮੀਟਿੰਗ ਦੇ ਕੇ ਲਗਾਤਾਰ ਪੋਸਟਪੋਨ ਕਰਕੇ ਜੋ ਜਥੇਬੰਦੀਆਂ ਨਾਲ ਮੁਲਾਜ਼ਮ ਅਤੇ ਪੈਨਸ਼ਨਰਾਂ ਦੇ ਮੰਗਾਂ ਮਸਲਿਆਂ ਨੂੰ ਹੱਲ ਕਰਨ ਲਈ ਸਹਿਮਤੀਆਂ ਹੋਈਆਂ ਸਨ ਉਨ੍ਹਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ।

ਕੇਂਦਰ ਅਤੇ ਪੰਜਾਬ ਸਰਕਾਰ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਦੇ ਹੋਏ ਮਿਲਦੀਆਂ ਆਰਥਿਕ ਸਹੂਲਤਾਂ ਨੂੰ ਬੰਦ ਕਰਨ ਦੀਆਂ ਯੋਜਨਾਵਾਂ ਬਣਾਈਆਂ ਜਾਂਦੀਆਂ ਹਨ। ਸੰਘਰਸ਼ 'ਤੇ ਪਾਬੰਦੀਆਂ ਲਾਉਣ ਲਈ ਅਤੇ ਜਥੇਬੰਦੀਆਂ ਨੂੰ ਆਗੂ ਰਹਿਤ ਕਰਨ ਲਈ ਨਵੇਂ ਫੌਜਦਾਰੀ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ। ਆਗੂਆਂ ਮੰਗ ਕੀਤੀ ਕਿ ਜੇਕਰ ਸੇਵਾ ਮੁਕਤ ਬਿਜਲੀ ਕਾਮਿਆਂ ਦੀਆਂ ਮੰਗ ਮਸਲੇ ਯੂਨਿਟਾਂ ਦੀ ਰਿਆਇਤ ਦੇਣਾ, ਮਹਿਕਮੇ ਵਿੱਚੋਂ ਨਿੱਜੀਕਰਨ ਆਊਟ ਸੋਰਸਿੰਗ ਠੇਕੇਦਾਰੀ ਦੀ ਨੀਤੀ ਰੱਦ ਕਰਨਾ, ਬਿਨਾਂ ਸ਼ਰਤ ਪੱਕੀ ਭਰਤੀ ਕਰਨਾ, ਮਿਤੀ 31-12-2015 ਤੋਂ ਪਹਿਲਾਂ ਦੇ ਸੇਵਾ ਮੁਕਤ ਹੋ ਚੁੱਕੇ ਕਾਮਿਆਂ ਨੂੰ 2.59% ਨਾਲ ਪੈਨਸ਼ਨ ਫਿਕਸ ਕਰਕੇ ਬਕਾਇਆ ਦੇਣਾ 1-1-16 ਤੋਂ ਬਾਅਦ ਦੇ ਕਾਮਿਆਂ ਨੂੰ ਬਣਦਾ ਬਕਾਇਆ ਦੇਣਾ, ਅੱਜ ਤੱਕ ਬਣਦੀਆਂ ਡੀ.ਏ. ਦੀਆਂ ਕਿਸ਼ਤਾਂ ਅਤੇ ਬਣਦਾ ਬਕਾਇਆ ਦੇਣਾ, 23 ਸਾਲਾ ਸਕੇਲ ਬਿਨਾਂ ਸ਼ਰਤ ਲਾਗੂ ਕਰਨਾ, ਕੈਸ਼ਲੈਸ ਸਕੀਮ ਚਾਲੂ ਕਰਨਾ, ਬਿਜਲੀ ਯੂਨਿਟਾਂ ਦੀ ਰਿਆਇਤ ਦੇਣਾ, ਬੁਢਾਪਾ ਅਲਾਊਂਸ ਨੂੰ ਬੇਸਿਕ ਪੈਨਸ਼ਨ ਵਿੱਚ ਜੋੜਨਾ, ਮੈਡੀਕਲ ਭੱਤਾ 2000/- ਪ੍ਰਤੀ ਮਹੀਨਾ ਕਰਨਾ ਆਦਿ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਦੋਰਾਹਾ ਡਵੀਜ਼ਨ ਦੇ ਸੇਵਾ ਮੁਕਤ ਸੂਬਾ ਕਮੇਟੀ ਦੇ ਆਏ ਸੰਘਰਸ਼ ਪ੍ਰੋਗਰਾਮ ਨੂੰ ਦ੍ਰਿੜ੍ਹਤਾ ਨਾਲ ਲਾਗੂ ਕਰਨਗੇ।ਇਹ ਜਾਣਕਾਰੀ ਡਵੀਜ਼ਨ ਦੇ ਸਕੱਤਰ ਹਰਬੰਸ ਸਿੰਘ 'ਦੋਬੁਰਜੀ' ਨੇ ਪ੍ਰੈਸ ਨੂੰ ਦਿੱਤੀ।

## ਵਿਜੀਲੈਂਸ ਵੱਲੋਂ ਸਹਿਕਾਰੀ ਸਭਾ ਦੇ ਪ੍ਰਧਾਨ ਸਮੇਤ ਤਿੰਨ ਗ੍ਰਿਫ਼ਤਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਵਿਜੀਲੈਂਸ ਵਿਭਾਗ ਬਰਨਾਲਾ ਟੀਮ ਵਲੋਂ ਦੀ ਖੇਤੀਬਾੜੀ ਸਹਿਕਾਰੀ ਸਭਾ ਹਮੀਦੀ ਦੇ ਪ੍ਰਧਾਨ ਅਤੇ ਦੋ ਮੈਂਬਰਾਂ ਨੂੰ 2021 'ਚ ਦਰਜ ਹੋਏ ਇਕ ਮੁਕੱਦਮੇ 'ਚ ਨਾਮਜ਼ਦ ਕਰਨ ਉਪਰੰਤ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਬਿਊਰੋ ਬਰਨਾਲਾ ਦੇ ਇੰਸਪੈਕਟਰ ਗੁਰਮੇਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 1 ਜੂਨ 2021 ਨੂੰ ਦੀ ਹਮੀਦੀ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਹਮੀਦੀ ਦੇ ਸਕੱਤਰ ਜਗਤਾਰ ਸਿੰਘ ਖ਼ਿਲਾਫ਼ ਸਮਾਨ ਦੀ ਖਰੀਦੋ ਫਰੋਖਤ 'ਚ ਬੇਨਿਯਮੀਆਂ ਕਰਨ ਦੇ ਦੋਸ਼ਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਦੀ ਤਫ਼ਤੀਸ਼ ਦੇ ਦੌਰਾਨ ਇਹ ਸਾਹਮਣੇ ਆਇਆ ਕਿ ਪ੍ਰਧਾਨ ਦਰਸ਼ਨ ਸਿੰਘ, ਦੋ ਮੈਂਬਰ ਸੁਰਜੀਤ ਸਿੰਘ ਤੇ ਕੇਵਲ ਸਿੰਘ ਸਾਰੇ ਵਾਸੀ ਹਮੀਦੀ ਵਲੋਂ ਵੀ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਸਭਾ ਵਿਚ ਆਉਣ ਵਾਲੇ ਸਮਾਨ ਦੀਆਂ ਬਿਲਟੀਆਂ 'ਤੇ ਆਪਣੇ ਦਸਤਖ਼ਤ ਕੀਤੇ ਗਏ ਹਨ, ਜਦਕਿ ਸਭਾ ਵਿਚ ਕੋਈ ਵੀ ਸਮਾਨ ਹਾਸਲ ਕਰਨ ਦੀ ਜ਼ਿੰਮੇਵਾਰੀ ਸਿਰਫ ਸਭਾ ਦੇ ਸਕੱਤਰ ਦੀ ਹੀ ਬਣਦੀ ਹੈ। ਇਸ ਕਾਰਨ ਪ੍ਰਧਾਨ ਅਤੇ ਦੋ ਮੈਂਬਰ ਵੀ ਸਕੱਤਰ ਵਲੋਂ ਕੀਤੇ ਗਏ ਜੁਰਮ 'ਚ ਬਰਾਬਰ ਦੇ ਦੋਸ਼ੀ ਹਨ। ਵਿਜੀਲੈਂਸ ਦੀ ਟੀਮ ਨੇ ਅੱਜ ਉਕਤ ਤਿੰਨਾਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਮਾਡਲ ਸਕੂਲ ਕੁਲਰੀਆਂ ਦੇ ਬੱਚਿਆਂ ਵੱਲੋਂ ਸਾਂਝ ਕੇਂਦਰ ਦਾ ਦੌਰਾ



**ਬਰੇਟਾ (ਰੀਤਵਾਲ)**-ਸਟੂਡੈਂਟ ਪੁਲਸ ਕੈਡਿਟ ਪ੍ਰੋਗਰਾਮ ਤਹਿਤ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਕੁਲਰੀਆਂ (ਮਾਨਸਾ) ਦੇ ਨੌਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਨਰਸੀ ਸਿੰਘ ਚੌਹਾਨ ਦੀ ਯੋਗ ਅਗਵਾਈ ਵਿੱਚ ਅਧਿਆਪਕ ਬਲਕਾਰ ਸਿੰਘ ਮੈਥ ਮਾਸਟਰ ਦੀ ਨਿਗਰਾਨੀ ਵਿੱਚ ਥਾਣਾ ਬਰੇਟਾ ਵਿਖੇ ਵਿਜ਼ਿਟ ਕਰਵਾਇਆ ਗਿਆ।ਸੁਖਜੀਤ ਸਿੰਘ ਮੁੱਖ ਅਫ਼ਸਰ ਥਾਣਾ ਬਰੇਟਾ, ਮੰਗਤ ਰਾਮ ਇੰਚਾਰਜ ਸਾਂਝ ਕੇਂਦਰ ਸਬ ਡਵੀਜ਼ਨ ਬੁਢਲਾਡਾ, ਹੌਲਦਾਰ ਰਾਜਵਿੰਦਰ ਸਿੰਘ, ਹੌਲਦਾਰ ਪ੍ਰਿਤਪਾਲ ਸਿੰਘ, ਰੂਬਲਪ੍ਰੀਤ ਕੌਰ, ਸੁਖਦੇਵ ਸਿੰਘ ਸਾਂਝ ਕੇਂਦਰ ਬਰੇਟਾ ਦੇ ਮੁਲਾਜ਼ਮਾਂ ਵੱਲੋਂ ਸਾਂਝ ਕੇਂਦਰ ਦਫ਼ਤਰ, ਮੁਨਸ਼ੀ ਦਫ਼ਤਰ ਮੁੱਖ ਅਫਸਰ ਥਾਣਾ ਬਰੇਟਾ ਦਫ਼ਤਰ, ਹਵਾਲਾਤ ਦੀ ਕਾਰਜ-ਪ੍ਰਣਾਲੀ ਤੇ ਗੁੱਡ ਟੱਚ ਬੈਡ ਟੱਚ, ਨਸ਼ੇ ਦੇ ਮਾੜੇ ਪ੍ਰਭਾਵ, ਸਮਾਜ ਵਿਚਲੀਆਂ ਬੁਰਾਈਆਂ, ਵੱਖ-ਵੱਖ ਐਕਟਾਂ ਤਹਿਤ ਸਜ਼ਾਵਾਂ ਬਾਰੇ ਅਹਿਮ ਜਾਣਕਾਰੀ ਬੱਚਿਆਂ ਨੂੰ ਦਿੱਤੀ ਗਈ।ਇਸ ਮੌਕੇ ਥਾਣਾ ਬਰੇਟਾ ਦੇ ਪੁਲਸ ਮੁਲਾਜ਼ਮ, ਗੁਰਸ਼ਰਨ ਸਿੰਘ ਕਿਸ਼ਨਗੜ੍ਹ, ਰਮਨਦੀਪ ਸਿੰਘ ਲਾਇਬ੍ਰੇਰੀਅਨ ਤੇ ਅਮਨਪ੍ਰੀਤ ਕੌਰ ਆਦਿ ਹਾਜ਼ਰ ਸਨ।

## ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀ ਇੰਗਲੈਂਡ ਧਰਤੀ 'ਤੇ ਗੁਰਮਤਿ ਪ੍ਰਚਾਰ ਲਈ ਰਵਾਨਾ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਦੇਵੀਗੜ੍ਹ ਇਲਾਕੇ ਦੇ ਨਾਮਵਰ ਸਕੂਲ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਦੋ ਵਿਦਿਆਰਥੀ ਕੁੰਵਰ ਅਜੀਤ ਸਿੰਘ ਤੇ ਰਣਫਤਿਹ ਸਿੰਘ ਦੋਵੇਂ ਭਰਾ (ਜਗੋਲੀ ਵਾਲੇ), ਜੋ ਕਵੀਸ਼ਰੀ ਜਥੇ ਦੇ ਨਾਮ ਨਾਲ ਜਾਣੇ ਜਾਂਦੇ ਹਨ ਤੇ ਗੁਰਬਾਣੀ ਵਾਲੇ ਅਧਿਆਪਕ ਸ੍ਰ. ਬਲਜਿੰਦਰ ਸਿੰਘ ਖਾਲਸਾ ਜਗੋਲੀ ਵਾਲੇ ਉਹ ਅੱਜ ਇੰਗਲੈਂਡ ਦੀ ਧਰਤੀ ਤੇ ਵੱਖ-ਵੱਖ ਗੁਰਦੁਆਰੇ ਸਾਹਿਬਾਨ ਵਿਖੇ ਗੁਰਮਤਿ ਪ੍ਰਚਾਰ ਕਰਨ ਲਈ ਰਵਾਨਾ ਹੋਣ ਤੋਂ ਪਹਿਲਾਂ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਦੱਸਣਯੋਗ ਹੈ ਕਿ ਐਜੂਕੇਟ ਪੰਜਾਬ ਪ੍ਰੋਜੈਕਟ ਵੱਲੋਂ ਭਾਈ ਜਸਵਿੰਦਰ ਸਿੰਘ ਜੀ ਖਾਲਸਾ ਮਾਨਚੈਸਟਰ ਇੰਗਲੈਂਡ ਵਾਲਿਆਂ ਵੱਲੋਂ ਉਨ੍ਹਾਂ ਨੂੰ ਗੁਰਮਤਿ ਪ੍ਰਚਾਰ ਲਈ ਬੁਲਾਇਆ ਗਿਆ ਹੈ ਅਤੇ ਤਕਰੀਬਨ ਦੋ ਮਹੀਨੇ ਇੰਗਲੈਂਡ ਦੀ ਧਰਤੀ 'ਤੇ ਰਹਿ ਕੇ ਵੱਖ-ਵੱਖ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਦਾ ਪ੍ਰਚਾਰ ਕਰਨਗੇ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਡਾਇਰੈਕਟਰ ਸ੍ਰ: ਭੁਪਿੰਦਰ ਸਿੰਘ, ਪ੍ਰਿੰਸੀਪਲ ਮੈਡਮ ਤਰਨਦੀਪ ਕੌਰ ਅਰੋੜਾ, ਅਕਾਦਮਿਕ ਡਾਇਰੈਕਟਰ ਤਜਿੰਦਰ ਕੌਰ ਨੇ ਬੱਚਿਆਂ ਦੇ ਉੱਜਵਲ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ।

## ਮਨਰੇਗਾ ਮਜ਼ਦੂਰਾਂ ਦੀ ਦਫਤਰਾਂ 'ਚ ਖੱਜਲ ਖੁਆਰੀ ਬੰਦ ਹੋਵੇ : ਜਸਵਿੰਦਰ ਵੱਟੂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮਜ਼ਦੂਰ ਲੋਕ ਲਹਿਰ ਮਨਰੇਗਾ ਵਰਕਰ ਯੂਨੀਅਨ ਪੰਜਾਬ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਵੱਟੂ ਨੇ ਕਿਹਾ ਕਿ 100 ਦਿਨ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਜਾਂਦਾ, ਦਫਤਰਾਂ ਵਿੱਚ ਖੱਜਲ ਖਰਾਬੀ ਦਾ ਸਾਹਮਣਾ ਕਰਨਾ ਪੈਂਦਾ ਹੈ ਜੋ ਮਨਰੇਗਾ 'ਤੇ ਸਿਆਸਤ ਕਰਦੇ ਹਨ ਉਨ੍ਹਾਂ ਨੂੰ ਤੁਰੰਤ ਹਟਾਇਆ ਜਾਵੇ, ਜੋ ਸ਼ਹਿਰਾਂ ਵਿੱਚ ਮਜ਼ਦੂਰ ਹਨ, ਉਨ੍ਹਾਂ ਨੂੰ ਮਨਰੇਗਾ ਨਾਲ ਜੋੜਿਆ ਜਾਵੇ, ਸਹੀ ਸਮੇਂ ਸਿਰ ਮਜ਼ਦੂਰਾਂ ਦੇ ਖਾਤਿਆਂ ਵਿੱਚ ਪੈਸੇ ਪਾਏ ਜਾਣ, ਸਰਕਾਰੀ ਵਰਦੀਆਂ ਮਜ਼ਦੂਰਾਂ ਨੂੰ ਦਿੱਤੀਆਂ ਜਾਣ, ਮੈਡੀਕਲ ਸਹੂਲਤ ਮਨਰੇਗਾ ਮਜ਼ਦੂਰਾਂ ਨੂੰ ਫ੍ਰੀ ਦਿੱਤੀ ਜਾਵੇ, ਪਾਣੀ ਦਾ ਪ੍ਰਬੰਧ ਕੀਤਾ ਜਾਵੇ, ਕਹੀਆਂ ਬੱਠਲ ਮਜ਼ਦੂਰਾਂ ਨੂੰ ਦਿੱਤੇ ਜਾਣ, ਘੱਟੋ ਘੱਟ 700 ਰੁਪਿਆ ਦਿਹਾੜੀ ਕੀਤੀ ਜਾਵੇ, 365 ਦਿਨ ਮਜ਼ਦੂਰਾਂ ਨੂੰ ਕੰਮ ਦਿੱਤਾ ਜਾਵੇ, ਅੰਗਹੀਣ ਬੁਢਾਪਾ ਵਿਧਵਾ ਪੰਜ ਹਜ਼ਾਰ ਪੈਨਸ਼ਨ ਕੀਤੀ ਜਾਵੇ, 10-10 ਮਰਲਿਆਂ ਦੇ ਪਲਾਟ ਲੋੜਵੰਦ ਮਜ਼ਦੂਰਾਂ ਨੂੰ ਦਿੱਤੇ ਜਾਣ, ਮਕਾਨ ਬਿਜਲੀ ਪਾਣੀ ਦਾ ਪ੍ਰਬੰਧ ਕਰਕੇ ਦਿੱਤਾ ਜਾਵੇ, ਬੀ ਪੀ ਐਲ ਕਾਰਡ ਏ ਵਾਈ ਕਾਰਡ ਦੁਬਾਰਾ ਕਣਕ ਵਾਲੇ ਚਾਲੂ ਕੀਤੇ ਜਾਣ, ਰਸੋਈ ਨਾਲ ਸੰਬੰਧਤ ਚੀਜ਼ਾਂ ਹਰ ਮਹੀਨੇ ਡੀਪੂਆਂ ਉੱਪਰ ਮੁਹੱਈਆ ਕਰਾਈਆਂ ਜਾਣ।

## ਸੀਵਰੇਜ ਸਮੱਸਿਆ ਨੂੰ ਨਗਰ ਕੌਂਸਲ ਜਲਦ ਹੱਲ ਕਰੇ : ਬਹੁਜਨ ਮੁਕਤੀ ਪਾਰਟੀ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਬਹੁਜਨ ਮੁਕਤੀ ਪਾਰਟੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੀ ਅਗਵਾਈ 'ਚ ਵਧੀਕ ਡਿਪਟੀ ਕਮਿਸ਼ਨਰ ਮਾਨਸਾ ਨੂੰ ਇੱਕ ਮੰਗ ਪੱਤਰ ਪ੍ਰੀਤ ਨਗਰ ਵਾਸੀਆਂ ਵੱਲੋਂ ਦਿੱਤਾ ਗਿਆ, ਜਿਸ ਵਿੱਚ ਮੰਗ ਕੀਤੀ ਕਿ ਪ੍ਰੀਤ ਨਗਰ ਕਾਲਜ ਲਿੰਕ ਰੋਡ ਨੇੜੇ ਨਿਧਾਨ ਸਿੰਘ ਨਗਰ ਮੇਨ ਸੜਕ ਉੱਪਰ ਦੋ ਸੀਵਰੇਜ ਹੋਲ ਟੁੱਟੇ ਹੋਏ ਹਨ ਤੇ 24 ਘੰਟੇ ਗੰਦਾ ਪਾਣੀ ਓਵਰ ਫਲੋਅ ਹੋ ਰਿਹਾ ਹੈ ਅਤੇ ਮਕਾਨਾਂ ਕੋਲ ਛੱਪੜ ਦਾ ਰੂਪ ਧਾਰਨ ਕਰ ਚੁੱਕਾ ਹੈ, ਉੱਥੇ ਰਹਿ ਰਹੇ ਲੋਕਾਂ ਦੇ ਮਕਾਨ ਡਿੱਗਣ ਦਾ ਖਤਰਾ ਉਨ੍ਹਾਂ ਦੇ ਸਿਰ 'ਤੇ ਹਰ ਵਕਤ ਮੰਡਰਾ ਰਿਹਾ ਹੈ।ਇਸ ਲਈ ਅਸੀਂ ਮੁੱਖ ਮੰਤਰੀ ਪੰਜਾਬ ਤੋਂ ਮੰਗ ਕਰਦੇ ਹਾਂ ਕਿ ਸੀਵਰੇਜ ਦੀ ਸਮੱਸਿਆ ਹੱਲ ਜਲਦੀ ਤੋਂ ਜਲਦੀ ਕੀਤਾ ਜਾਵੇ ਤਾਂ ਜੋ ਕਿ ਲੋਕਾਂ ਦਾ ਜਾਨੀ ਤੇ ਮਾਲੀ ਨੁਕਸਾਨ ਹੋਣ ਤੋਂ ਬਚਾ ਹੋ ਸਕੇ। ਮੁਹੱਲੇ ਦੇ ਲੋਕਾਂ ਨੇ ਪ੍ਰਸ਼ਾਸਨ ਤੇ ਨਗਰ ਕੌਂਸਲ ਖਿਲਾਫ ਰੋਸ ਧਰਨਾ/ਪ੍ਰਦਰਸ਼ਨ ਵੀ ਕੀਤਾ ਤੇ ਮੰਗ ਕੀਤੀ ਕਿ ਸਾਡੀ ਸਮੱਸਿਆ ਜਲਦ ਤੋਂ ਜਲਦ ਹੱਲ ਕੀਤੀ ਜਾਵੇ।ਇਸ ਸਮੇਂ ਡਾ. ਸੁਰਿੰਦਰ ਸਿੰਘ ਬਾਮਸੇਫ ਆਗੂ, ਦਲਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤ ਮੁਕਤੀ ਮੋਰਚਾ ਮਾਨਸਾ ਤੇ ਪ੍ਰੀਤ ਨਗਰ ਦੇ ਸਮੂਹ ਲੋਕ ਕੁਲਦੀਪ ਸਿੰਘ, ਗੁਰਮੇਲ ਸਿੰਘ, ਪਰਮਜੀਤ ਸਿੰਘ, ਕਰਮਜੀਤ ਕੌਰ, ਵੀਰਪਾਲ ਕੌਰ, ਪਰਮਜੀਤ ਕੌਰ, ਰਾਮ ਸਿੰਘ, ਮਲਕੀਤ ਸਿੰਘ, ਹਰਪ੍ਰੀਤ ਕੌਰ, ਜਸਪਾਲ ਸਿੰਘ ਆਦਿ ਹਾਜ਼ਰ ਸਨ।

## ਆਤਮ ਨਗਰ 'ਚ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇ : ਵਿਧਾਇਕ ਸਿੱਧੂ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਗੁਹਾਰ ਲਗਾਈ ਗਈ ਕਿ ਵਿਧਾਨ ਸਭਾ ਹਲਕਾ ਆਤਮ ਨਗਰ ਵਿਖੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।ਵਿਧਾਇਕ ਸਿੱਧੂ ਨੇ ਦੱਸਿਆ ਕਿ ਬਿਜਲੀ ਦੀਆਂ ਸਮੱਸਿਆਵਾਂ ਸਬੰਧੀ ਉਨ੍ਹਾਂ ਨੂੰ ਸੈਂਕੜਿਆਂ ਦੀ ਗਿਣਤੀ ਵਿੱਚ ਵੱਖ-ਵੱਖ ਮੁਹੱਲਿਆਂ ਦੀਆਂ ਸੋਸਾਇਟੀਆਂ/ਜਥੇਬੰਦੀਆਂ ਵੱਲੋਂ ਮੰਗ ਪੱਤਰ ਸੌਂਪੇ ਗਏ ਹਨ।ਇਸ ਤੋਂ ਇਲਾਵਾ ਉਨ੍ਹਾਂ ਨੂੰ ਬਿਜਲੀ ਕੱਟਾਂ ਤੋਂ ਪੀੜਤ ਲੋਕਾਂ ਦੀਆਂ ਹਜ਼ਾਰਾਂ ਕਾਲਾਂ ਆ ਰਹੀਆਂ ਹਨ, ਜਿਹੜਾ ਕਿ ਉਨ੍ਹਾਂ ਲਈ ਪ੍ਰੇਸ਼ਾਨੀ ਦਾ ਸਬੱਬ ਬਣਿਆ ਹੋਇਆ ਹੈ।ਉਨ੍ਹਾ ਸਪੱਸ਼ਟ ਕੀਤਾ ਕਿ ਹਲਕਾ ਆਤਮ ਨਗਰ ਬਹੁ-ਗਿਣਤੀ ਕਿਰਤੀ ਤੇ ਲਘੂ-ਉਦਯੋਗਪਤੀਆਂ ਦਾ ਰਹਿਣ ਬਸੇਰਾ ਹੈ, ਜੋਕਿ ਛੋਟੇ ਕਾਰੋਬਾਰੀ ਹਨ।ਉਨ੍ਹਾ ਦੱਸਿਆ ਕਿ ਇਨ੍ਹਾਂ ਕਿਰਤੀ ਲੋਕਾਂ ਨੂੰ ਆਪਣੇ ਪਰਿਵਾਰ ਦੇ ਪਾਲਣ-ਪੋਸ਼ਣ ਲਈ ਜਿੱਥੇ ਸਾਰਾ ਦਿਨ ਅਣਥੱਕ ਮਿਹਨਤ ਕਰਨੀ ਪੈਂਦੀ ਹੈ, ਉੱਥੇ ਬਿਜਲੀ ਦੇ ਲੰਬੇ ਕੱਟਾਂ ਕਾਰਨ ਰਾਤ ਨੂੰ ਚੈਨ ਨਾਲ ਸੌਣਾ ਵੀ ਨਸੀਬ ਨਹੀਂ ਹੁੰਦਾ।ਉਨ੍ਹਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਇਹ ਵੀ ਅਪੀਲ ਕੀਤੀ ਕਿ ਹਲਕਾ ਆਤਮ ਨਗਰ ਵਿੱਚ ਜਿੱਥੇ ਕਿਤੇ ਵਾਧੂ ਲੋਡ ਕਾਰਨ ਨਵੇਂ ਟਰਾਂਸਫਾਰਮਰ ਲਗਾਉਣ ਦੀ ਲੋੜ ਹੈ, ਤੁਰੰਤ ਲਗਵਾਏ ਜਾਣ ਜਾਂ ਲੋਡ ਵੀ ਵਧਾਇਆ ਜਾ ਸਕਦਾ ਹੈ।ਇਸ ਤੋਂ ਇਲਾਵਾ ਜਿੱਥੇ ਕਿਤੇ ਲੋੜ ਹੈ ਨਵੀਆਂ ਤਾਰਾਂ ਪਾਉਣ ਲਈ ਵੀ ਪੀ.ਐੱਸ.ਪੀ.ਸੀ.ਐੱਲ. ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਜਾਣ ਤਾਂ ਜੋ ਇਲਾਕਾ ਨਿਵਾਸੀਆਂ ਨੂੰ ਬਿਜਲੀ ਸੰਕਟ ਤੋਂ ਛੁਟਕਾਰਾ ਮਿਲ ਸਕੇ।

# ਕਮਿਊਨਿਟੀ ਹੈਲਥ ਅਫ਼ਸਰ ਕਾਲੇ ਬਿੱਲੇ ਲਾ ਕੇ ਕਰਨਗੇ ਡਿਊਟੀ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਕਮਿਊਨਿਟੀ ਹੈਲਥ ਅਫ਼ਸਰ ਐਸੋਸੀਏਸ਼ਨ ਦੇ ਆਗੂ ਡਾ. ਪ੍ਰੀਤ ਮਾਖੀਜਾ ਤੇ ਨਰਿੰਦਰ ਸਿੰਘ ਜ਼ਿਲ੍ਹਾ ਫਿਰੋਜ਼ਪੁਰ ਨੇ ਦੱਸਿਆ ਕਿ ਸੂਬੇ ਵਿੱਚ 2500 ਸੀ ਐਚ ਓ ਪਿੰਡਾਂ ਵਿੱਚ ਚੱਲਦੇ ਹੈਲਥ ਐਂਡ ਵੈਲਨੈਸ ਸੈਂਟਰਾਂ ਵਿੱਚ ਸਿਹਤ ਸੇਵਾਵਾਂ ਦੇ ਰਹੇ ਹਨ ਅਤੇ ਜ਼ਮੀਨੀ ਪੱਧਰ 'ਤੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਦੇ ਹਨ।ਉਹ ਆਪਣੀਆਂ ਮੁਸ਼ਕਲਾਂ ਸਬੰਧੀ ਸਰਕਾਰ ਦੇ ਨੁਮਾਇੰਦਿਆਂ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਵਾਰ ਵਾਰ ਜਾਣੂ ਕਰਵਾ ਚੁੱਕੇ ਹਨ ਪਰੰਤੂ ਕਿਸੇ ਵੱਲੋਂ ਵੀ ਉਨ੍ਹਾਂ ਦੀ ਸਾਰ ਨਹੀਂ ਲਈ ਗਈ।ਉਨ੍ਹਾਂ ਨੂੰ ਇਸ ਸਰਕਾਰ ਤੋਂ ਬਹੁਤ ਉਮੀਦਾਂ ਸਨ ਜੋ ਹੁਣ ਖ਼ਤਮ ਹੋ ਗਈਆਂ ਹਨ।ਲਗਾਤਾਰ 2 ਸਾਲਾਂ ਤੋਂ ਉਹ ਸਰਕਾਰ ਦੇ ਮੰਤਰੀਆਂ ਅਤੇ ਅਹੁਦੇਦਾਰਾਂ ਨੂੰ ਮੰਗ ਪੱਤਰ ਦੇ ਰਹੇ ਹਨ।ਪਿਛਲੇ 1 ਹਫ਼ਤੇ ਵਿੱਚ ਆਗੂਆਂ ਵੱਲੋਂ ਸਰਕਾਰ ਦੇ ਮੰਤਰੀਆਂ ਅਤੇ ਬਹੁਤ ਸਾਰੇ ਐਮ ਐਲ ਏਜ਼ ਨਾਲ ਮੁਲਾਕਾਤ ਕੀਤੀ ਗਈ ਅਤੇ ਮੰਗ ਪੱਤਰ ਦਿੱਤੇ ਗਏ ਪਰੰਤੂ ਸਰਕਾਰ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਪਿਛਲੇ ਮਹੀਨੇ ਮੁੱਖ ਮੰਤਰੀ ਸਾਹਬ ਵਲੋਂ ਉਨ੍ਹਾਂ ਨੂੰ 16 ਜੁਲਾਈ ਦੀ ਮੀਟਿੰਗ ਦਿੱਤੀ ਗਈ ਸੀ ਪਰੰਤੂ ਮੀਟਿੰਗ ਤੋਂ ਇਕ ਦਿਨ ਪਹਿਲਾਂ ਕੈਂਸਲ ਕਰ ਦਿੱਤੀ ਗਈ।ਸਾਰੇ ਮੁਲਾਜ਼ਮਾਂ ਵਿੱਚ ਸਰਕਾਰ ਦੀ ਇਸ ਲਾਰਾ ਲਾਊ ਅਤੇ ਡੰਗ ਟਪਾਊ ਨੀਤੀ ਪ੍ਰਤੀ ਭਾਰੀ ਰੋਸ ਹੈ। ਆਗੂਆਂ ਦੱਸਿਆ ਕਿ ਉਹ ਪਿੰਡਾਂ ਵਿੱਚ ਲੋਕਾਂ ਨੂੰ ਸਿਹਤ ਸਹੂਲਤਾਂ ਦੇਂਦੇ ਨੇ ਪਰੰਤੂ ਸਿਹਤ ਵਿਭਾਗ ਵੱਲੋਂ ਲੋੜੀਂਦੀਆਂ ਦਵਾਈਆਂ, ਸ਼ੂਗਰ ਚੈੱਕ ਕਰਨ ਦੀਆਂ ਸਟ੍ਰਿਪਾਂ, ਆਨਲਾਈਨ ਕੰਮ ਕਰਨ ਲਈ ਇੰਟਰਨੈੱਟ ਵਗੈਰਾ ਨਹੀਂ ਦਿੱਤਾ ਜਾਂਦਾ ਪਰੰਤੂ ਉਨ੍ਹਾਂ ਉੱਤੇ ਆਪਣੇ ਟਾਰਗੈਟ ਪੂਰੇ ਕਰਨ ਲਈ ਦਬਾਅ ਪਾਇਆ ਜਾਂਦਾ ਹੈ। ਮਜਬੂਰ ਹੋ ਕੇ ਆਪਣੀ ਜੇਬ ਵਿੱਚੋਂ ਖ਼ਰਚਾ ਕਰਕੇ ਉਹ ਲੋਕਾਂ ਨੂੰ ਸਿਹਤ ਸਹੂਲਤਾਂ ਦੇਂਦੇ ਹਨ।ਪਰੰਤੂ ਵਿਭਾਗ ਅਤੇ ਸਰਕਾਰ ਵੱਲੋਂ ਉਨ੍ਹਾਂ ਨਾਲ ਕੋਈ ਸਹਾਨੁਭੂਤੀ ਨਹੀਂ ਵਿਖਾਈ ਜਾ ਰਹੀ ਉਲਟਾ 2 ਮਹੀਨੇ ਦੇ ਇਨਸੈਂਟਿਵ ਰੋਕ ਰੱਖੇ ਨੇ ਜੋ ਉਹਨਾਂ ਦੀ ਤਨਖ਼ਾਹ ਦਾ 40% ਹਿੱਸਾ ਹੈ।ਆਪਣਾ ਰੋਸ ਪ੍ਰਗਟ ਕਰਨ ਲਈ ਉਹ 3 ਦਿਨ ਕਾਲੇ ਬਿੱਲੇ ਲਾ ਕੇ ਆਪਣੀ ਡਿਊਟੀ ਕਰਨਗੇ ਅਤੇ ਮਰੀਜ਼ਾਂ ਨੂੰ ਵੀ ਸਰਕਾਰ ਦੇ ਇਸ ਰਵੱਈਏ ਬਾਰੇ ਜਾਣੂ ਕਰਵਾਉਣਗੇ।12 ਅਗਸਤ ਨੂੰ ਜ਼ਿਲ੍ਹਾ ਪੱਧਰੀ ਇਕੱਠ ਕਰਕੇ ਸਰਕਾਰ ਅਤੇ ਵਿਭਾਗ ਦੇ ਪੁਤਲੇ ਫੂਕੇ ਜਾਣਗੇ।15 ਅਗਸਤ ਨੂੰ ਸਰਕਾਰ ਦੇ ਆਗੂਆਂ ਅਤੇ ਮੰਤਰੀਆਂ ਦਾ ਘਿਰਾਓ ਕੀਤਾ ਜਾਵੇਗਾ।ਸੀ ਐਚ ਓ ਆਗੂਆਂ ਆਪਣੀਆਂ ਮੰਗਾਂ ਦੁਹਰਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੇ 2 ਮਹੀਨੇ ਦੇ ਰੋਕੇ ਹੋਏ ਪੈਸੇ ਜਾਰੀ ਕੀਤੇ ਜਾਣ, ਉਨ੍ਹਾਂ ਦੇ ਤਨਖ਼ਾਹ ਅਤੇ ਇਨਸੈਂਟਿਵ ਮਰਜ ਕੀਤੇ ਜਾਣ, ਮੁਢਲੀ ਤਨਖ਼ਾਹ ਵਿੱਚ ਸੋਧ ਕਰਕੇ ਬਾਕੀ ਸੂਬਿਆਂ ਦੇ ਬਰਾਬਰ ਤਨਖ਼ਾਹ ਕੀਤੀ ਜਾਵੇ, ਐਨ ਐੱਚ ਐਮ ਮੁਲਾਜ਼ਮਾਂ ਦਾ ਲਾਇਲਟੀ ਬੋਨਸ ਜਾਰੀ ਕੀਤਾ ਜਾਵੇ।ਜੇਕਰ ਉਨ੍ਹਾਂ ਦੀਆਂ ਮੰਗਾਂ 'ਤੇ ਸੁਣਵਾਈ ਨਹੀਂ ਕੀਤੀ ਗਈ ਤਾਂ ਆਉਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਉਹ ਸਾਰੇ ਹਲਕਿਆਂ ਵਿੱਚ ਲੜੀਵਾਰ ਰੈਲੀਆਂ ਕਰਨਗੇ ਅਤੇ ਲੋਕਾਂ ਨੂੰ ਸਰਕਾਰ ਦੀਆਂ ਮਾਰੂ ਨੀਤੀਆਂ ਖ਼ਿਲਾਫ਼ ਜਾਗਰੂਕ ਕਰਨਗੇ।ਇਸ ਮੌਕੇ ਸੀ ਐਚ ਓ ਯੂਨੀਅਨ ਫਿਰੋਜ਼ਪੁਰ ਦੇ ਆਗੂ ਅਮਰੀਕ ਸਿੰਘ, ਗੌਰਵ, ਬਲਦੇਵ ਸਿੰਘ, ਨਵਜੀਤ ਸਿੰਘ, ਪਵਿੱਤਰ ਸਿੰਘ, ਪ੍ਰਤਿਬਾ, ਰਣਜੀਤ ਕੌਰ, ਮਨੀਸ਼ਾ ਰਾਣੀ, ਮੋਨਿਕਾ, ਆਂਚਲ ਕੰਬੋਜ, ਅਕਵਿੰਦਰ ਕੌਰ, ਸਰਬਜੀਤ ਕੌਰ, ਕਿਰਨਦੀਪ ਕੌਰ ਆਦਿ ਹਾਜ਼ਰ ਸਨ।

## ਬੇਤਰਤੀਬੇ ਢੰਗ ਨਾਲ ਬਣੇ ਨਾਲੇ ਤੋਂ ਪ੍ਰੇਸ਼ਾਨ ਸੁਰਜੀਤ ਨਗਰ ਦੇ ਵਸਨੀਕ



**ਭਗਤਾ ਭਾਈ ਕਾ (ਰਾਜੀਵ ਗੋਇਲ)**-ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਸੁਰਜੀਤ ਨਗਰ ਦੇ ਵਸਨੀਕ ਗੰਦੇ ਪਾਣੀ ਦੇ ਨਿਕਾਸ ਲਈ ਬੇਤਰਤੀਬੇ ਢੰਗ ਨਾਲ ਬਣੇ ਨਾਲੇ ਤੋਂ ਪ੍ਰੇਸ਼ਾਨ ਨਜ਼ਰ ਆ ਰਹੇ ਹਨ। ਗੱਲਬਾਤ ਕਰਦੇ ਹੋਏ ਉੱਥੋਂ ਦੇ ਵਸਨੀਕਾਂ ਨੇ ਦੱਸਿਆ ਕਿ ਗਊਸ਼ਾਲਾ ਤੋਂ ਸ਼ੁਰੂ ਹੋਣ ਵਾਲੇ ਇਹ ਨਿਕਾਸੀ ਨਾਲੇ ਦੀ ਬਣਤਰ ਸਹੀ ਢੰਗ ਨਾਲ ਨਾ ਹੋਣ ਕਾਰਨ ਗੰਦਾ ਪਾਣੀ ਓਵਰ ਫਲੋਅ ਹੋ ਕੇ ਸੜਕ 'ਤੇ ਖੜ੍ਹ ਜਾਂਦਾ ਹੈ, ਜਿਸ ਨਾਲ ਗਊਸ਼ਾਲਾ ਜਾਣ ਵਾਲੇ ਲੋਕਾਂ ਅਤੇ ਸਕੂਲ ਜਾਣ ਵਾਲੇ ਬੱਚਿਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਨਗਰ ਦੇ ਸਰਪੰਚ ਰਹਿ ਚੁੱਕੇ ਦਲਜੀਤ ਸਿੰਘ ਨੇ ਦੱਸਿਆ ਕਿ ਇਹ ਨਾਲਾ ਕਰੀਬ ਦੋ ਦਹਾਕੇ ਪੁਰਾਣਾ ਬਣਿਆ ਹੋਇਆ ਹੈ ਅਤੇ ਇਸ ਨਾਲੇ ਦੀ ਗੁਰੂਘਰ ਨਜ਼ਦੀਕ ਸੜਕ ਵਿਚਕਾਰ ਬਣੀ ਪੁਲੀ ਤੋਂ ਉਚਾਈ ਜ਼ਿਆਦਾ ਹੋਣ ਕਾਰਨ ਗੰਦਾ ਪਾਣੀ ਇੱਥੋਂ ਤੱਕ ਨਹੀਂ ਪਹੁੰਚਦਾ, ਜਿਹੜਾ ਕਿ ਪਿੱਛੇ ਹੀ ਮੁੜ ਜਾਂਦਾ ਹੈ। ਜਿਸ ਕਾਰਨ ਗੰਦਾ ਪਾਣੀ ਨਾਲੇ ਵਿੱਚੋਂ ਓਵਰ ਫਲੋਅ ਹੋ ਕੇ ਜਾਂ ਤਾਂ ਸੜਕ 'ਤੇ ਆ ਜਾਂਦਾ ਹੈ ਜਾਂ ਫਿਰ ਲੋਕਾਂ ਦੇ ਘਰਾਂ ਅੰਦਰ ਵੜ ਜਾਂਦਾ ਹੈ।ਉਧਰ ਇਸ ਮਸਲੇ ਨੂੰ ਲੈ ਕੇ ਜਦੋਂ ਸਥਾਨਕ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਸੰਬੰਧਤ ਸੈਕਟਰੀ ਨੂੰ ਮੌਕਾ ਚੈੱਕ ਕਰਵਾਉਣ ਬਾਰੇ ਕਿਹਾ। ਹੁਣ ਦੇਖਣਾ ਇਹ ਹੋਵੇਗਾ ਕਿ ਇੱਥੋਂ ਦੇ ਵਸਨੀਕਾਂ ਨੂੰ ਇਸ ਗੰਦੇ ਪਾਣੀ ਤੋਂ ਰਾਹਤ ਕਦੋਂ ਮਿਲਦੀ ਹੈ?

## ਬਾਬਾ ਫ਼ਰੀਦ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਤੀਜ ਮੁਕਾਬਲਿਆਂ 'ਚੋਂ ਅੱਵਲ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਥਾਨਕ ਬਾਬਾ ਫ਼ਰੀਦ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਨੇ ਮਹਾਤਮਾ ਗਾਂਧੀ ਮੈਮੋਰੀਅਲ ਪਬਲਿਕ ਸਕੂਲ ਵਿਖੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਕਰਵਾਏ ਗਏ ਤੀਜ ਮੁਕਾਬਲਿਆਂ ਵਿੱਚ ਹਿੱਸਾ ਲਿਆ।ਸੰਸਥਾ ਦੇ ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਦੌਰਾਨ ਸਕੂਲ ਦੀ ਭੰਗੜਾ ਟੀਮ ਨੇ ਪਹਿਲਾ ਸਥਾਨ, ਰੰਗੋਲੀ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਪਹਿਲਾ, ਦੂਜਾ ਤੇ ਤੀਜਾ ਸਥਾਨ, ਮਹਿੰਦੀ ਲਗਾਉਣ ਦੇ ਮੁਕਾਬਲਿਆਂ ਵਿੱਚ ਦੂਜਾ ਤੇ ਤੀਜਾ ਸਥਾਨ ਅਤੇ ਲੰਬੇ ਵਾਲਾਂ ਦੇ ਮੁਕਾਬਲੇ ਵਿੱਚ ਦੂਜਾ ਤੇ ਤੀਜਾ ਸਥਾਨ ਹਾਸਲ ਕਰਕੇ ਇਨ੍ਹਾਂ ਵਿਦਿਆਰਥੀਆਂ ਨੇ ਸਕੂਲ ਦੇ ਨਾਂਅ ਨੂੰ ਚਾਰ ਚੰਨ ਲਾਏ।ਆਈਆਂ ਹੋਈਆਂ ਸ਼ਹਿਰ ਦੀਆਂ ਉੱਘੀਆਂ ਸ਼ਖ਼ਸੀਅਤਾਂ ਵੱਲੋਂ ਵੀ ਇਨ੍ਹਾਂ ਵਿਦਿਆਰਥੀਆਂ ਦੀ ਭਰਪੂਰ ਸ਼ਲਾਘਾ ਕੀਤੀ ਗਈ।ਸਕੂਲ ਅਧਿਕਾਰੀਆਂ ਵੱਲੋਂ ਇਨ੍ਹਾਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਬਾਬਾ ਫ਼ਰੀਦ ਪਬਲਿਕ ਸਕੂਲ ਦੇ ਵਿਦਿਆਰਥੀ, ਜਿੱਥੇ ਅਕਾਦਮਿਕ ਤੇ ਸਹਿ-ਅਕਾਦਮਿਕ ਖੇਤਰਾਂ ਵਿੱਚ ਦੇਸ਼-ਪੱਧਰ 'ਤੇ ਬੇਮਿਸਾਲ ਪ੍ਰਾਪਤੀਆਂ ਹਾਸਲ ਕਰ ਰਹੇ ਹਨ, ਉੱਥੇ ਹੀ ਪੰਜਾਬੀ ਸੱਭਿਆਚਾਰ ਤੇ ਵਿਰਸੇ ਨੂੰ ਸੰਭਾਲਣ, ਉਸ ਦੇ ਵਿਕਾਸ ਤੇ ਪ੍ਰਸਾਰ ਲਈ ਵੀ ਸਖ਼ਤ ਮਿਹਨਤ ਅਤੇ ਲਗਨ ਨਾਲ ਅਜਿਹੇ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਮੋਹਰੀ ਸਥਾਨ ਹਾਸਲ ਕਰ ਰਹੇ ਹਨ, ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਅਜਿਹੀਆਂ ਸ਼ਾਨਦਾਰ ਪ੍ਰਾਪਤੀਆਂ ਸਦਕਾ ਹੀ ਬਾਬਾ ਫ਼ਰੀਦ ਪਬਲਿਕ ਸਕੂਲ ਪੰਜਾਬ ਦੇ ਉੱਚ-ਕੋਟੀ ਦੇ ਸਕੂਲਾਂ ਵਿੱਚ ਸ਼ੁਮਾਰ ਹੈ।ਉਨ੍ਹਾਂ ਇਨ੍ਹਾਂ ਬੱਚਿਆਂ ਦੇ ਸੁਨਹਿਰੇ ਭਵਿੱਖ ਲਈ ਵੀ ਆਪਣਾ ਆਸ਼ੀਰਵਾਦ ਦਿੱਤਾ।

## ਸਰਕਾਰ ਤੋਂ ਅੱਕੇ ਪੈਨਸ਼ਨਰਜ਼ ਤੇ ਮੁਲਾਜ਼ਮ ਸੜਕਾਂ 'ਤੇ ਆਉਣ ਨੂੰ ਮਜਬੂਰ : ਸਿਕੰਦਰ ਸਿੰਘ

**9 ਨੂੰ ਵੱਡੇ ਪੱਧਰ 'ਤੇ ਅਰਥੀ ਸਾੜ ਮੁਜ਼ਾਹਰੇ ਕੀਤੇ ਜਾਣਗੇ**



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਸਰਕਾਰ ਦੀ ਟਾਲਮਟੋਲ ਦੀ ਨੀਤੀ ਤੋਂ ਅੱਕੇ ਪੈਨਸ਼ਨ ਤੇ ਮੁਲਾਜ਼ਮ ਹੁਣ ਸੜਕਾਂ 'ਤੇ ਉੱਤਰ ਕੇ ਸੰਘਰਸ਼ ਕਰਨ ਲਈ ਮਜਬੂਰ ਹੋ ਗਏ ਹਨ।ਇਹ ਵਿਚਾਰ ਇਸ ਪੱਤਰਕਾਰ ਨਾਲ ਸਾਂਝੇ ਕਰਦੇ ਹੋਏ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਸਮਰਾਲਾ ਦੇ ਪ੍ਰਧਾਨ ਸਿਕੰਦਰ ਸਿੰਘ ਨੇ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਜਦੋਂ ਜਲੰਧਰ ਦੀ ਜ਼ਿਮਨੀ ਚੋਣਾਂ ਦੇ ਪ੍ਰਚਾਰ ਲਈ ਮੁੱਖ ਮੰਤਰੀ ਭਗਵੰਤ ਮਾਨ ਆਪਣੀ ਪੂਰੀ ਟੀਮ ਨਾਲ ਕਿਸੇ ਵੀ ਹਾਲ ਚੋਣ ਜਿੱਤਣ ਲਈ ਬਜ਼ਿੱਦ ਸਨ ਤਾਂ ਉਸ ਵੇਲੇ ਮੁਲਾਜ਼ਮਾਂ ਨੇ ਚੋਣਾਂ ਵਿੱਚ ਸਰਕਾਰ ਦੀ ਪੋਲ ਖੋਲ੍ਹਣ ਲਈ ਸੰਘਰਸ਼ ਵਿੱਢਿਆ ਸੀ ਤਾਂ ਮੁੱਖ ਮੰਤਰੀ ਨੇ ਮੁਲਾਜ਼ਮ ਜਥੇਬੰਦੀਆਂ ਦੀ ਮੀਟਿੰਗ ਬੁਲਾ ਕੇ 25 ਜੁਲਾਈ ਨੂੰ ਮੀਟਿੰਗ ਰੱਖੀ ਸੀ ਅਤੇ ਯਕੀਨ ਦੁਆਇਆ ਸੀ ਕੇ ਉਨ੍ਹਾਂ ਦੇ ਸਾਰੇ ਮਸਲੇ ਹੱਲ ਕੀਤੇ ਜਾਣਗੇ, ਪਰ ਇਹ ਮੀਟਿੰਗ ਟਾਲ ਕੇ 2 ਅਗਸਤ ਕਰ ਦਿੱਤੀ। ਹੁਣ ਉਹ ਵੀ ਟਾਲ ਕੇ 22 ਅਗਸਤ ਕਰ ਦਿੱਤੀ।ਇਸ ਤੋਂ ਸਪੱਸ਼ਟ ਹੈ ਕਿ ਸਰਕਾਰ ਸੰਜੀਦਗੀ ਨਾਲ ਮੰਗਾਂ ਦਾ ਹੱਲ ਕਰਨ ਦੀ ਬਜਾਏ ਜਥੇਬੰਦੀਆਂ ਨੂੰ ਮੂਰਖ ਬਣਾ ਰਹੀ ਹੈ।ਪੰਜਾਬ ਭਰ ਦੀ ਮੁਲਾਜ਼ਮ ਤੇ ਪੈਨਸ਼ਨਰਜ਼ ਜਥੇਬੰਦੀਆਂ ਵੱਲੋਂ ਦਿੱਤੀ ਕਾਲ ਦੇ ਸਮਰਥਨ ਵਿੱਚ ਸਥਾਨਕ ਜਥੇਬੰਦੀਆਂ ਵੱਲੋਂ ਸੰਘਰਸ਼ ਦੀ ਰਣਨੀਤੀ ਤਿਆਰ ਕਰਨ ਲਈ ਤਹਿਸੀਲ ਦੀਆਂ ਸਮੂਹ ਮੁਲਾਜ਼ਮ ਤੇ ਪੈਨਸ਼ਨਰਜ਼ ਜਥੇਬੰਦੀਆਂ ਦੀ ਇੱਕ ਹੰਗਾਮੀ ਮੀਟਿੰਗ ਸਿਕੰਦਰ ਸਿੰਘ ਕਨਵੀਨਰ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਹੋਈ, ਜਿਸ ਵਿੱਚ ਭਖਵੀਂਆਂ ਮੰਗਾਂ ਤੇ ਮਸਲਿਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦੀਆਂ ਤਰੀਕਾਂ ਦੇ ਕੇ ਮਸਲੇ ਹੱਲ ਕਰਨ ਦੀ ਬਜਾਏ ਮੀਟਿੰਗਾਂ ਲਈ ਵਾਰ ਵਾਰ ਤਰੀਕ ਬਦਲ ਕੇ ਟਾਈਮ ਪਾਸ ਕੀਤਾ ਜਾ ਰਿਹਾ ਹੈ, ਜਿਸ ਦਾ ਸਮੂਹ ਜਥੇਬੰਦੀਆਂ ਵਿੱਚ ਪੰਜਾਬ ਸਰਕਾਰ ਵਿਰੁੱਧ ਭਾਰੀ ਰੋਸ ਪ੍ਰਗਟ ਕਰਨ ਲਈ 9 ਨੂੰ ਐੱਸ. ਡੀ. ਐੱਮ. ਦਫਤਰ ਦੇ ਸਾਹਮਣੇ ਪੰਜਾਬ ਸਰਕਾਰ ਦਾ ਅਰਥੀ ਫੂਕ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਉਚੇਚੇ ਤੌਰ 'ਤੇ ਪੈਨਸ਼ਨਰਜ਼ ਸੰਘ ਵੱਲੋਂ ਰਾਮ ਸਿੰਘ ਕਾਲੜਾ ਮਾਛੀਵਾੜਾ, ਤਰਲੋਚਨ ਸਿੰਘ ਮਾਛੀਵਾੜਾ, ਕੁਲਵੰਤ ਸਿੰਘ ਤਰਕ ਸਮਰਾਲਾ, ਗੁਰਬਖ਼ਸ਼ੀਸ਼ ਸਿੰਘ, ਜਗਪਾਲ ਸਿੰਘ, ਪਾਵਰਕਾਮ ਪੈਨਸ਼ਨਰਜ਼ ਐਸੋ: ਵੱਲੋਂ ਸਿਕੰਦਰ ਸਿੰਘ ਮੰਡਲ ਪ੍ਰਧਾਨ ਸਮਰਾਲਾ, ਇੰਜ: ਪ੍ਰੇਮ ਸਿੰਘ ਰਿਟਾ: ਐੱਸ. ਡੀ. ਓ., ਇੰਜ: ਜੁਗਲ ਕਿਸ਼ੋਰ ਸਾਹਨੀ, ਇੰਜ: ਦਰਸ਼ਨ ਸਿੰਘ ਰਿਟਾ: ਜੇ. ਈ., ਅਮਰਜੀਤ ਸਿੰਘ ਮਾਛੀਵਾੜਾ, ਮੇਲਾ ਸਿੰਘ ਸਿੰਚਾਈ ਵਿਭਾਗ, ਪੈਨਸ਼ਨਰਜ਼ ਕਲਿਆਣ ਸੰਗਠਨ ਦੇ ਅਹੁਦੇਦਾਰ ਤੇ ਟੀ. ਐੱਸ. ਯੂ. ਦੇ ਅਹੁਦੇਦਾਰ ਸ਼ਾਮਲ ਹੋਏ।

## ਸਰੂ ਮਾਤਾ ਨਹਿਰਾਂ ਵਾਲੀ ਦਾ ਸਾਲਾਨਾ ਜੋੜ ਮੇਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਕਸਬਾ ਮਮਦੋਟ ਦੇ ਨਜ਼ਦੀਕ ਸਰੂ ਮਾਤਾ ਨਹਿਰਾਂ ਵਾਲੀ ਦੇ ਭਵਨ 'ਤੇ ਲੱਗੇ ਤਿੰਨ ਰੋਜ਼ਾ ਸਲਾਨਾ ਜੋੜ ਮੇਲੇ 'ਤੇ ਲੱਖਾਂ ਦੀ ਤਾਦਾਦ ਵਿੱਚ ਪੁੱਜੀਆਂ ਸੰਗਤਾਂ ਨੇ ਹਾਜ਼ਰੀ ਭਰੀ। ਮੇਲੇ ਦੇ ਪਹਿਲੇ ਦਿਨ ਕਸਬਾ ਮਮਦੋਟ ਵਿਖੇ ਮਾਤਾ ਦਾ ਝੰਡਾ ਕੱਢਣ ਉਪਰੰਤ ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਮਾਤਾ ਦੇ ਝੰਡੇ ਚੜ੍ਹਾਏ ਗਏ ਅਤੇ ਉੱਥੇ ਰਾਤ ਨੂੰ ਹੋਏ ਜਗਰਾਤੇ ਵਿੱਚ ਸਥਾਨਕ ਕਲਾਕਾਰਾਂ ਤੋਂ ਇਲਾਵਾ ਉੱਘੇ ਕਲਾਕਾਰ ਫਿਰੋਜ਼ ਖਾਨ ਨੇ ਵੀ ਮਾਤਾ ਦੀਆਂ ਭੇਟਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਐਡਵੋਕੇਟ ਰਜਨੀਸ਼ ਦਹੀਆ ਐਮ ਐਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਅਤੇ ਉਨ੍ਹਾਂ ਨਾਲ ਆਏ ਆਗੂਆਂ ਦਾ ਮੇਲਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਵੀ ਕੀਤਾ ਗਿਆ। ਮੇਲੇ ਦੇ ਦੂਜੇ ਦਿਨ ਦੀਵਾਨ ਸਜਾਏ ਗਏ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਵੱਲੋਂ ਮਾਤਾ ਦੇ ਭਵਨ ਵਿਖੇ ਨਤਮਸਤਕ ਹੋਣ ਤੋਂ ਬਾਅਦ ਮੇਲੇ ਵਿੱਚ ਆਏ ਝੂਲੇ ਚੰਡੋਲਾਂ ਅਤੇ ਬੇੜੀਆਂ 'ਤੇ ਝੂਟਿਆਂ ਦਾ ਵੀ ਆਨੰਦ ਮਾਣਿਆ। ਮੇਲੇ ਨੂੰ ਜਾਣ ਵਾਲੇ ਸਾਰੇ ਰਸਤਿਆਂ 'ਤੇ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਦੇ ਲੰਗਰ ਲਗਾਏ ਗਏ ਸਨ। ਠੰਢੇ ਮਿੱਠੇ ਜਲ ਦੀਆਂ ਛਬੀਲਾਂ ਤੇ ਵੱਖ ਵੱਖ ਤਰ੍ਹਾਂ ਦੇ ਲੰਗਰਾਂ ਦਾ ਵੀ ਸੰਗਤਾਂ ਨੇ ਖੂਬ ਆਨੰਦ ਮਾਣਿਆ। ਮੇਲੇ ਦੇ ਤੀਸਰੇ ਦਿਨ ਲੜਕੀਆਂ ਦੇ ਕਬੱਡੀ ਮੈਚ ਵਿੱਚ ਰੌਂਤਾ ਮੋਗਾ ਦੀ ਟੀਮ ਨੇ ਮਾਝੇ ਦੀ ਟੀਮ ਨੂੰ ਹਰਾ ਕੇ ਟਰਾਫੀ ਆਪਣੇ ਨਾਂ ਕੀਤੀ। ਇਸੇ ਤਰ੍ਹਾਂ ਨੌਜਵਾਨਾਂ ਦੇ ਹੋਏ ਕਬੱਡੀ ਮੈਚ ਵਿੱਚ ਮਾਝੇ ਨੂੰ ਹਰਾ ਕੇ ਮਾਲਵੇ ਦੀ ਟੀਮ ਜੇਤੂ ਰਹੀ। ਕਬੱਡੀ ਮੈਚ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਰਜੇਸ਼ ਕੁਮਾਰ ਡੀ ਐਸ ਪੀ, ਗੁਰਜੰਟ ਸਿੰਘ ਥਾਣਾ ਮੁਖੀ ਮਮਦੋਟ, ਗੁਰਵਿੰਦਰ ਸਿੰਘ ਥਾਣਾ ਮੁਖੀ ਲੱਖੋ ਕੇ ਬਹਿਰਾਮ, ਮੇਲਾ ਪ੍ਰਬੰਧਕ ਕਮੇਟੀ ਦੇ ਸ਼ਿੰਦਾ ਸੇਠੀ, ਦਲਜੀਤ ਸਿੰਘ ਬਾਬਾ, ਅਮਿਤਾਬ ਸਿੰਘ, ਸੋਨੂੰ ਸੇਠੀ ਅਤੇ ਹੋਰ ਮੇਲਾ ਕਮੇਟੀ ਮੈਂਬਰਾਂ ਵੱਲੋਂ ਜੇਤੂ ਟੀਮਾਂ ਨੂੰ ਟਰਾਫੀ ਅਤੇ ਇਨਾਮ ਤਕਸੀਮ ਕੀਤੇ ਗਏ।

# ਸੀਵਰੇਜ ਟਰੀਟਮੈਂਟ ਪਲਾਂਟ ਦੇ ਸੋਧੇ ਪਾਣੀ ਨੂੰ ਸਿੰਚਾਈ ਲਈ ਵਰਤਣ ਸੰਬੰਧੀ ਕਿਸਾਨਾਂ ਨਾਲ ਮੀਟਿੰਗ



**ਨਵਾਂ ਸ਼ਹਿਰ (ਮਨੋਜ ਲਾਡੀ)** ਨੈਸ਼ਨਲ ਗਰੀਨ ਟ੍ਰਿਬਿਊਨਲ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਹਦਾਇਤਾਂ ਅਨੁਸਾਰ ਸੀਵਰੇਜ ਦੇ ਗੰਦੇ ਪਾਣੀ ਨੂੰ ਨਦੀਆਂ ਜਾਂ ਦਰਿਆਵਾਂ ਵਿੱਚ ਨਾ ਮਿਲਾ ਕੇ ਇਸ ਨੂੰ ਫਸਲਾਂ ਦੀ ਸਿੰਚਾਈ ਲਈ ਵਰਤਿਆ ਜਾਵੇ ਤਾਂ ਜੋ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਰੋਕਿਆ ਜਾ ਸਕੇ ਅਤੇ ਵਾਤਾਵਰਨ ਨੂੰ ਵੀ ਸਵੱਛ ਰੱਖਿਆ ਜਾਵੇ।ਪੂਰੇ ਪੰਜਾਬ ਅੰਦਰ ਸੀਵਰੇਜ ਟਰੀਟਮੈਂਟ ਪਲਾਂਟ ਦੇ ਸੋਧੇ ਪਾਣੀ ਨੂੰ ਸਿੰਚਾਈ ਲਈ ਵਰਤੋਂ ਵਿੱਚ ਲਿਆਂਦਾ ਜਾ ਰਿਹਾ ਹੈ। ਨਵਾਂਸ਼ਹਿਰ ਵਿਖੇ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਵੱਲੋਂ ਲਗਾਏ ਗਏ ਸੀਵਰੇਜ ਟਰੀਟਮੈਂਟ ਪਲਾਟ ਦੇ ਸੋਧੇ ਪਾਣੀ ਨੂੰ ਸਿੰਚਾਈ ਲਈ ਵਰਤਣ ਸੰਬੰਧੀ ਭੂਮੀ ਪਾਲ, ਮੋਹਾਲੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਤੇ ਮੰਡਲ ਭੂਮੀ ਰੱਖਿਆ ਅਫਸਰ, ਸ਼ਹੀਦ ਭਗਤ ਸਿੰਘ ਨਗਰ ਹਰਪ੍ਰੀਤ ਸਿੰਘ ਬਾਠ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕ੍ਰਿਸ਼ਨ ਦੁਗਲ, ਉਪ ਮੰਡਲ ਭੂਮੀ ਰੱਖਿਆ ਅਫਸਰ, ਨਵਾਂਸ਼ਹਿਰ ਦੀ ਪ੍ਰਧਾਨਗੀ ਹੇਠ ਵੱਖ-ਵੱਖ ਵਿਭਾਗਾਂ ਦੀ ਹਾਜ਼ਰੀ ਵਿੱਚ ਪਿੰਡ ਮਹਾਲੋ ਅਤੇ ਪਿੰਡ ਗੁਜਰਪੁਰ ਦੇ ਕਿਸਾਨਾਂ ਦੇ ਨਾਲ ਕੋਆਪਰੇਟਿਵ ਸੁਸਾਇਟੀ ਮਹਾਲੋ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਕ੍ਰਿਸ਼ਨ ਦੁੱਗਲ, ਉਪ ਮੰਡਲ ਭੂਮੀ ਰੱਖਿਆ ਅਫਸਰ ਨਵਾਂ ਸ਼ਹਿਰ ਨੇ ਦੱਸਿਆ ਕਿ ਸੀਵਰੇਜ ਟਰੀਟਮੈਂਟ ਪਲਾਂਟ ਨਵਾਂ ਸ਼ਹਿਰ ਤੋਂ ਰੋਜ਼ਾਨਾ ਲਗਭਗ 60 ਲੱਖ ਲੀਟਰ ਪਾਣੀ ਸੋਧਿਆ ਜਾ ਰਿਹਾ ਹੈ ਅਤੇ ਇਹ ਸੋਧਿਆ ਹੋਇਆ ਪਾਣੀ ਵਿਅਰਥ ਜਾ ਰਿਹਾ ਹੈ।ਇਸ ਸੋਧੇ ਹੋਏ ਪਾਣੀ ਨਾਲ ਰੋਜ਼ਾਨਾ ਲਗਭਗ 20 ਏਕੜ ਰਕਬੇ ਦੀ ਸਿੰਚਾਈ ਕੀਤੀ ਜਾ ਸਕਦੀ ਹੈ ਅਤੇ ਇਹ ਪਾਣੀ ਇਹਨਾਂ ਪਿੰਡਾ ਦੇ ਲਗਭਗ 200 ਏਕੜ ਰਕਬੇ ਦੀਆਂ ਸਿੰਚਾਈ ਲੋੜਾਂ ਪੂਰੀਆਂ ਕਰਨ ਦੇ ਸਮਰਥ ਹੈ।ਉਹਨਾਂ ਦੱਸਿਆ ਕੀ ਪਾਣੀ ਦੇ ਸਿੰਚਾਈ ਯੋਗ ਹੋਣ ਸਬੰਧੀ ਟੈਸਟਿੰਗ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਤੋਂ ਕਰਵਾ ਕੇ ਇਸ ਪਾਣੀ ਨੂੰ ਕਿਸਾਨਾਂ ਨੂੰ ਉਪਲਬਧ ਕਰਵਾਇਆ ਜਾਵੇਗਾ।ਉਹਨਾਂ ਦੱਸਿਆ ਕਿ ਕਿਸਾਨ ਜਿੱਥੇ ਇਹ ਪਾਣੀ ਵਰਤ ਕੇ ਧਰਤੀ ਹੇਠਲੇ ਪਾਣੀ ਦੇ ਲੈਵਲ ਨੂੰ ਬਰਕਰਾਰ ਰੱਖਣ ਵਿੱਚ ਮਦਦ ਕਰਨਗੇ ਉੱਥੇ ਕਿਸਾਨ ਬਿਜਲੀ ਦੀ ਬਚਤ ਕਰਕੇ ਵੀ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਆਪਣਾ ਬਣਦਾ ਯੋਗਦਾਨ ਪਾਉਣਗੇ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ, ਕੁਲਦੀਪ ਸਿੰਘ ਨੇ ਦੱਸਿਆ ਕਿ ਸੋਧਿਆ ਹੋਇਆ ਪਾਣੀ ਹਰ ਤਰ੍ਹਾਂ ਦੀ ਫਸਲਾਂ ਨੂੰ ਲਗਾਇਆ ਜਾ ਸਕਦਾ ਹੈ ਅਤੇ ਇਸ ਦਾ ਫਸਲਾਂ, ਪਸ਼ੂਆਂ ਅਤੇ ਚਾਰੇ ਉੱਪਰ ਕੋਈ ਬੁਰਾ ਪ੍ਰਭਾਵ ਨਹੀਂ ਹੈ।ਬਾਗਬਾਨੀ ਅਧਿਕਾਰੀ ਡਾ.ਪਰਮਜੀਤ ਨੇ ਸੋਧੇ ਪਾਣੀ ਦੇ ਬਾਗਬਾਨੀ ਫਸਲਾਂ ਨੂੰ ਹੋਣ ਵਾਲੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਪ੍ਰਦੀਪ ਸਿੰਘ, ਭੂਮੀ ਰੱਖਿਆ ਅਫਸਰ ਨਵਾਂ ਸ਼ਹਿਰ ਵੱਲੋਂ ਕਿਸਾਨਾਂ ਨੂੰ ਪ੍ਰਸ਼ਤਾਵਿਤ ਵਿਛਾਈ ਜਾਨ ਵਾਲੀ ਪਾਈਪ ਲਾਈਨ ਅਤੇ ਵਿਭਾਗੀ ਸਕੀਮਾਂ ਸੰਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਮਾਲ ਵਿਭਾਗ ਤੋਂ ਵਿਵੇਕ ਕੁਮਾਰ ਪਟਵਾਰੀ ਵੱਲੋਂ ਪਾਈਪ ਲਾਈਨ ਅਧੀਨ ਆਉਣ ਵਾਲੇ ਰਕਬੇ ਤੇ ਨਿਸ਼ਾਨ ਦੇਹੀ ਬਾਰੇ ਦੱਸਿਆ ਗਿਆ।

# ਜਲ ਸਪਲਾਈ ਵਿਭਾਗ ਦੇ ਠੇਕਾ ਵਰਕਰਾਂ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)**-ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਡਵੀਜਨ ਪਠਾਨਕੋਟ ਦੇ ਅਧੀਨ ਆਉਦੀ ਸਬ ਡਵੀਜਨ ਤਾਰਾਗੜ੍ਹ ਦੇ ਐਸ.ਡੀ.ਓ. ਵੱਲੋਂ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਦੀਆਂ ਲੋਕ ਮਾਰੂ ਨੀਤੀਆਂ ਦਾ ਪੁਰਅਮਨ ਢੰਗ ਨਾਲ ਵਿਰੋਧ ਕਰਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31 ) ਦੇ ਵਰਕਰਾਂ ਅਤੇ ਉਨ੍ਹਾਂ ਦੇ ਪਰਵਾਰਾਂ ਉਪਰ ਝੂਠਾ ਪਰਚਾ ਰਜਿਸਟਰ ਕਰਵਾਉਣ ਦੇ ਰੋਸ ਵਜੋਂ ਜਥੇਬੰਦੀ ਦੀ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਬ੍ਰਾਂਚ ਕਮੇਟੀ ਹੁਸ਼ਿਆਰਪੁਰ ਅਤੇ ਦਸੂਹਾ ਵੱਲੋਂ ਇਥੇ ਮਿਨੀ ਸਕੱਤਰੇਤ ਦੇ ਮੇਨ ਗੇਟ ਮੂਹਰੇ ਵਿਸ਼ਾਲ ਇਕੱਠ ਕਰਨ ਉਪਰੰਤ ਐਸ.ਡੀ.ਓ. ਅਤੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਜੰਮ ਕੇ ਨਾਅਰੇਬਾਜੀ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਸੂਬਾ ਆਗੂ ਉਕਾਰ ਸਿੰਘ ਢਾਂਡਾ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ ਬਰਾਂਚ ਜਨਰਲ ਸਕੱਤਰ ਕੁਲਦੀਪ ਸਿੰਘ ਸੈਣੀ ਸੀਨੀਅਰ ਬ੍ਰਾਂਚ ਪ੍ਰਧਾਨ ਅਮਨਦੀਪ ਸਿੰਘ ਸੁਸ ਅਤੇ ਜਤਿੰਦਰ ਸਿੰਘ ਬੱਧਣ ਅਤੇ ਮਨਦੀਪ ਸਿੰਘ ਸੈਣੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਵੱਲੋਂ ਜਲ ਸਪਲਾਈ ਸਕੀਮਾਂ ਤੇ ਪ੍ਰਾਇਵੇਟ ਕੰਪਨੀਆ ਦੇ ਜਰੀਏ ਸਕਾਡਾ ਸਿਸਟਮ ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕੀਤਾ ਜਾ ਰਿਹਾ ਹੈ, ਜਿਸ ਨਾਲ ਪੀਣ ਵਾਲੇ ਪਾਣੀ 'ਤੇ ਕਾਰਪੋਰੇਟ ਘਰਾਣਿਆਂ ਦਾ ਮੁਕੰਮਲ ਕੰਟਰੋਲ ਹੋਵੇਗਾ ਅਤੇ ਪ੍ਰਾਇਵੇਟ ਕੰਪਨੀਆਂ ਆਪਣੀ ਮਨਮਰਜੀ ਨਾਲ ਮਹਿੰਗੇ ਮੁੱਲ ਵਿਚ ਪਾਣੀ ਦੇਣਗੀਆਂ। ਇਸ ਤਰ੍ਹਾਂ ਪੇਂਡੂ ਖੇਤਰ ਵਿਚ ਵੱਸੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਦਾ ਪ੍ਰਬੰਧ ਖੁਦ ਪੰਜਾਬ ਸਰਕਾਰ ਵੱਲੋਂ ਕਰਨ ਤੋਂ ਭੱਜ ਰਹੀ ਹੈ। ਜਿਸਦੇ ਵਿਰੋਧ ਵਿਚ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ. 31) ਜ਼ਿਲ੍ਹਾ ਪਠਾਨਕੋਟ ਵੱਲੋਂ ਪਿੰਡਾਂ ਦੇ ਲੋਕਾਂ ਦੇ ਸਹਿਯੋਗ ਨਾਲ ਲੋਕ ਅਤੇ ਵਰਕਰ ਵਿਰੋਧੀ ਇਸ ਸਕਾਡਾ ਸਿਸਟਮ ਦੇ ਖਿਲਾਫ ਪੁਰਅਮਨ ਢੰਗ ਨਾਲ ਵਿਰੋਧ ਕੀਤਾ ਜਾ ਰਿਹਾ ਹੈ ਅਤੇ ਟੈਂਕੀਆਂ ਤੇ ਸਕਾਡਾ ਸਿਸਟਮ ਨਹੀ ਲੱਗਣ ਦਿੱਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਡਵੀਜਨ ਪਠਾਨਕੋਟ ਦੇ ਅਧੀਨ ਆਉਂਦੀ ਸਬ ਡਵੀਜਨ ਤਾਰਾਗੜ੍ਹ ਦੇ ਐਸ.ਡੀ.ਓ. ਵੱਲੋਂ ਯੂਨੀਅਨ ਦੇ ਆਗੂਆਂ ਸਮੇਤ 25 ਵਰਕਰਾਂ ਅਤੇ ਉਨ੍ਹਾਂ ਦੇ ਪਰਵਾਰਾਂ 'ਤੇ ਝੂਠਾ ਪਰਚਾ ਦਰਜ ਕਰਵਾਇਆ ਗਿਆ ਹੈ। ਜਿਸਦੀ ਦੀ ਜ਼ੋਰਦਾਰ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਸਬ ਡਵੀਜਨ ਤਾਰਾਗੜ੍ਹ ਦੇ ਐਸ.ਡੀ.ਓ. ਅਤੇ ਪੰਜਾਬ ਸਰਕਾਰ ਦੇ ਖਿਲਾਫ ਅੱਜ ਜਥੇਬੰਦੀ ਵੱਲੋਂ ਸਾਰੇ ਪੰਜਾਬ ਵਿਚ ਅਰਥੀਆਂ ਫੂਕ ਕੇ ਰੋਹ ਭਰਪੂਰ ਧਰਨੇ ਦਿੱਤੇ ਗਏ ਹਨ, ਉਥੇ ਹੀ ਅੱਜ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਵੀ ਅਰਥੀਆਂ ਫੂਕ ਕੇ ਰੋਸ਼ ਪ੍ਰਦਰਸ਼ਨ ਕਰਕੇ ਸੰਘਰਸ਼ੀ ਲੋਕਾਂ ਦੇ ਖਿਲਾਫ ਕੀਤੀ ਗਈ ਪੁਲਸ ਕਾਰਵਾਈ ਦੀ ਨਿਖੇਧੀ ਕੀਤੀ ਗਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਲੋਕਾਂ ਦੇ ਘਰ ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਹੀ ਵਿਭਾਗੀ ਅਧਿਕਾਰੀਆਂ ਵੱਲੋਂ ਇਕ ਵਰਕਰ ਦੇ ਰੂਪ ਵਿਚ ਰੱਖਿਆ ਗਿਆ ਸੀ ਅਤੇ ਇਨ੍ਹਾਂ ਕਾਮਿਆ ਨੇ ਆਪਣੀ ਜਿੰਦਗੀ ਦਾ ਅਹਿਮ ਸਮਾਂ ਪੰਜਾਬ ਸਰਕਾਰ ਦੀਆਂ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਤਨਦੇਹੀ ਦੇ ਨਾਲ ਸੇਵਾਵਾਂ ਦੇ ਕੇ ਠੇਕਾ ਪ੍ਰਨਾਲੀ ਦਾ ਸੰਤਾਪ ਭੋਗ ਰਹੇ ਹਨ ਅਤੇ ਲੰਮਾਂ ਸਮਾਂ ਕੰਮ ਕਰਨ ਕਰਕੇ ਇਨ੍ਹਾਂ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਤਜਰਬੇ ਦੇ ਅਧਾਰ ਤੇ ਵਿਭਾਗ ਵਿਚ ਪੱਕੇ ਰੁਜਗਾਰ ਦੀ ਪ੍ਰਾਪਤੀ ਲਈ ਸੰਘਰਸ਼ ਕੀਤਾ ਜਾ ਰਿਹਾ ਹੈ।

ਆਗੂਆਂ ਨੇ ਕਿਹਾ ਕਿ ਸਾਡੀ ਜਥੇਬੰਦੀ ਦੀ ਮੰਗ ਹੈ ਕਿ ਪਠਾਨਕੋਟ ਵਿਖੇ ਜਲ ਸਪਲਾਈ ਵਿਭਾਗ ਦੇ ਵਰਕਰਾਂ, ਪਰਵਾਰਾਂ ਅਤੇ ਪਿੰਡ ਵਾਸੀਆ ਉਪਰ ਝੂਠੇ ਦਰਜ ਕੀਤੇ ਪਰਚੇ ਨੂੰ ਤੁਰੰਤ ਰੱਦ ਕੀਤਾ ਜਾਵੇ। ਪੇਂਡੂ ਜਲ ਸਪਲਾਈ ਸਕੀਮਾਂ ਤੇ ਸਕਾਡਾ ਸਿਸਟਮ (ਕੰਪਨੀ) ਲਗਾ ਕੇ ਨਿੱਜੀਕਰਨ/ਪੰਚਾਇਤੀਕਰਨ ਕਰਨਾ ਬੰਦ ਕੀਤਾ ਜਾਵੇ। ਪੀਣ ਵਾਲੇ ਪਾਣੀ ਦੀ ਬੁਨਿਆਦੀ ਸਹੂਲਤ ਦਾ ਪ੍ਰਬੰਧ ਸਰਕਾਰ ਖੁਦ ਆਪ ਕਰੇ। ਪਿਛਲੇ ਸਾਲਾਂਬੱਧੀ ਅਰਸੇ ਤੋਂ ਕੰਮ ਕਰਦੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਵਰਕਰਾਂ ਦੇ ਪੱਕੇ ਰੁਜਗਾਰ ਦਾ ਪ੍ਰਬੰਧ ਕੀਤਾ ਜਾਵੇ।

# ਸਾਈਪ੍ਰਸ ਗਣਰਾਜ ਦੇ ਹਾਈ ਕਮਿਸ਼ਨਰ ਵੱਲੋਂ ਐੱਲ ਪੀ ਯੂ ਦਾ ਦੌਰਾ



**ਜਲੰਧਰ ( ਸ਼ੈਲੀ ਐਲਬਰਟ)** -ਭਾਰਤ ਵਿੱਚ ਸਾਈਪ੍ਰਸ ਗਣਰਾਜ ਦੇ ਹਾਈ ਕਮਿਸ਼ਨਰ ਐਚ ਈ ਈਵਾਗੋਰਸ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਕੈਂਪਸ ਦਾ ਦੌਰਾ ਕੀਤਾ। ਇਹ ਦੌਰਾ ਸਾਈਪ੍ਰਸ ਵਿੱਚ ਵਪਾਰ, ਸਿੱਖਿਆ ਅਤੇ ਸਮਾਜਿਕ ਪਹਿਲਕਦਮੀਆਂ ਨੂੰ ਅੱਗੇ ਵਧਾਉਣ 'ਤੇ ਸਮਝਦਾਰੀ ਨਾਲ ਗੱਲਬਾਤ ਅਤੇ ਦਿਲਚਸਪ ਵਿਚਾਰ-ਵਟਾਂਦਰੇ ਨਾਲ ਭਰਪੂਰ ਸੀ।ਮਾਨਯੋਗ ਈਵਾਗੋਰਸ ਨੇ ਸਿੱਖਿਆ ਨੂੰ ਵਪਾਰਕ ਲੋੜਾਂ, ਉੱਦਮਤਾ ਨੂੰ ਮਜ਼ਬੂਤ ਕਰਨ ਅਤੇ ਸਾਈਪ੍ਰਸ ਵਿੱਚ ਆਉਣ ਵਾਲੇ ਰੁਝਾਨਾਂ ਦੀ ਕਲਪਨਾ ਕਰਦੇ ਹੋਏ ਦੇਸ਼ ਦੇ ਅਮੀਰ ਇਤਿਹਾਸਕ ਵਿਸ਼ਿਆਂ ਬਾਰੇ ਡੂੰਘਾਈ ਨਾਲ ਜਾਣਕਾਰੀ ਸਾਂਝੀ ਕੀਤੀ।ਪ੍ਰੋਫੈਸਰ ਯੌਰਗੋਸ ਨੇ ਸੈਸ਼ਨ ਦੌਰਾਨ ਇੱਕ ਆਰਕੀਟੈਕਟ ਦੇ ਜੀਵਨ ਅਤੇ ਸਫ਼ਰ ਬਾਰੇ ਆਪਣੇ ਵਿਚਾਰ ਪੇਸ਼ ਕੀਤੇ, ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਵਿਹਾਰਕ ਸਿੱਖਿਆ ਨੂੰ ਉਤਸ਼ਾਹਿਤ ਕੀਤਾ, ਖਾਸ ਕਰਕੇ ਆਰਕੀਟੈਕਚਰ ਅਤੇ ਡਿਜ਼ਾਈਨ ਦੇ ਖੇਤਰ ਵਿੱਚ।ਐਲਪੀਯੂ ਦੇ ਪ੍ਰੋ ਵਾਈਸ ਚਾਂਸਲਰ ਡਾ. ਸੰਜੇ ਮੋਦੀ ਨੇ ਵਾਇਸ ਪ੍ਰੇਜ਼ਿਡੇਂਟ ਡਾ. ਅਮਨ ਮਿੱਤਲ ਅਤੇ ਮੁੱਖ ਆਰਕੀਟੈਕਟ ਅਤੇ ਸੀਨਿਅਰ ਡੀਨ ਡਾ. ਅਤੁਲ ਸਿੰਗਲਾ ਦੇ ਨਾਲ ਭਾਰਤ ਵਿੱਚ ਸਾਈਪ੍ਰਸ ਗਣਰਾਜ ਦੇ ਹਾਈ ਕਮਿਸ਼ਨਰ ਐੱਚ. ਈਵਾਗੋਰਸ ਅਤੇ ਨਿਕੋਸੀਆ ਯੂਨੀਵਰਸਿਟੀ ਦੇ ਪ੍ਰੋ. ਯੌਰਗੋਸ ਦਾ ਸਵਾਗਤ ਕੀਤਾ।ਡਾ. ਅਮਨ ਮਿੱਤਲ ਨੇ ਵਿਚਾਰਾਂ ਦੇ ਇਸ ਅਦਾਨ-ਪ੍ਰਦਾਨ ਤੇ ਖੁਸ਼ੀ ਪ੍ਰਗਟ ਕੀਤੀ, ਭਾਰਤ, ਸਾਈਪ੍ਰਸ ਅਤੇ ਯੂਨੀਵਰਸਿਟੀ ਵਿਚਕਾਰ ਡੂੰਘੇ ਸਹਿਯੋਗ ਨਾਲ ਭਰੇ ਭਵਿੱਖ ਦੀ ਕਲਪਨਾ ਕਰਦੇ ਹੋਏ, ਸਾਈਪ੍ਰਸ ਅਤੇ ਐਲਪੀਯੂ ਵਿਚਕਾਰ ਸਥਾਈ ਬੰਧਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਦੌਰਾ ਸਾਈਪ੍ਰਸ ਵਿੱਚ ਉੱਚ ਸਿੱਖਿਆ ਸੰਸਥਾਵਾਂ ਨਾਲ ਭਾਈਵਾਲੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ, ਜਿਸਦਾ ਉਦੇਸ਼ ਅਕਾਦਮਿਕ ਆਦਾਨ-ਪ੍ਰਦਾਨ, ਖੋਜ ਦੇ ਮੌਕਿਆਂ ਅਤੇ ਸਹਿਯੋਗੀ ਵਿਦਿਅਕ ਪਹਿਲਕਦਮੀਆਂ ਨੂੰ ਉਤਸ਼ਾਹਿਤ ਕਰਨਾ ਹੈ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਦੁਆਰਾ ਪ੍ਰਦਰਸ਼ਿਤ ਕੀਤੇ ਗਏ ਆਰਕੀਟੈਕਚਰਲ ਡਿਜ਼ਾਈਨਾਂ ਨੇ ਨਾ ਸਿਰਫ਼ ਮਨ ਮੋਹ ਲਿਆ ਬਲਕਿ ਸਨਮਾਨਿਤ ਮਹਿਮਾਨਾਂ ਤੋਂ ਵੀ ਪ੍ਰਸ਼ੰਸਾ ਪ੍ਰਾਪਤ ਕੀਤੀ। ਪ੍ਰੋ. ਯੌਰਗੋਸ ਨੇ ਵਿਦਿਆਰਥੀਆਂ ਨੂੰ ਆਰਕੀਟੈਕਚਰ ਦੇ ਤਕਨੀਕੀ ਪਹਿਲੂਆਂ ਵਿੱਚ ਮਾਰਗਦਰਸ਼ਨ ਕੀਤਾ।

# ਸੀਚੇਵਾਲ ਨੇ ਰਾਜ ਸਭਾ 'ਚ ਚੁੱਕਿਆ ਬਾਗਬਾਨੀ ਕਿਸਾਨਾਂ ਦਾ ਮੁੱਦਾ




**ਸ਼ਾਹਕੋਟ (ਗਿਆਨ ਸੈਦਪੁਰੀ)**—ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬਾਗਬਾਨੀ ਕਰਨ ਵਾਲੇ ਕਿਸਾਨਾਂ ਦਾ ਮੁੱਦਾ ਰਾਜ ਸਭਾ ਵਿੱਚ ਬੜੀ ਸ਼ਿੱਦਤ ਨਾਲ ਉਠਾਇਆ। ਉਨ੍ਹਾਂ ਹੈਰਾਨੀ ਪ੍ਰਗਟਾਉਂਦਿਆ ਕਿਹਾ ਕਿ ਸਰਕਾਰ ਹੋਰ ਫਸਲਾਂ ਦੇ ਉਜਾੜੇ ਦਾ ਤਾਂ ਮੁਆਵਜ਼ਾ ਦਿੰਦੀ ਹੈ ਪਰ ਬਾਗਾਂ ਦੇ ਉਜਾੜੇ ਬਾਰੇ ਇੱਕ ਧੇਲਾ ਵੀ ਨਹੀਂ ਦਿੰਦੀ। ਉਨ੍ਹਾਂ ਕਿਹਾ ਕਿ ਜਿਵੇਂ ਕੁਦਰਤੀ ਆਫਤਾਂ ਕਾਰਨ ਹੋਰ ਫਸਲਾਂ ਦੇ ਨੁਕਸਾਨ ਦੀ ਸਥਿਤੀ ਵਿੱਚ ਸਰਕਾਰ ਵੱਲੋਂ ਮੁਆਵਜ਼ਾ ਦਿੱਤਾ ਜਾਂਦਾ ਹੈ, ਉਸੇ ਤਰ੍ਹਾਂ ਬਾਗਬਾਨੀ ਕਰਨ ਵਾਲੇ ਕਿਸਾਨਾਂ ਨੂੰ ਵੀ ਦਿੱਤਾ ਜਾਵੇ ਜਦੋਂ ਉਨ੍ਹਾਂ ਦੇ ਬਾਗਾਂ ਦਾ ਨੁਕਸਾਨ ਹੁੰਦਾ ਹੈ।ਸੰਤ ਸੀਚੇਵਾਲ ਨੇ ਕਿਹਾ ਕਿ ਬਾਗਬਾਨੀ ਜਿਸ ਨੂੰ ਖੇਤੀਬਾੜੀ ਦੇ ਇੱਕ ਬਦਲਵੇਂ ਰੂਪ ਵਜੋਂ ਵੀ ਦੇਖਿਆ ਜਾਂਦਾ ਹੈ। ਉਹੀ ਬਾਗ ਧਰਤੀ ਹੇਠਲੇ ਪਾਣੀ ਦੀ ਸੰਭਾਲ ਕਰਦੇ ਹਨ ਅਤੇ ਵਾਤਾਵਰਨ ਨੂੰ ਸਾਫ਼ ਰੱਖਣ ਵਿੱਚ ਮਦਦ ਕਰਦੇ ਹਨ। ਉਹਨਾਂ ਦੱਸਿਆ ਕਿ ਪੰਜਾਬ ਵਿੱਚ ਫਾਜ਼ਿਲਕਾ, ਅਬੋਹਰ, ਹੁਸ਼ਿਆਰਪੁਰ ਅਤੇ ਹੋਰ ਥਾਵਾਂ 'ਤੇ ਕਿੰਨੂਆਂ ਦੇ ਬਾਗ ਵੱਡੇ ਪੱਧਰ 'ਤੇ ਲਗਾਏ ਗਏ ਹਨ। ਪਰ ਕੁਦਰਤੀ ਕਰੋਪੀ ਦਾ ਸ਼ਿਕਾਰ ਹੋਣ ਤੋਂ ਬਾਅਦ, ਬਹੁਤ ਸਾਰੇ ਬਾਗਬਾਨੀ ਕਰਨ ਵਾਲੇ ਕਿਸਾਨਾਂ ਨੇ ਇਸ ਤੋਂ ਤੋਬਾ ਕੀਤੀ ਹੈ ਅਤੇ ਆਪਣੇ ਹਰੇ ਭਰੇ ਬਾਗਾਂ ਨੂੰ ਪੁੱਟਣ ਲਈ ਮਜਬੂਰ ਹੋਣਾ ਪਿਆ। ਉਹਨਾਂ ਦੱਸਿਆ ਕਿ ਮਾਲਵੇ ਖੇਤਰ ਵਿੱਚ ਬਾਗਬਾਨੀ ਨਹਿਰੀ ਪਾਣੀ 'ਤੇ ਨਿਰਭਰ ਹੈ, ਕਿਉਂਕਿ ਇਨ੍ਹਾਂ ਦਾ ਧਰਤੀ ਹੇਠਲਾ ਪਾਣੀ ਖਾਰਾ ਹੈ। ਇਸ ਨਾਲ ਬਾਗਾਂ ਦਾ ਵੀ ਨੁਕਸਾਨ ਹੋ ਰਿਹਾ ਹੈ।ਪਿਛਲੇ ਦੋ ਸਾਲਾਂ, 2021-22 ਅਤੇ 2022-23 ਦੌਰਾਨ, ਬਠਿੰਡਾ, ਮੁਕਤਸਰ ਅਤੇ ਫਾਜ਼ਿਲਕਾ ਵਿੱਚ ਲਗਭਗ 40,000 ਏਕੜ ਵਿੱਚ ਲੱਗੇ ਬਾਗਾਂ ਨੂੰ ਕਿਸਾਨਾਂ ਨੇ ਜਲਵਾਯੂ ਤਬਦੀਲੀ ਕਾਰਨ ਹੋਏ ਨੁਕਸਾਨ ਕਾਰਨ ਉਖਾੜ ਦਿੱਤਾ ਸੀ। ਸੰਤ ਸੀਚੇਵਾਲ ਨੇ ਕਿਹਾ ਜਲਵਾਯੂ ਪਰਿਵਰਤਨ ਦਾ ਬਾਗਬਾਨੀ ਤੇ ਸਭ ਤੋਂ ਬੁਰਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਮੇਤ ਦੇਸ਼ ਭਰ ਦੇ ਬਾਗਬਾਨੀ ਕਿਸਾਨਾਂ ਦੇ ਹਿੱਤਾਂ ਦਾ ਧਿਆਨ ਰੱਖਿਆ ਜਾਵੇ।ਸੰਤ ਸੀਚੇਵਾਲ ਨੇ ਸਦਨ ਵਿੱਚ ਪੁਰਜ਼ੋਰ ਮੰਗ ਕੀਤੀ ਕਿ ਕੁਦਰਤੀ ਆਫ਼ਤਾਂ ਕਾਰਨ ਬਾਗਬਾਨੀ ਦੇ ਨੁਕਸਾਨ ਦੀ ਸਥਿਤੀ ਵਿੱਚ, ਉਨ੍ਹਾਂ ਨੂੰ ਆਮ ਫਸਲਾਂ ਦੇ ਨੁਕਸਾਨ ਵਾਂਗ ਮੁਆਵਜ਼ਾ ਦਿੱਤਾ ਜਾਵੇ।

ਉਹਨਾਂ ਕਿਹਾ ਕਿ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ ਵੱਧ ਤੋਂ ਵੱਧ ਸਬਸਿਡੀਆਂ ਦਿੱਤੀਆਂ ਜਾਣ ਤਾਂ ਜੋ ਕਿਸਾਨ ਬਾਗਬਾਨੀ ਵੱਲ ਮੁੜਨ ਅਤੇ ਆਪਣੇ ਫਲਾਂ ਦੇ ਮੰਡੀਕਰਨ ਦਾ ਪ੍ਰਬੰਧ ਕਰ ਸਕਣ। ਬਾਗਬਾਨੀ ਵਾਲੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ। ਬਾਗਬਾਨੀ ਲਈ ਵਰਤੇ ਜਾਣ ਵਾਲੇ ਸੰਦ ਅਤੇ ਮਸ਼ੀਨਰੀ ਸਸਤੀ ਕੀਤੀ ਜਾਣੀ ਚਾਹੀਦੀ ਹੈ।

# ਰੈੱਡ ਕਰਾਸ ਸੁਸਾਇਟੀ ਦੀਆਂ ਗਤੀਵਿਧੀਆਂ 'ਚ ਹੋਰ ਵਾਧਾ ਕਰਨ 'ਤੇ ਜ਼ੋਰ

**ਜਲੰਧਰ ( ਇਕਬਾਲ ਸਿੰਘ ਉੱਭੀ )** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਲੋੜਵੰਦਾਂ ਦੀ ਸਹਾਇਤਾ ਲਈ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕੀਤੀਆਂ ਜਾਂਦੀਆਂ ਲੋਕ ਭਲਾਈ ਗਤੀਵਿਧੀਆਂ ਵਿੱਚ ਹੋਰ ਵਾਧਾ ਕਰਨ 'ਤੇ ਜ਼ੋਰ ਦਿੱਤਾ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੀ ਸਾਲਾਨਾ ਜਨਰਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਰੈੱਡ ਕਰਾਸ ਵੱਲੋਂ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਤੋਂ ਆਮ ਜਨਤਾ ਨੂੰ ਜਾਣੂ ਕਰਵਾਇਆ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਇਨ੍ਹਾਂ ਦਾ ਲਾਭ ਮਿਲ ਸਕੇ।ਉਨ੍ਹਾਂ ਸ਼ਹਿਰੀ ਖੇਤਰ ਦੇ ਨਾਲ-ਨਾਲ ਪੇਂਡੂ ਇਲਾਕਿਆਂ ਵਿੱਚ ਵੀ ਰੈੱਡ ਕਰਾਸ ਦੀਆਂ ਸਰਗਰਮੀਆਂ ਵਧਾਉਣ ਲਈ ਕਿਹਾ। ਡਾ. ਅਗਰਵਾਲ ਨੇ ਐਸ.ਡੀ.ਐਮਜ਼ ਨੂੰ ਨਿਰਦੇਸ਼ ਦਿੱਤੇ ਕਿ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਪਿੰਡਾਂ ਵਿੱਚ ਰੈੱਡ ਕਰਾਸ ਸੁਸਾਇਟੀ ਦੀ ਮਦਦ ਨਾਲ ਸਮਾਜ ਭਲਾਈ ਦੇ ਕੰਮ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਲੋਕ ਭਲਾਈ ਕਾਰਜਾਂ ਲਈ ਵੱਧ ਤੋਂ ਵੱਧ ਐਨ.ਜੀ.ਓਜ਼ ਨੂੰ ਰੈੱਡ ਕਰਾਸ ਸੁਸਾਇਟੀ ਨਾਲ ਜੋੜਿਆ ਜਾਵੇ ਤਾਂ ਜੋ ਹਰੇਕ ਲੋੜਵੰਦ ਦੀ ਮਦਦ ਕੀਤੀ ਜਾ ਸਕੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਰੈੱਡ ਕਰਾਸ ਸੁਸਾਇਟੀ ਵੱਲੋਂ ਗਰੀਬ ਮਰੀਜ਼ਾਂ ਨੂੰ ਦਵਾਈਆਂ, ਖ਼ੂਨਦਾਨ ਕੈਂਪ, ਵੀਲ੍ਹ ਚੇਅਰ, ਟਰਾਈ ਸਾਈਕਲ ਤੇ ਸਿਲਾਈ ਮਸ਼ੀਨਾਂ ਦੀ ਵੰਡ, ਗਰੀਬ ਤੇ ਲੋੜਵੰਦ ਮਰੀਜ਼ਾਂ ਨੂੰ ਰਾਸ਼ਨ ਦੀ ਵੰਡ ਸਮੇਤ ਹੋਰ ਲੋਕ ਭਲਾਈ ਗਤੀਵਿਧੀਆਂ ਦਾ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਰੈੱਡ ਕਰਾਸ ਸੁਸਾਇਟੀ ਨੂੰ ਫਸਟ ਏਡ, ਨੈਨੀ ਤੇ ਹੋਮ ਕੇਅਰ ਕੋਰਸ ਸ਼ੁਰੂ ਕਰਨ ਦੀ ਪ੍ਰਵਾਨਗੀ ਦੇਣ ਤੋਂ ਇਲਾਵਾ ਸਕੂਲ/ਕਾਲਜ ਦੇ ਵਿਦਿਆਰਥੀਆਂ ਨੂੰ ਲਾਈਫ਼ ਸੇਵਿੰਗ ਸਕਿੱਲ ਸਬੰਧੀ ਟ੍ਰੇਨਿੰਗ ਪ੍ਰਦਾਨ ਕਰਨ ਲਈ ਅਧਿਆਪਕਾਂ ਨੂੰ ਮੁਫ਼ਤ ਸਿਖ਼ਲਾਈ ਦੇਣ ਬਾਰੇ ਪ੍ਰਸਤਾਵ ਤਿਆਰ ਕਰਨ ਦੀਆਂ ਹਦਾਇਤਾਂ ਦਿੱਤੀਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਮੇਜਰ ਡਾ. ਅਮਿਤ ਮਹਾਜਨ, ਐਸ.ਡੀ.ਐਮ. ਜੈ ਇੰਦਰ ਸਿੰਘ, ਬਲਬੀਰ ਰਾਜ ਸਿੰਘ, ਰਿਸ਼ਭ ਬਾਂਸਲ, ਸਿਵਲ ਸਰਜਨ ਡਾ. ਜਗਦੀਪ ਚਾਵਲਾ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਭੋਗਲ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਇੰਦਰਦੇਵ ਸਿੰਘ ਮਿਨਹਾਸ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਰੈੱਡ ਕਰਾਸ ਸੁਸਾਇਟੀ ਦੇ ਕਾਰਜਕਾਰੀ ਮੈਂਬਰ ਵੀ ਮੌਜੂਦ ਸਨ।

## ਚੋਣ ਕਮਿਸ਼ਨ ਨੇ 2022 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰ ਅਯੋਗ ਐਲਾਨੇ : ਸਿਬਿਨ ਸੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਪ੍ਰਤੀਨਿਧੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਹੈ।ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਸਾਰੇ 6 ਉਮੀਦਵਾਰ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਹਨ।15 ਜੁਲਾਈ 2024 ਨੂੰ ਭਾਰਤੀ ਚੋਣ ਕਮਿਸ਼ਨ ਵੱਲੋਂ ਕੀਤੇ ਹੁਕਮਾਂ ਰਾਹੀਂ ਬਟਾਲਾ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸੁੱਚਾ ਸਿੰਘ ਨੂੰ ਅਯੋਗ ਕਰਾਰ ਦਿੱਤਾ ਗਿਆ ਹੈ।ਇਸੇ ਤਰ੍ਹਾਂ ਕਾਦੀਆਂ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਪ੍ਰੇਮ ਸਿੰਘ ਅਤੇ ਹਰਦੀਪ ਸਿੰਘ ਨੂੰ ਵੀ ਅਯੋਗ ਐਲਾਨਿਆਂ ਗਿਆ ਹੈ।

## ਪੰਜਾਬ ਪੁਲਸ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਲਈ ਵਚਨਬੱਧ : ਦੀਪਕ ਪਾਰਿਕ

**ਐੱਸ.ਏ.ਐੱਸ. ਨਗਰ, (ਕ੍ਰਿਸ਼ਨ ਗਰਗ)**-ਪੰਜਾਬ ਪੁਲਸ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਵਚਨਬੱਧ ਹੈ ਤੇ ਇਸ ਕਾਰਜ ਹਿਤ ਦਿਨ ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ।ਪੰਜਾਬ ਪੁਲਸ ਦੀ ਕਾਰਜਪ੍ਰਣਾਲੀ ਸਦਕਾ ਲੋਕਾਂ ਨੂੰ ਕਿਸੇ ਕਿਸਮ ਦੀ ਫ਼ਿਕਰ ਕਰਨ ਦੀ ਲੋੜ ਨਹੀਂ ਹੈ, ਪਰ ਸੁਚੇਤ ਰਹਿ ਕੇ ਸਮਾਜ ਵਿਚਲੇ ਮਾੜੇ ਅਨਸਰਾਂ ਖ਼ਿਲਾਫ਼ ਪੰਜਾਬ ਪੁਲੀਸ ਨੂੰ ਸਹਿਯੋਗ ਜ਼ਰੂਰ ਦੇਣਾ ਚਾਹੀਦਾ ਹੈ। ਇਹ ਪ੍ਰਗਟਾਵਾ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀ ਦੀਪਕ ਪਾਰਿਕ, ਆਈ ਪੀ ਐੱਸ, ਨੇ ਜ਼ਿਲ੍ਹਾ ਕੋਰਟ ਕੰਪਲੈਕਸ ਵਿਖੇ ਆਪਣੀ ਅਗਵਾਈ ਵਿੱਚ ਚੈਕਿੰਗ ਕਰਵਾਉਣ ਉਪਰੰਤ ਮੀਡੀਆ ਨੂੰ ਸੰਬੋਧਨ ਕਰਦਿਆਂ ਆਖੀ।ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਪੰਜਾਬ ਪੁਲਸ ਵੱਲੋਂ ਕੋਰਟ ਕੰਪਲੈਕਸ ਸਮੇਤ ਜ਼ਿਲ੍ਹੇ ਵਿਚਲੀਆਂ ਹੋਰਨਾਂ ਸਰਕਾਰੀ ਇਮਾਰਤਾਂ ਦੀ ਵਿਆਪਕ ਪੱਧਰ ਉੱਤੇ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਇੱਥੇ ਆਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ।ਕੋਰਟਸ ਕੰਪਲੈਕਸ ਦੀ ਚੈਕਿੰਗ ਦੌਰਾਨ ਡਾਗ ਸਕੁਐਡ, ਬੰਬ ਰੋਧਕ ਦਸਤਿਆਂ ਸਮੇਤ ਵੱਡੀ ਗਿਣਤੀ ਪੁਲਸ ਮੁਲਾਜ਼ਮਾਂ ਨੇ ਚੈਕਿੰਗ ਦੇ ਅਮਲ ਨੂੰ ਸਿਰੇ ਚੜ੍ਹਾਇਆ।ਇਸ ਦੌਰਾਨ ਕੋਰਟ ਕੰਪਲੈਕਸ ਦੇ ਰਸਤਿਆਂ 'ਤੇ ਲਾਏ ਸੁਰੱਖਿਆ ਯੰਤਰਾਂ (ਮੈਟਲ ਡਿਟੈਕਟਰਜ਼) ਦਾ ਵੀ ਨਿਰੀਖਣ ਕੀਤਾ ਗਿਆ ਤੇ ਮੈਨੂਅਲ ਮੈਟਲ ਡਿਟੈਕਟਰਜ਼ ਦੀ ਵੀ ਜਾਂਚ ਕੀਤੀ ਗਈ। ਇਸ ਦੇ ਨਾਲੋਂ-ਨਾਲ ਕੰਪਲੈਕਸ ਵਿਖੇ ਖੜ੍ਹੇ ਵਾਹਨਾਂ ਦੀ ਵੀ ਜਾਂਚ-ਪੜਤਾਲ ਕੀਤੀ ਗਈ। ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਅਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਜਿੱਥੇ ਚੈਕਿੰਗ ਮੁਹਿੰਮ ਹੋਰ ਤੇਜ਼ ਕੀਤੀ ਜਾਵੇਗੀ, ਉਥੇ ਆਮ ਲੋਕਾਂ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਹਿਤ ਵੀ ਕਦਮ ਚੁੱਕੇ ਜਾਣਗੇ। ਉਨ੍ਹਾਂ ਨੇ ਜ਼ਿਲ੍ਹਾ ਪੁਲੀਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਡਿਊਟੀ ਸਬੰਧੀ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਮੌਕੇ ਡੀ ਐਸ ਪੀ ਹਰਸਿਮਰਨ ਸਿੰਘ ਬੱਲ ਸਮੇਤ ਵੱਡੀ ਗਿਣਤੀ 'ਚ ਪੁਲਸ ਅਧਿਕਾਰੀ ਤੇ ਮੁਲਾਜ਼ਮ ਹਾਜ਼ਰ ਸਨ।

# ਪੰਜਾਬ ਤੇ ਹਿਮਾਚਲ 'ਚ ਪੈਂਦੇ ਸਵਾਂ ਦਰਿਆ ਦਾ ਸੀਮਾ ਵਿਵਾਦ ਖਣਨ ਮਾਫੀਆ ਨੂੰ ਰਾਸ ਆਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਇੱਥੇ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਵਿਚਾਲੇ ਪੈਂਦਾ ਸਵਾਂ ਦਰਿਆ ਦਾ ਸੀਮਾ ਵਿਵਾਦ ਖਣਨ ਮਾਫੀਆ ਨੂੰ ਖੂਬ ਰਾਸ ਆ ਰਿਹਾ ਹੈ। ਦਰਿਆ ਦੇ ਦੋਵੇਂ ਪਾਸੇ ਲੱਗੇ ਕਰੱਸ਼ਰ ਸੀਮਾ ਵਿਵਾਦ ਦੇ ਚੱਲਦਿਆਂ ਚਾਂਦੀ ਕੁੱਟ ਰਹੇ ਹਨ। ਪੰਜਾਬ ਦੀ ਸੀਮਾ 'ਤੇ ਚੱਲਦੇ ਸਟੋਨ ਕਰੱਸ਼ਰ ਮਾਲਕ ਮਾਈਨਿੰਗ ਵਿਭਾਗ ਦੀ ਕਾਰਵਾਈ ਤੋਂ ਇਹ ਆਖ ਕਿ ਉਹ ਕੱਚਾ ਮਾਲ ਹਿਮਾਚਲ ਪ੍ਰਦੇਸ਼ 'ਚੋਂ ਪੁੱਟ ਰਹੇ ਹਨ, ਬਚ ਜਾਂਦੇ ਹਨ, ਇਸੇ ਤਰ੍ਹਾਂ ਹਿਮਾਚਲ ਪ੍ਰਦੇਸ਼ ਵਾਲੇ ਪਾਸੇ ਚੱਲਦੇ ਕਰੱਸ਼ਰ ਪੰਜਾਬ 'ਚੋਂ ਖੁਦਾਈ ਕਰਨ ਦੀ ਗੱਲ ਆਖ ਸਵਾਂ ਦਰਿਆ 'ਚ ਕਥਿਤ ਖਣਨ ਕਰ ਰਹੇ ਹਨ। ਸਰਹੱਦੀ ਵਿਵਾਦ ਦਾ ਲਾਭ ਦੋਵੇਂ ਪਾਸੇ ਲੱਗੇ ਸਟੋਨ ਕਰੱਸ਼ਰ ਆਪਣੀ ਸਹੂਲਤ ਨਾਲ ਲੈ ਰਹੇ ਹਨ, ਅਤੇ ਮਾਈਨਿੰਗ ਵਿਭਾਗ ਸਭ ਕੁੱਝ ਜਾਣਦਾ ਹੋਇਆ ਵੀ ਅਣਜਾਣ ਬਣਿਆ ਹੋਇਆ ਹੈ। ਦੋਵੇਂ ਪਾਸੇ ਲੱਗੇ ਖਣਨ ਦੇ ਖੌਰੂ ਕਾਰਨ ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਨੂੰ ਪਿੰਡ ਅਮਰੋਹ ਕੋਲ਼ ਜੋੜਨ ਵਾਲੇ ਬਣੇ ਨਵੇਂ ਪੁਲ ਲਈ ਖਤਰਾ ਪੈਦਾ ਕਰ ਦਿੱਤਾ ਹੈ। ਖਣਨ ਮਾਫੀਆ ਦੀ ਗਤੀਵਿਧੀਆਂ ਕਾਰਨ ਪੁਲ ਦੇ ਪਿੱਲਰ ਨੰਗੇ ਹੋ ਗਏ ਹਨ। ਭਾਰੀ ਬਰਸਾਤ ਦੌਰਾਨ ਸਵਾਂ ਦਰਿਆ 'ਚ ਆਉਣ ਵਾਲੇ ਹੜ੍ਹਾਂ ਨਾਲ ਪੁਲ ਨੂੰ ਭਾਰੀ ਨੁਕਸਾਨ ਪਹੁੰਚਣ ਦਾ ਖਦਸ਼ਾ ਪ੍ਰਗਟ ਕੀਤਾ ਜਾ ਰਿਹਾ ਹੈ। ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਪ੍ਰਧਾਨ (ਰਿਟਾ) ਕੈਪ. ਰਾਜੇਸ਼ ਸ਼ਰਮਾ ਭੋਲ ਬਦਮਾਣੀਆ, ਸਕੱਤਰ ਮਨੋਜ ਪਲਾਹੜ, ਅਸ਼ੋਕ ਜਲੇਰੀਆ ਆਦਿ ਨੇ ਦਸਿਆ ਕਿ ਸਵਾਂ ਦਰਿਆ ਕੰਢੇ ਦੋਵੇਂ ਪਾਸੇ ਸਥਿਤ ਸਟੋਨ ਕਰੱਸ਼ਰਾ ਵੱਲੋਂ ਸ਼ਰੇਆਮ ਦਰਿਆ 'ਚ ਖਣਨ ਕਰਕੇ ਡੂੰਘਾ ਕਰ ਦਿੱਤਾ ਹੈ, ਨੇੜਲੀਆਂ ਜ਼ਮੀਨਾਂ ਉੱਚੀਆਂ ਅਤੇ ਧਰਤੀ ਹੇਠਲੇ ਪਾਣੀ ਦਾ ਪੱਧਰ ਨੀਵਾਂ ਹੋ ਗਿਆ ਹੈ। ਪ੍ਰਸ਼ਾਸਨ ਦੇ ਧਿਆਨ 'ਚ ਲਿਆਉਣ ਦੇ ਬਾਵਜੂਦ ਖ਼ੇਤਰ ਵਿਚ ਖਣਨ ਕਾਰੋਬਾਰ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰ ਰਿਹਾ ਹੈ।ਹਿਮਾਚਲ ਪ੍ਰਦੇਸ਼ ਦੇ ਸਨਅਤੀ ਕਸਬਾ ਸੰਸਾਰਪੁਰ ਟੈਰਸ ਦੇ ਚੌਂਕੀ ਇੰਚਾਰਜ ਸੰਜੇ ਸ਼ਰਮਾ ਨੇ ਦਸਿਆ ਕਿ ਬੀਤੇ ਦਿਨੀਂ ਪੁਲਸ ਨੇ ਕਾਰਵਾਈ ਕਰਦਿਆਂ ਪੰਜਾਬ ਦੇ ਇੱਕ ਸਟੋਨ ਕਰੱਸ਼ਰ ਦੀ ਪੋਕਲੈਨ ਮਸ਼ੀਨ ਨੂੰ ਹਿਮਾਚਲ ਪ੍ਰਦੇਸ਼ ਦੀ ਸੀਮਾ 'ਚ ਰਾਤ ਵਕਤ ਨਾਜਾਇਜ਼ ਮਾਈਨਿੰਗ ਕਰਦਿਆਂ ਕਾਬੂ ਕਰਕੇ ਇੱਕ ਲੱਖ ਰੁਪਏ ਦਾ ਜੁਰਮਾਨਾ ਕੀਤਾ ਸੀ।ਮਾਈਨਿੰਗ ਅਫ਼ਸਰ ਰਾਕੇਸ਼ ਕਾਲੀਆ ਨੇ ਕਿਹਾ ਕਿ ਖ਼ੇਤਰ 'ਚ ਕਥਿਤ ਮਾਈਨਿੰਗ 'ਤੇ ਨਕੇਲ ਕੱਸਣ ਲਈ ਕਾਰਵਾਈ ਕੀਤੀ ਗਈ ਸੀ, ਜੋ ਕਿ ਭਵਿੱਖ 'ਚ ਵੀ ਜ਼ਾਰੀ ਰਹੇਗੀ।

# 50000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਐੱਸ ਐੱਚ ਓ ਤੇ ਏ ਐੱਸ ਆਈ ਖਿਲਾਫ਼ ਮੁਕੱਦਮਾ ਦਰਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਥਾਣਾ ਭਾਦਸੋਂ, ਜ਼ਿਲ੍ਹਾ ਪਟਿਆਲਾ ਵਿਖੇ ਐਸ ਐਚ ਓ ਵਜੋਂ ਤਾਇਨਾਤ ਸਬ-ਇੰਸਪੈਕਟਰ (ਐਸ ਆਈ) ਇੰਦਰਜੀਤ ਸਿੰਘ ਅਤੇ ਉਸਦੇ ਸਾਥੀ ਸਹਾਇਕ ਸਬ-ਇੰਸਪੈਕਟਰ (ਏ.ਐਸ.ਆਈ.) ਅਮਰਜੀਤ ਸਿੰਘ ਖ਼ਿਲਾਫ਼ 50000 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਦਾ ਕੇਸ ਦਰਜ ਕੀਤਾ ਹੈ।ਇਹ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਸ਼ਿਕਾਇਤਕਰਤਾ ਹਰਮਨ ਸਿੰਘ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉੱਪਰ ਉਕਤ ਦੋਵਾਂ ਪੁਲਿਸ ਮੁਲਾਜ਼ਮਾਂ ਵਿਰੁੱਧ ਦਰਜ ਕਰਵਾਈ ਗਈ ਆਨਲਾਈਨ ਸ਼ਿਕਾਇਤ ਦੀ ਪੜਤਾਲ ਉਪਰੰਤ ਦਰਜ ਕੀਤਾ ਗਿਆ ਹੈ।

ਉਹਨਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਗਾਇਆ ਹੈ ਕਿ ਥਾਣਾ ਭਾਦਸੋਂ ਵਿਖੇ ਉਸਦੇ ਅਤੇ ਹੋਰਨਾਂ ਖਿਲਾਫ਼ ਮੁਕੱਦਮਾ ਦਰਜ ਸੀ ਅਤੇ ਇਸ ਕੇਸ ਵਿੱਚ ਉਕਤ ਐਸ.ਐਚ.ਓ. ਅਤੇ ਏ.ਐਸ.ਆਈ. ਨੇ ਦੋਸ਼ੀਆਂ ਦੀ ਮੱਦਦ ਕਰਨ ਬਦਲੇ ਪਹਿਲਾਂ ਹੀ ਉਹਨਾਂ ਤੋਂ ਰਿਸ਼ਵਤ ਵਜੋਂ 50,000 ਲੈ ਲਏ ਸਨ। ਉਹਨਾਂ ਨੇ ਅੱਗੇ ਦੱਸਿਆ ਕਿ ਦੋਵਾਂ ਧਿਰਾਂ ਵਿੱਚ ਸਮਝੌਤਾ ਹੋਣ ਉਪਰੰਤ ਹੁਣ ਦੋਵੇਂ ਪੁਲਿਸ ਅਧਿਕਾਰੀ ਉਕਤ ਐਫ.ਆਈ.ਆਰ. ਨੂੰ ਰੱਦ ਕਰਵਾਉਣ ਲਈ ਸ਼ਿਕਾਇਤਕਰਤਾ ਤੋਂ 35000 ਰੁਪਏ ਹੋਰ ਰਿਸ਼ਵਤ ਦੀ ਮੰਗ ਕਰ ਰਹੇ ਹਨ।ਬੁਲਾਰੇ ਨੇ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਉਕਤ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸਹੀ ਪਾਏ ਗਏ ਅਤੇ 35000 ਰੁਪਏ ਹੋਰ ਮੰਗਣ ਅਤੇ 50000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਸਾਬਤ ਹੋ ਗਏ। ਉਹਨਾਂ ਅੱਗੇ ਦੱਸਿਆ ਕਿ ਇਸ ਜਾਂਚ ਦੇ ਅਧਾਰ ਤੇ ਉਕਤ ਐਸ.ਐਚ.ਓ. ਅਤੇ ਏ.ਐਸ.ਆਈ. ਖਿਲਾਫ਼ ਵਿਜੀਲੈਂਸ ਬਿਊਰੋ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਧੱਕੇ ਨਾਲ ਨੈਨੋ ਯੂਰੀਆ ਦੇਣ ਦੀ ਨਿਖੇਧੀ



**ਮਹਿਟਿਆਣਾ (ਜਗਤਾਰ ਸਿੰਘ ਭੁੰਗਰਨੀ)** ਕਿਰਤੀ ਕਿਸਾਨ ਯੂਨੀਅਨ ਦੀ ਚੱਬੇਵਾਲ ਏਰੀਆ ਕਮੇਟੀ ਦੀ ਮੀਟਿੰਗ ਸੁਖਵਿੰਦਰ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਇਫਕੋ ਵਲੋਂ ਪਿੰਡਾਂ ਦੀਆਂ ਕੋ ਆਪਰੇਟਿਵ ਸੁਸਾਇਟੀਆਂ ਵਿਚ ਡੀ ਏ ਪੀ ਨਾਲ ਧੱਕੇ ਨਾਲ ਨੈਨੋ ਯੂਰੀਆ ਦਿੱਤਾ ਜਾ ਰਿਹਾ ਹੈ ਜੋ ਕਿ ਸੁਸਾਇਟੀਆ ਵਲੋਂ ਕਿਸਾਨਾਂ ਨੂੰ ਦੱਸ ਬੈਗ ਡੀ ਏ ਪੀ ਪਿਛੇ ਚਾਰ ਬੋਤਲਾਂ ਹਨ। ਜਿਸ ਦੀ ਕਿਰਤੀ ਕਿਸਾਨ ਯੂਨੀਅਨ ਨਿਖੇਧੀ ਕਰਦੀ ਹੈ। ਦੂਜਾ ਮਸਲਾ ਅਵਾਰਾ ਪਸ਼ੂਆਂ ਅਤੇ ਗੁਜ਼ਰਾਂ ਵੱਲੋਂ ਸੜਕਾਂ 'ਤੇ ਡੰਗਰ ਨੂੰ ਚਾਰਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਕਿਸਾਨਾਂ ਦੀ ਫ਼ਸਲਾਂ ਦਾ ਨੁਕਸਾਨ ਹੋ ਰਿਹਾ ਤੇ ਝਗੜੇ ਵੱਧ ਰਹੇ ਹਨ। ਇਸ ਸਬੰਧੀ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਮਿਲਿਆ ਜਾਵੇਗਾ।ਮੀਟਿੰਗ ਵਿੱਚ ਜਗਤਾਰ ਸਿੰਘ ਭਿੰਡਰ, ਸਤਨਾਮ ਸਿੰਘ ਮੁੱਖਲਿਆਣਾ, ਹਰਵਿੰਦਰ ਸਿੰਘ ਸੋਨੀ, ਅਵਤਾਰ ਸਿੰਘ ਖ਼ਨੂਰ, ਬਲਵਿੰਦਰ ਸਿੰਘ ਬੱਡਲਾ, ਸਤਨਾਮ ਸਿੰਘ ਬੱਡਲਾ, ਸੁਖਚੈਨ ਸਿੰਘ ਜੱਲੋਵਾਲ, ਜਰਨੈਲ ਸਿੰਘ ਜੱਲੋਵਾਲ, ਬਿੱਲਾ ਸੀਣਾ, ਹਰਜਿੰਦਰ ਸਿੰਘ ਪੰਡੋਰੀ ਕੱਦ, ਮਨਪ੍ਰੀਤ ਸਿੰਘ ਜੱਲੋਵਾ ਹਾਜ਼ਰ ਸਨ। ਇਸ ਸਮੇਂ 17 ਅਗਸਤ ਨੂੰ ਡਾਕਟਰ ਰਾਜ ਕੁਮਾਰ ਦੇ ਘਰ ਅੱਗੇ ਲਗਾਏ ਜਾ ਰਹੇ ਧਰਨੇ ਵਿੱਚ ਵੱਡੀ ਗਿਣਤੀ ਵਿਚ ਸ਼ਾਮਿਲ ਹੋਣ ਦਾ ਫ਼ੈਸਲਾ ਕੀਤਾ ਗਿਆ।

# ਵੱਧ ਤੋਂ ਵੱਧ ਬੂਟੇ ਲਗਾਉਣਾ ਸਾਡੀ ਸਭ ਦੀ ਮੁੱਢਲੀ ਜ਼ਿੰਮੇਵਾਰੀ : ਭੱਟੀ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਵਾਤਾਵਰਨ ਨੂੰ ਬਚਾਉਣ ਜਿਥੇ ਵਾਤਾਵਰਨ ਪ੍ਰੇਮੀਆਂ ਵਲੋਂ ਵੱਧ ਤੋਂ ਵੱਧ ਬੂਟੇ ਲਗਾ ਕੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਉਥੇ ਹੀ ਸੰਸਥਾ ਸ਼ਿਵਾਲਿਕ ਨਿਊਜ਼ ਵਲੋਂ ਸਮਾਜ ਭਲਾਈ ਸੰਸਥਾਵਾਂ ਦੇ ਸਹਿਯੋਗ ਨਾਲ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੂਟੇ ਲਗਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਸਰਕਾਰੀ ਹਾਈ ਸਕੂਲ ਫਤਿਹਪੁਰ ਖੁਰਦ ਵਿਖੇ ਸਕੂਲ ਸਮੂਹ ਸਟਾਫ ਅਤੇ ਵਣ ਵਿਭਾਗ ਦੇ ਸਹਿਯੋਗ ਨਾਲ ਵੱਖ ਵੱਖ ਕਿਸਮਾਂ ਦੇ ਕਰੀਬ 30 ਬੂਟੇ ਲਗਾਏ ਗਏ । ਇਸ ਮੌਕੇ ਸਕੂਲ ਇੰਚਾਰਜ ਵਿਜੇ ਕੁਮਾਰ ਭੱਟੀ ਨੇ ਕਿਹਾ ਕਿ ਦਿਨੋ ਦਿਨ ਵਧ ਰਹੇ ਤਾਪਮਾਨ ਦਾ ਮੁੱਖ ਕਾਰਨ ਘੱਟ ਰਹੇ ਦਰਖਤਾਂ ਘੱਟ ਹੋਣਾ ਵੀ ਮੁੱਖ ਕਾਰਨ ਹੈ ਇਸ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰੋ ਜਗਦੀਸ਼ ਕੁਮਾਰ ਨੇ ਕਿਹਾ ਕਿ ਬੂਟੇ ਲਗਾਉਣ ਨਾਲ ਬੂਟਿਆਂ ਦੀ ਸਾਂਭ ਸੰਭਾਲ ਵੀ ਅਤਿ ਜਰੂਰੀ ਹੈ ਅਤੇ ਦਿਨੋ ਦਿਨ ਵੱਧ ਰਹੇ ਤਾਪਮਾਨ ਤੋਂ ਵੱਧ ਤੋਂ ਵੱਧ ਬੂਟੇ ਲਗਾ ਕੇ ਹੀ ਵਾਤਾਵਰਣ ਨੂੰ ਸੰਭਾਲਿਆ ਜਾ ਸਕਦਾ ਹੈ ।ਪਿੰਡ ਫਤਹਿਪੁਰ ਖੁਰਦ ਵਿਖੇ ਪਹੁੰਚੇ ਸਮਾਜ਼ ਸੇਵੀ ਆਦਰਸ਼ ਸੋਸ਼ਲ ਵੈਲਫੇਅਰ ਸੋਸਾਇਟੀ ਗੜ੍ਹਸ਼ੰਕਰ ਦੇ ਡਾ. ਲਖਵਿੰਦਰ ਸਿੰਘ,ਪ੍ਰੀਤ ਪਾਰੋਵਾਲ,ਸੈਡੀ ਭੱਜਲਾ,ਸਤੀਸ਼ ਕੁਮਾਰ ਬਲਜਿੰਦਰ ਕਿੱਤਨਾ ਨੇ ਵੱਖ ਵੱਖ ਕਿਸਮਾਂ ਦੇ ਬੂਟੇ ਲਗਾ ਕੇ ਫੂਲਾ ਸਿੰਘ ਬੀਰਮਪੁਰੀ ਵਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਧ ਰਹੇ ਤਾਪਮਾਨ ਤੋਂ ਬਚਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਜਰੂਰੀ ਹਨ । ਇਸ ਮੌਕੇ ਡਾਕਟਰ ਲਖਵਿੰਦਰ ਲੱਕੀ ਨੇ ਕਿਹਾ ਕਿ ਰੁੱਖਾਂ ਤੋਂ ਬਿਨਾਂ ਮਨੁੱਖ ਦਾ ਜੀਵਨ ਅਧੂਰਾ ਹੈ ਸਾਨੂੰ ਵੱਧ ਤੋ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਬਲਜੀਤ ਕੌਰ, ਪਵਿੱਤਰ ਕੌਰ,ਪਰਮਿੰਦਰ ਕੌਰ,ਸਤਵੀਰ ਕੌਰ,ਜਗਵੀਰ ਕੌਰ,ਰਵਿੰਦਰ ਕੌਰ,ਸੁਦੇਸ਼ ਬਾਲਾ,ਜੋਤੀ,ਅਜਮੇਰ ਸਿੰਘ,ਚਮਕੌਰ ਸਿੰਘ,ਮਨਪ੍ਰੀਤ ਸਿੰਘ,ਸਰਬਜੀਤ ਸਿੰਘ,ਹਰਦੀਪ ਸਿੰਘ ਸਮੇਤ ਹੋਰ ਹਾਜ਼ਰ ਸਨ।

# ਖੋਹੇ ਮੋਬਾਇਲਾਂ ਸਮੇਤ ਗ੍ਰਿਫਤਾਰ

**ਫਗਵਾੜਾ ( ਡਾ ਰਮਨ )** ਇੰਸਪੈਕਟਰ ਜਤਿੰਦਰ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਫਗਵਾੜਾ ਵਲੋਂ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 02 ਮੋਬਾਇਲ ਫੋਨ ਖੋਹੇ ਹੋਏ ਤੇ ਵਾਰਦਾਤ ਸਮੇਤ ਵਰਤਿਆ ਹੋਇਆ ਮੋਟਰਸਾਈਕਲ ਪਲਸਰ ਬਰਾਮਦ ਕੀਤਾ ਹੈ।ਰੇਸ਼ਮ ਕੌਰ ਪਤਨੀ ਅਸ਼ੋਕ ਕੁਮਾਰ ਵਾਸੀ ਮੁਹੱਲਾ ਗੋਬਿੰਦਪੁਰਾ ਥਾਣਾ ਸਤਨਾਮਪੁਰਾ ਫਗਵਾੜਾ ਨੇ ਮੁਕੱਦਮਾ ਦਰਜ ਕਰਵਾਇਆ ਕਿ ਮਿਤੀ 27.07.2024 ਨੂੰ ਵਕਤ ਕਰੀਬ 10.00 ਏ.ਐਮ ਲੇਬਰ ਕਲੋਨੀ ਕੂੜੇ ਵਾਲੇ ਡੰਪ ਪਾਸ ਪੁੱਜੀ ਤਾਂ ਉਸਦੇ ਹੱਥ ਵਿੱਚ ਫੜਿਆ ਹੋਇਆ ਝੋਲਾ ਜਿਸ ਵਿੱਚ ਦੋ ਮੋਬਾਇਲ ਫੋਨ ਅਤੇ 600 ਰੁਪਏ ਨਾਮਲੂਮ ਵਿਅਕਤੀ ਖੋਹ ਕੇ ਲੈ ਗਿਆ।ਬਾਅਦ ਵਿੱਚ ਇਸ ਬਾਰੇ ਉਸਨੂੰ ਜਸਕਰਨ ਪੁੱਤਰ ਸੁਖਰਾਜ ਵਾਸੀ ਪਿੰਡ ਪੰਡਵਾ ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਦਾ ਪਤਾ ਚੱਲਿਆ ਜਿਸ 'ਤੇ ਮੁੱਕਦਮਾ ਦਰਜ ਕਰਕੇ 03.08.2024 ਨੂੰ ਗ੍ਰਿਫਤਾਰ ਕੀਤਾ ਗਿਆ ਤੇ ਖੋਹੇ ਹੋਏ ਦੋ ਮੋਬਾਇਲ ਅਤੇ ਵਾਰਦਾਤ ਸਮੇਂ ਵਰਤਿਆ ਹੋਇਆ ਮੋਟਰਸਾਈਕਲ ਪਲਸਰ ਬਰਾਮਦ ਕੀਤਾ ਗਿਆ ਹੈ।

# ਸਤਿਗੁਰੂ ਰਵਿਦਾਸ ਮਹਾਰਾਜ ਗੁਰੂ ਕਿਉਂ ਨਹੀਂ : ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਇਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੀ ਇੱਕ ਜਰੂਰੀ ਮੀਟਿੰਗ ਫੋਰਸ ਦੇ ਮੁੱਖ ਦਫਤਰ ਮੁਹੱਲਾ ਭਗਤ ਨਗਰ ਵਿਖੇ ਫੋਰਸ ਦੇ ਸੂਬਾ ਪ੍ਰਧਾਨ ਬੀਰਪਾਲ ਠੋਲੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੀਟਿੰਗ ਵਿੱਚ ਫੋਰਸ ਦੇ ਦੁਆਬਾ ਪ੍ਰਧਾਨ ਨੇਕੋ ਅਜਨੋਹਾ ਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਆਗੂਆਂ ਨੇ ਕਿਹਾ ਕਿ ਦਲਿਤ ਸਮਾਜ ਨੂੰ ਦਰਪੇਸ਼ ਮੁਸ਼ਕਿਲਾਂ ਦਾ ਮੁੱਦਾ ਇਸ ਵੇਲੇ ਇਕ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਪਿਛਲੇ ਦਿਨੀਂ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਹੁਕਮਨਾਮਾ ਜਾਰੀ ਕੀਤਾ ਗਿਆ ਜਿਸ ਵਿੱਚ ਕਿਹਾ ਗਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਨੂੰ ਨਾ ਹੀ ਬਾਬਾ ਅਤੇ ਨਾ ਹੀ ਗੁਰੂ ਕਹਿ ਕੇ ਸੰਬੋਧਨ ਕੀਤਾ ਜਾਵੇ ਸਿਰਫ ਤੇ ਸਿਰਫ ਭਗਤ ਕਹਿ ਕੇ ਹੀ ਸੰਬੋਧਨ ਕੀਤਾ ਜਾਵੇ, ਜੋ ਕਿ ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਲਈ ਸਹਿਣ ਯੋਗ ਨਹੀਂ ਹੈ ! ਉਹਨਾਂ ਕਿਹਾ ਕਿ ਜੇਕਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਲਿਖੀ ਗਈ ਬਾਣੀ ਗੁਰੂ ਹੈ ਤਾਂ ਬਾਣੀ ਉਚਾਰਨ ਵਾਲੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਗੁਰੂ ਕਿਉਂ ਨਹੀਂ ਹੋ ਸਕਦੇ ? ਉਨ੍ਹਾਂ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਜਥੇਦਾਰ ਗਿਆਨੀ ਰਘੁਵੀਰ ਸਿੰਘ ਦੇ ਇਸ ਫੁਰਮਾਨ ਨਾਲ ਸੰਸਾਰ ਅੰਦਰ ਵਸ ਰਹੀਆਂ ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਦੇ ਦਿਲਾਂ ਨੂੰ ਠੇਸ ਪਹੁੰਚੀ ਹੈ। ਉਹਨਾਂ ਕਿਹਾ ਕਿ ਇਸ ਹੁਕਮਨਾਮੇ ਨੂੰ ਤੁਰੰਤ ਤਬਦੀਲ ਕੀਤਾ ਜਾਵੇ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੂੰ ਕੇਵਲ ਤੇ ਕੇਵਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਹੀ ਕਹਿ ਕੇ ਸੰਬੋਧਨ ਕੀਤਾ ਜਾਵੇ ਤਾਂ ਜੋ ਸੰਗਤਾਂ ਵਿੱਚ ਜਿਹੜਾ ਰੋਸ ਪਾਇਆ ਜਾ ਰਿਹਾ ਹੈ, ਉਸ ਨੂੰ ਸ਼ਾਂਤ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਸਾਰੇ ਧਰਮਾਂ ਦੇ ਗੁਰੂ ਸਾਹਿਬਾਨ ਬਹੁਤ ਹੀ ਸਤਿਕਾਰਯੋਗ ਹਨ ਇਸ ਲਈ ਉਹਨਾਂ ਨੂੰ ਵੀ ਸਾਰੇ ਵਰਗਾ ਵੱਲੋਂ ਢੁਕਵਾਂ ਸਤਿਕਾਰ ਮਿਲਣਾ ਚਾਹੀਦਾ ਹੈ। ਕਿਸੇ ਨਾਲ ਵੀ ਕੋਈ ਭੇਦ ਭਾਵ ਨਹੀਂ ਹੋਣਾ ਚਾਹੀਦਾ। ਉਹਨਾਂ ਕਿਹਾ ਕਿ ਭਾਰਤ ਦਾ ਸੰਵਿਧਾਨ ਵੀ ਸਾਰਿਆਂ ਨੂੰ ਸਮਾਨਤਾ ਦਾ ਅਧਿਕਾਰ ਦਿੰਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤੀਸ਼ ਕੁਮਾਰ ਸ਼ੇਰਗੜ੍ਹ,ਰਾਜ ਕੁਮਾ ਬੱਧਣ ਸ਼ੇਰਗੜ੍ਹ ,ਸਨੀ ਸੀਣਾ, ਬੰਟੀ ਬਸੀ ਵਾਹਦ ,ਮਿੱਠੂ ਕੁੱਲੀਆ ,ਅਮਨਦੀਪ,ਮੁਨੀਸ਼,ਚਰਨਜੀਤ ਡਾਡਾ, ਕਮਲਜੀਤ ਡਾਡਾ, ਰਾਮ ਜੀ, ਦਵਿੰਦਰ ਕੁਮਾਰ, ਪੰਮਾ ਡਾਡਾ, ਗੋਗਾ ਮਾਂਝੀ , ਪਵਨ ਕੁਮਾਰ ਬੱਧਣ,ਅਮਨਦੀਪ ਸਿੰਘ,ਮਨੀਸ਼ ਕੁਮਾਰ, ਚਰਨਜੀਤ ਸਿੰਘ,ਭੁਪਿੰਦਰ ਕੁਮਾਰ ਬੱਧਣ ਕਮਲਜੀਤ ਸਿੰਘ, ਬਿਸ਼ਨਪਾਲ, ਗਿਆਨ ਚੰਦ, ਮੁਸਾਫਰ ਸਿੰਘ, ਸ਼ੇਰਾ ਸਿੰਘ, ਵਿਸ਼ਾਲ ਕੁਮਾਰ,ਭਿੰਦਾ ਸੀਣਾ, ਹੈਪੀ ਫਤਹਿਗੜ੍ਹ,ਦਵਿੰਦਰ ਕੁਮਾਰ, ਨਿਤਿਨ ਸੈਣੀ, ਅਨਮੋਲ ਮਾਝੀ, ਵਿਜੇ ਕੁਮਾਰ ਜੱਲੋਵਾਲ ਖਨੂਰ , ਕਾਲੂ ਬਾਬਾ ਰਹੀਮਪੁਰ ਰਵਿ ਸੁੰਦਰ ਨਗਰ,ਬਾਲੀ ਫਤਿਹਗੜ੍ਹ ,ਰਣਜੀਤ ਨੌ ਗਰਾਵਾਂ,ਦਿਲਬਾਗ ਫਤਿਹਗੜ੍ਹ ,ਅਜੇ ਬਸੀ ਜਾਨਾ ਆਦਿ ਹਾਜ਼ਰ ਸਨ।

# ਝੋਨੇ ਦੇ ਮਧਰੇ ਬੂਟਿਆਂ ਤੋਂ ਕਿਸਾਨ ਪ੍ਰੇਸ਼ਾਨ



**ਨਵਾਂਸ਼ਹਿਰ, (ਮਨੋਜ ਲਾਡੀ)** ਪਿਛਲੇ ਕੁਝ ਦਿਨਾਂ ਤੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਝੋਨੇ ਵਿੱਚੋਂ ਕੁਝ ਮਧਰੇ ਬੂਟਿਆਂ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਹਨ। ਬੂਟਿਆਂ ਦੇ ਮਧਰੇਪਣ ਦੇ ਕਈ ਕਾਰਣ ਹੋ ਸਕਦੇ ਹਨ।ਇਸ ਬਾਰੇ ਜਾਣਕਾਰੀ ਦਿੰਦਿਆਂ ਡਾ. ਮਨਿੰਦਰ ਸਿੰਘ ਬੌਂਸ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਗਿਆਨੀ ਇਸ ਬਾਰੇ ਪੂਰੀ ਤਰ੍ਹਾਂ ਸੁਚੇਤ ਹਨ ਅਤੇ ਇਸ ਦੀ ਛਾਣਬੀਣ ਕਰ ਰਹੇ ਹਨ। ਇਸ ਦੌਰਾਨ ਕਈ ਥਾਂਵਾਂ 'ਤੇ ਜ਼ਿੰਕ ਦੀ ਘਾਟ ਦੇਖਣ ਨੂੰ ਮਿਲੀ ਹੈ ਜੋ ਕਿ ਮਧਰੇਪਣ ਦਾ ਇਕ ਕਾਰਨ ਹੋ ਸਕਦਾ ਹੈ।ਇਸ ਤੋਂ ਇਲਾਵਾ ਬੂਟਿਆਂ ਦਾ ਮਧਰਾ ਰਹਿ ਜਾਣਾ ਝੋਨੇ ਦੇ ਇੱਕ ਨਵੇਂ ਵਿਸ਼ਾਣੂੰ ਰੋਗ ਕਰਕੇ ਵੀ ਹੋ ਸਕਦਾ ਹੈ, ਜੋ ਭਾਰਤ ਵਿੱਚ ਪਹਿਲੀ ਵਾਰ 2022 ਵਿੱਚ ਵੇਖਿਆ ਗਿਆ ਸੀ।ਇਹ ਵਿਸ਼ਾਣੂੰ ਰੋਗ ਝੋਨੇ ਦੇ ਚਿੱਟੀ ਪਿੱਠ ਵਾਲੇ ਟਿੱਡੇ ਰਾਹੀਂ ਫੈਲ਼ਦਾ ਹੈ ਅਤੇ ਝੋਨੇ ਦੀਆਂ ਮੌਜੂਦਾ ਸਾਰੀਆਂ ਕਿਸਮਾਂ ਉੱਤੇ ਹਮਲਾ ਕਰ ਸਕਦਾ ਹੈ।ਇਸ ਰੋਗ ਨਾਲ ਪ੍ਰਭਾਵਿਤ ਬੂਟੇ ਮਧਰੇ, ਉਨ੍ਹਾਂ ਦੇ ਪੱਤੇ ਨੋਕਦਾਰ ਅਤੇ ਜੜ੍ਹਾਂ ਘੱਟ ਡੂੰਘੀਆਂ ਰਹਿ ਜਾਂਦੀਆਂ ਹਨ। ਪ੍ਰਭਾਵਿਤ ਬੂਟਿਆਂ ਦੀ ਉਚਾਈ ਆਮ ਬੂਟਿਆਂ ਨਾਲੋਂ ਅੱਧੀ ਜਾਂ ਇੱਕ-ਤਿਹਾਈ ਰਹਿ ਜਾਂਦੀ ਹੈ। ਰੋਗ ਦੇ ਜਿਆਦਾ ਹਮਲੇ ਕਾਰਨ ਕਈ ਵਾਰ ਬੂਟੇ ਮੁਰਝਾ ਕੇ ਸੁੱਕ ਵੀ ਜਾਂਦੇ ਹਨ।

ਇਸ ਸਾਲ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਜਿਵੇਂ ਕਿ ਰੂਪਨਗਰ, ਸਾਹਿਬਜਾਦਾ ਅਜੀਤ ਸਿੰਘ ਨਗਰ, ਪਟਿਆਲ਼ਾ, ਫਤਿਹਗੜ੍ਹ ਸਾਹਿਬ ਦੇ ਨਾਲ ਲਗਦੇ ਇਲਾਕਿਆਂ ਵਿੱਚੋਂ ਝੋਨੇ ਦੇ ਕਈ ਸੈਂਪਲਾਂ ਵਿੱਚੋਂ ਕੁਝ ਕੁ ਵਿੱਚ ਇਹ ਰੋਗ ਵਾਲਾ ਵਾਇਰਸ ਪਾਇਆ ਗਿਆ ਹੈ। ਡਾ. ਪ੍ਰਭਜੋਧ ਸਿੰਘ ਸੰਧੂ, ਮੁਖੀ, ਪੌਦਾ ਰੋਗ ਵਿਭਾਗ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਦੱਸਿਆ ਕਿ ਹਾਲਾਂਕਿ ਅਜੇ ਤੱਕ ਇਹ ਰੋਗ ਸਿਰਫ ਕੁਝ ਕੁ ਖੇਤਾਂ ਵਿੱਚ ਹੀ ਵੇਖਿਆ ਗਿਆ ਹੈ। ਇਹ ਰੋਗ ਰੋਗੀ ਬੂਟਿਆਂ ਤੋਂ ਤੰਦਰੁਸਤ ਬੂਟਿਆਂ ਉੱਪਰ ਚਿੱਟੀ ਪਿੱਠ ਵਾਲ਼ੇ ਟਿੱਡੇ ਰਾਹੀਂ ਫੈਲਦਾ ਹੈ। ਇਸ ਕੀੜੇ ਦੀ ਖੇਤ ਵਿੱਚ ਮੌਜੂਦਗੀ ਬਾਰੇ ਸੁਚੇਤ ਰਹਿਣ ਦੀ ਲੋੜ ਹੈ ਤਾਂ ਕਿ ਇਹ ਬਿਮਾਰੀ ਨੂੰ ਅੱਗੇ ਨਾ ਫੈਲਾਅ ਸਕੇ। ਉਹਨਾਂ ਅੱਗੇ ਦੱਸਿਆ ਕਿ ਕਈ ਥਾਂਵਾਂ ਤੇ ਜ਼ਿੰਕ ਦੀ ਘਾਟ ਹੈ ਉਥੇ ਇਸ ਤੱਤ ਦੀ ਪੂਰਤੀ ਕੀਤੀ ਜਾਵੇ। ਕਿਸਾਨ ਮਧਰੇਪਣ ਵਾਲ਼ੀ ਸੰਭਾਵਿਤ ਬਿਮਾਰੀ ਬਾਰੇ ਨਜ਼ਦੀਕੀ ਕ੍ਰਿਸ਼ੀ ਵਿਗਿਆਨ ਕੇਂਦਰ, ਫਾਰਮ ਸਲਾਹਕਾਰ ਸੇਵਾ ਕੇਂਦਰ ਜਾਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੂੰ ਸੂਚਿਤ ਕਰ ਸਕਦੇ ਹਨ। ਬਿਮਾਰੀ ਵਾਲ਼ੇ ਬੂਟਿਆਂ ਨੂੰ ਪੁੱਟ ਕੇ ਖੇਤ ਵਿੱਚ ਡੂੰਘਾ ਦੱਬ ਦੇਣਾ ਚਾਹੀਦਾ ਹੈ। ਡਾ. ਕਮਲਜੀਤ ਸਿੰਘ ਸੂਰੀ, ਪ੍ਰਮੁੱਖ ਕੀਟ ਵਿਗਿਆਨੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਜਾਣਕਾਰੀ ਦਿੱਤੀ ਕਿ ਖੇਤ ਵਿੱਚ ਇਸ ਰੋਗ ਨੂੰ ਫੈਲਾਉਣ ਵਾਲੇ ਕੀੜੇ (ਚਿੱਟੀ ਪਿੱਠ ਵਾਲੇ ਟਿੱਡੇ) ਦੀ ਸੁਚੱਜੀ ਰੋਕਥਾਮ ਲਈ ਝੋਨੇ ਦੀ ਫਸਲ ਦਾ ਸਮੇਂ-ਸਮੇਂ ਸਿਰ ਨਿਰੀਖਣ ਕਰਦੇ ਰਹੋ। ਟਿੱਡੇ ਦੀ ਆਮਦ ਵੇਖਣ ਲਈ ਰਾਤ ਨੂੰ ਖੇਤ ਨੇੜ੍ਹੇ ਬਲਬ ਜਗਾ ਕੇ ਰੱਖੋ।ਜੇਕਰ ਟਿੱਡੇ ਦੀ ਆਮਦ ਨਜ਼ਰ ਆਉਂਦੀ ਹੈ ਤਾਂ ਕਿਸੇ ਵੀ ਕੀਟਨਾਸ਼ਕ ਜਿਵੇਂ ਕਿ 94 ਮਿ.ਲਿ. ਪੈਕਸਾਲੋਨ 10 ਐਸ ਸੀ ਜਾਂ 60 ਗ੍ਰਾਮ ਉਲਾਲਾ 50 ਡਬਲਯੂ ਜੀ ਜਾਂ 80 ਗ੍ਰਾਮ ਓਸ਼ੀਨ/ਟੋਕਨ/ਡੋਮਿਨੈਂਟ 20 ਐਸ ਜੀ ਜਾਂ 120 ਗ੍ਰਾਮ ਚੈੱਸ 50 ਡਬਲਯੂ ਜੀ ਜਾਂ 400 ਮਿ.ਲਿ. ਆਰਕੈਸਟਰਾ 10 ਐਸ ਸੀ ਜਾਂ 300 ਮਿ.ਲਿ. ਇਮੇਜਿਨ 10 ਐਸ ਸੀ ਨੂੰ ਪ੍ਰਤੀ ਏਕੜ ਦੇ ਹਿਸਾਬ ਨਾਲ਼ 100 ਲਿਟਰ ਪਾਣੀ ਵਿੱਚ ਘੋਲ ਕੇ ਬੂਟਿਆਂ ਦੇ ਮੁੱਢਾਂ ਤੇ ਛਿੜਕਾਅ ਕਰੋ ।ਸੁਚੱਜੀ ਰੋਕਥਾਮ ਵਾਸਤੇ ਪਿੱਠੂ ਪੰਪ ਅਤੇ ਗੋਲ ਨੋਜ਼ਲ ਦਾ ਇਸਤੇਮਾਲ ਕਰੋ।ਕੀਟਨਾਸ਼ਕਾਂ ਦਾ ਸਪਰੇਅ ਸਿਰਫ ਲੋੜ ਮੁਤਾਬਿਕ ਹੀ ਕਰਨਾ ਚਾਹੀਦਾ ਹੈ।

## ਕੰਢੀ ਨਹਿਰ ਦਾ ਪਾਣੀ ਖੇਤਾਂ ਨੂੰ ਮਿਲੇ, ਨਾ ਕਿ ਫੈਕਟਰੀਆਂ ਨੂੰ : ਕੰਢੀ ਸ਼ੰਘਰਸ਼ ਕਮੇਟੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ )** ਕੰਢੀ ਸੰਘਰਸ਼ ਕਮੇਟੀ ਵਲੋਂ ਕਾਮਰੇਡ ਦਰਸ਼ਨ ਸਿੰਘ ਮੱਟੂ ਕਨਵੀਨਰ ਕੰਢੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਡਿਪਟੀ ਸਪੀਕਰ ਜੈ ਕਿਸ਼ਨ ਸਿੰਘ ਰੌੜੀ ਐਮ ਐਲ ਏ ਗੜ੍ਹਸ਼ੰਕਰ ਨੂੰ ਰੈਸਟ ਹਾਊਸ ਗੜ੍ਹਸ਼ੰਕਰ ਵਿਖੇ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਮੰਗ ਕੀਤੀ ਗਈ ਕਿ ਕੰਢੀ ਨਹਿਰ ਦਾ ਪਾਣੀ ਕੰਢੀ ਖੇਤਰ ਦੇ ਖੇਤਾਂ ਨੂੰ ਮਿਲੇ ਨਾ ਕਿ ਫੈਕਟਰੀਆਂ ਨੂੰ ਦਿੱਤਾ ਜਾਵੇ ਜਿਵੇਂ ਕੁਆਂਟਮ ਪੇਪਰ ਮਿੱਲ ਸੈਲਾ ਖੁਰਦ ਨੂੰ ਮਿਲਦਾ ਪਾਣੀ ਬੰਦ ਕੀਤਾ ਜਾਵੇ। ਕੰਢੀ ਸੰਘਰਸ਼ ਕਮੇਟੀ ਵਲੋਂ ਲਗਾਤਾਰ ਸੰਘਰਸ਼ ਕੀਤਾ ਗਿਆ ਤਾਂ ਕਿ ਨਹਿਰ ਮੁਕੰਮਲ ਹੋਈ ਹੈ,ਹੁਣ ਵਾਰੀ ਸਿਰ ਹਰ ਕੰਢੀ ਦੇ ਖੇਤ ਨੂੰ ਪਾਣੀ ਮਿਲੇ।ਪਾਈਪਾਂ ਦੀ ਲੀਕੇਜ ਰੋਕੀ ਜਾਵੇ। ਡਿਪਟੀ ਸਪੀਕਰ ਨੇ ਕੰਢੀ ਸੰਘਰਸ਼ ਕਮੇਟੀ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਕੰਢੀ ਦੇ ਖੇਤ ਨੂੰ ਪਾਣੀ ਮਿੱਲਣਾ ਸ਼ੁਰੂ ਹੋ ਜਾਵੇਗਾ।ਬਾਕੀ ਮੰਗਾਂ 'ਤੇ ਜਲਦੀ ਮੀਟਿੰਗ ਬੁਲਾ ਕੇ ਨਹਿਰ ਵਿਭਾਗ ਤੇ ਕੰਢੀ ਸੰਘਰਸ਼ ਕਮੇਟੀ ਦੀ ਮੀਟਿੰਗ ਕਰਵਾਈ ਜਾਵੇਗੀ।ਇਸ ਮੌਕੇ ਕਿਸਾਨ ਆਗੂ ਸਾਥੀ ਗੁਰਨੇਕ ਸਿੰਘ ਭੱਜਲ, ਸੁਭਾਸ਼ ਮੱਟੂ, ਬਲਦੇਵ ਰਾਜ ਬਡੇਸਰੋਂ, ਸ਼ੇਰ ਜੰਗ ਬਹਾਦਰ ਸਿੰਘ,ਪ੍ਰੇਮ ਸਿੰਘ ਰਾਣਾ, ਹਰਨੇਕ ਸਿੰਘ ਬੰਗਾ, ਓ ਐਸ ਡੀ ਸ਼੍ਰੀ ਚਰਨਜੀਤ ਸਿੰਘ ਚੰਨੀ ਸ਼ਾਮਲ ਸਨ।



# ਪੱਤਰਕਾਰਾਂ ਦੇ ਬਣਦੇ ਹੱਕ ਨੂੰ ਦੁਆਉਣ ਲਈ ਕੀਤਾ ਜਾਵੇਗਾ ਸੰਘਰਸ਼ : ਡਾ. ਰਮਨ



**ਫਗਵਾੜਾ ( ਡਾ ਰਮਨ )** ਸਤਨਾਮਪੁਰਾ ਵਿਖੇ ਪੱਤਰਕਾਰ ਭਾਈਚਾਰੇ ਦੀ ਇੱਕ ਵਿਸ਼ੇਸ਼ ਬੈਠਕ ਸੀਨੀਅਰ ਪੱਤਰਕਾਰ ਡਾ. ਰਮਨ ਸ਼ਰਮਾ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਪੱਤਰਕਾਰਾਂ ਦੇ ਉੱਜਵਲ ਭਵਿੱਖ ਅਤੇ ਨਵੇਂ ਸੰਗਠਨ ਨੂੰ ਬਣਾਉਣ ਨੂੰ ਲੈ ਕਿ ਵਿਚਾਰ ਵਟਾਂਦਰਾ ਕੀਤਾ ਗਿਆ ! ਇਸ ਮੌਕੇ ਪੱਤਰਕਾਰ ਸੁਸ਼ੀਲ ਸ਼ਰਮਾ, ਅਸ਼ੋਕ ਸ਼ਰਮਾ, ਜੀਵਨ ਸੰਘਾ, ਅਜੇ ਕੋਛੜ, ਮੈਡਮ ਗੁਰਪ੍ਰੀਤ ਕੌਰ, ਅਮ੍ਰਿਤ ਕੁਮਾਰ ਆਦਿ ਸ਼ਾਮਲ ਹੋਏ ਫੀਲਡ 'ਚ ਪੱਤਰਕਾਰ ਭਾਈਚਾਰੇ ਨੂੰ ਆ ਰਹੀਆਂ ਮੁਸਕਲਾਂ ਅਤੇ ਉਨ੍ਹਾਂ ਦੇ ਹੋਰ ਮਸਲਿਆਂ ਬਾਰੇ ਵਿਚਾਰ ਸੁਣੇ ਗਏ! ਡਾਕਟਰ ਰਮਨ ਸ਼ਰਮਾ ਨੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਮਜ਼ਬੂਤ ਕਰਨ ਅਤੇ ਜਲਦ ਹੀ ਫਗਵਾੜਾ ਸੰਗਠਨ ਬਣਾਉਣ ਬਾਰੇ ਸਮੂਹ ਪੱਤਰਕਾਰ ਭਾਈਚਾਰੇ ਦੀ ਰਾਏ ਲਈ ਗਈ ! ਇਸ ਮੌਕੇ ਡਾਕਟਰ ਰਮਨ ਨੇ ਕਿਹਾ ਕਿ ਬਹੁਤ ਜਲਦ ਸਮੂਹ ਪੱਤਰਕਾਰਾਂ ਦੀ ਮਦਦ ਦੇ ਨਾਲ ਇੱਕ ਐਸੇ ਸੰਗਠਨ ਦਾ ਗਠਨ ਕੀਤਾ ਜਾਵੇਗਾ ਜੋ ਪੱਤਰਕਾਰਾਂ ਦੇ ਬਣਦੇ ਹੱਕ ਨੂੰ ਦੁਆਉਣ ਲਈ ਵੱਡੇ ਪੱਧਰ 'ਤੇ ਸੰਘਰਸ਼ ਕਰੇਗੀ ! ਉਹਨਾਂ ਕਿਹਾ ਕਿ ਸੂਬੇ ਵਿੱਚ ਮੌਕੇ-ਮੌਕੇ ਦੀਆਂ ਸਰਕਾਰਾਂ ਵੱਲੋਂ ਪੰਜਾਬ ਦੇ ਪੱਤਰਕਾਰ ਭਾਈਚਾਰੇ ਨੂੰ ਅੱਖੋਂ ਪਰੋਖੇ ਕਰ ਬਣਦੇ ਹੱਕਾਂ 'ਤੇ ਡਾਕਾ ਮਾਰਿਆ ਗਿਆ ਹੈ ਜੋ ਬਰਦਾਸ਼ਤ ਤੋਂ ਬਾਹਰ ਹੈ !

ਡਾਕਟਰ ਰਮਨ ਸ਼ਰਮਾ ਨੇ ਦੱਸਿਆ ਕਿ ਫਗਵਾੜਾ ਵਿੱਚ ਪੱਤਰਕਾਰਾਂ ਦੇ ਸਹਿਯੋਗ ਨਾਲ ਬਣਾਏ ਜਾ ਰਹੇ ਨਵੇਂ ਸੰਗਠਨ ਤੇ ਸਹਿਮਤੀ ਬਣ ਗਈ ਹੈ ਅਤੇ ਹੁਣ ਬਹੁਤ ਜਲਦ ਅਗਲੀ ਮੀਟਿੰਗ ਕਰ ਸੰਗਠਨ ਦਾ ਨਾਂਅ ਅਤੇ ਅਹੁਦੇਦਾਰਾਂ ਦਾ ਐਲਾਨ ਕੀਤਾ ਜਾਵੇਗਾ !

# ਕਲੀਨਿਕਲ ਅਸਿਸਟੈਂਟ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਹੋਈ



ਜਲੰਧਰ, (ਰਾਜੇਸ਼ ਥਾਪਾ) ਆਮ ਆਦਮੀ ਕਲੀਨਿਕਾਂ ਵਿੱਚ ਸੇਵਾ ਨਿਭਾਅ ਰਹੇ ਕਲੀਨਿਕ ਅਸਿਟੈਂਟ ਯੂਨੀਅਨ ਪੰਜਬ ਦੀ ਮੀਟਿੰਗ ਪ੍ਰਧਾਨ ਜਸਵੀਰ ਕੌਰ ਅਤੇ ਸਕੱਤਰ ਗੁਰਪ੍ਰੀਤ ਕੌਰ ਮੀਤ ਪ੍ਰਧਾਨ ਮਨਜੀਤ ਕੌਰ ਜਲੰਧਰ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ.) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ ਅਤੇ ਸੂਬਾ ਸਕਾਇਕ ਪ੍ਰਚਾਰ ਸਕੱਤਰ ਨਿਰਭੈ ਸਿੰਘ ਸ਼ੰਕਰ ਉਚੇਚੇ ਤੌਰ ਪਹੁੰਚੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਜਸਵੀਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਤੋਂ ਬਹੁਤ ਵਾਰ ਮੀਟਿੰਗ ਦੀ ਮੰਗ ਕੀਤੀ ਪਰ ਸਿਹਤ ਮੰਤਰੀ ਵੱਲੋਂ ਸਾਨੂੰ ਹਰ ਵਾਰ ਨਕਾਰਿਆ ਗਿਆ ਜੋ ਕਿ ਬਹੁਤ ਸ਼ਰਮ ਵਾਲੀ ਗੱਲ ਹੈ ਇਹਨਾਂ ਕਲੀਨਿਕਲ ਅਸਿਟੈਂਟਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਮੁੱਖ ਮੰਤਰੀ ਸਾਨੂੰ ਸਮਾਂ ਦੇ ਕੇ ਮੁਕਰ ਗਏ। ਆਮ ਆਦਮੀ ਕਲੀਨਿਕ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਕਲੀਨਿਕ ਅਸਿਟੈਂਟ ਰੱਖੇ ਗਏ ਕਲੀਨਿਕ ਅਸਿਟੈਂਟਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹਨਾਂ ਵਰਕਰਾਂ ਤੋਂ 8 ਤੋ 2 ਵਜੇ ਤੱਕ ਡਿਊਟੀ ਲਈ ਜਾਂਦੀ ਜਿਹੜੀ ਕਿ 11 ਰੁਪਏ ਇੱਕ ਮਰੀਜ਼ ਮਗਰ ਦਿੱਤੇ ਜਾਂਦੇ ਹਨ ਅਤੇ ਹੋਰ ਵਾਧੂ ਕੰਮ ਕਰਵਾਇਆ ਜਾਂਦਾ ਹੈ। ਅਸੀਂ ਸਰਕਾਰ ਪਾਸੋਂ ਮੰਗ ਕਰਦੇ ਹਾਂ ਕਿ ਇਹਨਾਂ ਵਰਕਰਾਂ ਨੂੰ ਮਹਿਕਮੇ ਵਿੱਚ ਲੈ ਕੇ ਘੱਟੋ-ਘੱਟ ਉਜਰਤ ਜਾ ਡੀ ਸੀ ਰੇਟ ਦਿੱਤੇ ਜਾਣ ਅਤੇ ਕੁਆਲੀਫਿਕੇਸ਼ਨ ਦੇ ਅਧਾਰ ਤੇ ਰੈਗੂਲਰ ਕੀਤਾ ਜਾਵੇ। ਮੀਟਿੰਗ ਦੌਰਾਨ ਸਕੱਤਰ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਜੇਕਰ ਸਰਕਾਰ ਨੇ ਕਲੀਨਿਕ ਅਸਿਟੈਂਟ ਨੂੰ ਨਿਗੂਣੀਆਂ ਜਿਹਾ ਇੰਨਸਿਟਵ ਦੇ ਮਹਿਗਾਈ ਦੇ ਯੁੱਗ ਵਿਚ ਆਪਣੇ ਪਰਿਵਾਰ ਦਾ ਅਤੇ ਬੱਚਿਆਂ ਦਾ ਪਾਲਣ ਪੋਸ਼ਣ ਕਰਨਾ ਮੁਸ਼ਕਲ ਹੈ।

ਜੇਕਰ ਸਰਕਾਰ ਵਲੋਂ ਇਹਨਾਂ ਵਰਕਰਾਂ ਦਾ ਕੋਈ ਹੱਲ ਨਾ ਕੀਤਾ ਤਾਂ ਵੱਖ ਵੱਖ ਜ਼ਿਲ੍ਹਿਆਂ ਵਿੱਚ ਮੀਟਿੰਗਾਂ ਕਰਕੇ 1 ਸਤੰਬਰ ਨੂੰ ਪਟਿਆਲਾ ਦੀ ਧਰਤੀ ਤੇ ਵੱਡੇ ਪੱਧਰ ਤੇ ਧਰਨਾ ਅਤੇ ਰੈਲੀ ਕੀਤੀ ਜਾਵੇਗੀ। ਮੀਟਿੰਗ ਵਿੱਚ ਵੱਖ ਵੱਖ ਜ਼ਿਲ੍ਹਿਆਂ ਵਿਚੋਂ ਕਲਿਨਿਕ ਅਸਿਸਟੈਂਟ ਪਹੁੰਚੇ ਸੁਨੀਤਾ ਹੁਸ਼ਿਆਰਪੁਰ, ਸ਼ਮਸ਼ੇਰ ਕੌਰ ਪਟਿਆਲਾ, ਸੁਖਪ੍ਰੀਤ ਕੌਰ ਸੰਗਰੂਰ, ਹਰਵਿੰਦਰ ਕੌਰ ਲੁਧਿਆਣਾ, ਸੰਦੀਪ ਕੌਰ, ਸਰਬਜੀਤ ਕੌਰ ਬਠਿੰਡਾ, ਰਾਜਦੀਪ ਕੌਰ, ਰੁਕਨਦੀਨ ਬਰਨਾਲਾ, ਜਸਪ੍ਰੀਤ ਕੌਰ ਮਲੇਰਕੋਟਲਾ, ਲਖਵੀਰ ਕੌਰ, ਕੰਨਵਰਜੀਤ ਫਿਰੋਜ਼ਪੁਰ, ਅਲਕਾ ਸ਼ਰਮਾ ਗੁਰਦਾਸਪੁਰ, ਮੋਨਿਕਾ ਜ਼ੀਰਕਪੁਰ, ਸਰਬਜੀਤ ਕੌਰ ਮੋਹਾਲੀ, ਵੀਰਪਾਲ ਕੌਰ, ਜਗਦੀਪ ਕੌਰ ਮੋਗਾ, ਸਿਮਰਜੀਤ ਕੌਰ, ਬਲਜੀਤ ਕੌਰ, ਕੁਲਵਿੰਦਰ ਕੌਰ, ਛਿੰਦਰਪਾਲ ਕੌਰ, ਮਨਦੀਪ ਕੌਰ, ਸੁਮਨ ਦੱਤਾ, ਪਾਇਲ, ਪੂਨਮ ਕੌਰ, ਬਲਵਿੰਦਰ ਕੌਰ, ਰੁਪਿੰਦਰਜੀਤ ਕੌਰ, ਕਮਲਜੀਤ ਕੌਰ, ਹਰਪ੍ਰੀਤ ਕੌਰ, ਜਸਪ੍ਰੀਤ ਕੌਰ, ਨੀਟੂ ਸਿਖਾਂ ਅਤੇ ਹੋਰ ਬਹੁਤ ਸਾਰੀਆਂ ਕਲਿਨਿਕ ਅਸਿਸਟੈਂਟ ਪਹੁੰਚੇ ਹੋਏ ਸਨ। ਪ੍ਰਧਾਨ ਮਨਜੀਤ ਕੌਰ ਨੇ ਬੋਲਦਿਆਂ ਕਿਹਾ ਕਿ ਸਾਨੂੰ ਕੋਈ ਪ੍ਰਸੂਤਾ ਛੁੱਟੀ ਨਹੀਂ ਮਿਲਦੀ, ਹਰ ਛੁਟੀ ਦੀ ਤਨਖਾਹ ਨਾਲ ਕੱਟ ਲਈ ਜਾਈ।

ਉਹਨਾਂ ਨੇ ਵੱਖ ਵੱਖ ਜ਼ਿਲ੍ਹਿਆਂ ਵਿਚੋਂ ਆਇਆ ਕਲਿਨਿਕ ਅਸਿਸਟੈਂਟ ਦਾ ਧੰਨਵਾਦ ਕਰਦਿਆਂ ਅਗਲੇ ਸੰਘਰਸ਼ਾਂ ਲਈ ਤਿਆਰ ਰਹਿਣ ਦੀ ਅਪੀਲ ਕੀਤੀ।

## ਐੱਨ ਓ ਸੀ ਤੋਂ ਬਿਨਾਂ ਟਿਊਬਵੈੱਲ/ਸਬਮਰਸੀਬਲ ਪੰਪ ਲਗਾਉਣ 'ਤੇ ਪਾਬੰਦੀ

ਨਵਾਂਸ਼ਹਿਰ, (ਮਨੋਜ ਲਾਡੀ) ਜ਼ਿਲ੍ਹਾ ਮੈਜਿਸਟਰੇਟ ਨਵਜੋਤ ਪਾਲ ਸਿੰਘ ਰੰਧਾਵਾ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਨੋਟੀਫਾਈਡ ਏਰੀਆ (ਬਲਾਕ ਔੜ ਅਤੇ ਬੰਗਾ) ਵਿੱਚ ਐਨ ਓ ਸੀ ਤੋਂ ਬਿਨਾਂ ਟਿਊਬਵੈਲ/ਸਬਮਰਸੀਬਲ ਪੰਪ ਲਗਾਉਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਵਿੱਚ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਜੇਕਰ ਕਿਸੇ ਨੇ ਸੈਂਟਰਲ ਗਰਾਊਂਡ ਵਾਟਰ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ ਪ੍ਰਵਾਨਿਤ ਕੰਮਾਂ ਵਿੱਚੋਂ ਟਿਊਬਵੈਲ/ਸਬਮਰਸੀਬਲ ਲਗਾਉਣਾ ਹੈ, ਤਾਂ ਉਹ ਐਨ.ਓ.ਸੀ ਲਈ ਉਨਾਂ ਦੇ ਦਫ਼ਤਰ ਵਿਚ ਅਪਲਾਈ ਕਰਕੇ ਮਨਜ਼ੂਰੀ ਪ੍ਰਾਪਤ ਕਰੇਗਾ। ਅਣ-ਅਧਿਕਾਰਤ ਟਿਊਬਵੈਲ/ ਸਬਮਰਸੀਬਲ ਦੀ ਜਾਂਚ ਕਰਨ ਲਈ ਪਿੰਡਾਂ ਵਿਚ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਸ਼ਹਿਰਾਂ ਵਿਚ ਸਬੰਧਤ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ ਦੀ ਜਿੰਮੇਵਾਰੀ ਨਿਰਧਾਰਤ ਕੀਤੀ ਗਈ ਹੈ। ਇਹ ਹੁਕਮ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ, ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਔੜ/ਬੰਗਾ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਬੰਗਾ ਜਿੰਮੇਵਾਰ ਹੋਣਗੇ। ਇਹ ਹੁਕਮ 30 ਸਤੰਬਰ 2024 ਤੱਕ ਲਾਗੂ ਰਹੇਗਾ।

# ਕਾਂਗਰਸ ਨੇ ਨਗਰ ਕੌਂਸਲ ਤੇ ਪੰਚਾਇਤੀ ਚੋਣਾਂ ਲਈ ਤਿਆਰੀਆਂ ਆਰੰਭੀਆਂ




ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)– ਇੱਕੇ ਬਲਾਕ ਕਾਂਗਰਸ ਕਮੇਟੀ ਤਲਵਾੜਾ ਦੀ ਮੀਟਿੰਗ ਬਲਾਕ ਪ੍ਰਧਾਨ ਠਾਕੁਰ ਪ੍ਰੀਤਮ ਸਿੰਘ 'ਪ੍ਰੀਤ' ਦੀ ਅਗਵਾਈ ਹੇਠ ਇੱਕ ਨਿੱਜੀ ਰੇਸਤਰਾਂ 'ਚ ਹੋਈ। ਮੀਟਿੰਗ 'ਚ ਸਾਬਕਾ ਹਲਕਾ ਵਿਧਾਇਕ ਅਤੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਰੁਣ ਕੁਮਾਰ ਉਰਫ਼ ਮਿੱਕੀ ਡੋਗਰਾ ਵੀ ਸ਼ਾਮਲ ਹੋਏ। ਵੱਖ ਵੱਖ ਪਿੰਡਾਂ ਅਤੇ ਸ਼ਹਿਰ ਦੇ ਵਾਰਡਾਂ 'ਚੋਂ ਇਕੱਤਰ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਿੱਕੀ ਡੋਗਰਾ ਨੇ ਅਗਾਮੀ ਨਗਰ ਕੌਂਸਲ, ਪੰਚਾਇਤੀ, ਬਲਾਕ ਸਮੰਤੀ ਅਤੇ ਜ਼ਿਲ੍ਹਾ ਪਰਿਸ਼ਦ ਚੋਣਾਂ ਲਈ ਤਿਆਰ ਰਹਿਣ ਦੀ ਗੱਲ ਆਖੀ। ਉਨ੍ਹਾਂ ਮੌਜੂਦਾ 'ਆਪ' ਸਰਕਾਰ 'ਤੇ ਨਿਸ਼ਾਨਾ ਸੇਧਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਢਾਈ ਸਾਲਾ ਕਾਰਜ਼ਕਾਲ ਤੋਂ ਲੋਕ ਦੁਖੀ ਹਨ। ਵਿਸ਼ੇਸ਼ ਤੌਰ 'ਤੇ ਕੰਢੀ ਖ਼ੇਤਰ ਦੀਆਂ ਬਦਤਰ ਲਿੰਕ ਸੜਕਾਂ 'ਆਪ' ਵਿਧਾਇਕ ਅਤੇ ਸੂਬਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰ ਰਹੀਆਂ ਹਨ। ਬਿਹਤਰ ਅਤੇ ਮਿਆਰੀ ਸਿਹਤ ਤੇ ਸਿੱਖਿਆ ਸੁਵਿਧਾਵਾਂ ਦੇਣ ਦੇ ਵਾਅਦੇ ਨਾਲ ਸੱਤਾ 'ਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ 'ਚ ਕੰਢੀ ਖ਼ੇਤਰ ਦੋਵੇਂ ਹੀ ਸੁਵਿਧਾਵਾਂ ਤੋਂ ਵੰਚਿਤ ਹੈ। ਸੀਐਚਸੀ ਕਮਾਹੀ ਦੇਵੀ 'ਚ ਪਿਛਲੇ ਕਰੀਬ ਪੰਜ ਮਹੀਨਿਆਂ ਤੋਂ ਡਾਕਟਰਾਂ ਅਤੇ ਹੋਰ ਅਮਲੇ ਦੀ ਘਾਟ ਕਾਰਨ ਓਪੀਡੀ ਬੰਦ ਪਈ ਹੋਈ ਹੈ। ਸੀਐਚਸੀ ਭੋਲ ਕਲੌਤਾ 'ਚ 50 ਫੀਸਦੀ ਤੋਂ ਵੀ ਘੱਟ ਸਟਾਫ਼ ਨਾਲ ਬੁੱਤਾ ਸਾਰਿਆ ਜਾ ਰਿਹਾ ਹੈ। ਬਲਾਕ ਤਲਵਾੜਾ ਅਧੀਨ ਆਉਂਦੇ ਅੱਠ ਸਸਸ ਸਕੂਲਾਂ ਵਿੱਚੋਂ ਪੰਜ ਸਕੂਲ ਪਿਛਲੇ ਲੰਮੇ ਸਮੇਂ ਤੋਂ ਬਿਨਾਂ ਮੁਖੀਆਂ ਤੋਂ ਚੱਲ ਰਹੇ ਹਨ। ਕਾਂਗਰਸ ਪਾਰਟੀ 'ਚ ਅਗਾਮੀ ਚੋਣਾਂ 'ਚ ਇਨ੍ਹਾਂ ਮੁੱਦਿਆਂ ਸਮੇਤ 'ਆਪ' ਸਰਕਾਰ ਦੀ ਕਾਰਗੁਜ਼ਾਰੀ ਦਾ ਰਿਪੋਰਟ ਕਾਰਡ ਲੈ ਕੇ ਲੋਕਾਂ ਤੱਕ ਪਹੁੰਚ ਕਰੇਗੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਕਾਂਗਰਸ ਪਾਰਟੀ ਦੇ ਬਲਾਕ ਜਨ. ਸਕੱਤਰ ਰਾਜਿੰਦਰ ਮਿਨਹਾਸ ਉਰਫ਼ ਪਿੰਕੀ, ਸੀਨੀਅਰ ਕਾਂਗਰਸੀ ਆਗੂ ਬਿਸ਼ਨ ਦਾਸ ਸੰਧੂ, ਯੂਥ ਕਾਂਗਰਸ ਦਸੂਹਾ ਪ੍ਰਧਾਨ ਅੰਕਿਤ ਕੌਸ਼ਲ, ਨਗਰ ਕੌਂਸਲ ਤਲਵਾੜਾ ਮੈਂਬਰ ਪਵਨ ਸ਼ਰਮਾ, ਦੀਪਕ ਅਰੋੜਾ ਉਰਫ਼ ਸੰਨੀ, ਮੁਨੀਸ਼ ਚੱਢਾ ਅਤੇ ਵਿਕਾਸ ਗੋਗਾ, ਸ਼ਹਿਰੀ ਪ੍ਰਧਾਨ ਬੋਧਰਾਜ, ਯੂਥ ਆਗੂ ਰਾਹੁਲ ਸ਼ਰਮਾ, ਜ਼ਿਲ੍ਹਾ ਪਰਿਸ਼ਦ ਮੈਂਬਰ ਕ੍ਰਿਸ਼ਨ ਲਾਲ, ਸਰਪੰਚ ਨਵਲ ਕਿਸ਼ੋਰ ਮਹਿਤਾ ਆਦਿ ਨੇ ਵੀ ਸੰਬੋਧਨ ਕੀਤਾ।

# ਵਾਤਾਵਰਣ ਸੁਰੱਖਿਆ ਨੂੰ ਲੈ ਕੇ ਗੰਭੀਰਤਾ ਨਾਲ ਕੰਮ ਕਰ ਰਹੀ ਸਰਕਾਰ : ਜਿੰਪਾ



ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)—ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਐਸ.ਡੀ ਸਿਟੀ ਪਬਲਿਕ ਸਕੂਲ ਆਦਮਵਾਲ ਵਿਖੇ ਪੌਦੇ ਲਗਾਉਣ ਦੇ ਪ੍ਰੋਗਰਾਮ ਵਿਚ ਹਿੱਸਾ ਲਿਆ। ਇਸ ਮੌਕੇ ਉਨ੍ਹਾਂ ਸਕੂਲ ਦੀ ਗਰਾਊਂਡ ਵਿਚ ਪੌਦੇ ਲਗਾ ਕੇ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟਾਈ। ਉਨ੍ਹਾਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੂੰ ਵਾਤਾਵਰਣ ਦੀ ਸੁਰੱਖਿਆ ਵਿਚ ਉਨ੍ਹਾਂ ਦੇ ਸਰਾਹਨਾ ਯੋਗਦਾਨ ਲਈ ਵਧਾਈ ਦਿੱਤੀ ਅਤੇ ਇਸ ਪਹਿਲ ਨੂੰ ਅੱਗੇ ਵਧਾਉਣ ਲਈ ਉਨ੍ਹਾਂ ਦੀ ਪ੍ਰਸੰਸਾ ਕੀਤੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ ਅਤੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ। ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਜਿੰਪਾ ਨੇ ਕਿਹਾ ਕਿ ਪੌਦੇ ਨਾ ਕੇਵਲ ਵਾਤਾਵਰਣ ਦੀ ਸੁਰੱਖਿਆ ਲਈ ਮਹੱਤਵਪੂਰਨ ਹਨ, ਬਲਕਿ ਇਹ ਆਉਣ ਵਾਲੀਆਂ ਪੀੜ੍ਹੀਆਂ ਲਈ ਸਵੱਛ ਅਤੇ ਹਰੇ ਵਾਤਾਵਰਣ ਨੂੰ ਯਕੀਕੀ ਬਣਾਉਣ ਵਿਚ ਵੀ ਸਹਾਇਕ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਾਤਾਵਰਣ ਸੁਰੱਖਿਆ ਨੂੰ ਲੈ ਕੇ ਗੰਭੀਰ ਹੈ ਅਤੇ ਇਸ ਦਿਸ਼ਾ ਵਿਚ ਅਨੇਕ ਕਦਮ ਉਠਾ ਰਹੀ ਹੈ। ਇਸੇ ਕੜੀ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪਹਿਲੀ ਵਾਰ ਜ਼ਿਲ੍ਹੇ ਨੂੰ ਪੌਦੇ ਲਗਾਉਣ ਲਈ 38 ਲੱਖ ਪੌਦੇ ਉਪਲਬੱਧ ਕਰਵਾਏ ਗਏ ਹਨ।ਉਨ੍ਹਾਂ ਕਿਹਾ ਕਿ ਇਹ ਹਰੇਕ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਉਹ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਤਾਂ ਜੋ ਸਾਡੀ ਧਰਤੀ ਹਰੀ-ਭਰੀ ਅਤੇ ਸਿਹਤਮੰਦ ਬਣੀ ਰਹੀ।

ਜਿੰਪਾ ਨੇ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਨਾਲ ਪੌਦਿਆਂ ਦੀ ਦੇਖਭਾਲ ਪ੍ਰਤੀ ਜਾਗਰੂਕਤਾ ਫੈਲਾਉਣ ਅਤੇ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਸਰਕਾਰ ਵਲੋਂ ਕਈ ਵਾਤਾਵਰਣ ਸਬੰਧੀ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿਚ ਸਾਰੇ ਨਾਗਰਿਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਮੌਕੇ ਐਸ.ਡੀ ਸਿਟੀ ਪਬਲਿਕ ਸਕੂਲ ਆਦਮਵਾਲ ਦੇ ਪ੍ਰਧਾਨ ਕਮਲੇਸ਼ ਸ਼ਰਮਾ, ਸਕੱਤਰ ਬਿੰਦੂਸਾਰ ਸ਼ੁਕਲਾ, ਚੇਅਰਮੈਨ ਸਚਿਨ ਮਲਹੋਤਰਾ, ਉਪ ਪ੍ਰਧਾਨ ਸੁਰਿੰਦਰ ਮੋਦਗਿਲ, ਪ੍ਰਿੰਸੀਪਲ ਅਨੀਤਾ ਸੈਣੀ, ਰਾਕੇਸ਼ ਕੇਹਰ, ਨਰੇਂਦਰ ਮੋਹਨ ਸ਼ਰਮਾ, ਮਾਸਟਰ ਸਤਪਾਲ ਗੁਪਤਾ, ਵਿਸ਼ਨੂ ਦਿਗੰਬਰ ਸੂਦ, ਮਧੂ ਸੂਦਨ ਕਾਲੀਆ, ਅਰਵਿੰਦ ਸੂਦ, ਆਪ ਨੇਤਾ ਰਾਜਨ ਸੈਣੀ, ਅਮਨਦੀਪ ਸਿੰਘ ਬਿੰਦਾ, ਸੰਜੀਵ ਠਾਕੁਰ, ਮੋਹਿਤ ਠਾਕੁਰ, ਸਤਿੰਦਰ ਸਿੰਘ, ਮਨਪ੍ਰੀਤ ਮਨੂ, ਸਤਪਾਲ ਸਿੰਘ ਅਤੇ ਸਟਾਫ਼ ਸਕੂਲ ਅਨੀਤਾ ਸ਼ਰਮਾ, ਰੇਖਾ ਸ਼ਰਮਾ, ਅਮਿਤਾ, ਦੀਪਿਕਾ, ਸ਼ੁਭਲਤਾ, ਹੈੱਡ ਗਰਲ ਸ਼੍ਰਿਸ਼ਟੀ ਮਲਹੋਤਰਾ, ਹੈੱਡ ਬੋਆਏ ਪੁਨੀਤ ਰਾਜੂ ਵੀ ਮੌਜੂਦ ਸਨ।

# ਬਾਈਕਰਸ ਨੇ ਸੇਵ ਅਰਥ ਰਾਈਡ ਰਾਹੀਂ ਵਾਤਾਵਰਣ ਸੁਰੱਖਿਆ ਦਾ ਦਿੱਤਾ ਸੁਨੇਹਾ





ਫਗਵਾੜਾ (ਡਾ ਰਮਨ, ਢੱਡਾ) ਸਮੂਹ ਪੰਜਾਬੀਆਂ ਅਤੇ ਖਾਸ ਤੌਰ 'ਤੇ ਨੌਜਵਾਨਾਂ ਨੂੰ ਵਾਤਾਵਰਣ ਸੁਰੱਖਿਆ ਦਾ ਸੁਨੇਹਾ ਦੇਣ ਲਈ ਫਰੈਂਡਜ਼ ਆਫ ਰਾਈਡ ਬਾਈਕਰਸ ਵੱਲੋਂ ਸੇਵ ਅਰਥ ਰਾਈਡ ਦੇ ਸਿਰਨਾਵੇਂ ਹੇਠ ਫਗਵਾੜਾ ਤੋਂ ਜਲੰਧਰ ਤੱਕ ਮੋਟਰਸਾਈਕਲ ਰੈਲੀ ਕੱਢੀ ਗਈ।ਜਿਸ ਵਿੱਚ ਲਾਇਨਜ ਕਲੱਬ ਫਗਵਾੜਾ ਕਿੰਗਜ ਅਤੇ ਅਲਾਇੰਜ ਕਲੱਬ ਫਗਵਾੜਾ ਰਾਇਲ (ਡਿਸਟ੍ਰਿਕਟ 126 ਐਨ) ਦਾ ਵਿਸ਼ੇਸ਼ ਸਹਿਯੋਗ ਰਿਹਾ। ਇਹ ਰੈਲੀ ਖਾਲਸਾ ਮੋਟਰਜ਼ ਬੰਗਾ ਰੋਡ ਫਗਵਾੜਾ ਤੋਂ ਸ਼ੁਰੂ ਹੋ ਕੇ ਪਟਵਾਰੀ ਢਾਬਾ ਜਲੰਧਰ ਵਿਖੇ ਸਮਾਪਤ ਹੋਈ।ਜਿਸ 'ਚ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਦੌਰਾਨ ਸਰਕਾਰੀ ਸੀ. ਸੈ. ਸਮਾਰਟ (ਗਰਲਜ) ਸਕੂਲ ਬੰਗਾ ਰੋਡ ਫਗਵਾੜਾ ਵਿਖੇ ਬੂਟੇ ਲਗਾਏ ਗਏ ਅਤੇ ਵਾਤਾਵਰਣ ਦੀ ਸੰਭਾਲ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।ਡਿਸਟ੍ਰਿਕਟ ਗਵਰਨਰ ਰਸ਼ਪਾਲ ਸਿੰਘ ਬੱਚਾਜੀਵੀ ਅਤੇ ਖਾਲਸਾ ਮੋਟਰਜ ਦੇ ਪ੍ਰੋਪਰਾਇਟਰ ਹਰਜਿੰਦਰ ਸਿੰਘ ਵਿਰਕ ਨੇ ਸੰਸਥਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਨਾਲ ਵਾਤਾਵਰਣ ਦਾ ਬਹੁਤ ਭਾਰੀ ਨੁਕਸਾਨ ਹੋ ਰਿਹਾ ਹੈ।ਜਿਸ ਤਰ੍ਹਾਂ ਇਨਸਾਨ ਦੇ ਜੀਉਣ ਲਈ ਖੁਰਾਕ ਅਤੇ ਨਵਜੰਮੇ ਬੱਚੇ ਦੀ ਚੰਗੀ ਸਿਹਤ ਲਈ ਮਾਂ ਦੇ ਦੁੱਧ ਦੀ ਜ਼ਰੂਰਤ ਹੁੰਦੀ ਹੈ ਉਸੇ ਤਰ੍ਹਾਂ ਵੱਧ ਤੋਂ ਵੱਧ ਰੁੱਖ ਲਗਾਉਣਾ ਵੀ ਅੱਜ ਧਰਤੀ ਦੀ ਹੋਂਦ ਅਤੇ ਚੰਗੀ ਸਿਹਤ ਲਈ ਜ਼ਰੂਰੀ ਹੋ ਗਿਆ ਹੈ।ਇਸ ਸੇਵ ਅਰਥ ਰਾਈਡ ਦੀ ਸਮਾਪਤੀ 'ਤੇ ਅਸ਼ੀਸ਼ ਖੰਨਾ ਨੇ ਸਮੂਹ ਸਹਿਯੋਗੀਆਂ ਅਤੇ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕਤਾ ਦੇ ਉਪਰਾਲੇ ਅੱਗੇ ਵੀ ਜਾਰੀ ਰੱਖੇ ਜਾਣਗੇ।ਇਸ ਮੌਕੇ ਸੁਖਬੀਰ ਸਿੰਘ ਕਿੰਨੜਾ, ਟਿੰਕੂ, ਵਰੁਣ, ਨੀਤੂ, ਕਿਰਨਦੀਪ, ਮੋਹਿੰਦਰ ਆਦਿ ਹਾਜ਼ਰ ਸਨ।

## ਸੁੰਨੜ ਕਲਾਂ ਵਿਖੇ ਤੀਆਂ ਦਾ ਤਿਉਹਾਰ 14 ਨੂੰ



ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ) ਸਾਵਣ ਮਹੀਨੇ ਵਿੱਚ ਚੱਲ ਰਹੇ ਤੀਆਂ ਦੇ ਤਿਉਹਾਰ ਦੌਰਾਨ ਪਿੰਡ ਸੁੰਨੜ ਕਲਾਂ ਵਿਖੇ 14 ਅਗਸਤ ਦਿਨ ਬੁੱਧਵਾਰ ਨੂੰ ਬੜੀ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦੇ ਪੱਤਰਕਾਰ ਲਵਲੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਤੀਆਂ ਦੇ ਹੋ ਰਹੇ ਇਸ ਤਿਉਹਾਰ ਦਾ ਸਾਰਾ ਖਰਚਾ ਟੋਨੀ ਖੋਸਲਾ ਤੇ ਬਿੱਟੂ ਖੋਸਲਾ ਦੇ ਵੱਡੇ ਭਰਾ ਗੋਨੀ ਖੋਸਲਾ ਯੂ ਐਸ ਏ ਨਿਵਾਸੀ ਦੇ ਬੇਟੇ ਸ਼ਿਵਾ ਖੋਸਲਾ ਵਲੋਂ ਸਾਰਾ ਪ੍ਰਬੰਧ ਕੀਤਾ ਜਾਵੇਗਾ।ਇਸ ਸਮੇਂ ਸਾਡੇ ਪੰਜਾਬੀ ਸੱਭਿਆਚਾਰ ਵਿਰਸੇ ਨਾਲ ਸਬੰਧਤ ਪੰਜਾਬੀ ਗੀਤ, ਗਿੱਧੇ, ਭੰਗੜੇ, ਬੋਲੀਆਂ ਆਦਿ ਲੜਕੀਆਂ ਵੱਲੋਂ ਕੀਤੇ ਜਾਣਗੇ ਅਤੇ ਲੰਗਰ ਅਤੇ ਠੰਡੇ ਪਾਣੀ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ।

## ਸਕੂਲੀ ਵਿਦਿਆਰਥੀ ਲਿਆਉਣ ਲਿਜਾਣ ਲਈ 2 ਬੱਸਾਂ ਲਗਾਈਆਂ



ਫਿਲੌਰ,( ਨਿਰਮਲ ) ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿਖੇ ਸਕੂਲ ਆਫ ਐਮੀਨੈਂਸ ਅਧੀਨ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਸਕੂਲੀ ਵਿਦਿਆਰਥੀਆਂ ਨੂੰ ਲਿਆਉਣ ਲਿਜਾਣ ਲਈ 2 ਬੱਸਾਂ ਦਾ ਪ੍ਰਬੰਧ ਕੀਤਾ ਗਿਆ। ਇਨਾਂ ਬੱਸਾਂ ਨੂੰ ਅੱਜ ਸਕੂਲ ਮੁਖੀ ਸ: ਰਾਜਵੰਤ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਰਾਜਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ ਬੱਸ ਸਹੂਲਤ ਦੇਣਾ ਇੱਕ ਵਧੀਆ ਉਪਰਾਲਾ ਹੈ।ਇਸ ਨਾਲ ਜੋ ਵਿਦਿਆਰਥੀ ਦੂਰ ਦੁਰਾਡੇ ਤੋ ਸਕੂਲ ਨਹੀਂ ਆ ਸਕਦੇ ਸਨ ਹੁਣ ਉਹ ਬੱਚੇ ਵੀ ਪੜ ਸਕਣਗੇ। ਇਸ ਮੌਕੇ ਸਮੂਹ ਸਕੂਲ ਸਟਾਫ ਅਤੇ ਬੱਚਿਆਂ ਦੇ ਮਾਤਾ ਪਿਤਾ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਸੈਸ਼ਨ 2024-25 ਲਈ ਦਾਖਲਾ ਜਾਰੀ



ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਦੇਣ ਅਤੇ ਉਹਨਾਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਗਤੀਸ਼ੀਲ ਰਹਿੰਦਾ ਹੈ।ਇਸੇ ਕਰਕੇ ਵਿਦਿਆਰਥੀਆਂ ਦੀ ਪਹਿਲੀ ਪਸੰਦ ਲਾਇਲਪੁਰ ਖ਼ਾਲਸਾ ਕਾਲਜ ਰਹਿੰਦਾ ਹੈ।ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਸੈਸ਼ਨ 2024 25 ਲਈ ਕਾਲਜ ਵਿਖੇ ਦਾਖਲਾ ਲੈਣ ਲਈ ਵਿਦਿਆਰਥੀ ਭਾਰੀ ਦਿਲਚਸਪੀ ਦਿਖਾ ਰਹੇ ਹਨ । ਉਹਨਾਂ ਦੱਸਿਆ ਕਿ ਕਾਲਜ ਵਿਖੇ ਰਿਵਾਇਤੀ ਕੋਰਸਾਂ ਦੇ ਨਾਲ ਨਾਲ ਸਿੱਖਿਆ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਕਿੱਤਾ ਮੁਖੀ ਕੋਰਸ ਵੀ ਚੱਲ ਰਹੇ ਹਨ। ਜਿਸ ਵਿੱਚ ਵਿਦਿਆਰਥੀਆਂ ਨੇ ਪਹਿਲ ਦੇ ਆਧਾਰ 'ਤੇ ਦਾਖਲਾ ਲਿਆ ਹੈ।ਉਹਨਾਂ ਦੱਸਿਆ ਕਿ ਗੁਰੂ ਨਾਨਕ ਦੇ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਨਿਰਧਾਰਿਤ ਦਾਖਲਾ ਮਿਤੀ ਬਿਨਾਂ ਲੇਟ ਫੀਸ 16 ਅਗਸਤ ਹੈ। ਇਸ ਮਿਤੀ ਤੋਂ ਬਾਅਦ ਲੇਟ ਫੀਸ ਨਾਲ ਦਾਖਲੇ ਹੋਣਗੇ। ਉਹਨਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀ ਹਰ ਸਾਲ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਆਉਂਦੇ ਹੋਏ ਪਹਿਲੀ, ਦੂਜੀ ਤੇ ਤੀਜੀ ਪੁਜੀਸ਼ਨ ਹਾਸਲ ਕਰਦੇ ਹਨ। ਇਸੇ ਤਰ੍ਹਾਂ ਕਲਚਰਲ ਤੇ ਖੇਡਾਂ ਦੇ ਖੇਤਰ ਵਿਚ ਕਾਲਜ ਦੇ ਵਿਦਿਆਥੀ ਯੂਨੀਵਰਸਿਟੀ ਅਤੇ ਰਾਸ਼ਟਰੀ ਪੱਧਰ 'ਤੇ ਉੱਤਮ ਪ੍ਰਦਰਸ਼ਨ ਕਰਕੇ ਓਵਰ ਆਲ ਚੈਂਪੀਅਨ ਬਣਦੇ ਹਨ। ਉਹਨਾਂ ਬੱਚਿਆਂ ਦੇ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚੇ ਦੇ ਸੁਨਹਿਰੀ ਭਵਿੱਖ ਅਤੇ ਉੱਜਵਲ ਜੀਵਨ ਲਈ ਲਾਇਲਪੁਰ ਖ਼ਾਲਸਾ ਕਾਲਜ ਵਿਖੇ ਦਾਖਲਾ ਕਰਵਾਉਣ।ਉਹਨਾਂ ਦੱਸਿਆ ਕਿ ਕਾਲਜ ਵਿਖੇ ਆਧੁਨਿਕ ਸਹੂਲਤਾਂ ਨਾਲ ਭਰਪੂਰ ਲਾਇਬ੍ਰੇਰੀ, ਸਾਇੰਸ ਤੇ ਕੰਪਿਊਟਰ ਲੈਬਜ ਉਪਲਬਧ ਹਨ।ਉਹਨਾਂ ਇਸ ਮੌਕੇ ਦੱਸਿਆ ਕਿ ਸਾਲ 2024-25 ਤੋਂ ਨਵੀਂ ਸਿੱਖਿਆ ਪ੍ਰਣਾਲੀ 2020 ਤਹਿਤ ਨਵੇਂ ਵਿਦਿਅਕ ਢਾਂਚੇ ਅਨੁਸਾਰ ਵਿਦਿਆਰਥੀਆਂ ਦੀ ਪੜ੍ਹਾਈ ਦਾ ਪ੍ਰਬੰਧ ਕੀਤਾ ਗਿਆ ਹੈ। ਜਿਸ ਨਾਲ ਵਿਦਿਆਰਥੀ ਸਕਿੱਲਡ ਐਜੂਕੇਸ਼ਨ ਪ੍ਰਾਪਤ ਕਰਕੇ ਆਪਣੇ ਕਾਰੋਬਾਰ ਜਾਂ ਨੌਕਰੀ ਦੇ ਖੇਤਰ ਵਿੱਚ ਨਵੀਂ ਊਰਜਾ ਨਾਲ ਜਾ ਸਕਣਗੇ।ਇਸ ਮੌਕੇ ਪ੍ਰੋ. ਜਸਰੀਨ ਕੌਰ ਵਾਇਸ ਪ੍ਰਿੰਸੀਪਲ, ਪ੍ਰੋ. ਨਵਦੀਪ ਕੌਰ, ਡਾ. ਹਰਜੀਤ ਸਿੰਘ, ਡਾ. ਰਛਪਾਲ ਸਿੰਘ, ਡਾ. ਅੰਮ੍ਰਿਤਪਾਲ ਸਿੰਘ, ਡਾ. ਚਰਨਜੀਤ ਸਿੰਘ ਅਤੇ ਭਾਰੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਸਕੂਲ ਆਫ ਐਮੀਨੈਂਸ ਵਿਖੇ ਤੀਆਂ ਦਾ ਤਿਉਹਾਰ ਮਨਾਇਆ



ਫਿਲੌਰ, ( ਨਿਰਮਲ ) ਸਥਾਨਕ ਸਕੂਲ ਆਫ ਐਮੀਨੈਂਸ ਵਿਖੇ ਸੌਣ ਦੇ ਮਹੀਨੇ ਨੂੰ ਦੇਖਦੇ ਹੋਏ ਤੀਆਂ ਦਾ ਤਿਉਹਾਰ ਮਨਾਇਆ ਗਿਆ। ਜਿਸ ਦੌਰਾਨ ਮੁੱਖ ਮਹਿਮਾਨ ਸ੍ਰੀ ਮਤੀ ਕੁਲਵਿੰਦਰ ਕੌਰ ਪਤਨੀ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵਾਈਸ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਪਹੁੰਚੇ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਤੀਆਂ ਦੇ ਤਿਉਹਾਰ ਦੌਰਾਨ ਗਿੱਧਾ, ਭੰਗੜਾ, ਸਕਿਟਾਂ ਅਤੇ ਹੋਰ ਪੰਜਾਬੀ ਸਭਿਆਚਾਰ ਨਾਲ ਸਬੰਧਤ ਪ੍ਰੋਗ੍ਰਾਮ ਪੇਸ਼ ਕੀਤਾ ਗਿਆ।

ਇਸ ਮੌਕੇ ਮੁੱਖ ਮਹਿਮਾਨ ਕੁਲਵਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਤੀਆਂ ਦਾ ਤਿਉਹਾਰ ਧੀਆਂ ਮਨਾਉਂਦੀਆਂ ਹਨ। ਤੀਆਂ ਦਾ ਤਿਉਹਾਰ ਪਿੰਡਾਂ ਵਿਚ ਔਰਤਾਂ ਅਤੇ ਲੜਕੀਆਂ ਰਲ ਮਿਲ ਕੇ ਮਨਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਤੀਆਂ ਦਾ ਤਿਉਹਾਰ ਸਾਡੇ ਪੰਜਾਬੀ ਸਭਿਆਚਾਰ ਨੂੰ ਦਰਸਾਉਂਦਾ ਹੈ। ਇਸ ਮੌਕੇ ਸਕੂਲ ਮੁਖੀ ਰਾਜਵੰਤ ਸਿੰਘ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਵੱਧ ਤੋਂ ਵੱਧ ਸਭਿਆਚਾਰ ਦੇ ਨਾਲ ਨਾਲ ਪੜਾਈ ਕਰਨ ਲਈ ਵੀ ਪ੍ਰੇਰਿਤ ਕੀਤਾ।

## ਮੰਗਾਂ ਨੂੰ ਲੈ ਕੇ ਕਿਸਾਨਾਂ ਕੀਤਾ ਰੋਸ ਮਾਰਚ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਕਿਰਤੀ ਕਿਸਾਨ ਯੂਨੀਅਨ ਦੇ ਯੂਥ ਵਿੰਗ ਨੇ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਨੂਰਮਹਿਲ ਵਿੱਚ ਝੰਡਾ ਮਾਰਚ ਕਰਕੇ ਸਰਕਾਰ ਪਾਸੋਂ ਆਪਣੀਆਂ ਕਿਸਾਨੀ ਮੰਗਾਂ ਜਿਹਨਾਂ ਵਿਚ ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਪਾਣੀਆਂ ਦਾ ਮਸਲਾ ਰਿਪੇਰੀਅਨ ਸਿਧਾਂਤ ਅਨੁਸਾਰ ਹਲ ਕਰਨ ਅਤੇ ਵਾਹਗਾ ਤੇ ਹੁਸੈਨੀਵਲ ਬੋਰਡਰ ਖੋਲ੍ਹਣ ਦੀ ਮੰਗ ਕੀਤੀ ਬਾਅਦ ਵਿੱਚ ਪੁਲਸ ਥਾਣਾ ਨੂਰਮਹਿਲ ਵਿੱਚ ਇਕ ਮੰਗ ਪੱਤਰ ਦਿੱਤਾ ਗਿਆ ਜਿਸ ਵਿੱਚ ਕਿਸਾਨਾਂ ਦੀਆ ਮੋਟਰਾ ਤੋਂ ਟਰਾਂਸਫਾਰਮਰ ਚੋਰੀ ਕਰਨ ਵਾਲੇ ਚੋਰਾਂ ਨੂੰ ਫੜ੍ਹਨ ਦੀ ਮੰਗ ਕੀਤੀ ਅਤੇ ਆਏ ਦਿਨ ਹੋ ਰਹੀਆਂ ਲੁੱਟ ਦੀਆਂ ਵਾਰਦਾਤਾ ਚਿੱਟਾ ਵੇਚਣ ਵਾਲੇ ਸਮੱਗਲਰਾਂ ਅਤੇ ਨਜ਼ਾਇਜ ਹੋ ਰਹੀ ਮਾਈਨਿੰਗ ਨੂੰ ਰੋਕਣ ਦੀ ਮੰਗ ਕੀਤੀ ਗਈ। ਇਸ ਮਾਰਚ ਵਿੱਚ ਯੂਥ ਵਿੰਗ ਦੇ ਆਗੂ ਤਰਪ੍ਰੀਤ ਸਿੰਘ ਉੱਪਲ ਹਰਦੀਪ ਸਿੰਘ ਉੱਪਲ ਭੂਪਾ ਅਮਰੀਕ ਸਿੰਘ ਆਪਣੇ ਸੈਂਕੜੇ ਸਾਥੀਆਂ ਨਾਲ ਹਾਜ਼ਰ ਹੋਏ।

# ਹਲਕਾ ਚੱਬੇਵਾਲ ਨੂੰ ਮਿਲੇ ਗ੍ਰਾਂਟਾਂ ਦੇ ਗੱਫੇ, 25 ਕਰੋੜ ਰੁਪਏ ਮਨਜ਼ੂਰ



ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)-ਹਲਕਾ ਚੱਬੇਵਾਲ ਦੇ ਵਿਕਾਸ ਕਾਰਜਾਂ ਸੰਬੰਧੀ ਮੁੱਖ ਮੰਤਰੀ ਭਗਵੰਤ ਮਾਨ ਨਾਲ ਕੀਤੀ ਇੱਕ ਅਹਿਮ ਮੀਟਿੰਗ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਦੇ ਵੱਖ-ਵੱਖ ਵਿਕਾਸ ਦੇ ਕੰਮਾਂ ਲਈ ਮਾਣਯੋਗ ਮੁੱਖ ਮੰਤਰੀ ਤੋਂ 25 ਕਰੋੜ ਦੀਆਂ ਗ੍ਰਾਂਟਾਂ ਨੂੰ ਮਨਜ਼ੂਰੀ ਦਿਵਾਈ ਹੈ। ਉਹਨਾਂ ਮੀਡੀਆ ਨਾਲ ਮੁਖ਼ਾਤਿਬ ਹੁੰਦੇ ਹੋਏ ਦੱਸਿਆ ਕਿ ਇਹਨਾਂ ਵਿੱਚੋਂ 23 ਕਰੋੜ ਰੁਪਏ ਦੀ ਰਕਮ ਚੱਬੇਵਾਲ ਦੀਆਂ ਵੱਖ-ਵੱਖ ਵਿਕਾਸ ਸੰਬੰਧੀ ਕਾਰਜਾਂ ਅਤੇ ਹਲਕੇ ਦੀਆਂ ਸੜਕਾਂ ਦੀ ਉਸਾਰੀ ਲਈ ਇਸਤੇਮਾਲ ਕੀਤੇ ਜਾਣੇ ਹਨ ਅਤੇ 2 ਕਰੋੜ ਰੁਪਏ ਦੀ ਗ੍ਰਾਂਟ ਹਲਕੇ ਦੇ ਗਰੀਬ ਵਸਨੀਕਾਂ ਨੂੰ ਆਪਣੇ ਘਰਾਂ ਦੀਆਂ ਕੱਚੀਆਂ ਛੱਤਾਂ ਦੀਆਂ ਅਰਜ਼ੀਆਂ ਦੀ ਜਾਂਚ ਹੋਣ ਉਪਰੰਤ ਨਾਲ ਹੀ ਜਾਰੀ ਹੋ ਜਾਵੇਗੀ। ਇੱਥੇ ਇਹ ਵੀ ਵਰਣਯੋਗ ਹੈ ਕਿ ਇਹਨਾਂ ਛੱਤਾਂ ਦੀ ਰਿਪੇਅਰ ਲਈ 2 ਕਰੋੜ ਰੁਪਏ ਦੀ ਆਰਜੀ ਮਨਜ਼ੂਰੀ ਹੋ ਚੱਕੀ ਹੈ।ਉਹਨਾਂ ਦੱਸਿਆਂ ਕਿ 23 ਕਰੋੜ ਦੀ ਰਾਸ਼ੀ ਵਿੱਚੋਂ ਲਗਭਗ 17 ਕਰੋੜ 15 ਲੱਖ ਰੁਪਏ ਨਵੀਆਂ ਸੜਕਾਂ ਦੀ ਉਸਾਰੀ ਅਤੇ ਸੜਕਾਂ ਨੂੰ 18 ਫੁੱਟ ਚੌੜਾ ਕਰਨ ਲਈ ਮਨਜ਼ੂਰ ਹੋਇਆ ਹੈ।ਇਹਨਾਂ ਸੜਕਾਂ ਵਿੱਚ ਫਤਿਹਪੁਰ ਕੋਠੀ ਤੋਂ ਲੈ ਕੇ ਰਾਮਪੁਰ ਤੱਕ, ਝੰਜੋਵਾਲ ਤੋਂ ਲੈ ਕੇ ਵਾਇਆ ਕਹਾਰਪੁਰ ਗੁਰਦਵਾਰਾ ਸ਼ਹੀਦਾਂ ਤੱਕ, ਬਾਈਪਾਸ ਤੋਂ ਲੈ ਕੇ ਵਾਇਆ ਅਟੱਲਗੜ੍ਹ, ਮਹਿਮੋਵਾਲ, ਹਰਮੋਇਆ, ਫੁਲਾਹੀ, ਤਾਜੋਵਾਲ ਤੋ ਹੁਕੜਾਂ ਤੱਕ, ਬਸੀ ਕਲਾਂ ਤੋਂ ਲੈ ਕੇ ਪਰਸੋਵਾਲ ਤੱਕ ਅਤੇ ਭੇੜੂਆਂ ਤੋਂ ਲੈ ਕੇ ਚੱਕ ਸਾਧੂ ਆਦਿ ਸੜਕਾਂ ਨੂੰ 18 ਫੁੱਟ ਚੌੜੀਆਂ ਕੀਤੀਆਂ ਜਾਣਗੀਆਂ। ਇਸ ਤੋਂ ਇਲਾਵਾ 7 ਸੜਕਾਂ ਨਵੀਆਂ ਜਿਸ ਵਿੱਚ ਹੇੜੀਆਂ ਤੋਂ ਰਾਜਪੁਰ ਭਾਈਆਂ, ਜੱਲੋਵਾਲ ਤੋਂ ਚਿਤੋਂ, ਪਾਛਟਾ ਮੁਖਲਿਆਂਣਾ ਰੋਡ ਤੋਂ ਦਿਹਾਣਾ, ਗੁਰਦਵਾਰਾ ਨੇਕੀ ਸਾਹਿਬ ਤੋਂ ਪੰਜੋੜਾ, ਬੱਡੋਂ ਤੋਂ ਫੋਕਲ ਪੁਆਇਟ ਦਿਹਾਣਾ, ਟੋਡਰਪੁਰ ਤੋ ਮਲਕਪੁਰ ਆਦਿ ਸ਼ਾਮਿਲ ਹਨ। ਹਲਕਾ ਚੱਬੇਵਾਲ ਦੇ ਪਿੰਡਾਂ ਦੇ ਵਿਕਾਸ ਲਈ 3 ਕਰੋੜ 69 ਲੱਖ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ।ਹਲਕਾ ਚੱਬੇਵਾਲ ਵਿੱਚ ਪੀਣ ਵਾਲੇ ਪਾਣੀ ਦੇ ਟਿਊਬਵੈੱਲ ਪਿੰਡ ਬਿਛੋਹੀ (80 ਲੱਖ), ਸਿੰਘਪੁਰ (76 ਲੱਖ) ਅਤੇ ਝੰਜੋਵਾਲ (60 ਲੱਖ) ਦੇ ਫੰਡ ਵੀ ਆ ਚੁੱਕੇ ਹਨ। ਡਾ. ਰਾਜ ਨੇ ਦੱਸਿਆ ਕਿ ਵਿਕਾਸ ਦੇ ਕੰਮਾਂ ਲਈ ਘੱਟ ਤੋਂ ਘੱਟ 150 ਕਰੋੜ ਰੁਪਏ ਹੋਰ ਜਲਦ ਹੀ ਆ ਰਹੇ ਹਨ, ਜਿਸ ਨਾਲ ਹਲਾ ਚੱਬੇਵਾਲ ਦੀ ਨੁਹਾਰ ਹੀ ਬਦਲ ਜਾਵੇਗੀ।ਇਸ ਮੌਕੇ 'ਤੇ ਡੀ.ਸੀ. ਹੁਸ਼ਿਆਰਪੁਰ ਸ਼੍ਰੀਮਤੀ ਕੋਮਲ ਮਿੱਤਲ ਅਤੇ ਐਸ.ਐਸ.ਪੀ. ਸੁਰਿੰਦਰ ਲਾਂਬਾ ਮੌਜੂਦ ਸਨ।

## ਹਲਾਲ ਮੀਟ ਵੇਚਣ ਵਾਲੀਆਂ ਦੁਕਾਨਾਂ ਦੇ ਬਾਹਰ ਬੋਰਡ ਲਗਵਾਏ ਜਾਣ : ਕਮਲ ਸਰੋਜ



ਫਗਵਾੜਾ (ਡਾ. ਰਮਨ) ਸ਼ਿਵ ਸੈਨਾ (ਯੂ ਬੀ ਟੀ) ਨੇ ਕਈ ਖਦਸ਼ਿਆਂ ਕਾਰਨ ਪੂਰਬੀ ਅਤੇ ਦੱਖਣੀ ਰਾਜਾਂ ਤੋਂ ਆ ਕੇ ਪੰਜਾਬ ਵਿੱਚ ਵਸੇ ਮੁਸਲਿਮ ਭਾਈਚਾਰੇ ਦੇ ਲੋਕਾਂ ਵੱਲੋਂ ਸੂਬੇ ਦੇ ਸਾਰੇ ਸ਼ਹਿਰਾਂ ਵਿੱਚ ਵੱਖ-ਵੱਖ ਬ੍ਰਾਂਡਾਂ ਦੇ ਨਾਂਅ ਹੇਠ ਨਾਨ-ਵੈਜ ਬਿਰਯਾਨੀ ਦੀਆਂ ਦੁਕਾਨਾਂ ਖੋਲ੍ਹੇ ਜਾਣ 'ਤੇ ਚਿੰਤਾ ਜ਼ਾਹਰ ਕਰਦਿਆਂ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਦੀ ਅਗਵਾਈ ਹੇਠ ਨਿਗਮ ਕਮਿਸ਼ਨਰ ਅਨੁਪਮ ਕਲੇਰ ਨੂੰ ਮੰਗ ਪੱਤਰ ਸੌਂਪਿਆ।ਇਸ ਮੌਕੇ ਗੱਲਬਾਤ ਦੌਰਾਨ ਕਮਲ ਸਰੋਜ ਨੇ ਦੱਸਿਆ ਕਿ ਅੱਜ ਕੱਲ੍ਹ ਹਰ ਸ਼ਹਿਰ 'ਚ ਹੈਦਰਾਬਾਦੀ ਬਿਰਯਾਨੀ, ਮੁਰਾਦਾਬਾਦੀ ਬਿਰਯਾਨੀ ਤੋਂ ਇਲਾਵਾ ਸ਼ਮਾ, ਜਾਫੀਆ, ਰਾਫੀਆ ਆਦਿ ਕਈ ਨਾਵਾਂ ਵਾਲੀਆਂ ਮੀਟ ਦੀਆਂ ਦੁਕਾਨਾਂ ਵੱਡੇ ਪੱਧਰ 'ਤੇ ਖੁੱਲ੍ਹ ਰਹੀਆਂ ਹਨ, ਜਿਨ੍ਹਾਂ ਦੇ ਸੰਚਾਲਕ ਮੁਸਲਮਾਨ ਹਨ ਜੋ ਸਿਰਫ ਹਲਾਲ ਮੀਟ ਵੇਚਦੇ ਹਨ।ਜਦਕਿ ਹਿੰਦੂ ਸਮਾਜ ਵਿੱਚ ਝਟਕੇ ਦਾ ਮਾਸ ਖਾਣ ਦਾ ਰੁਝਾਨ ਹੈ।ਇਸ ਲਈ ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਾਰੀਆਂ ਹਲਾਲ ਮੀਟ ਦੀਆਂ ਦੁਕਾਨਾਂ ਦੇ ਬਾਹਰ ਮਾਲਕ ਦੇ ਨਾਂਅ ਅਤੇ ਹਲਾਲ ਮੀਟ ਦੇ ਬੋਰਡ ਲਗਵਾਏ ਜਾਣ ਤਾਂ ਜੋ ਗੈਰ ਮੁਸਲਮਾਨਾਂ ਨੂੰ ਇਸ ਬਾਰੇ ਪਤਾ ਹੋਵੇ ਅਤੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਨਾ ਪਹੁੰਚੇ। ਇਸ ਤੋਂ ਇਲਾਵਾ ਪ੍ਰਵਾਸੀ ਲੋਕਾਂ ਦੀਆਂ ਉਕਤ ਦੁਕਾਨਾਂ ਦੇ ਸਟਾਫ਼ ਦੀ ਪਿੱਠਭੂਮੀ ਦੀ ਜਾਂਚ ਪੁਲਸ ਵੈਰੀਫਿਕੇਸ਼ਨ ਰਾਹੀਂ ਕਰਵਾਉਣ ਅਤੇ ਦੁਕਾਨਾਂ ਦੀਆਂ ਰਸੋਈਆਂ ਵਿੱਚ ਸੀ ਸੀ ਟੀ ਵੀ ਕੈਮਰੇ ਲਗਾਉਣ ਅਤੇ ਪਰੋਸੇ ਜਾਂਦੇ ਖਾਣੇ ਦੀ ਸਮੇਂ-ਸਮੇਂ 'ਤੇ ਜਾਂਚ ਕਰਵਾਉਣ ਦੀ ਮੰਗ ਵੀ ਮੰਗ ਪੱਤਰ ਵਿੱਚ ਕੀਤੀ ਗਈ ਹੈ।ਕਮਲ ਸਰੋਜ ਅਨੁਸਾਰ ਇਨ੍ਹਾਂ ਸਾਰੀਆਂ ਦੁਕਾਨਾਂ ਦੇ ਸੰਚਾਲਕਾਂ ਵੱਲੋਂ ਬਾਜ਼ਾਰੀ ਕੀਮਤ ਤੋਂ ਕਿਤੇ ਵੱਧ ਕਿਰਾਏ 'ਤੇ ਦੁਕਾਨਾਂ ਲਏ ਜਾਣ ਦਾ ਤੱਥ ਵੀ ਚਰਚਾ ਦਾ ਵਿਸ਼ਾ ਹੈ, ਇਸ ਲਈ ਉਨ੍ਹਾਂ ਦੀ ਜੱਥੇਬੰਦੀ ਨੇ ਪੰਜਾਬ ਪ੍ਰਧਾਨ ਯੋਗਰਾਜ ਸ਼ਰਮਾ ਦੀਆਂ ਹਦਾਇਤਾਂ ਅਨੁਸਾਰ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਦੀ ਜਾਂਚ ਕੀਤੀ ਜਾਵੇ ਅਤੇ ਬੀਫ ਦੀ ਵਿਕਰੀ ਵੀ ਇਹਨਾਂ ਦੁਕਾਨਾਂ ਤੇ ਕਿਸੇ ਸੂਰਤ ਵਿਚ ਨਾ ਹੋਣ ਦੇਣਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਅਨੂਪ ਦੁੱਗਲ, ਅੰਜੂ ਖੁਰਾਣਾ ਜ਼ਿਲ੍ਹਾ ਪ੍ਰਧਾਨ ਭਵਾਨੀ ਸੈਨਾ, ਅਜੈ ਚੱਢਾ, ਗੁਰਮੀਤ ਸਿੰਘ, ਮਨੀਸ਼ ਮੌਜੀ, ਟੋਨੀ, ਸ਼ੰਭੂ ਪਾਸਵਾਨ ਆਦਿ ਹਾਜ਼ਰ ਸਨ।

## ਡੱਲਾ ਸਕੂਲ ਵਿਖੇ ਤੀਆਂ ਦਾ ਤਿਉਹਾਰ ਮਨਾਇਆ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ) ਗੁਰੂ ਨਾਨਕ ਮਿਸ਼ਨ ਪਬਲਿਕ ਸਕੂਲ ਡੱਲਾ ਵਿਖੇ ਤੀਆਂ ਦਾ ਤਿਉਹਾਰ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ ਸਕੂਲ ਦੀਆਂ ਅਧਿਆਪਕਾਂ ਵੱਲੋਂ ਗਿੱਦਾ ਭੰਗੜਾ ਪਾ ਕੇ ਖੂਬ ਰੌਣਕਾਂ ਲਾਈਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਬਿਕਰਮ ਸਿੰਘ ਸੈਣੀ ਵੱਲੋਂ ਸਕੂਲ ਦੇ ਸਟਾਫ ਨੂੰ ਤੀਆਂ ਦੇ ਤਿਉਹਾਰ ਦੀਆਂ ਵਧਾਈਆਂ ਉਪਰੰਤ ਸਕੂਲ ਵਿੱਚ ਖੀਰ ਅਤੇ ਮਾਲ ਪੂੜੇ ਵਰਤਾਏ ਗਏ। ਇਸ ਮੌਕੇ ਅਰਵਿੰਦਰ ਕੌਰ, ਹਰਜੀਤ ਕੌਰ, ਪ੍ਰਦੀਪ ਕੌਰ, ਸੁਨੀਤਾ ਰਾਣੀ, ਮਨਦੀਪ ਕੌਰ, ਹਰਕਮਲ ਕੌਰ, ਪਰਵਿੰਦਰ ਕੌਰ, ਸੁਨੀਤਾ ਰਾਣੀ, ਸੰਦੀਪ ਕੌਰ, ਨੰਦਨੀ ਅਤੇ ਸਮੂਹ ਸਟਾਫ ਹਾਜ਼ਰ ਸਨ।

# ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਦੀਆਂ ਲੜਕੀਆਂ ਖੋ-ਖੋ ਦੇ ਜ਼ੋਨ ਮੁਕਾਬਲਿਆਂ 'ਚ ਪਹਿਲੇ ਸਥਾਨ 'ਤੇ




ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਸਿਰਫ਼ ਪੜ੍ਹਾਈ ਵਿੱਚ ਹੀ ਨਹੀਂ ਸਗੋਂ ਖੇਡ ਦੇ ਖੇਤਰ ਵਿੱਚ ਵੀ ਮੋਹਰੀ ਹਨ।ਸਕੂਲ ਦੀਆਂ ਵਿਦਿਆਰਥਣਾਂ ਨੇ ਅੰਡਰ-14 ਅਤੇ ਅੰਡਰ-19 ਖੋ-ਖੋ ਜੋਨ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਟੀਮ ਨੂੰ ਵਧਾਈ ਦਿੰਦਿਆਂ ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਦੇ ਪ੍ਰਿੰਸੀਪਲ ਡਾ. ਹਰਦੀਪ ਸਿੰਘ ਨੇ ਕਿਹਾ, 'ਸਾਡੀਆਂ ਵਿਦਿਆਰਥਣਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਦੇ ਸਮਰੱਥ ਹਨ। ਉਨ੍ਹਾਂ ਦੀ ਇਹ ਪ੍ਰਾਪਤੀ ਸਾਡੇ ਸਕੂਲ ਲਈ ਮਾਣ ਵਾਲੀ ਗੱਲ ਹੈ। ਅਸੀਂ ਉਮੀਦ ਕਰਦੇ ਹਾਂ ਕਿ ਉਹ ਭਵਿੱਖ ਵਿੱਚ ਵੀ ਸਾਨੂੰ ਮਾਣ ਦਿਵਾਉਣਾ ਜਾਰੀ ਰੱਖਣਗੀਆਂ।'

ਇਸ ਸੰਬੰਧੀ ਖੇਡ ਅਫ਼ਸਰ ਹਰਜੀਤ ਸਿੰਘ ਨੇ ਦੱਸਿਆ ਕਿ ਇਹ ਮੁਕਾਬਲੇ ਸਕੂਲ ਦੇ ਵਿਹੜੇ ਵਿੱਚ ਕਰਵਾਏ ਗਏ ਸਨ, ਜਿਸ ਦਾ ਉਦਘਾਟਨ ਸ਼ੇਰਗੜ੍ਹ ਜੋਨ ਦੇ ਪ੍ਰਧਾਨ ਪ੍ਰਿੰਸੀਪਲ ਰਾਜਨ ਅਰੋੜਾ , ਲੈਕਚਰਾਰ ਪ੍ਰਭਜੋਤ ਸਿੰਘ ਵਲੋਂ ਕੀਤਾ ਗਿਆ।ਇਸ ਮੁਕਾਬਲਿਆਂ ਵਿਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਭਾਗ ਲੈਣ ਲਈ ਪਹੁੰਚੀਆਂ ਸਨ। ਰਿਆਤ ਬਾਹਰਾ ਦੀਆਂ ਟੀਮਾਂ ਨੇ ਆਪਣੀ ਮਿਹਨਤ, ਲਗਨ ਅਤੇ ਸ਼ਾਨਦਾਰ ਖੇਡ ਨਾਲ ਸਾਰਿਆਂ ਨੂੰ ਪ੍ਰਭਾਵਿਤ ਕੀਤਾ। ਇਸ ਸ਼ਾਨਦਾਰ ਕਾਰਗੁਜ਼ਾਰੀ ਨੇ ਸਕੂਲ ਦੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਮਾਣ ਦੀ ਲਹਿਰ ਪਾਈ ਹੈ।ਸਕੂਲ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਅਤੇ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਵੀ ਟੀਮ ਨੂੰ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ, 'ਸਾਡੇ ਸਕੂਲ ਲਈ ਇਹ ਇੱਕ ਵੱਡੀ ਪ੍ਰਾਪਤੀ ਹੈ ਅਤੇ ਸਾਨੂੰ ਆਪਣੀਆਂ ਵਿਦਿਆਰਥਣਾਂ 'ਤੇ ਮਾਣ ਹੈ। ਅਜਿਹੀਆਂ ਪ੍ਰਾਪਤੀਆਂ ਸਾਡੇ ਸਕੂਲ ਦੇ ਉੱਤਮਤਾ ਪ੍ਰਤੀ ਸਮਰਪਣ ਨੂੰ ਦਰਸਾਉਂਦੀਆਂ ਹਨ।'

# ਪੀ ਡਬਲਯੂ ਡੀ ਫ਼ੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਵੱਲੋਂ ਰੋਸ ਰੈਲੀ ਭਲਕੇ



ਬੰਗਾ (ਅਵਤਾਰ ਕਲੇਰ) ਪੀ ਡਬਲਯੂ ਡੀ ਫ਼ੀਲਡ ਅਤੇ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਮੁਖੀ ਦੇ ਦਫਤਰ ਮੁਹਾਲੀ ਵਿਖੇ 8 ਅਗਸਤ ਨੂੰ ਵਿਸ਼ਾਲ ਰੋਸ ਰੈਲੀ ਕੀਤੀ ਜਾ ਰਹੀ ਹੈ। ਜਿਸ ਦੀ ਤਿਆਰੀ ਸੰਬੰਧੀ ਮੀਟਿੰਗ ਨਜ਼ਦੀਕੀ ਪਿੰਡ ਜੀਂਦੋਵਾਲ ਜਲ ਘਰ ਵਿਖੇ ਕੁਲਬੀਰ ਸਿੰਘ ਪ੍ਰਧਾਨ ਦੀ ਅਗਵਾਈ ਵਿੱਚ ਕੀਤੀ ਗਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਯੂਨੀਅਨ ਦੀ ਬਰਾਂਚ ਨਵਾਂ ਸ਼ਹਿਰ ਵਲੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਮੁਹਾਲੀ ਰੈਲੀ ਵਿੱਚ ਸ਼ਾਮਲ ਹੋਣਗੇ। ਬਰਾਂਚ ਪ੍ਰਧਾਨ ਕੁਲਬੀਰ ਸਿੰਘ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੱਚੇ ਮੁਲਾਜ਼ਮਾ ਨੂੰ ਪੱਕਾ ਕਰਨ, ਨਵੀਂ ਭਰਤੀ ਸ਼ੁਰੂ ਕਰਨ, ਦਰਜਾ ਚਾਰ ਮੁਲਾਜ਼ਮਾਂ ਦੀ ਪਦ ਉੱਨਤੀ ਕਰਨ, ਐਕਸ ਇੰਡੀਆ ਲੀਗ ਸਮੇਤ ਹਰ ਕਿਸਮ ਦੀ ਛੁੱਟੀ ਪਾਸ ਕਰਨ ਦੀਆਂ ਸ਼ਕਤੀਆਂ ਹੇਠਾਂ ਦੇਣ , ਜੀ ਪੀ ਐਫ਼ ਦੇ ਕੇਸਾਂ ਦਾ ਨਿਪਟਾਰਾ ਕਰਨ ਆਦਿ ਮੰਗਾਂ ਨੂੰ ਲੈ ਕੇ ਇਹ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜਲ ਸਪਲਾਈ ਸਕੀਮਾਂ ਨੂੰ ਪੰਚਾਇਤਾਂ ਨੂੰ ਸੌਂਪਿਆ ਜਾ ਰਿਹਾ ਹੈ, ਜਿਸ ਕਾਰਨ ਸਕੀਮਾਂ ਤੇ ਕੰਮ ਕਰਦੇ ਕਾਮਿਆਂ ਦਾ ਭਵਿੱਖ ਖਤਰੇ ਵਿੱਚ ਪੈ ਗਿਆ ਹੈ। ਬਹੁਤ ਹੀ ਘੱਟ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ ,ਸਗੋਂ ਸਰਕਾਰ ਦੇ ਇਸ ਫੈਸਲੇ ਨਾਲ ਛਾਂਟੀ ਦੀ ਤਲਵਾਰ ਲਟਕ ਗਈ ਹੈ।

ਮ੍ਰਿਤਕਾਂ ਦੇ ਵਾਰਸਾਂ ਨੂੰ ਨੌਕਰੀਆਂ ਨਹੀਂ ਦਿੱਤੀਆਂ ਜਾ ਰਹੀਆਂ।ਇਸ ਮੌਕੇ ਸੁੱਖ ਰਾਮ, ਵਿਜੇ ਕੁਮਾਰ, ਸ਼ਤੀਸ਼ ਕੁਮਾਰ, ਹਰਦੇਵ ਚੰਦ, ਮਨੋਜ ਕੁਮਾਰ, ਰਮਨ ਦਾਸ, ਪਰਮਜੀਤ ਸਿੰਘ, ਕੁਲਦੀਪ ਰਾਮ, ਬੇਰੀ ਸਾਹਿਬ, ਅਵਤਾਰ ਸਿੰਘ, ਸ਼ੰਕਰ ਲਾਲ, ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਤੀਆਂ ਦਾ ਤਿਉਹਾਰ 10 ਨੂੰ ਮਨਾਇਆ ਜਾਵੇਗਾ



ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ) ਸਿਮਰਨ ਕੌਰ ਨਤਾਸ਼ਾ ਸਿੰਮੀ ਗਾਇਤਰੀ ਭੁੰਬਲਾ ਨੇ ਦੱਸਿਆ ਕਿ 10 ਅਗਸਤ ਦਿਨ ਸ਼ਨੀਵਾਰ ਨੂੰ ਸਮਾ 12: 00 ਤੋਂ 5:00 ਵਜੇ ਤੱਕ ਸਥਾਨ ਹੋਟਲ ਸਿਲਵਰ ਲੀਫ ਚੰਡੀਗੜ੍ਹ ਰੋਡ ਨਵਾਂਸ਼ਹਿਰ ਵਿਖੇ ਤੀਆ ਦਾ ਤਿਉਹਾਰ ਬੜੇ ਪੱਧਰ 'ਤੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਪੌਲੀਵੁੱਡ ਐਕਟਰ, ਸਿਮਰਨ ਸਹਿਜਪਾਲ, ਹਰਪ੍ਰੀਤ ਵਾਲੀਆਂ ਗੈਸਟ ਆਫ ਆਨਰ ਵਿਸ਼ੇਸ਼ ਤੌਰ 'ਤੇ ਹਸਤੀਆਂ ਪਹੁੰਚ ਰਹੀਆਂ ਹਨ। ਇਸ ਦੌਰਾਨ ਮੁੱਖ ਮਹਿਮਾਨ ਸਿਮਰਨ ਸਹਿਜਪਾਲ, ਹਰਪ੍ਰੀਤ ਵਾਲੀਆਂ ਨੇ ਕਿਹਾ ਕਿ ਸਾਵਣ ਦਾ ਮਹੀਨਾ ਪੰਜਾਬੀ ਸੱਭਿਆਚਾਰ ਦੇ ਲਈ ਵੀ ਬਹੁਤ ਮਹੱਤਵਪੂਰਨ ਹੈ।ਸਾਵਣ ਦੇ ਮਹੀਨੇ ਵਿੱਚ ਨਵ-ਵਿਆਹੁਤਾ ਔਰਤਾਂ ਆਪਣੇ ਪੇਕੇ ਘਰ ਜਾ ਕੇ ਆਪਣੀ ਸਹੇਲੀਆਂ ਨਾਲ ਪਿੱਪਲ ਹੇਠਾਂ ਪੀਂਘਾਂ ਝੂਟਦੀਆਂ ਅਤੇ ਨੱਚ ਕੇ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ।ਅੱਜ ਦੇ ਆਧੁਨਿਕ ਯੁੱਗ ਵਿੱਚ ਨਵੀਂ ਪੀੜ੍ਹੀ ਆਪਣੇ ਸੱਭਿਆਚਾਰ ਨੂੰ ਭੁੱਲਦੀ ਜਾ ਰਹੀ ਹੈ ਪਰ ਫਿਰ ਵੀ ਕੁਝ ਸੰਸਥਾਵਾਂ ਅਜਿਹੀਆਂ ਹਨ ਜੋ ਆਉਣ ਵਾਲੀ ਪੀੜ੍ਹੀ ਨੂੰ ਸੱਭਿਆਚਾਰ ਨਾਲ ਜੋੜੀ ਰੱਖਣ ਲਈ ਬਹੁਤ ਉਪਰਾਲੇ ਕਰ ਰਹੀਆਂ ਹਨ।

7-AUG-PAGE-10.qxd 8/6/2024 10:38 PM Page 1



# ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਵੱਲੋਂ ਮੋਟਰਸਾਈਕਲ ਮਾਰਚ





**ਜਲਾਲਾਬਾਦ (ਜੀਤ ਕੁਮਾਰ)**-ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਸੂਬਾ ਪੱਧਰੀ ਸੱਦੇ ਤਹਿਤ ਪਿੰਡ ਚੱਕ ਸੈਦੋਕੇ ਦੇ ਬੱਸ ਅੱਡੇ ਤੋਂ ਮੋਟਰਸਾਈਕਲ ਮਾਰਚ ਸ਼ੁਰੂ ਕਰਕੇ ਇਲਾਕੇ ਦੇ ਵੱਖ ਵੱਖ ਪਿੰਡਾਂ ਵਿੱਚ ਕੱਢਿਆ ਗਿਆ। ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਆਗੂ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਤੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ ਨੇ ਦੱਸਿਆ ਕਿ ਪੰਜਾਬ ਅੱਜ ਗੰਭੀਰ ਸੰਕਟਾਂ ਦਾ ਸਾਹਮਣਾ ਕਰ ਰਿਹਾ ਹੈ ਤੇ ਮੋਟਰਸਾਈਕਲ ਮਾਰਚ ਕਰਕੇ ਯੂਥ ਵਿੰਗ ਇਸ ਗੱਲ ਦਾ ਸੁਨੇਹਾ ਦੇਣ ਦੀ ਪਹਿਲ ਕਦਮੀ ਕਰ ਰਿਹਾ ਹੈ ਕਿ ਪੰਜਾਬ ਦੇ ਭੱਖਦੇ ਮੁੱਦਿਆਂ 'ਤੇ ਲੋਕ ਲਹਿਰ ਉਸਾਰਨ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਪੈਣਾ ਹੈ। ਹਕੂਮਤਾਂ ਕਰ ਰਹੀਆਂ ਪਾਰਟੀਆਂ, ਸਰਕਾਰਾਂ ਕਾਰਪੋਰੇਟਾਂ ਦਾ ਪੱਖ ਹੀ ਪੂਰ ਰਹੀਆਂ ਹਨ। ਡੈਮ ਸੇਫਟੀ ਐਕਟ ਲਾਗੂ ਕਰਕੇ ਪੰਜਾਬ ਦੇ ਸੰਵਿਧਾਨਕ ਅਧਿਕਾਰਾਂ ਉੱਤੇ ਡਾਕਾ ਕੇਂਦਰ ਸਰਕਾਰ ਵੱਲੋਂ ਮਾਰਿਆ ਗਿਆ ਹੈ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਇਕਾਈ ਪਿੰਡ ਜੰਡਵਾਲਾ ਦੇ ਪ੍ਰਧਾਨ ਪਿੰਦਰ ਸਿੰਘ, ਬਲਰਾਜ ਸਿੰਘ, ਅੰਗਰੇਜ ਸਿੰਘ, ਪ੍ਰੈੱਸ ਸਕੱਤਰ ਜਸਵਿੰਦਰ ਸਿੰਘ, ਪ੍ਰਧਾਨ ਜਸਕਰਨ ਸਿੰਘ ਪੱਕਾ ਕਾਲੇ ਵਾਲਾ, ਗੁਰਮੇਜ ਸਿੰਘ ਚੱਕ ਜਾਨੀਸਰ ਪ੍ਰਧਾਨ ਮਹਿੰਦਰ ਸਿੰਘ ਅਰਨੀਵਾਲਾ ਹਰਵਿੰਦਰ ਸਿੰਘ, ਕੇਵਲ ਸਿੰਘ, ਡਾ. ਗੁਰਪ੍ਰੀਤ ਸਿੰਘ ਸਵਾਹ ਵਾਲਾ, ਪ੍ਰਧਾਨ ਜਗਬੀਰ ਸਿੰਘ, ਬੇਅੰਤ ਸਿੰਘ ਜਾਨੀਸਰ, ਪਰਮਜੀਤ ਸਿੰਘ ਬੱਗੇ ਕੇ, ਪ੍ਰਗਟ ਸਿੰਘ ਚੱਕ ਸੈਦੋਕੇ ਨੇ ਕਿਹਾ ਕਿ ਜਥੇਬੰਦੀ ਵੱਲੋਂ ਅਸੀਂ ਮੰਗ ਕਰਦੇ ਹਾਂ ਕਿ ਸੜਕੀ ਰਸਤੇ ਭਾਰਤ-ਪਾਕਿਸਤਾਨ ਵਪਾਰ ਖੋਲਿਆ ਜਾਵੇ, ਕਿਸਾਨਾਂ ਤੇ ਮਜ਼ਦੂਰਾਂ ਦੇ ਸਮੁੱਚੇ ਕਰਜੇ ਤੇ ਲੀਕ ਮਾਰੀ ਜਾਵੇ, ਪਿੰਡਾਂ ਤੇ ਸ਼ਹਿਰਾਂ ਵਿੱਚ ਪੀਣ ਲਈ ਸਾਫ ਨਹਿਰੀ ਪਾਣੀ ਪੁੱਜਦਾ ਕੀਤਾ ਜਾਵੇ, ਪਾਣੀਆਂ ਦੀ ਵੰਡ ਰਪੇਰੀਅਨ ਸਿਧਾਂਤ ਅਨੁਸਾਰ ਕੀਤੀ ਜਾਵੇ, ਕੁਦਰਤ ਤੇ ਕਿਸਾਨ ਪੱਖੀ ਖੇਤੀ ਮਾਡਲ ਲਾਗੂ ਕੀਤਾ ਜਾਵੇ।

**ਮਲੋਟ (ਗੁਰਮੀਤ ਸਿੰਘ ਮੱਕੜ)** : ਕਿਰਤੀ ਕਿਸਾਨ ਯੂਨੀਅਨ ਵੱਲੋਂ ਮਲੋਟ-ਬਠਿੰਡਾ ਚੌਕ ਤੋਂ ਦਾਨੇਵਾਲਾ ਚੌਕ ਤੱਕ ਮੋਟਰਸਾਈਕਲ ਮਾਰਚ ਕੱਢਿਆ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਸਿਧਾਂਤ ਅਨੁਸਾਰ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਭਾਰਤ ਪਾਕਿਸਤਾਨ ਵਪਾਰ ਲਈ ਵਾਹਗਾ ਤੇ ਹੁਸੈਨੀਵਾਲਾ ਬਾਰਡਰ ਖੋਲ੍ਹਿਆ ਜਾਵੇ, ਕੁਦਰਤੀ ਪੱਖੀ ਤੇ ਹੰਢਣਸਾਰ ਖੇਤੀ ਮਾਡਲ ਲਾਗੂ ਕੀਤਾ ਜਾਵੇ, ਕਿਸਾਨਾਂ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ 'ਤੇ ਲੀਕ ਮਾਰੀ ਜਾਵੇ, ਹਰ ਖੇਤ ਤੱਕ ਨਹਿਰੀ ਪਾਣੀ ਤੇ ਹਰ ਘਰ ਤੱਕ ਪੀਣ ਯੋਗ ਪਾਣੀ ਪਹੁੰਚਦਾ ਕੀਤਾ ਜਾਵੇ ਆਦਿ ਮੰਗਾਂ ਨੂੰ ਲੈ ਕੇ ਅੱਜ ਇਹ ਮੋਟਰਸਾਈਕਲ ਮਾਰਚ ਕੱਢਿਆ ਜਾ ਰਿਹਾ ਹੈ।

## 9 ਅਗਸਤ ਕਾਰਪੋਰੇਟੋ ਦੇਸ਼ ਛੱਡੋ ਦਿਵਸ ਦੇ ਤੌਰ 'ਤੇ ਮਨਾਇਆ ਜਾਵੇਗਾ : ਸੰਯੁਕਤ ਕਿਸਾਨ ਮੋਰਚਾ

**ਬੁਢਲਾਡਾ (ਅਸ਼ੋਕ ਲਾਕੜਾ)**-ਸਥਾਨਕ ਗੁਰਦੁਆਰਾ ਸਾਹਿਬ ਭਾਈ ਬਹਿਲੋ ਫਫੜੇ ਭਾਈ ਕੇ ਵਿਖੇ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੀ ਮੀਟਿੰਗ ਕੁੱਲ ਹਿੰਦ ਕਿਸਾਨ ਸਭਾ ਦੇ ਮਲਕੀਤ ਮੰਦਰਾਂ ਤੇ ਬੀ ਕੇ ਯੂ ਧਨੇਰ ਦੇ ਕੁਲਵੰਤ ਸਿੰਘ ਕਿਸ਼ਨਗੜ੍ਹ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਮੋਰਚੇ ਦੇ ਆਗੂਆਂ ਨੇ ਐੱਮ ਐੱਸ ਪੀ, ਪਾਣੀ ਸਮੇਤ ਪੈਕਿੰਗ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਕੁੱਲ ਹਿੰਦ ਕਿਸਾਨ ਸਭਾ ਦੇ ਮਲਕੀਤ ਮੰਦਰਾਂ, ਬੀ ਕੇ ਯੂ ਧਨੇਰ ਦੇ ਕੁਲਵੰਤ ਸਿੰਘ ਕਿਸ਼ਨਗੜ੍ਹ, ਬੀ ਕੇ ਯੂ ਲੱਖੋਵਾਲ ਦੇ ਪ੍ਰਸ਼ੋਤਮ ਸਿੰਘ ਗਿੱਲ, ਬੀ ਕੇ ਯੂ ਬੁਰਜ ਗਿੱਲ ਦੇ ਲਛਮਣ ਸਿੰਘ ਚੱਕ ਅਲੀਸ਼ੇਰ, ਪੰਜਾਬ ਕਿਸਾਨ ਯੂਨੀਅਨ ਦੇ ਗੁਰਨਾਮ ਸਿੰਘ ਭੀਖੀ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜਗਰਾਜ ਗੋਰਖ ਨਾਥ ਬੀਕੇਯੂ ਕਾਦੀਆਂ ਦੇ ਮਹਿੰਦਰ ਸਿੰਘ ਦਲੇਲ ਸਿੰਘ ਵਾਲਾ ਆਦਿ ਆਗੂਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੋਰਚੇ ਵੱਲੋਂ 9 ਅਗਸਤ ਭਾਰਤ ਛੱਡੋ ਅੰਦੋਲਨ ਦਿਵਸ ਕਾਰਪੋਰੇਟੋ ਦੇਸ਼ ਛੱਡੋ ਤਹਿਤ ਸੈਮੀਨਾਰ ਫਫੜੇ ਭਾਈ ਕੇ ਵਿਖੇ ਕੀਤਾ ਜਾਵੇਗਾ, ਜਿਸ ਨੂੰ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਉੱਘੇ ਪੱਤਰਕਾਰ ਤੇ ਚਿੰਤਕ ਹਮੀਰ ਸਿੰਘ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ।ਮੀਟਿੰਗ ਦੌਰਾਨ 17 ਅਗਸਤ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੂਬਾ ਪੱਧਰੀ ਸੱਦੇ 'ਤੇ ਮੰਗਾਂ ਖੇਤੀ ਸੰਕਟ, ਪਾਣੀਆਂ ਦੀ ਰਾਖੀ ਤੇ ਸੰਯੁਕਤ ਕਿਸਾਨ ਮੋਰਚੇ ਦੇ ਮੰਗ ਪੱਤਰ ਨੂੰ ਅਣਗੌਲਿਆ ਕਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੇ ਸਾਰੇ ਮੰਤਰੀਆਂ ਦੇ ਦਫ਼ਤਰਾਂ ਤੇ ਕੋਠੀਆਂ ਘੇਰ ਕੇ ਮੰਗ ਪੱਤਰ ਸੌਂਪੇ ਜਾਣਗੇ। ਜ਼ਿਲ੍ਹਾ ਮਾਨਸਾ ਵੱਲੋਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਦਫ਼ਤਰ ਸੁਨਾਮ ਵਿਖੇ ਰੋਸ ਧਰਨਾ ਦੇ ਕੇ ਮੰਗ ਪੱਤਰ ਸੌਂਪਿਆ ਜਾਵੇਗਾ।ਇਸ ਸਮੇਂ ਹੋਰਨਾਂ ਤੋਂ ਇਲਾਵਾ ਰਾਮਫਲ ਸਿੰਘ ਚੱਕ ਅਲੀਸ਼ੇਰ, ਦਰਸ਼ਨ ਜਟਾਣਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

## ਨੈਸ਼ਨਲ ਹਾਈਵੇ 'ਤੇ ਦੌੜਦੇ ਰੇਸਰ ਬਾਈਕਰਾਂ 'ਤੇ ਪਾਬੰਦੀ ਲਾਈ ਜਾਵੇ : ਬੀ ਕੇ ਯੂ ਦੋਆਬਾ



**ਸਮਰਾਲਾ (ਸੁਰਜੀਤ ਸਿੰਘ)**

ਭਾਰਤੀ ਕਿਸਾਨ ਯੂਨੀਅਨ (ਦੋਆਬਾ) ਦੀ ਮਹੀਨਾਵਾਰ ਮੀਟਿੰਗ ਸਥਾਨਕ ਗੁਰਦੁਆਰਾ ਗੁਰੂ ਗੋਬਿੰਦ ਸਿੰਘ ਵਿਖੇ ਜ਼ਿਲ੍ਹਾ ਲੁਧਿਆਣਾ ਪ੍ਰਧਾਨ ਬਲਵੀਰ ਸਿੰਘ ਖੀਰਨੀਆਂ ਤੇ ਬਲਾਕ ਮਾਛੀਵਾੜਾ ਦੇ ਪ੍ਰਧਾਨ ਬਿੱਕਰ ਸਿੰਘ ਕੋਟਲਾ ਸਮਸ਼ਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਆਪਣੇ ਸੰਬੋਧਨ ਵਿੱਚ ਬਲਵੀਰ ਸਿੰਘ ਖੀਰਨੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲੁਧਿਆਣਾ-ਚੰਡੀਗੜ੍ਹ ਹਾਈਵੇ 95, ਜਿਸ ਉੱਤੇ ਹਰ ਐਤਵਾਰ ਨੂੰ ਇਸ ਸੜਕ 'ਤੇ ਰੇਸਰ ਬਾਈਕਰ ਨਿਕਲਦੇ ਹਨ, ਜਿਨ੍ਹਾਂ ਦੀ ਸਪੀਡ ਕਰੀਬ 150 ਦੇ ਕਰੀਬ ਹੁੰਦੀ ਹੈ, ਜਿਸ ਕਾਰਨ ਜੀ. ਟੀ. ਰੋਡ 'ਤੇ ਹਾਦਸਾ ਵਾਪਰਨ ਦਾ ਹਮੇਸ਼ਾ ਖਤਰਾ ਬਣਿਆ ਰਹਿੰਦਾ ਹੈ, ਇਸ ਖਤਰੇ ਦੇ ਚੱਲਦੇ ਹੀ ਬੀਤੇ ਦਿਨੀਂ ਇਸ ਸੜਕ ਉੱਤੇ ਭਿਆਨਕ ਹਾਦਸਾ ਵੀ ਵਾਪਰਿਆ ਸੀ, ਉਸ ਹਾਦਸੇ ਵਿੱਚ ਰੇਸਰ ਬਾਈਕਰ ਤੇ ਹੇਡੋਂ ਵਸਨੀਕ ਔਰਤ ਦੀ ਦਰਦਨਾਕ ਮੌਤ ਹੋ ਗਈ ਸੀ। ਯੂਨੀਅਨ ਸਮਰਾਲਾ ਪ੍ਰਸ਼ਾਸਨ ਤੋਂ ਮੰਗ ਕਰਦੀ ਹੈ ਕਿ ਇਨ੍ਹਾਂ ਰੇਸਰ ਬਾਈਕਰਾਂ 'ਤੇ ਰੋਕ ਲਗਾਈ ਜਾਵੇ। ਜੇਕਰ ਪ੍ਰਸ਼ਾਸਨ ਨੇ ਇਸ ਸਬੰਧੀ ਸੰਘਰਸ਼ ਤੋਂ ਇਲਾਵਾ ਚੰਡੀਗੜ੍ਹ-ਲੁਧਿਆਣਾ ਹਾਈਵੇ ਬੰਦ ਕਰ ਦੇਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਬਿੱਕਰ ਸਿੰਘ ਕੋਟਲਾ ਸਮਸ਼ਪੁਰ ਨੇ ਪੰਜਾਬ ਸਰਕਾਰ ਉੱਤੇ ਵਰ੍ਹਦੇ ਕਿਹਾ ਕਿ ਉਹ ਜ਼ਮੀਨੀ ਹਕੀਕਤ ਉੱਤੇ ਕੰਮ ਕਰੇ, ਗੱਲਾਂ ਵਿੱਚ ਸਮਾਂ ਨਾ ਗੁਆਏ।

ਥਾਣਿਆਂ, ਕਚਹਿਰੀਆਂ ਵਿੱਚ ਹੁੰਦੀ ਆਮ ਲੋਕਾਂ ਦੀ ਲੁੱਟ ਜੋ ਸ਼ਰੇਆਮ ਹੋ ਰਹੀ ਹੈ, ਤੋਂ ਨਿਜਾਤ ਦਿਵਾਈ ਜਾਵੇ। ਉਨ੍ਹਾਂ ਹਲਕਾ ਵਿਧਾਇਕ ਸਮਰਾਲਾ ਨੂੰ ਵੀ ਅਪੀਲ ਕੀਤੀ ਕਿ ਉਹ ਹਫਤੇ ਵਿੱਚ ਇੱਕ ਦਿਨ ਕਚਹਿਰੀਆਂ ਵਿੱਚ ਜ਼ਰੂਰ ਬੈਠਣ ਤਾਂ ਜੋ ਉਨ੍ਹਾਂ ਨੂੰ ਆਮ ਲੋਕਾਂ ਦੀ ਹੁੰਦੀ ਸ਼ਰੇਆਮ ਲੁੱਟ ਦਾ ਪਤਾ ਲੱਗ ਸਕੇ। ਜੇਕਰ ਆਮ ਲੋਕਾਂ ਦੀ ਸਰਕਾਰ ਬਣੀ ਹੈ ਤਾਂ ਆਮ ਲੋਕਾਂ ਦੇ ਕੰਮ ਵੀ ਕਰੇ, ਪੁਰਾਣੀਆਂ ਰਵਾਇਤੀ ਪਾਰਟੀਆਂ ਦੇ ਪਦਚਿੰਨ੍ਹਾਂ 'ਤੇ ਨਾ ਚੱਲੇ। ਅੱਜ ਦੀ ਮੀਟਿੰਗ 'ਚ ਉਪਰੋਕਤ ਤੋਂ ਇਲਾਵਾ ਜਰਨੈਲ ਸਿੰਘ ਕਟਾਣਾ ਸਾਹਿਬ ਜਨਰਲ ਸਕੱਤਰ, ਬਲਜੀਤ ਸਿੰਘ ਮੱਲ ਮਾਜਰਾ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਮੱਲ ਮਾਜਰਾ, ਬਲਜੀਤ ਸਿੰਘ ਮੱਲ ਮਾਜਰਾ, ਗਿਆਨ ਸਿੰਘ ਦਿਆਲਪੁਰਾ, ਪਲਵਿੰਦਰ ਸਿੰਘ ਕੋਟਲਾ ਸਮਸ਼ਪੁਰ, ਗੁਰਮੀਤ ਸਿੰਘ ਕੋਟਲਾ ਸਮਸ਼ਪੁਰ, ਜੀਵਨ ਸਿੰਘ ਮੱਲ ਮਾਜਰਾ, ਜਸਵਿੰਦਰ ਸਿੰਘ ਮੱਲ ਮਾਜਰਾ, ਸੰਤ ਸਿੰਘ ਮੱਲ ਮਾਜਰਾ, ਗੁਰਪਾਲ ਸਿੰਘ ਬਾਲਿਓਂ, ਸੁਖਦੀਪ ਸਿੰਘ ਕੋਟਲਾ ਸਮਸ਼ਪੁਰ, ਗੁਲਸ਼ਨ ਸਿੰਘ ਪਵਾਤ, ਜਸਵੀਰ ਸਿੰਘ ਪਵਾਤ, ਕੁਲਦੀਪ ਸਿੰਘ ਖੀਰਨੀਆਂ ਆਦਿ ਤੋਂ ਇਲਾਵਾ ਯੂਨੀਅਨ ਦੇ ਹੋਰ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਕਾਤਰਾਂ

### ਬੀ ਕੇ ਯੂ ਏਕਤਾ ਡਕੌਂਦਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ

**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਮਾਰਕੀਟ ਕਮੇਟੀ ਜਲਾਲਾਬਾਦ ਪੱਛਮੀ ਵਿਖੇ ਬਲਾਕ ਪ੍ਰਧਾਨ ਰਾਮ ਸਿੰਘ ਮੱਕੜ ਮੰਨੇਵਾਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਮੂਹ ਬਲਾਕ ਕਮੇਟੀ ਮੈਂਬਰ ਸ਼ਾਮਲ ਹੋਏ, ਜਦੋਂਕਿ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ ਭੋਡੀਪੁਰ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੰਨੇਵਾਲਾ, ਜ਼ਿਲ੍ਹਾ ਜਨਰਲ ਸਕੱਤਰ ਬਲਕਾਰ ਸਿੰਘ ਰੋਮਾਂਵਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਜ਼ਿਲ੍ਹਾ ਆਗੂ ਗੁਰਵਿੰਦਰ ਸਿੰਘ ਮੰਨੇਵਾਲਾ ਨੇ ਕਿਹਾ ਕਿ ਇਸ ਝੋਨੇ ਦੇ ਸੀਜ਼ਨ ਦੌਰਾਨ ਕੁਦਰਤੀ ਔੜ, ਨਹਿਰਾਂ ਵਿੱਚ ਪਾਣੀ ਦੀ ਸਪਲਾਈ ਦਾ ਸਹੀ ਸਮੇਂ 'ਤੇ ਨਾ ਆਉਣਾ, ਨਹਿਰੀ ਪਾਣੀ ਦੀ ਚੋਰੀ ਹੋਣ ਕਾਰਨ ਟੇਲਾਂ ਤੱਕ ਪਾਣੀ ਨਾ ਪਹੁੰਚਣ ਕਾਰਨ ਤੇ ਬਿਜਲੀ ਸਪਲਾਈ ਦੀ ਮਾੜੀ ਹਾਲਤ ਕਾਰਨ ਕਿਸਾਨਾਂ ਦੀ ਝੋਨੇ ਦੀ ਫਸਲ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਖੇਤੀ ਸੈਕਟਰ ਲਈ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ ਤੇ ਨਹਿਰਾਂ ਵਿੱਚ ਪੂਰਾ ਪਾਣੀ ਛੱਡ ਕੇ ਟੇਲਾਂ ਤੱਕ ਪਹੁੰਚਾਇਆ ਜਾਵੇ। ਇਸ ਮੀਟਿੰਗ ਵਿਚ ਕਿਰਪਾਲ ਸਿੰਘ ਢਾਬਾਂ, ਸੁਰਿੰਦਰ ਪੀਰੇਕੇ, ਮੰਗਲ ਸਿੰਘ ਫਲੀਆਂਵਾਲਾ ਮੌਜੂਦ ਸਨ।

### ਵਜੀਦਕੇ ਖ਼ੁਰਦ ਦੇ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਅਮਲਾ ਸਿੰਘ ਵਾਲਾ ਨੇੜੇ ਬਰਨਾਲਾ-ਰਾਏਕੋਟ ਰੋਡ 'ਤੇ ਵਾਪਰੇ ਇਕ ਸੜਕ ਹਾਦਸੇ ਦੌਰਾਨ ਪਿੰਡ ਵਜੀਦਕੇ ਖ਼ੁਰਦ ਨਾਲ ਸਬੰਧਤ ਇਕ ਨੌਜਵਾਨ ਦੀ ਮੌਤ ਹੋਣ ਦਾ ਪਤਾ ਲੱਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਨੌਜਵਾਨ ਅਵਤਾਰ ਸਿੰਘ ਸ਼ੀਰਾ (36) ਪੁੱਤਰ ਪ੍ਰਧਾਨ ਹਾਕਮ ਸਿੰਘ ਵਾਸੀ ਵਜੀਦਕੇ ਖ਼ੁਰਦ ਆਪਣੇ ਮੋਟਰਸਾਈਕਲ 'ਤੇ ਬਰਨਾਲਾ ਜਾ ਰਿਹਾ ਕਿ ਰਸਤੇ 'ਚ ਸ਼ਹੀਦਾਂ ਦੇ ਅਸਥਾਨਾਂ ਨੇੜੇ ਉਸ ਦਾ ਮੋਟਰਸਾਈਕਲ ਹਾਦਸੇ ਦਾ ਸ਼ਿਕਾਰ ਹੋ ਗਿਆ। ਇਸ ਦੌਰਾਨ ਨੌਜਵਾਨ ਅਵਤਾਰ ਸਿੰਘ ਸ਼ੀਰਾ ਦੀ ਮੌਤ ਗਈ। ਪੁਲਸ ਥਾਣਾ ਠੁੱਲੀਵਾਲ ਦੇ ਅਧਿਕਾਰੀਆਂ ਨੇ ਮ੍ਰਿਤਕ ਨੌਜਵਾਨ ਦੇ ਪਿਤਾ ਪ੍ਰਧਾਨ ਹਾਕਮ ਸਿੰਘ ਦੇ ਬਿਆਨਾਂ 'ਤੇ ਧਾਰਾ 194 ਦੀ ਕਾਰਵਾਈ ਤਹਿਤ ਪੋਸਟਮਾਟਮ ਕਰਵਾਉਣ ਉਪਰੰਤ ਲਾਸ਼ ਨੂੰ ਵਾਰਸਾਂ ਹਵਾਲੇ ਕਰ ਦਿੱਤਾ ਹੈ। ਮ੍ਰਿਤਕ ਨੌਜਵਾਨ ਦੋ ਬੱਚਿਆ ਦਾ ਪਿਤਾ ਹੈ।

### ਮੈਡੀਕਲ ਸਟੋਰ ਤੋਂ ਵੱਡੀ ਮਾਤਰਾ 'ਚ ਨਸ਼ੀਲੀਆਂ ਗੋਲੀਆਂ ਬ੍ਰਾਮਦ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਖ਼ੁਫ਼ੀਆ ਵਿਭਾਗ ਵੱਲੋਂ ਮਿਲੀ ਜਾਣਕਾਰੀ ਤੋਂ ਬਾਅਦ ਨਰਕੋਟਿਕ ਵਿਭਾਗ ਫਰੀਦਕੋਟ ਤੇ ਸਿਹਤ ਵਿਭਾਗ ਵੱਲੋਂ ਕੀਤੀ ਗਈ ਸਾਂਝੀ ਰੇਡ ਦੌਰਾਨ ਫਰੀਦਕੋਟ ਦੇ ਇੱਕ ਮੈਡੀਕਲ ਸਟੋਰ ਤੋਂ ਵੱਡੀ ਮਾਤਰਾ 'ਚ ਨਸ਼ੀਲੀ ਗੋਲੀਆਂ, ਅਬਾਰਸ਼ਨ ਕਿੱਟਾਂ ਬ੍ਰਾਮਦ ਕੀਤੀਆਂ ਗਈਆਂ, ਨਾਲ ਹੀ ਕਰੀਬ 10 ਲੱਖ ਰੁਪਏ ਦੀ ਡਰੱਗ ਮਨੀ ਵੀ ਬ੍ਰਾਮਦ ਕੀਤੀ ਗਈ, ਜਿਸ ਤੋਂ ਬਾਅਦ ਮੈਡੀਕਲ ਸਟੋਰ ਦੇ ਮਾਲਕ ਰੱਜਤ ਗਾਬਾ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ।ਇਸ ਸਬੰਧੀ ਡੀਐੱਸਪੀ ਸੰਜੀਵ ਕੁਮਾਰ ਤੇ ਡਰੱਗ ਇੰਸਪੈਕਟਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਖ਼ੁਫ਼ੀਆ ਵਿਭਾਗ ਵੱਲੋਂ ਮਿਲੀ ਸੂਚਨਾ ਤੋਂ ਬਾਅਦ ਪੁਲਸ ਵੱਲੋਂ ਡਰੱਗ ਇੰਸਪੈਕਟਰ ਹਰਜਿੰਦਰ ਸਿੰਘ ਨੂੰ ਨਾਲ ਲੈ ਕੇ ਗਾਬਾ ਮੈਡੀਕਲ ਹਾਲ 'ਤੇ ਰੇਡ ਕੀਤੀ ਗਈ, ਜਿੱਥੋਂ ਉਨ੍ਹਾਂ ਨੂੰ 5270 ਦੇ ਕਰੀਬ ਨਸ਼ੀਲੀਆਂ ਪ੍ਰਤੀਬੰਧਤ ਗੋਲੀਆਂ, 260 ਕੈਪਸੂਲ ਤੇ ਕੁਝ ਅਬਾਰਸ਼ਨ ਕਿਟਜ਼ ਬ੍ਰਾਮਦ ਹੋਈਆਂ, ਜਿਨ੍ਹਾਂ ਸਬੰਧੀ ਦੁਕਾਨਦਾਰ ਕੋਈ ਰਿਕਾਰਡ ਪੇਸ਼ ਨਹੀਂ ਕਰ ਸਕਿਆ ਤੇ ਇਸ ਤੋਂ ਇਲਾਵਾ 10 ਲੱਖ ਰੁਪਏ ਦੇ ਕਰੀਬ ਡਰੱਗ ਮਨੀ ਵੀ ਬ੍ਰਾਮਦ ਕੀਤੀ ਗਈ ਹੈ, ਜਿਸ ਨੂੰ ਲੈ ਕੇ ਦੁਕਾਨ ਦੇ ਮਾਲਕ ਰੱਜਤ ਗਾਬਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਨਵੋਦਿਆ ਦਾਖਲੇ ਲਈ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜਵਾਹਰ ਨਵੋਦਿਆ ਵਿਦਿਆਲਿਆ ਫਰੌਰ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਵਿੱਦਿਅਕ ਸੈਸ਼ਨ-2025-26 ਲਈ ਛੇਵੀਂ ਜਮਾਤ ਵਿੱਚ ਦਾਖਲੇ ਲਈ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ ਜਿਸ ਦੀ ਅੰਤਿਮ ਮਿਤੀ 16 ਸਤੰਬਰ 2024 ਹੈ। ਉਨ੍ਹਾਂ ਹੋਰ ਦੱਸਿਆ ਕਿ ਫਾਰਮ ਭਰਨ ਵਾਲੇ ਪ੍ਰੀਖਿਆਰਥੀ ਦੀ ਜਨਮ ਮਿਤੀ 1.05.2013 ਤੋਂ 31.07.2015 (ਦੋਵੇਂ ਮਿਤੀਆਂ ਸ਼ਾਮਲ) ਵਿਚਕਾਰ ਹੋਣੀ ਚਾਹੀਦੀ ਹੈ।ਪ੍ਰਿੰਸੀਪਲ ਨੇ ਹੋਰ ਦੱਸਿਆ ਕਿ ਵਿੱਦਿਅਕ ਸੈਸ਼ਨ 2024-25 ਦੌਰਾਨ ਪ੍ਰੀਖਿਆਰਥੀ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਕਿਸੇ ਵੀ ਸਰਕਾਰੀ ਜਾਂ ਮਾਨਤਾ ਪ੍ਰਾਪਤ ਸਕੂਲ ਵਿੱਚ ਪੰਜਵੀਂ ਜਮਾਤ ਵਿੱਚ ਪੜ੍ਹਦਾ ਹੋਣਾ ਚਾਹੀਦਾ ਹੈ। ਉਨ੍ਹਾਂ ਹੋਰ ਦੱਸਿਆ ਕਿ ਪ੍ਰਵੇਸ਼ ਪ੍ਰੀਖਿਆ 18.01.2025 ਨੂੰ ਹੋਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਛੇਵੀਂ ਜਮਾਤ ਵਿੱਚ ਦਾਖਲ ਹੋਣ ਦੇ ਚਾਹਵਾਨ ਵਿਦਿਆਰਥੀ ਜਵਾਹਰ ਨਵੋਦਿਆ ਵਿਦਿਆਲਿਆ ਦੀ ਵੈਬਸਾਈਟ www.novodaya.gov.in ਅਤੇ www.nvsad-missionclasssvi.in 'ਤੇ ਅਪਲਾਈ ਕਰ ਸਕਦੇ ਹਨ।

# ਸ਼ਹੀਦ ਕਿਸਾਨਾਂ ਦੇ ਪਰਵਾਰਕ ਮੈਂਬਰਾਂ ਨੂੰ ਨਿਯੁਕਤੀ ਪੱਤਰ ਵੰਡੇ

**ਪੰਜਾਬ ਸਰਕਾਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜੀ : ਸਿੱਧੂ**



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਕਿਸਾਨੀ ਸੰਘਰਸ਼ ਦੌਰਾਨ ਸ਼ਹੀਦ ਹੋਏ ਇਲਾਕੇ ਦੇ ਕਿਸਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਇੰਜ. ਉਂਕਾਰ ਸਿੰਘ ਸਿੱਧੂ ਨੇ ਨਿਯੁਕਤੀ ਪੱਤਰ ਦਿੱਤੇ।ਉਨ੍ਹਾ ਦੱਸਿਆ ਕਿ ਜਸਵੀਰ ਕੌਰ ਵਾਸੀ ਮੀਮਸਾ ਨੂੰ ਖੇਤੀਬਾੜੀ ਵਿਭਾਗ, ਹਰਪ੍ਰੀਤ ਸਿੰਘ ਵਾਸੀ ਕਾਂਝਲਾ ਨੂੰ ਖੇਤੀਬਾੜੀ ਵਿਭਾਗ, ਜਗਸੀਰ ਸਿੰਘ ਵਾਸੀ ਰਣੀਕੇ ਨੂੰ ਸਰਕਲ ਬੱਦੋਵਾਲ, ਸ਼ੁਭਪ੍ਰੀਤ ਸਿੰਘ ਵਾਸੀ ਗੋਬਿੰਦਪੁਰਾ ਨੂੰ ਦਫਤਰ ਗੰਨਾ ਵਿਕਾਸ ਅਫਸਰ ਲੁਧਿਆਣਾ, ਮਨਦੀਪ ਕੌਰ ਵਾਸੀ ਬੇਨੜਾ ਨੂੰ ਦਫਤਰ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਤੇ ਹਰਪ੍ਰੀਤ ਸਿੰਘ ਸੁਲਤਾਨਪੁਰ ਨੂੰ ਦਫਤਰ ਮੁੱਖ ਖੇਤੀਬਾੜੀ ਅਫਸਰ ਲੁਧਿਆਣਾ ਵਿਖੇ ਨਿਯੁਕਤੀ ਪੱਤਰ ਦਿੱਤੇ ਗਏ ਹਨ।ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨੀ ਸੰਘਰਸ਼ ਦੌਰਾਨ ਸ਼ਹੀਦ ਹੋਣ ਵਾਲੇ ਕਿਸਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਯੋਗਤਾ ਦੇ ਆਧਾਰ 'ਤੇ ਵੱਖ-ਵੱਖ ਵਿਭਾਗਾਂ 'ਚ ਨੌਕਰੀਆਂ ਦੇਣ ਦਾ ਵਾਅਦਾ ਕੀਤਾ ਸੀ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਕਿਸਾਨਾਂ ਨਾਲ ਹਰ ਮੁਸੀਬਤ 'ਚ ਖੜੀ ਹੈ।ਸਰਕਾਰ ਵੱਲੋਂ ਸ਼ਹੀਦ ਕਿਸਾਨਾਂ ਦੇ ਪਰਿਵਾਰਾਂ ਦੀ ਮਾਲੀ ਸਹਾਇਤਾ ਕਰਨ ਦੇ ਨਾਲ-ਨਾਲ ਇੱਕ ਪਰਿਵਾਰਕ ਜੀਅ ਨੂੰ ਯੋਗਤਾ ਦੇ ਆਧਾਰ 'ਤੇ ਨੌਕਰੀ ਵੀ ਦਿੱਤੀ ਜਾ ਰਹੀ ਹੈ।ਉਨ੍ਹਾ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਲੋਕਾਂ ਨਾਲ ਜੋ ਵਾਅਦਾ ਕੀਤਾ ਸੀ, ਉਹ ਪੂਰਾ ਕੀਤਾ ਹੈ।ਉਨ੍ਹਾ ਕਿਹਾ ਕਿ ਬਾਕੀ ਰਹਿੰਦੇ ਪੀੜਤ ਪਰਿਵਾਰਾਂ ਨੂੰ ਵੀ ਜਲਦ ਨੌਕਰੀਆਂ ਦਿੱਤੀਆਂ ਜਾਣਗੀਆਂ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਦੀ ਖੇਤੀ ਨੂੰ ਹੋਰ ਲਾਹੇਵੰਦ ਬਣਾਉਣ ਤੇ ਕਿਸਾਨਾਂ ਨੂੰ ਆਰਥਿਕ ਪੱਖ ਤੋਂ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੀ ਹੈ।ਦੂਸਰੇ ਪਾਸੇ ਨੌਕਰੀਆਂ ਮਿਲਣ ਤੋਂ ਬਾਅਦ ਸ਼ਹੀਦ ਕਿਸਾਨਾਂ ਦੇ ਪਰਿਵਾਰਕ ਮੈਂਬਰਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕੀਤਾ।

# ਵੱਧ ਤੋਂ ਵੱਧ ਬੂਟੇ ਲਾਉਣੇ ਅੱਜ ਦੇ ਸਮੇਂ ਦੀ ਵੱਡੀ ਲੋੜ : ਵਿਧਾਇਕ ਰਾਏ, ਹੈਪੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਮੁੱਖ ਮੰਤਰੀ ਭਗਵੰਤ ਮਾਨ ਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੂਬੇ ਦੇ ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਮੁਹਿੰਮ ਸ਼ੁਰੂ ਕਰਨ ਲਈ ਗਈ ਹੈ ਤਾਂ ਜੋ ਸਾਡਾ ਵਾਤਾਵਰਣ ਸਵੱਛ ਬਣ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਵਣ- ਮਹਾਂਉਤਸਵ ਮੌਕੇ ਜ਼ਿਲ੍ਹਾ ਪ੍ਰੀਸ਼ਦ, ਫਤਿਹਗੜ੍ਹ ਸਾਹਿਬ ਵਿਖੇ ਬੂਟੇ ਲਗਾਉਣ ਸਮੇਂ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਜ ਜਿਸ ਤਰ੍ਹਾਂ ਮੌਸਮ ਵਿੱਚ ਤਬਦੀਲੀਆਂ ਆ ਰਹੀਆਂ ਹਨ, ਉਹ ਮਨੁੱਖ ਵੱਲੋਂ ਤੇਜ਼ੀ ਨਾਲ ਕੀਤੀ ਗਈ ਦਰੱਖਤਾਂ ਦੀ ਕਟਾਈ ਕਾਰਨ ਹੀ ਹਨ, ਇਸ ਲਈ ਸਾਡਾ ਫਰਜ਼ ਬਣਦਾ ਹੈ ਕਿ ਮੌਸਮ ਵਿੱਚ ਸਮਾਨਤਾ ਲਿਆਉਣ ਵਾਸਤੇ ਵੱਧ ਤੋਂ ਵੱਧ ਬੂਟੇ ਲਗਾਈਏ ਅਤੇ ਉਨਾਂ ਦੀ ਸੰਭਾਲ ਵੀ ਕਰੀਏ।ਇਸ ਮੌਕੇ ਹਲਕਾ ਬਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਅੱਜ ਇਸ ਵਣ- ਮਹਾਂਉਤਸਵ ਮੌਕੇ ਸ਼ੁਰੂ ਕੀਤੀ ਗਈ ਬੂਟੇ ਲਗਾਉਣ ਦੀ ਮੁਹਿੰਮ ਵਿੱਚ ਸਾਰੇ ਵਰਗਾਂ ਦੇ ਲੋਕਾਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅੱਜ ਨੌਜਵਾਨ ਪੀੜੀ ਆਪਣੇ ਭਵਿੱਖ ਲਈ ਕਾਫੀ ਸੁਚੇਤ ਨਜ਼ਰ ਆ ਰਹੀ ਹੈ ਤੇ ਇਹੀ ਕਾਰਨ ਹੈ ਕਿ ਨੌਜਵਾਨ ਵੱਡੀ ਪੱਧਰ 'ਤੇ ਬੂਟੇ ਲਗਾ ਰਹੇ ਹਨ।ਉਨ੍ਹਾਂ ਨੌਜਵਾਨ ਵਰਗ ਨੂੰ ਬੂਟੇ ਲਗਾਉਣ ਦੀ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਸੱਦਾ ਵੀ ਦਿੱਤਾ।ਇਸ ਮੌਕੇ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਅੰਦਰ 7 ਲੱਖ ਬੂਟੇ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ, ਜਿਸ ਤਹਿਤ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਵੱਡੀ ਪੱਧਰ ਤੇ ਬੂਟੇ ਲਗਾਏ ਜਾ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲ, ਡਿਪਟੀ ਸਕੱਤਰ ਜ਼ਿਲ੍ਹਾ ਪ੍ਰੀਸ਼ਦ ਜਸਪ੍ਰੀਤ ਕੌਰ, ਐਕਸੀਅਨ ਪੰਚਾਇਤੀ ਰਾਜ ਸ੍ਰੀ ਜਸਵੀਰ ਸਿੰਘ, ਬੀ.ਡੀ.ਪੀ.ਓ ਚੰਦ ਸਿੰਘ, ਆਮ ਆਦਮੀ ਪਾਰਟੀ ਤੋਂ ਅਮਰਿੰਦਰ ਸਿੰਘ ਮੰਡੋਫਲ, ਰਾਜਵਿੰਦਰ ਸਿੰਘ, ਗੁਰਮੁੱਖ ਸਿੰਘ, ਜਗਦੀਪ ਸਿੰਘ ਸਮੇਤ, ਪੰਚਾਇਤੀ ਰਾਜ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਮਦਰ ਇੰਡੀਆ ਸਕੂਲ ਨੂੰ ਖੇਡਾਂ 'ਚ ਪਹਿਲਾ ਸਥਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਮਦਰ ਇੰਡੀਆ ਪਬਲਿਕ ਸਕੂਲ ਪਾਤੜਾਂ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਬੋਰਡ ਵੱਲੋਂ ਕਰਵਾਈਆਂ ਜਾ ਰਹੀਆਂ ਸਕੂਲੀ ਖੇਡਾਂ ਦੇ ਜ਼ੋਨ ਲੈਵਲ ਦੀਆਂ ਖੇਡਾਂ ਵਿੱਚ ਭਾਗ ਲਿਆ। ਵਾਲੀਬਾਲ ਦੇ ਮੈਚ ਗੰਗਾ ਇੰਟਰਨੈਸ਼ਨਲ ਸਕੂਲ ਵਿੱਚ ਹੋਏ ਜਿਸ ਵਿੱਚ ਮਦਰ ਇੰਡੀਆ ਦੀ ਟੀਮ ਨੇ ਜ਼ੋਨ ਲੈਵਲ 'ਤੇ ਪਹਿਲਾ ਸਥਾਨ ਹਾਸਲ ਕੀਤਾ। ਵਾਲੀਬਾਲ ਦੀ ਅੰਡਰ 19 ਦੀ ਟੀਮ 'ਚ ਜਸ਼ਨਦੀਪ ਸਿੰਘ, ਏਕਮਜੋਤ ਸਿੰਘ, ਅਰਸ਼ਦੀਪ ਸਿੰਘ, ਗੁਰਨੂਰ ਸਿੰਘ, ਹੈਰੀਪਾਲ ਸਿੰਘ ਨੇ ਭਾਗ ਲਿਆ। ਵਾਲੀਬਾਲ ਦੀ ਅੰਡਰ 17 ਦੀ ਟੀਮ ਵਿੱਚ ਹੁਸਨਪ੍ਰੀਤ ਸਿੰਘ ਪ੍ਰਭਜੋਤ ਸਿੰਘ ਹਰਸ਼ ਨੇ ਭਾਗ ਲਿਆ। ਸਕੂਲ ਦੀ ਅੰਡਰ 14 ਵਾਲੀਬਾਲ ਦੀ ਟੀਮ ਵਿੱਚ ਦਿਲਦੀਪ ਸਿੰਘ ਨੇ ਭਾਗ ਲਿਆ ਜੋ ਕਿ ਜ਼ਿਲ੍ਹਾ ਪੱਧਰ ਲਈ ਚੁਣੇ ਗਏ। ਬੈਡਮਿੰਟਨ ਅਤੇ ਚੈੱਸ ਮੁਕਾਬਲੇ ਨਾਨਕਸਰ ਅਕੈਡਮੀ ਵਿੱਚ ਹੋਏ। ਬੈਡਮਿੰਟਨ ਦੀ ਅੰਡਰ 19 ਦੀ ਟੀਮ ਵਿੱਚ ਜਸਪ੍ਰੀਤ ਕੌਰ, ਰਪਿੰਦਰ ਕੌਰ, ਨਵਪ੍ਰੀਤ ਕੌਰ ਨੇ ਭਾਗ ਲਿਆ ਅਤੇ ਜ਼ੋਨ ਲੈਵਲ 'ਤੇ ਪਹਿਲਾ ਸਥਾਨ ਹਾਸਲ ਕੀਤਾ। ਚੈਸ ਅੰਡਰ 14 ਟੀਮ ਵਿੱਚ ਸ਼ਬਦ ਚਾਵਲਾ ਵਿਦਿਆਰਥੀ ਨੇ ਭਾਗ ਲਿਆ ਤੇ ਜ਼ੋਨ ਲੈਵਲ 'ਤੇ ਪਹਿਲਾ ਸਥਾਨ ਹਾਸਲ ਕੀਤਾ। ਕ੍ਰਿਕਟ ਦਾ ਮੁਕਾਬਲਾ ਸਰਕਾਰੀ ਸਕੂਲ ਅਰਨੋਂ ਹੋਏ ਜਿੱਥੇ ਅੰਡਰ 19 ਟੀਮ ਵਿੱਚ ਰਾਜਦੀਪ ਸਿੰਘ, ਅਰਵਿੰਦਰ ਸਿੰਘ ਨੇ ਭਾਗ ਲਿਆ ਅਤੇ ਇਹ ਸਾਰੇ ਵਿਦਿਆਰਥੀ ਜ਼ਿਲ੍ਹਾ ਪੱਧਰ ਲਈ ਚੁਣੇ ਗਏ।ਮਦਰ ਇੰਡੀਆ ਪਬਲਿਕ ਸਕੂਲ ਦੇ ਚੇਅਰਮੈਨ ਰਾਕੇਸ਼ ਗਰਗ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਸਦਕਾ ਸਾਡੀ ਨੌਜਵਾਨ ਪੀੜ੍ਹੀ ਖੇਡਾਂ ਵੱਲ ਉਤਸ਼ਾਹਤ ਹੋ ਰਹੀ ਹੈ। ਚੇਅਰਮੈਨ ਨੇ ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾਕਟਰ ਨੀਤਿਕਾ ਗੁਪਤਾ, ਡੀ ਪੀ ਗੁਰਦੀਪ ਸਿੰਘ, ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਤੀਆਂ ਦੇ ਤਿਉਹਾਰ ਮੌਕੇ ਬਾਬਾ ਰੋਡੂ ਪਾਰਕ 'ਚ ਲੱਗੀਆਂ ਖ਼ੂਬ ਰੌਣਕਾਂ

**ਗੁਰਪ੍ਰੀਤ ਮਨਚੰਦਾ ਤੇ ਮੀਨਾ ਮਨੰਚਦਾ ਨੇ ਕੀਤਾ ਉਦਘਾਟਨ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਾਉਣ ਦਾ ਮਹੀਨਾ ਤੀਆਂ ਦਾ ਤਿਉਹਾਰ ਖੁਸ਼ੀਆ ਲੈ ਕੇ ਆਉਂਦਾ ਹੈ।ਅੱਜ ਤੀਆਂ ਦਾ ਤਿਉਹਾਰ ਬਾਘਾ ਪੁਰਾਣਾ ਬਾਬਾ ਰੋਡੂ ਪਾਰਕ ਵਿਚ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ, ਜਿੱਥੇ ਕਿ ਆਪ ਪਾਰਟੀ ਦੇ ਗੁਰਪ੍ਰੀਤ ਸਿੰਘ ਮਨਚੰਦਾ ਤੇ ਉਨ੍ਹਾਂ ਦੀ ਧਰਮਪਤਨੀ ਮੀਨਾ ਮਨਚੰਦਾ ਵੱਲੋਂ ਰਿਬਨ ਕੱਟ ਕੇ ਉਦਘਾਟਨ ਕੀਤਾ ਗਿਆ।ਇਸ ਮੌਕੇ ਪਾਰਕ ਵਿੱਚ ਤੀਆਂ ਦੇ ਤਿਉਹਾਰ ਮੌਕੇ ਖੂਬਸੂਰਤ ਪਹਿਰਾਵੇ ਵਿਚ ਸਜੀਆਂ ਮੁਟਿਆਰਾਂ ਨੇ ਗਿੱਧਾ, ਭਗੜਾਂ, ਬੋਲੀਆਂ ਰਾਹੀਂ ਸਭ ਦਾ ਮਨ ਮੋਹ ਲਿਆ।ਇਸ ਮੌਕੇ ਰਾਧਾ ਧਮੀਜਾ, ਰਮਨ ਧਮੀਜਾ, ਅਮਨ ਪ੍ਰਿਯਾ, ਰੋਜ਼ੀ ਗੁਲਾਟੀ, ਨੇਹਾ, ਰਜਨੀ ਧਮੀਜਾ, ਨੀਸ਼ਾ ਗੁਲਾਟੀ, ਸਰੋਜ, ਕੋਮਲ, ਨੀਲਮ ਗੁੰਬਰ, ਅਨੀਤਾ ਧਮੀਜਾ ਨੇ ਕਿਹਾ ਕਿ ਤੀਆਂ ਦੇ ਤਿਉਹਾਰ ਲਈ ਸਹੁਰੇ ਘਰੋਂ ਧੀਆਂ ਹਮੇਸ਼ਾ ਪੇਕੇ ਘਰ ਆਉਣ ਲਈ ਉਤਾਵਲੀਆਂ ਹੁੰਦੀਆਂ ਹਨ, ਫਿਰ ਪੇਕੇ ਘਰ ਆ ਕੇ ਉਹ ਤੀਆਂ ਦੀ ਰੌਣਕ ਨੂੰ ਦੁੱਗਣਾ ਕਰ ਦਿੰਦੀਆਂ ਹਨ।ਪ੍ਰੋਗਰਾਮ ਦੌਰਾਨ ਔਰਤਾਂ ਨੇ ਜਿੱਥੇ ਗਿੱਧਾ ਪਾਇਆ, ਉਥੇ ਹੀ ਪੰਜਾਬੀ ਸੱਭਿਆਚਾਰ ਦੀਆਂ ਬਹੁਤ ਸਾਰੀਆਂ ਵੰਨਗੀਆਂ ਵੀ ਇਸ ਪ੍ਰੋਗਰਾਮ ਦੌਰਾਨ ਦੇਖਣ ਨੂੰ ਮਿਲਿਆ।ਇਹ ਤਿਉਹਾਰ ਖੁਸ਼ੀਆਂ ਖੇੜਿਆਂ ਤੇ ਆਪਸੀ ਪਿਆਰ ਨੂੰ ਵਧਾਉਣ ਵਾਲਾ ਹੈ।ਉਨ੍ਹਾਂ ਜਦੋਂ ਪੱਖੀਆਂ ਛੱਜਾਂ, ਪਰਾਂਦਿਆਂ, ਟਿੱਕਿਆ ਤੇ ਫੁਲਕਾਰੀਆਂ ਨਾਲ ਗਿੱਧੇ ਦੀ ਪੁਰਾਤਨ ਸ਼ਾਨ ਵੇਖਣ ਨੂੰ ਮਿਲੀ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਪੰਜਾਬੀ ਅਮੀਰ ਵਿਰਸੇ ਨੂੰ ਕਾਇਮ ਰੱਖਣ ਚਾਹੀਦਾ ਹੈ ਤਿਉਹਾਰ ਖੁਸ਼ੀਆਂ ਖੇੜੇ ਲੈ ਕੇ ਆਉਂਦਾ ਹੈ, ਕਿਉਂਕਿ ਸਾਉਣ ਮਹੀਨੇ 'ਚ ਇਕ ਦੂਸਰੇ ਨੂੰ ਮਿਲਣ ਦਾ ਵੀ ਬਹੁਤ ਵਧੀਆਂ ਮੌਕਾ ਮਿਲ ਜਾਂਦਾ ਹੈ।

# ਐਡਿਪ ਸਕੀਮ ਤਹਿਤ ਦਿਵਿਆਂਗਜਨਾਂ ਨੂੰ ਸਹਾਇਕ ਉਪਕਰਨ ਵੰਡੇ

**ਸੰਧਵਾਂ ਨੇ ਕੀਤੀ ਵਿਸ਼ੇਸ਼ ਤੌਰ 'ਤੇ ਸ਼ਿਰਕਤ**



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਅਤੇ ਏਜੰਸੀ ਐਲਿਮਕੋ ਮੁਹਾਲੀ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਸਮਾਜਿਕ ਸੁਰੱਖਿਆ ਵਿਭਾਗ ਤੇ ਰੈੱਡ ਕਰਾਸ ਸ਼ਾਖਾ ਫਰੀਦਕੋਟ ਦੀ ਸਹਾਇਤਾ ਨਾਲ ਸਥਾਨਕ ਅਮਰ ਆਸ਼ਰਮ ਵਿੱਚ ਐਡਿਪ ਸਕੀਮ ਅਧੀਨ ਦਿਵਿਆਂਗਜਨਾਂ ਨੂੰ ਮੁਫਤ ਉਪਕਰਨਾਂ ਦੀ ਵੰਡ ਕੀਤੀ ਗਈ, ਜਿਸ ਵਿੱਚ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀ ਸਾਡੇ ਸਮਾਜ ਦਾ ਅਨਿੱਖੜਵਾਂ ਅੰਗ ਹਨ ਅਤੇ ਇਨ੍ਹਾਂ ਦੀ ਮਦਦ ਕਰਨਾ ਸਾਡਾ ਨੈਤਿਕ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਦਿਵਿਆਂਗਜਨਾਂ ਨੂੰ ਸਹਾਇਕ ਉਪਕਰਨਾਂ ਦੀ ਵੰਡ ਕਰਨਾ ਉਨ੍ਹਾ ਨੂੰ ਸਮਾਜ ਦੀ ਧਾਰਾ ਨਾਲ ਜੋੜਨ ਦਾ ਇੱਕ ਨਿੱਕਾ ਜਿਹਾ ਉਪਰਾਲਾ ਹੈ, ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਨ੍ਹਾਂ ਲੋੜਵੰਦ ਦਿਵਿਆਂਗਜਨਾਂ ਨੂੰ ਜ਼ਰੂਰਤ ਅਨੁਸਾਰ ਟਰਾਈ ਸਾਈਕਲ, ਵ੍ਹੀਲਚੇਅਰ, ਫਹੁੜੀਆਂ ਤੇ ਕੰਨਾਂ ਵਾਲੀਆਂ ਮਸ਼ੀਨਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਿਵਿਆਂਗਜਨਾਂ ਨੂੰ ਬਣਦਾ ਮਾਣ ਸਨਮਾਨ ਦੇਣ ਤੇ ਇਨ੍ਹਾਂ ਦੀ ਮਦਦ ਲਈ ਅੱਗੇ ਆਉਣ। ਇਸ ਮੌਕੇ ਸਕੱਤਰ ਰੈੱਡ ਕਰਾਸ ਮਨਦੀਪ ਸਿੰਘ ਮੌਂਗਾ ਨੇ ਕਿਹਾ ਕਿ ਅਲਿਮਕੋ ਤੇ ਰੈੱਡ ਕਰਾਸ ਸੁਸਾਇਟੀ ਵੱਲੋਂ ਪਿਛਲੇ ਸਮੇਂ ਵਿੱਚ ਕੈਂਪ ਲਗਾ ਕੇ 253 ਲੋੜਵੰਦ ਦਿਵਿਆਂਗਜਨਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਸੀ। ਉਨ੍ਹਾ ਕਿਹਾ ਕਿ ਲਗਭਗ 74 ਲੱਖ ਦੀ ਰਾਸ਼ੀ ਨਾਲ 495 ਸਹਾਇਕ ਉਪਕਰਨਾਂ ਜਿਨ੍ਹਾਂ ਵਿੱਚ 120 ਮੋਟਰਾਈਜ਼ਡ ਟਰਾਈਸਾਈਕਲ, 77 ਟਰਾਈਸਾਈਕਲ, 27 ਵ੍ਹੀਲਚੇਅਰ, 8 ਕੰਨਾਂ ਦੀ ਮਸ਼ੀਨ, 5 ਬਰੇਲ ਕਿੱਟ, ਇੱਕ ਬਰੇਲ ਕੈਨ, 4 ਸੁਗਮਿਆ ਕੈਨ, 180 ਬੈਸਾਖੀਆਂ, 8 ਰੋਲੇਟਰ, 21 ਛੜੀਆਂ, ਇੱਕ ਸੀ ਪੀ ਚੇਅਰ ਤੇ 43 ਨਕਲੀ ਅੰਗ ਅਤੇ ਕੈਲੀਪਰ ਆਦਿ ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਦਾ ਇੱਥੇ ਪੁਹੰਚਣ 'ਤੇ ਧੰਨਵਾਦ ਕੀਤਾ।

# ਬਿਜਲੀ ਬੋਰਡ ਪੈਨਸ਼ਨ ਐਸੋਸੀਏਸ਼ਨ ਇਕਾਈ ਮੂਨਕ ਦੀ ਮੀਟਿੰਗ



**ਮੂਨਕ (ਰਾਜਪਾਲ ਸਿੰਗਲਾ)**-ਬਿਜਲੀ ਬੋਰਡ ਪੈਨਸ਼ਨ ਐਸੋਸੀਏਸ਼ਨ ਡਵੀਜ਼ਨ ਲਹਿਰਾਗਾਗਾ ਇਕਾਈ ਮੂਨਕ ਦੀ ਮੀਟਿੰਗ ਸੋਮ ਚੰਦ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਬਲਵਿੰਦਰ ਸਿੰਘ ਖਨੌਰੀ ਨੇ ਸੰਬੋਧਨ ਕੀਤਾ ਅਤੇ ਇਸ ਵਿੱਚ ਲਾਭ ਸਿੰਘ ਰਿਟਾਇਰ ਜੇ ਈ ਕੋਟੜਾ, ਰਣਵੀਰ ਸਿੰਘ ਢਿੱਲੋਂ ਤੇ ਹੋਰ ਹੜ੍ਹਾਂ ਕਾਰਨ ਮਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਗਤ ਸਿੰਘ, ਜਗਰੂਪ ਸਿੰਘ, ਪੂਰਨ ਸਿੰਘ ਨੇ ਦੱਸਿਆ ਕਿ ਕੇਂਦਰ ਸਰਕਾਰ ਵਿੱਚ ਮੋਦੀ ਸਰਕਾਰ ਨੇ ਇਸ ਵਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਇਨਕਮ ਟੈਕਸ ਵਿੱਚ ਕੋਈ ਛੋਟ ਨਹੀਂ ਦਿੱਤੀ ਅਤੇ ਮੁਲਾਜ਼ਮਾਂ ਤੇ ਪੈਂਸ਼ਨਰਾਂ ਨੂੰ ਮੰਗਾਂ ਬਾਰੇ ਵਿਚਾਰ ਕਰਨ ਲਈ ਪੰਜਾਬ ਸਰਕਾਰ ਵੱਲੋਂ ਮੀਟਿੰਗ ਅੱਗੇ ਤੋਂ ਅੱਗੇ ਪਾਈ ਜਾ ਰਹੀ ਹੈ। ਇਸ ਤੋਂ ਸਾਫ ਜ਼ਾਹਰ ਹੋ ਗਿਆ ਹੈ ਕਿ ਸਰਕਾਰ ਵੱਲੋਂ ਮੀਟਿੰਗ ਅੱਗੇ ਤੋਂ ਅੱਗੇ ਪਾਉਣ ਲਈ ਨੀਅਤ ਸਾਫ ਨਹੀਂ ਹੈ, ਇਸ ਲਈ ਜੇਕਰ ਕੋਈ ਗੌਰ ਨਹੀਂ ਕੀਤੀ ਗਈ ਤਾਂ ਜਥੇਬੰਦੀਆਂ ਵੱਲੋਂ ਸੰਘਰਸ਼ ਕੀਤਾ ਜਾਵੇਗਾ, ਜਿਸ ਵਿੱਚ ਸਰਕਾਰ ਦੀ ਜ਼ਿੰਮੇਵਾਰੀ ਹੋਵੇਗੀ।

# ਅਨਿਲ ਗੋਂਦਾਰਾ 7ਵੀਂ ਵਾਰ ਕ੍ਰਿਸ਼ਨਾ ਸੇਵਾ ਦਲ ਦੇ ਪ੍ਰਧਾਨ ਬਣੇ



**ਮਲੋਟ (ਗੁਰਮੀਤ ਸਿੰਘ ਮੱਕੜ)**

ਸ੍ਰੀ ਕ੍ਰਿਸ਼ਨਾ ਸੇਵਾ ਦਲ ਦੀ ਮੀਟਿੰਗ ਸ੍ਰੀ ਕ੍ਰਿਸ਼ਨਾ ਧਰਮਸ਼ਾਲਾ ਵਿੱਚ ਰੱਖੀ ਗਈ, ਜਿਸ ਵਿੱਚ ਪੁਰਾਣੀ ਕਮੇਟੀ ਨੂੰ ਭੰਗ ਕੀਤਾ ਗਿਆ ਤੇ ਨਵੀਂ ਕਮੇਟੀ ਬਣਾਈ ਗਈ, ਜਿਸ ਵਿੱਚ ਅਨਿਲ ਗੋਂਦਾਰਾ (ਰਾਮ) ਨੂੰ 7ਵੀਂ ਵਾਰ ਕਮੇਟੀ ਦਾ ਸਰਬਸੰਮਤੀ ਨਾਲ ਪ੍ਰਧਾਨ ਬਣਾਇਆ ਗਿਆ। ਇਸ ਕਮੇਟੀ ਵਿੱਚ ਅਨਿਲ ਗੋਂਦਾਰਾ (ਰਾਮ) ਨੂੰ ਪ੍ਰਧਾਨ, ਸ਼ਾਮ ਲਾਲ (ਹੈਪੀ ਬਾਂਸਲ) ਨੂੰ ਸੈਕਟਰੀ, ਕੇਵਲ ਧੂੜੀਆ ਨੂੰ ਸੈਕਟਰੀ, ਜਤਿੰਦਰ ਸਿਡਾਨਾ ਨੂੰ ਕੈਸ਼ੀਅਰ, ਵਰਿੰਦਰ ਤਨੇਜਾ ਨੂੰ ਵਾਈਸ ਪ੍ਰਧਾਨ, ਜਗਦੀਸ਼ ਕੁਮਾਰ ਨੂੰ ਵਾਈਸ ਪ੍ਰਧਾਨ, ਸੰਜੈ ਗੋਇਲ ਨੂੰ ਵਾਈਸ ਪ੍ਰਧਾਨ, ਸੰਦੀਪ ਮਲੂਜਾ ਨੂੰ ਮੀਡੀਆ ਇੰਚਾਰਜ, ਨਰੇਸ਼ ਸੇਠੀ ਨੂੰ ਐਡਵਾਈਜ਼ਰ, ਅਨਿਲ ਜੁਨੇਜਾ ਨੂੰ ਸਲਾਹਕਾਰ, ਵਿਸ਼ੂ ਗੁਪਤਾ ਨੂੰ ਸਲਾਹਕਾਰ, ਰਿੰਕੂ ਅਨੇਜਾ ਨੂੰ ਪੀ.ਆਰ.ਓ, ਦੀਪਕ ਕੁਮਾਰ ਨੂੰ ਡਿਊਟੀ ਇੰਚਾਰਜ, ਰਾਹੁਲ, ਸੰਜੀਵ ਅਨੇਜਾ, ਪੰਕਜ ਠਾਕੁਰ, ਰਾਜਨ, ਸੋਹਣ ਲਾਲ ਗੁੰਬਰ, ਚੰਦਨ ਸੇਠੀ, ਪਵਨ ਫੁਟੇਲਾ, ਰਿੰਕੂ ਮੱਕੜ, ਸੋਨੂੰ, ਬੌਬੀ, ਸਾਜਨ ਕੁਮਾਰ, ਪ੍ਰਿੰਸ, ਕਾਲੀ, ਗੌਰਵ, ਪ੍ਰਿੰਸ ਜੱਗਾ, ਪੰਕਜ ਕੁਮਾਰ, ਗਗਨ ਗੋਇਲ, ਅਭਿਸ਼ੇਕ, ਰਾਜੀਵ ਖੁਰਾਣਾ, ਰਮਨ ਕੁਮਾਰ, ਗੁਰਮੀਤ ਆਟੋ ਨੂੰ ਮੈਂਬਰ ਬਣਾਇਆ ਗਿਆ। ਕਮੇਟੀ ਦੇ ਚੁਣੇ ਹੋਏ ਅਹੁਦੇਦਾਰ ਤੇ ਮੈਂਬਰਾਂ ਨੇ ਵਿਸ਼ਵਾਸ ਦਿਵਾਇਆ ਗਿਆ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਤਨਦੇਹੀ ਨਾਲ ਨਿਭਾਉਣਗੇ।

# ਮਿੱਡ ਡੇ ਮੀਲ ਕੁੱਕ ਬੀਬੀਆਂ ਨੇ ਮਨਾਇਆ ਤੀਆਂ ਦਾ ਤਿਉਹਾਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਇੱਥੇ ਨੇਚਰ ਪਾਰਕ ਵਿਖੇ ਸਕੂਲਾਂ ਵਿੱਚ ਦੁਪਹਿਰ ਦਾ ਖਾਣਾ ਬਣਾਉਣ ਵਾਲੀਆਂ ਮਿੱਡ ਡੇ ਮੀਲ ਕੁੱਕ ਯੂਨੀਅਨ ਦੀਆਂ ਬੀਬੀਆਂ ਨੇ ਸੂਬਾ ਪ੍ਰਧਾਨ ਕਰਮ ਚੰਦ ਚੰਡਾਲੀਆ ਦੀ ਅਗਵਾਈ ਵਿੱਚ ਤੀਆਂ ਦਾ ਤਿਉਹਾਰ ਸ਼ਾਨੋ ਸ਼ੌਕਤ ਨਾਲ ਮਨਾਇਆ। ਇਸ ਤੀਆਂ ਦੇ ਸਮਾਗਮ ਦੇ ਮੁੱਖ ਮਹਿਮਾਨ ਸਨ ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ, ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਸਾਬਕਾ ਕਾਰਜਕਾਰੀ ਮਜਿਸਟਰੇਟ ਜਸਵੰਤ ਦਾਨੀ, ਸਾਬਕਾ ਕੌਂਸਲਰ ਕ੍ਰਿਸ਼ਨ ਸੂਦ, ਖੱਤਰੀ ਸਭਾ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ, ਬਲਜਿੰਦਰ ਸਿੰਘ ਸਹਿਗਲ, ਸਤਪਾਲ ਭੋਲੇ ਵਾਲੀਆ, ਗੁਰਚਰਨ ਸਿੰਘ ਮਲਹੋਤਰਾ ਨੈਸਲੇ, ਯੁਵਾ ਖੱਤਰੀ ਸਭਾ ਦੇ ਕਾਰਜਕਾਰੀ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ, ਮਿਉਂਸਪਲ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਮਦਨ ਨਾਲ ਬੋਹਤ, ਐੱਲਪੀਜੀ ਗੈਸ ਸਪਲਾਈ ਵਰਕਰ ਯੂਨੀਅਨ ਦੇ ਪ੍ਰਧਾਨ ਰਾਮ ਬਚਨ ਰਾਓ, ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਪ੍ਰਧਾਨ ਸ਼ੰਕਰ ਗੌਤਮ, ਰਜਿੰਦਰ ਸਭਰਵਾਲ, ਜ਼ਿਲ੍ਹਾ ਮਹਿਲਾ ਪ੍ਰਧਾਨ ਲਤਾ ਬਾਂਸਲ, ਸਮਾਜ ਸੇਵਕ ਬੂਟਾ ਸਿੰਘ ਮੁਨਸ਼ੀ, ਸੁਨੰਦਨ ਐਡਵੋਕੇਟ, ਸੁਰਿੰਦਰ ਕਟਾਰੀਆ, ਅਸ਼ੋਕ ਕਾਲੀਆ, ਰਜਿੰਦਰ ਕਾਲਾ, ਰਾਮ ਜੀ, ਰਾਜਾ ਰਾਮ ਤੇ ਨਾਨਕ ਰੇਹੜੀ ਫੜ੍ਹੀ ਯੂਨੀਅਨ, ਈ ਰਿਕਸ਼ਾ ਮਜ਼ਦੂਰ ਸੰਘ ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਸਵੰਤ ਸਿੰਘ ਜੱਸਾ, ਗਗਨਦੀਪ ਸਿੰਘ ਸੋਢੀ, ਬਾਬਾ ਵਿਸ਼ਵਕਰਮਾ ਰਾਜ ਮਿਸਤਰੀ ਮਜ਼ਦੂਰ ਯੂਨੀਅਨ ਪ੍ਰਧਾਨ ਸੰਤੋਖ ਸਿੰਘ, ਗੁਰਤੇਜ ਸਿੰਘ ਘਾਲੀ, ਕੁਲਵੰਤ ਸਿੰਘ, ਮਾਲਵਾ ਰੇਹੜੀ ਵਰਕਰ ਯੂਨੀਅਨ ਜਨਰਲ ਸਕੱਤਰ ਰਜੀਵ ਭੋਲਾ, ਮਿਡ ਡੇ ਮੀਲ ਕੁਕ ਬੀਬੀਆਂ ਦੇ ਤੀਆਂ ਦੇ ਤਿਉਹਾਰ ਦੇ ਸਮਾਗਮ ਵਿੱਚ ਖੁਸ਼ੀ ਸਾਂਝੀ ਕਰਨ ਲਈ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਮਿੱਡ ਡੇ ਮੀਲ ਕੁੱਕ ਬੀਬੀਆਂ ਸਮਾਜਿਕ ਜ਼ਿੰਦਗੀ ਦੀਆਂ ਪ੍ਰੇਸ਼ਾਨੀਆਂ ਤੇ ਥਕਾਵਟ ਨੂੰ ਭੁੱਲ ਕੇ ਰੰਗ ਬਿਰੰਗੀਆਂ ਚੋਲੀ ਘੱਗਰਾ ਦੀਆਂ ਅਕਰਸ਼ਿਤ ਪੌਸ਼ਾਕਾਂ ਵਿੱਚ ਸੱਜ ਸਵਰ ਕੇ ਆਈਆਂ ਸਨ ਅਤੇ ਡੀ ਜੇ ਦੀਆਂ ਧੁਨਾਂ 'ਤੇ ਪੰਜਾਬੀ ਬੋਲੀਆਂ ਤੇ ਗੀਤਾਂ 'ਤੇ ਨੱਚ ਟੱਪ ਕੇ ਗਿੱਦਾ ਪਾ ਕੇ ਧਮਾਲਾਂ ਪਾ ਦਿੱਤੀਆਂ। ਇਸ ਮੌਕੇ ਯੂਨੀਅਨ ਵੱਲੋਂ ਚਾਹ ਪਾਣੀ ਤੇ ਸਨੈਕਸ ਦਾ ਪ੍ਰਬੰਧ ਕੀਤਾ ਗਿਆ ਸੀ। ਇਹ ਸਮਾਗਮ ਵਿੱਚ ਮਿੱਡ ਡੇ ਮੀਲ ਕੁੱਕ ਯੂਨੀਅਨ ਦੀਆਂ ਮੈਂਬਰਾਂ ਤੋਂ ਇਲਾਵਾ ਯੂਨੀਅਨ ਦੀਆਂ ਅਹੁਦੇਦਾਰਾਂ ਕਮਲਜੀਤ ਕੌਰ ਮੱਦੋਕੇ ਸੂਬਾ ਸਕੱਤਰ, ਸੰਧਿਆ ਘਾਰੂ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਪਰਮਜੀਤ ਕੌਰ, ਇੰਦਰਜੀਤ ਕੌਰ, ਬਲਵਿੰਦਰ ਕੌਰ, ਬਲਜੀਤ ਕੌਰ, ਮੁਕੇਸ਼ ਰਾਣੀ, ਰਾਣੀ, ਅਤੇ ਸਰੋਜ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਈਆਂ।

## ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ ਦਾ ਨਤੀਜਾ ਸ਼ਾਨਦਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅੱਜ ਮਾਤਾ ਜਰਨੈਲ ਕੌਰ ਮੈਮੋਰੀਅਲ ਕਾਲਜ ਆਫ ਫਾਰਮੇਸੀ, ਸ੍ਰੀ ਮੁਕਤਸਰ ਸਾਹਿਬ ਦਾ ਡੀ. ਫਾਰਮੇਸੀ ਪਹਿਲੇ ਸਾਲ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਜੋ ਸੌ ਫੀਸਦੀ ਰਿਹਾ।ਪ੍ਰਿੰਸੀਪਲ ਮੁਨੀਸ਼ ਜੋਸ਼ੀ ਨੇ ਦੱਸਿਆ ਕਿ ਵਿਦਿਆਰਥੀਆਂ ਨੇ ਇਸ ਨਤੀਜੇ ਵਿੱਚ ਚੰਗੇ ਨੰਬਰ ਲੈ ਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਮੌਕੇ ਡਾ. ਜੋਰਾ ਸਿੰਘ, ਡਾ. ਤੇਜਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਸਟਾਫ ਦੀ ਚੰਗੀ ਕਾਰਗੁਜ਼ਾਰੀ ਲਈ ਹੌਸਲਾ ਅਫ਼ਜ਼ਾਈ ਕੀਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਮੁਨੀਸ਼ ਜੋਸ਼ੀ ਨੇ ਨਤੀਜੇ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਸਪਨਾ ਨੇ ਪਹਿਲਾ, ਅਮਨਪ੍ਰੀਆ ਚੰਦੇਲ ਨੇ ਦੂਸਰਾ ਅਤੇ ਹਰਪ੍ਰੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕਰਨ 'ਤੇ ਸਨਮਾਨਤ ਕੀਤਾ।ਇਸ ਮੌਕੇ ਕਾਲਜ ਦੇ ਸੁਪਰਡੈਂਟ ਮੇਜਰ ਮਹਿਤਾ ਨੇ ਕੰਟਰੋਲਰ ਪ੍ਰੀਖਿਆਵਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਪ੍ਰਿੰਸੀਪਲ ਅਤੇ ਅਧਿਆਪਕਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।ਪ੍ਰਿੰਸੀਪਲ ਮੁਨੀਸ਼ ਜੋਸ਼ੀ ਨੇ ਇਨ੍ਹਾਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਇਨ੍ਹਾਂ ਵਿਦਿਆਰਥੀਆਂ ਨੂੰ ਚੰਗੀਆਂ ਮੱਲਾਂ ਮਾਰਨ ਅਤੇ ਮਾਨਵਤਾ ਦੀ ਸੇਵਾ ਕਰਨ ਦਾ ਸੰਦੇਸ਼ਾ ਦਿੱਤਾ। ਇਸ ਮੌਕੇ ਨਰਸਿੰਗ ਕਾਲਜ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ ਅਤੇ ਵਾਈਸ ਪ੍ਰਿੰਸੀਪਲ ਮਿਸ ਮਨਜਿੰਦਰ ਕੌਰ ਬਰਾੜ, ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ, ਪਰਮਪ੍ਰੀਤ ਕੌਰ, ਵਇਸ ਪ੍ਰਿੰਸੀਪਲ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਵਿਦਿਆਰਥੀਆਂ ਦਾ ਅਤੇ ਸਮੂਹ ਸਟਾਫ ਦਾ ਹੌਸਲਾ ਵਧਾਇਆ ਅਤੇ ਸ਼ਲਾਘਾ ਕੀਤੀ।

# ਸਾਈਕਲ ਰੈਲੀ ਦੌਰਾਨ ਸ਼ਹਿਰ, ਪਿੰਡ ਤੇ ਆਲੇ-ਦੁਆਲੇ ਨੂੰ ਸਾਫ ਰੱਖਣ ਦਾ ਸੁਨੇਹਾ



**ਮਾਨਸਾ (ਆਤਮਾ ਸਿੰਘ ਪਮਾਰ)**

ਜ਼ਿਲ੍ਹਾ ਮਾਨਸਾ ਦੇ ਲੋਕਾਂ ਨੂੰ ਸਾਫ ਸੁੱਥਰਾ ਅਤੇ ਪ੍ਰਦੂਸ਼ਣ ਰਹਿਤ ਮਾਹੌਲ ਸਿਰਜਣ ਲਈ 'ਸਵੱਛ ਮਾਨਸਾ' ਥੀਮ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਸਾਈਕਲ ਰੈਲੀ ਨੂੰ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਝੰਡੀ ਦੇ ਕੇ ਰਵਾਨਾ ਕੀਤਾ।ਸਾਈਕਲ ਸਵੱਛਤਾ ਰੈਲੀ ਵਿਚ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਇਲਾਵਾ ਸਕੂਲ ਵਿਦਿਆਰਥੀ, ਅਧਿਆਪਕ, ਈਕੋ ਵਹੀਲਰ ਸਾਈਕਲ ਕਲੱਬ, ਵਾਇਸ ਆਫ ਮਾਨਸਾ, ਵਾਤਾਵਰਣ ਸੁਸਾਇਟੀ ਮਾਨਸਾ ਸਮੇਤ ਵੱਖ ਵੱਖ ਵਿਭਾਗੀ ਅਧਿਕਾਰੀਆਂ, ਕਰਮਚਾਰੀਆਂ ਅਤੇ ਸ਼ਹਿਰ ਵਾਸੀਆਂ ਨੇ ਸ਼ਮੂਲੀਅਤ ਕੀਤੀ। ਸਾਈਕਲ ਰੈਲੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸ਼ੁਰੂ ਹੋ ਕੇ ਬੱਸ ਸਟੈਂਡ, ਰੇਲਵੇ ਫਾਟਕ, ਗਊਸ਼ਾਲਾ ਰੋਡ, ਮਾਈ ਨਿੱਕੋ ਸਕੂਲ ਤੋਂ ਹੁੰਦਿਆਂ ਵਾਟਰ ਵਰਕਸ ਰੋਡ ਤੋਂ ਸੈਂਟਰਲ ਪਾਰਕ ਮਾਨਸਾ ਵਿਖੇ ਸਮਾਪਤ ਹੋਈ।ਸਾਈਕਲ ਰੈਲੀ ਦੀ ਸਮਾਪਤੀ ਮੌਕੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਕਿਹਾ ਜ਼ਿਲ੍ਹਾ ਵਾਸੀਆਂ ਨੂੰ ਆਪਣੇ ਸ਼ਹਿਰ, ਪਿੰਡ, ਆਲੇ ਦੁਆਲੇ ਨੂੰ ਸਾਫ ਰੱਖਣ ਵਿਚ ਹਰੇਕ ਨਾਗਰਿਕ ਨੂੰ ਆਪਣਾ ਸਹਿਯੋਗ ਪਾਉਣਾ ਚਾਹੀਦਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਕੂੜਾ ਇਕੱਠਾ ਕਰਨ ਆਏ ਕਰਮਚਾਰੀਆਂ ਨੂੰ ਗਿੱਲਾ ਤੇ ਸੁੱਕਾ ਕੂੜਾ ਅਲੱਗ ਅਲੱਗ ਕਰਕੇ ਰੇਹੜੀਆਂ ਵਿਚ ਪਾਇਆ ਜਾਵੇ ਤਾਂ ਜੋ ਸ਼ਹਿਰ ਵਿਚੋਂ ਕੂੜੇ ਦੇ ਢੇਰ ਨਾ ਲੱਗਣ ਅਤੇ ਇਹ ਕੂੜਾ ਐਮ.ਆਰ.ਐਫ. ਸ਼ੈਡਾਂ ਵਿਚ ਲਿਜਾ ਕੇ ਉਸ ਦੀ ਪ੍ਰੋਸੈਸਿੰਗ ਕੀਤੀ ਜਾ ਸਕੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਵੱਧ ਤੋਂ ਵੱਧ ਪਲਾਂਟੇਸ਼ਨ ਕਰਨੀ ਚਾਹੀਦੀ ਹੈ। ਕੂੜੇ ਨੂੰ ਖੁੱਲ੍ਹੇ ਥਾਂ 'ਤੇ ਸੁੱਟਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਪਲਾਸਟਿਕ ਦੇ ਲਿਫਾਫੇ ਅਤੇ ਪਲਾਸਟਿਕ ਤੋਂ ਬਣੀਆਂ ਵਸਤੂਆਂ ਦੀ ਵਰਤੋਂ ਜਿੰਨੀ ਹੋ ਸਕੇ, ਘੱਟ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਸਾਫ ਸੁਥਰਾ ਅਤੇ ਪ੍ਰਦੂਸ਼ਣ ਰਹਿਤ ਮਾਹੌਲ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਉੱਥੇ ਹਰੇਕ ਨਾਗਰਿਕ ਦੀ ਇਹ ਨੈਤਿਕ ਜ਼ਿੰਮੇਵਾਰੀ ਹੈ ਕਿ ਆਉਣ ਵਾਲੀਆਂ ਪੀੜ੍ਹੀਆਂ ਦੇ ਚੰਗੇ ਭਵਿੱਖ ਲਈ ਆਪਣਾ ਆਲਾ ਦੁਆਲਾ ਸਵੱਛ ਅਤੇ ਪ੍ਰਦੂਸ਼ਣ ਰਹਿਤ ਬਣਾਉਣ ਦਾ ਪ੍ਰਣ ਲੈਣ।ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਤੌਰ 'ਤੇ ਸਵੱਛਤਾ ਸਾਈਕਲ ਰੈਲੀ ਵਿਚ ਸ਼ਮੂਲੀਅਤ ਕਰਨ ਵਾਲੇ ਈਕੋ ਵਹੀਲਰ ਸਾਈਕਲ ਕਲੱਬ ਪ੍ਰਧਾਨ ਬਲਵਿੰਦਰ ਸਿੰਘ ਕਾਕਾ ਸਮੇਤ ਸਮੁੱਚੀ ਟੀਮ, ਪ੍ਰਧਾਨ ਵਾਇਸ ਆਫ ਮਾਨਸਾ ਡਾ. ਜਨਕ ਰਾਜ ਸਿੰਗਲਾ ਸਮੇਤ ਸਮੁੱਚੀ ਟੀਮ, ਪ੍ਰਧਾਨ ਵਾਤਾਵਰਣ ਸੁਸਾਇਟੀ ਅਸ਼ੋਕ ਸਪੋਲੀਆ ਅਤੇ ਡੀ.ਏ.ਵੀ. ਸਕੂਲ ਮਾਨਸਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਮਾਨਸਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਾਨਸਾ, ਸੇਂਟ ਜੇਵੀਅਰ ਸਕੂਲ ਮਾਨਸਾ ਦੇ ਵਿਦਿਆਰਥੀਆਂ ਨੂੰ ਪੌਦੇ ਦੇ ਕੇ ਸਨਮਾਨਤ ਕੀਤਾ ਗਿਆ। ਸਾਈਕਲ ਰੈਲੀ ਮੌਕੇ 'ਮਾਨਸਾ ਐਂਥਮ' ਟਾਈਟਲ ਦਾ ਇਕ ਗੀਤ ਵੀ ਜਾਰੀ ਕੀਤਾ ਗਿਆ।ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਗੁਰਪ੍ਰੀਤ ਸਿੰਘ ਭੁੱਚਰ, ਵਧੀਕ ਡਿਪਟੀ ਕਮਿਸ਼ਨਰ (ਜ) ਨਿਰਮਲ ਓਸੇਪਚਨ, ਐਸ.ਡੀ.ਐਮ. ਨਿਤੇਸ਼ ਕੁਮਾਰ ਜੈਨ, ਐਡਵੋਕੇਟ ਅਮਨਦੀਪ ਸਿੰਗਲਾ ਸਮੇਤ ਸਕੂਲੀ ਅਧਿਆਪਕ ਅਤੇ ਸ਼ਹਿਰ ਵਾਸੀ ਵੀ ਹਾਜ਼ਰ ਸਨ।

7-Aug-PAGE-11-Majha-2024-.qxd 8/6/2024 9:50 PM Page 1



# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੰਡਲ ਧਾਰੀਵਾਲ ਵੱਲੋਂ ਅਰਥੀ ਫੂਕ ਮੁਜ਼ਾਹਰਾ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**– ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਦੇ ਸੱਦੇ ਤੇ ਪੰਜਾਬ ਦੇ ਮੁੱਖ ਮੰਤਰੀ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅਪਣਾਈ ਡੰਗ ਟਪਾਊ ਨੀਤੀ ਖਿਲਾਫ ਅੱਜ ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਦੇ ਮੰਡਲ ਯੂਨਿਟ ਧਾਰੀਵਾਲ ਵੱਲੋਂ ਮੰਡਲ ਪ੍ਰਧਾਨ ਹਰਕਿਰਪਾਲ ਸਿੰਘ ਦੀ ਅਗਵਾਈ ਹੇਠ ਸਬ ਡਵੀਜਨ ਦਫਤਰ ਧਾਰੀਵਾਲ ਦੇ ਗੇਟ ਸਾਹਮਣੇ ਜੀ ਟੀ ਰੋਡ ਉਪਰ ਪੰਜਾਬ ਸਰਕਾਰ ਅਤੇ ਉਸਦੇ ਲਾਰਿਆਂ ਦੀ ਪੰਡ ਦਾ ਪੁਤਲਾ ਸਾੜ ਕੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਸਰਕਲ ਪ੍ਰਧਾਨ ਹਜਾਰਾ ਸਿੰਘ ਗਿੱਲ ਅਤੇ ਸਕੱਤਰ ਮਹਿੰਦਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮੀਟਿੰਗਾਂ ਦੇ ਕੇ ਬਾਰ ਬਾਰ ਮੀਟਿੰਗ ਕਰਨ ਤੋਂ ਮੁੱਕਰ ਜਾਂਦੀ ਹੈ। ਪਹਿਲਾਂ 25/7/24 ਨੂੰ ਮੀਟਿੰਗ ਦੇ ਕੇ, ਫਿਰ 2/8/24 ਅਤੇ ਹੁਣ ਫਿਰ 22/8/24 ਦੀ ਮੀਟਿੰਗ ਰੱਦ ਕੀਤੀ ਹੈ ਜਿਸ ਤੋਂ ਜ਼ਾਹਰ ਹੁੰਦਾ ਹੈ ਕਿ ਪੰਜਾਬ ਸਰਕਾਰ ਲਾਰਿਆਂ ਤੇ ਝੂਠੇ ਵਾਅਦਿਆਂ ਦੇ ਸਹਾਰੇ ਸੂਬੇ ਦੀ ਪਬਲਿਕ ਤੇ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਬੇਵਕੂਫ ਬਣਾ ਰਹੀ ਹੈ ਜਿਸ ਤੋਂ ਦੁਖੀ ਆਮ ਪਬਲਿਕ, ਮੁਲਾਜ਼ਮ, ਮਜ਼ਦੂਰ ਤੇ ਪੈਨਸਨਰਜ ਸੜਕਾਂ ਤੇ ਉਤਰਨ ਲਈ ਮਜ਼ਬੂਰ ਹੋ ਗਏ ਹਨ। ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹਰਦੀਪ ਸਿੰਘ ਖਹਿਰਾ, ਹਜ਼ਾਰਾ ਸਿੰਘ, ਮਹਿੰਦਰ ਸਿੰਘ, ਤਰਸੇਮ ਸਿੰਘ, ਬਲਜੀਤ ਸਿੰਘ, ਨਰੇਸ਼ ਕੁਮਾਰ, ਜੋਗਿੰਦਰ ਸਿੰਘ ਸ਼ਾਹਪੁਰ, ਹਰਪਾਲ ਸਿੰਘ, ਕਰਮ ਸਿੰਘ,ਬਲਵਿੰਦਰ ਸਿੰਘ ਚੌਧਰਪੁਰ, ਹਰਭਜਨ ਸਿੰਘ, ਦਵਿੰਦਰ ਸਿੰਘ, ਅਸ਼ੋਕ ਕੁਮਾਰ, ਜਸਵੰਤ ਸਿੰਘ, ਕੁਲਵੰਤ ਸਿੰਘ ਸੱਗੂ, ਕਸ਼ਮੀਰ ਸਿੰਘ, ਸਰੂਪ ਸਿੰਘ, ਸੁਖਦੇਵ ਸਿੰਘ ਸੋਹਲ, ਰਤਨ ਚੰਦ, ਵਜ਼ੀਰ ਸਿੰਘ,ਕੁਲਵੰਤ ਸਿੰਘ ਜੇਈ, ਜਸਬੀਰ ਸਿੰਘ, ਵਰਿੰਦਰ ਸਿੰਘ, ਸਵਰਨ ਮਸੀਹ, ਗੁਰਮੀਤ ਸਿੰਘ, ਦਰਸ਼ਨ ਸਿੰਘ, ਕੁਲਵੰਤ ਸਿੰਘ, ਸੁਖਵਿੰਦਰ ਸਿੰਘ ਸਿੰਦਾ, ਸੱਤਪਾਲ ਸਿੰਘ ਆਦਿ ਪੈਨਸ਼ਨਰ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ '22 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰ ਅਯੋਗ ਕਰਾਰ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**–ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 6 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਪ੍ਰਤੀਨਿਧੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾ ਨਹੀਂ ਕਰਵਾਇਆ ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਹੈ।

ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਸਾਰੇ 6 ਉਮੀਦਵਾਰ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਤ ਹਨ।15 ਜੁਲਾਈ 2024 ਨੂੰ ਭਾਰਤੀ ਚੋਣ ਕਮਿਸ਼ਨ ਵੱਲੋਂ ਕੀਤੇ ਹੁਕਮਾਂ ਰਾਹੀਂ ਬਟਾਲਾ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸੁੱਚਾ ਸਿੰਘ ਨੂੰ ਅਯੋਗ ਕਰਾਰ ਦਿੱਤਾ ਗਿਆ ਹੈ।ਇਸੇ ਤਰ੍ਹਾਂ ਕਾਦੀਆਂ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਪ੍ਰੇਮ ਸਿੰਘ ਅਤੇ ਹਰਦੀਪ ਸਿੰਘ ਨੂੰ ਵੀ ਅਯੋਗ ਐਲਾਨਿਆਂ ਗਿਆ ਹੈ।ਸਿਬਿਨ ਸੀ ਨੇ ਦੱਸਿਆ ਕਿ ਗੁਰਦਾਸਪੁਰ ਵਿਧਾਨ ਸਭਾ ਸੀਟ ਤੋਂ ਉਮੀਦਵਾਰ ਸੰਨੀ, ਕਰਨਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਨੂੰ ਵੀ ਭਾਰਤੀ ਚੋਣ ਕਮਿਸ਼ਨ ਨੇ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਹੈ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ 'ਚ ਪੌਦੇ ਲਗਾ ਕੇ ਕੀਤਾ ਗੁਰੂ ਨਾਨਕ ਬਗੀਚੀ ਦਾ ਸ਼ੁੱਭ ਆਰੰਭ



**ਪਠਾਨਕੋਟ (ਦਵਿੰਦਰ ਸਿੰਘ)**–ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਰੁੱਖ ਲਗਾਓ ਵਾਤਾਵਰਣ ਬਚਾਓ ਮੁਹਿੰਮ ਅਧੀਨ ਬਣਾਈ ਗਈ ਗੁਰੂ ਨਾਨਕ ਬਗੀਚੀ ਦਾ ਸ਼ੁੱਭ ਆਰੰਭ ਕੀਤਾ ਗਿਆ। ਇਸ ਮੌਕੇ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਮੁੱਖ ਮਹਿਮਾਨ ਦੇ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਵਿਭੂਤੀ ਸ਼ਰਮਾ ਚੇਅਰਮੈਨ ਪੰਜਾਬ ਟੂਰਿਜ਼ਮ ਡਿਵੈਲਪਮੈਂਟ ਕਾਰਪੋਰੇਸ਼ਨ (ਪੀਟੀਡੀਸੀ) ਹਲਕਾ ਇੰਚਾਰਜ ਪਠਾਨੋਕਟ, ਸੁਨੀਲ ਗੁਪਤਾ ਚੇਅਰਮੈਨ ਪੈਸਕੋ ਪੰਜਾਬ, ਵਿਕਾਸ ਸੈਣੀ ਚੇਅਰਮੈਨ ਮਾਰਕੀਟ ਕਮੇਟੀ ਪਠਾਨਕੋਟ, ਗੌਤਮ ਮਾਨ ਸਟੇਟ ਜੁਆਇੰਟ ਸਕੱਤਰ ਆਮ ਆਦਮੀ ਪਾਰਟੀ ਪੰਜਾਬ, ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਮੇਜਰ ਡਾ. ਸੁਮਿਤ ਮੁਧ ਐੱਸ. ਡੀ. ਐੱਮ. ਪਠਾਨਕੋਟ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਅਤੇ ਆਮ ਆਦਮੀ ਪਾਰਟੀ ਕਾਰਜਕਰਤਾ ਹਾਜ਼ਰ ਸਨ। ਇਸ ਮੌਕੇ ਆਦਿੱਤਿਆ ਉੱਪਲ ਡੀਸੀ ਪਠਾਨਕੋਟ ਨੇ ਕਿਹਾ ਕਿ ਪੌਦੇ ਲਗਾਉਂਣ ਦੀ ਮੁਹਿੰਮ ਪੂਰੇ ਜ਼ਿਲ੍ਹੇ ਅੰਦਰ ਚਲਾਈ ਜਾ ਰਹੀ ਹੈ। ਇਸ ਸਾਲ ਜੋ ਸਾਡਾ 12 ਲੱਖ ਪੌਦੇ ਲਗਾਉਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਸੀ ਅਸੀਂ ਉਸ ਟੀਚੇ ਦੇ ਕਾਫੀ ਨਜ਼ਦੀਕ ਹਾਂ। ਡਵੀਜ਼ਨ ਪੱਧਰ ਤੇ ਬਲਾਕ ਪੱਧਰ 'ਤੇ ਵੀ ਪੌਦੇ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡਾ ਲਗਾਇਆ ਇੱਕ ਪੌਦਾ ਜਦੋਂ ਪੂਰੀ ਤਰ੍ਹਾਂ ਨਾਲ ਰੁੱਖ ਬਣ ਜਾਵੇਗਾ ਤਾਂ ਆਉਂਣ ਵਾਲੀਆਂ ਪੀੜ੍ਹੀਆਂ ਇਸ ਤੋਂ ਲਾਭ ਪ੍ਰਾਪਤ ਕਰ ਸਕਣਗੀਆਂ। ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਕੁਦਰਤ ਦੀ ਸੰਭਾਲ ਕਰੀਏ ਅਤੇ ਜਿੱਥੇ ਵੀ ਸਾਡੇ ਜਾਣਕਾਰ ਰਹਿੰਦੇ ਹਨ ਉਨ੍ਹਾਂ ਲੋਕਾਂ ਨੂੰ ਵੀ ਪੌਦੇ ਲਗਾਉਣ ਦੇ ਲਈ ਪ੍ਰੇਰਿਤ ਕਰੀਏ।

ਉਨ੍ਹਾਂ ਜ਼ਿਲ੍ਹਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਓ ਸਾਰੇ ਮਿਲ ਕੇ ਵਾਤਾਵਰਣ ਸੁਰੱਖਿਆ ਦੇ ਲਈ ਜ਼ਿਆਦਾ ਤੋਂ ਜ਼ਿਆਦਾ ਪੌਦੇ ਜ਼ਰੂਰ ਲਗਾਈਏ।

# ਰਿਆੜਕੀ ਸਕੂਲ ਤੁਗਲਵਾਲਾ ਵਿਖੇ ਭਗਤ ਪੂਰਨ ਸਿੰਘ ਦੀ ਬਰਸੀ ਸ਼ਰਧਾਪੂਰਵਕ ਮਨਾਈ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**–ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਭਗਤ ਪੂਰਨ ਸਿੰਘ ਜੀ ਦੀ ਬਰਸੀ ਸ਼ਰਧਾਪੂਰਵਕ ਮਨਾਈ। ਇਸ ਸਬੰਧੀ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰ. ਇੰਦਰਜੀਤ ਕੌਰ ਦੇ ਪ੍ਰਬੰਧਾਂ ਵਿੱਚ ਸਮਾਗਮ ਕਰਵਾਇਆ ਗਿਆ। ਇਸ ਮੌਕੇ ਐਕਸਿਸ ਬੈਂਕ ਕਾਦੀਆਂ ਦੇ ਮੈਨੇਜਰ ਦੀਪਤੀ ਅਗਰਵਾਲ ਨੇ ਉਚੇਚੇ ਤੌਰ 'ਤੇ ਹਾਜਰੀ ਭਰੀ। ਇਸ ਮੌਕੇ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਬੱਚਿਆਂ ਨੂੰ ਭਗਤ ਪੂਰਨ ਸਿੰਘ ਜੀ ਦੇ ਜੀਵਨ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਭਗਤ ਜੀ ਭਾਵੇਂ ਸਰੀਰਕ ਤੌਰ ਤੇ ਸਾਡੇ ਵਿੱਚ ਨਹੀਂ ਹਨ ਪਰ ਉਨ੍ਹਾਂ ਦੇ ਪਰਉਪਕਾਰਾਂ ਅਤੇ ਚੰਗੀ ਸ਼ਖਸੀਅਤ ਕਰਕੇ ਉਨ੍ਹਾਂ ਨੂੰ ਰਹਿੰਦੀ ਦੁਨੀਆ ਤੱਕ ਲੋਕ ਯਾਦ ਕਰਦੇ ਰਹਿਣਗੇ ਉਨ੍ਹਾਂ ਕਿਹਾ ਕਿ ਸੰਸਥਾਵਾਂ ਦਾ ਕੰਮ ਅਕਾਦਮਿਕ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਅਧਿਆਤਮਕ ਅਤੇ ਕਿਰਦਾਰ ਨੂੰ ਉੱਚਾ ਚੁੱਕਣ ਵਾਲੀਆਂ ਸ਼ਖਸੀਅਤਾਂ ਬਾਰੇ ਜਾਣੂ ਕਰਵਾਉਣਾ ਵੀ ਹੁੰਦਾ ਹੈ, ਤਾਂ ਜੋ ਵਿਦਿਆਰਥੀ ਵਰਗ ਇਨ੍ਹਾਂ ਸਖਸ਼ੀਅਤਾਂ ਦੇ ਕਿਰਦਾਰ ਤੋਂ ਸਿੱਖਿਆ ਲੈ ਕੇ ਭਵਿੱਖ ਵਿੱਚ ਦੇਸ ਦੇ ਚੰਗੇ ਨਾਗਰਿਕ ਬਣਕੇ ਸਮਾਜ ਦੀ ਸੇਵਾ ਕਰ ਸਕਣ।

ਇਸ ਮੌਕੇ ਵਿਦਿਆਰਥੀਆਂ ਨੇ ਭਗਤ ਪੂਰਨ ਸਿੰਘ ਦੇ ਜੀਵਨ 'ਤੇ ਅਧਾਰਿਤ ਭਾਸ਼ਣ, ਕਵਿਤਾਵਾਂ ਅਤੇ ਗੀਤ ਪੇਸ਼ ਕੀਤੇ। ਸੰਸਥਾ ਦੀ ਹਰ ਜਮਾਤ ਵਲੋਂ ਭਗਤ ਪੂਰਨ ਸਿੰਘ ਜੀ ਨੂੰ ਸਮਰਪਿਤ ਬਹੁਤ ਹੀ ਸੁੰਦਰ ਲਿਖਾਈ ਵਿੱਚ ਹੱਥ ਲਿਖਤ ਮੈਗਜ਼ੀਨ ਤੇ ਪੇਂਟਿੰਗਾਂ ਵੀ ਬਣਾਈਆਂ ਗਈਆਂ। ਵਾਲ ਮੈਗਜੀਨ ਅਤੇ ਹੱਥ ਲਿਖਤ ਬੋਰਡ ਭਗਤ ਜੀ ਦੀ ਜੀਵਨੀ ਅਤੇ ਪਰਉਪਕਾਰਾਂ ਨੂੰ ਬੜੇ ਹੀ ਸੁਚੱਜੇ ਢੰਗ ਨਾਲ ਦਰਸਾ ਰਹੇ ਸਨ। ਸਮਾਗਮ ਦੇ ਅੰਤ ਵਿੱਚ ਡਾਇਰੈਕਟਰ ਮਨਪ੍ਰੀਤ ਕੌਰ ਅਤੇ ਪ੍ਰਿੰ. ਇੰਦਰਜੀਤ ਕੌਰ ਵੱਲੋਂ ਸ਼ਾਨਦਾਰ ਕਾਰਗੁਜਾਰੀ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ।

# ਲੋਕਾਂ ਨੂੰ ਘਰ ਬੈਠੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦਾ ਉਪਰਾਲਾ ਸ਼ਲਾਘਾਯੋਗ : ਸੇਖਵਾਂ

## * ਹੈਲਪ ਲਾਈਨ ਨੰਬਰ 1076 'ਤੇ ਕਾਲ ਕਰਕੇ ਲੋਕ ਘਰ ਬੈਠੇ ਲੈ ਰਹੇ ਹਨ ਸੇਵਾਵਾਂ ਦਾ ਲਾਭ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**–ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਜਾ ਕੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦਾ ਫ਼ੈਸਲਾ ਬੇਹੱਦ ਸ਼ਲਾਘਾਯੋਗ ਹੈ ਅਤੇ ਇਸ ਦਾ ਆਮ ਜਨਤਾ ਨੂੰ ਭਰਪੂਰ ਫ਼ਾਇਦਾ ਹੋ ਰਿਹਾ ਹੈ।ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ 43 ਸਰਕਾਰੀ ਸੇਵਾਵਾਂ ਘਰ ਬੈਠੇ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਜੋ ਕਿ ਆਪਣੇ ਆਪ ਵਿੱਚ ਮਿਸਾਲ ਹਨ ।ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਨ੍ਹਾਂ ਸੇਵਾਵਾਂ ਵਿੱਚ ਜਨਮ/ਐਨ.ਏ.ਸੀ. ਸਰਟੀਫਿਕੇਟ, ਜਨਮ ਸਰਟੀਫਿਕੇਟ ਵਿੱਚ ਨਾਮ ਜੋੜਨਾ, ਮੌਤ ਸਰਟੀਫਿਕੇਟ ਦੀਆਂ ਕਾਪੀਆਂ, ਜਨਮ ਸਰਟੀਫਿਕੇਟ ਵਿੱਚ ਐਂਟਰੀ ਵਿੱਚ ਸੋਧ, ਮੌਤ/ਐਨ.ਏ.ਸੀ. ਸਰਟੀਫਿਕੇਟ ਜਾਰੀ ਕਰਨਾ, ਜਨਮ ਸਰਟੀਫਿਕੇਟ ਦੀਆਂ ਕਈ ਕਾਪੀਆਂ, ਜਨਮ ਸਰਟੀਫਿਕੇਟ ਦੀ ਦੇਰੀ ਨਾਲ ਰਜਿਸਟ੍ਰੇਸ਼ਨ, ਮੌਤ ਸਰਟੀਫਿਕੇਟ ਦੀ ਦੇਰੀ ਨਾਲ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ (ਸਿਹਤ) ਵਿੱਚ ਸੋਧ, ਆਮਦਨ ਦਾ ਸਰਟੀਫਿਕੇਟ, ਹਲਫ਼ੀਆ ਬਿਆਨ ਤਸਦੀਕ ਕਰਨਾ, ਮਾਲ ਰਿਕਾਰਡ ਦੀ ਜਾਂਚ, ਰਜਿਸਟਰਡ ਅਤੇ ਗੈਰ-ਰਜਿਸਟਰਡ ਦਸਤਾਵੇਜ਼ਾਂ ਦੀਆਂ ਪ੍ਰਮਾਣਿਤ ਕਾਪੀਆਂ (ਨਕਲ ਪ੍ਰਦਾਨ ਕਰਨਾ), ਭਾਰ-ਮੁਕਤ ਸਰਟੀਫਿਕੇਟ, ਗਿਰਵੀਨਾਮੇ ਦੀ ਇਕੁਇਟੀ ਐਂਟਰੀ, ਫ਼ਰਦ ਤਿਆਰ ਕਰਨ, ਦਸਤਾਵੇਜ਼ਾਂ ਦੇ ਕਾਊਂਟਰ ਸਾਈਨ, ਮੁਆਵਜ਼ੇ ਸਬੰਧੀ ਬਾਂਡ, ਬਾਰਡਰ ਏਰੀਏ ਸਬੰਧੀ ਸਰਟੀਫਿਕੇਟ, ਬੈਕਵਰਡ ਏਰੀਆ ਸਰਟੀਫਿਕੇਟ, ਜ਼ਮੀਨ ਦੀ ਹੱਦਬੰਦੀ, ਐਨ.ਆਰ.ਆਈ. ਦੇ ਦਸਤਾਵੇਜ਼ਾਂ ਦੇ ਕਾਊਂਟਰ ਸਾਈਨ, ਪੁਲਿਸ ਕਲੀਅਰੈਂਸ ਸਰਟੀਫਿਕੇਟ ਅਤੇ ਕੰਢੀ ਖੇਤਰ ਸਰਟੀਫਿਕੇਟ (ਮਾਲ) ਦੇ ਕਾਊਂਟਰ ਸਾਈਨ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫ਼ਾ, ਉਸਾਰੀ ਕਾਮੇ ਦੀ ਰਜਿਸਟ੍ਰੇਸ਼ਨ ਅਤੇ ਉਸਾਰੀ ਮਜ਼ਦੂਰ (ਲੇਬਰ) ਦੀ ਰਜਿਸਟ੍ਰੇਸ਼ਨ ਦਾ ਨਵੀਨੀਕਰਨ, ਰਿਹਾਇਸ਼ੀ ਸਰਟੀਫਿਕੇਟ (ਪ੍ਰਸੋਨਲ), ਅਨੁਸੂਚਿਤ ਜਾਤੀ ਸਰਟੀਫਿਕੇਟ ਅਤੇ ਬੀ.ਸੀ. ਸਰਟੀਫਿਕੇਟ, ਜਨਰਲ ਜਾਤੀ ਸਰਟੀਫਿਕੇਟ, ਹੋਰ ਪਛੜੀ ਸ਼੍ਰੇਣੀਆਂ ਸਬੰਧੀ ਸਰਟੀਫਿਕੇਟ (ਓ.ਬੀ.ਸੀ.), ਆਮਦਨ ਅਤੇ ਸੰਪਤੀ ਦਾ ਸਰਟੀਫਿਕੇਟ (ਈ.ਡਬਲਿਊ.ਐੱਸ.) ਅਤੇ ਸ਼ਗਨ ਸਕੀਮ (ਕੇਸ ਨੂੰ ਮਨਜ਼ੂਰੀ ਲਈ) (ਸਮਾਜਿਕ ਨਿਆਂ), ਬਜ਼ੁਰਗਾਂ ਨੂੰ ਪੈਨਸ਼ਨ, ਵਿਧਵਾ/ਬੇਸਹਾਰਾ ਨਾਗਰਿਕਾਂ ਨੂੰ ਪੈਨਸ਼ਨ, ਅਪਾਹਜ ਨਾਗਰਿਕਾਂ ਨੂੰ ਪੈਨਸ਼ਨ, ਅਪੰਗਤਾ ਸਰਟੀਫਿਕੇਟ ਯੂ.ਡੀ.ਆਈ.ਡੀ. ਕਾਰਡ ਲਈ ਅਰਜ਼ੀ ਅਤੇ ਨਿਰਭਰ ਬੱਚਿਆਂ ਲਈ ਪੈਨਸ਼ਨ (ਸਮਾਜਿਕ ਸੁਰੱਖਿਆ), ਬਿਜਲੀ ਦੇ ਬਿੱਲ ਦਾ ਭੁਗਤਾਨ (ਪਾਵਰ), ਵਿਆਹ ਦੀ ਰਜਿਸਟ੍ਰੇਸ਼ਨ (ਲਾਜ਼ਮੀ), ਵਿਆਹ (ਅਨੰਦ) (ਘਰ) ਦੀ ਰਜਿਸਟ੍ਰੇਸ਼ਨ ਅਤੇ ਪੇਂਡੂ ਖੇਤਰ ਦਾ ਸਰਟੀਫਿਕੇਟ (ਪੇਂਡੂ) ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਨਾਗਰਿਕ ਇੱਕ ਸਮਰਪਿਤ ਹੈਲਪ ਲਾਈਨ ਨੰਬਰ 1076 'ਤੇ ਕਾਲ ਕਰਕੇ ਆਪਣੀ ਸਹੂਲਤ ਅਨੁਸਾਰ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ।

# ਤ੍ਰੈ-ਮਾਸਿਕ ਸਾਹਿਤ-ਪੱਤ੍ਰਿਕਾ ਮਕਰੰਦ ਦੇ ਪੰਜਵੇਂ ਅੰਕ 'ਤੇ ਹੋਈ ਵਿਚਾਰ-ਚਰਚਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**–ਮਨੁੱਖੀ ਚੇਤਨਾ ਨੂੰ ਵਿਭਿੰਨ ਪ੍ਰਵਚਨਾਂ ਰਾਹੀਂ ਵਿਸ਼ੇਸ਼ ਸਾਂਚਿਆਂ ਵਿੱਚ ਢਾਲਣ ਦਾ ਵਰਤਾਰਾ ਆਮ ਹੋ ਰਿਹਾ ਹੈ।ਅਜਿਹੇ ਯਤਨ ਸ਼ਕਤੀਸ਼ਾਲੀ ਵਿਚਾਰਧਾਰਾਵਾਂ ਦੇ ਆਪਸੀ ਸੰਘਰਸ਼ ਨੂੰ ਵੀ ਪੇਸ਼ ਕਰਦੇ ਹਨ।ਅਜਿਹੇ ਦੌਰ ਵਿੱਚ ਸੁਤੰਤਰ ਮਨੁੱਖ ਵਜੋਂ ਸੋਚਣਾ ਅਤੇ ਜੀਵਨ ਦੇ ਨਵੇਂ ਆਯਾਮਾਂ ਨੂੰ ਸਿਰਜਣਾ ਜਾਂ ਲੱਭਣਾ ਹੋਰ ਵੀ ਔਖਾ ਕਾਰਜ ਬਣ ਗਿਆ ਹੈ।ਅਜਿਹੇ ਸਮੇਂ ਵਿੱਚ ਜੀਵਨ ਨੂੰ ਵਿਸ਼ਵ ਪੱਧਰ ਦੀ ਕਲਾ ਅਤੇ ਚਿੰਤਨ ਨਾਲ ਜੋੜ ਅਜਿਹੇ ਅਨੁਭਵਾਂ ਨਾਲ ਜੋੜਿਆ ਜਾ ਸਕਦਾ ਹੈ, ਜਿਸ ਰਾਹੀਂ ਮਨੁੱਖਤਾ ਆਪਣੇ ਮੌਲਣ ਨੂੰ ਮੁੜ ਜੀਵੰਤ ਕਰ ਸਕੇ।ਮਕਰੰਦ ਅਜਿਹੀ ਸੰਭਾਵਨਾਵਾਂ ਲਈ ਆਸ ਦੀ ਕਿਰਨ ਹੈ, ਜਿਸ ਰਾਹੀਂ ਅਜਿਹੇ ਟੀਚੇ ਹਾਸਿਲ ਕੀਤੇ ਜਾ ਸਕਦੇ ਹਨ।ਇਨ੍ਹਾਂ ਸ਼ਬਦਾਂ ਨਾਲ ਤ੍ਰੈ-ਮਾਸਿਕੀ ਸਾਹਿਤ-ਪੱਤ੍ਰਿਕਾ ਮਕਰੰਦ ਦੇ ਮੁੱਖ ਸੰਪਾਦਕ ਅਮਨਦੀਪ ਸਿੰਘ ਨੇ ਮਕਰੰਦ ਦੇ ਪੰਜਵੇ ਅੰਕ 'ਤੇ ਹੋਈ ਵਿਸ਼ੇਸ਼ ਵਿਚਾਰ-ਚਰਚਾ ਦਾ ਆਗਾਜ਼ ਕੀਤਾ। ਅੱਜ ਦੀ ਇਸ ਵਿਚਾਰ-ਚਰਚਾ ਦਾ ਆਯੋਜਨ ਸੰਸਥਾ ਨਾਦ ਪ੍ਰਗਾਸੁ ਸ੍ਰੀ ਅੰਮ੍ਰਿਤਸਰ ਦੇ ਮੁੱਖ ਦਫ਼ਤਰ ਵਿਖੇ ਆਨਲਾਈਨ ਮਾਧਿਅਮ ਰਾਹੀਂ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਖੇਤਰਾਂ ਨਾਲ ਸੰਬੰਧਿਤ ਹਸਤੀਆਂ, ਕਲਾਕਾਰਾਂ, ਚਿੰਤਕਾਂ, ਲੇਖਕਾਂ ਅਤੇ ਖੋਜਾਰਥੀਆਂ ਨੇ ਭਾਗ ਲਿਆ।ਆਯੋਜਨ ਦੀ ਸ਼ੁਰੂਆਤ ਮਕਰੰਦ ਦੇ ਪਹਿਲੇ ਪਤਰੇ 'ਤੇ ਛੱਪੇ ਪ੍ਰਸਿਧ ਰੱਹਸਵਾਦੀ ਫ੍ਰੀਟਜੋ ਸ਼ੂਨ ਰਚਿਤ ਦ ਬੁੱਧਿਸਟ ਆਰਟ 'ਤੇ ਚਰਚਾ ਰਾਹੀਂ ਹੋਈ।ਆਈ. ਸੀ. ਐੱਸ. ਐੱਸ. ਆਰ. ਭੋਪਾਲ ਤੋਂ ਆਏ ਖੋਜਾਰਥੀ ਮੁਹੰਮਦ ਅਸਦ ਖਾਨ ਨੇ ਆਪਣਾ ਪਰਚਾ ਪ੍ਰਾਚੀਨ ਈਸਾਈ ਚਿੰਤਕ ਡਾਇਨੋਸਿਸ ਰਚਿਤ ਲੇਖ ਦੇ ਡੀਵਾਈਨ ਡਾਰਕਨੈਸ 'ਤੇ ਪੜ੍ਹਿਆ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਧਰਮ-ਅਧਿਐਨਾਂ ਨਾਲ ਸੰਬੰਧਤ ਹਲਕਿਆਂ ਨੂੰ ਅਧਿਆਤਮਿਕ ਸਿਆਹਤਾ ਬਾਰੇ ਨਿੱਠ ਕੇ ਖੋਜ ਕਰਨੀ ਚਾਹੀਦੀ ਹੈ।

ਜੰਮੂ-ਕਸ਼ਮੀਰ ਤੋਂ ਜੁੜੇ ਖੋਜਾਰਥੀਆਂ ਵਿੱਚ ਲਵਲੀਨ ਕੌਰ ਅਮਰ ਸਿੰਘ ਕਾਲਜ ਨੇ ਪ੍ਰਸਿਧ ਸਾਹਿਤ ਚਿੰਤਕ ਰੋਲਾਂ ਬਾਰਥ ਰਚਿਤ ਲੇਖ ਵਟ ਇਸ ਸਪੋਰਟ 'ਤੇ ਆਪਣੇ ਵਿਚਾਰ ਪੇਸ਼ ਕੀਤੇ।ਅੰਤ ਵਿੱਚ ਧੰਨਵਾਦੀ ਸ਼ਬਦਾਂ ਦੀ ਸਾਂਝ ਲਖਵੀਰ ਸਿੰਘ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਨਵੀਂ ਦਿੱਲੀ ਨੇ ਪਾਈ।ਉਨ੍ਹਾਂ ਇਸ ਸੈਸ਼ਨ ਵਿੱਚ ਸ਼ਾਮਿਲ ਕਲਾਕਾਰਾਂ, ਚਿੰਤਕਾਂ ਦੇ ਨਾਲ ਹੀ ਵੱਖ-ਵੱਖ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ, ਖੋਜਾਰਥੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਮਕਰੰਦ ਵਿਦਿਆਰਥੀਆਂ ਨੂੰ ਵਿਸ਼ਵ ਸਾਹਿਤ ਨਾਲ ਜੋੜਣ ਦਾ ਕਲਾਤਮਕ ਜ਼ਰੀਆ ਹੈ।ਇਹ ਕਲਾਸਕੀ ਸਾਹਿਤ ਅਤੇ ਗਿਆਨ ਦੀ ਪੜ੍ਹਤ ਦਾ ਪ੍ਰਤੀਨਿਧੀਤਵ ਕਰਦਾ ਹੈ।ਮੰਚ ਦਾ ਸੰਚਾਲਨ ਡਾ. ਅੰਕਿਤਾ ਸੇਠੀ ਨੇ ਕੀਤਾ।

# ਪਾਲਤੂ ਜਾਨਵਰਾਂ ਨੂੰ ਹਲਕਾਅ ਤੋਂ ਬਚਾਉਣ ਲਈ ਮੁਫ਼ਤ ਟੀਕਾਕਰਨ ਕੈਂਪ ਜਾਰੀ



**ਦੀਨਾਨਗਰ (ਸੰਜੀਵ)**– ਦੀਨਾਨਗਰ ਦੇ ਵੈਟਰੀਸਿਟੀ ਦੇ ਡਾ. ਅਰਨਵ ਕੁਮਾਰ ਨੇ ਜਾਣਕਾਰੀ ਸਾਂਝੀ ਕੀਤੀ ਕਿ 1 ਅਗਸਤ ਤੋਂ ਸਾਡਾ ਪਾਲਤੂ ਜਾਨਵਰਾਂ ਨੂੰ ਹਲਕਾਅ ਤੋਂ ਬਚਾਉਣ ਵਾਸਤੇ ਫ੍ਰੀ ਕੈਂਪ ਦੀਨਾਨਗਰ ਵਿਖੇ ਏ. ਐੱਸ. ਗਾਰਡਨ ਦੇ ਸਾਹਮਣੇ ਵੈਟਰੀਸਿਟੀ ਵਿੱਚ ਚੱਲ ਰਿਹਾ ਹੈ, ਜਿਹੜਾ ਕਿ 18 ਅਗਸਤ ਤੱਕ ਚੱਲੇਗਾ।

ਇਸ ਕੈਂਪ ਵਿੱਚ ਅਸੀਂ ਪਾਲਤੂ ਜਾਨਵਰਾਂ ਦਾ ਕਈ ਤਰ੍ਹਾਂ ਦਾ ਉਪਚਾਰ ਕਰਾਂਗੇ, ਜਿਸ ਵਿੱਚ ਤੁਸੀਂ ਆਪਣੇ ਪਾਲਤੂ ਜਾਨਵਰਾਂ ਦੇ ਹਲਕਾਅ ਤੋਂ ਬਚਣ ਦੇ ਟੀਕੇ, ਕੀੜਿਆਂ ਦੀ ਦਵਾਈ, ਖਾਣ-ਪੀਣ ਦੀ ਜਾਣਕਾਰੀ, ਸਰੀਰਕ ਜਾਂਚ, ਪੈੱਟ ਦੀ ਨਹੁੰਆਂ ਦੀ ਕਟਾਈ ਆਦਿ ਬਿਨਾਂ ਪੈਸੇ ਤੋਂ ਹੋਵੇਗੀ। ਡਾ. ਅਰਨਵ ਨੇ ਕਿਹਾ ਕਿ ਅਜਿਹੇ ਕੈਂਪ ਅਸੀਂ ਲੋਕ ਭਲਾਈ ਲਈ ਲਗਾਉਂਦੇ ਹੀ ਰਹਿੰਦੇ ਹਾਂ ਤਾਂ ਜੋ ਗਰੀਬ ਲੋਕ ਵੀ ਇਸ ਕੈਂਪ ਦਾ ਲਾਹਾ ਲੈ ਸਕਣ।

# ਜ਼ੋਨਲ ਖੇਡਾਂ 'ਚ ਰਿਆੜਕੀ ਸਕੂਲ ਤੁਗਲਵਾਲਾ ਦੀਆਂ ਵਿਦਿਆਰਥਣਾਂ ਨੇ ਜਿੱਤੇ ਸੋਨ ਤਮਗੇ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**– ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੀਆਂ ਵਿਦਿਆਰਥਣਾ ਨੇ ਖੇਡ ਵਿਭਾਗ ਗੁਰਦਾਸਪੁਰ ਦੁਆਰਾ ਕਰਵਾਈਆਂ ਜਾ ਰਹੀਆਂ ਜ਼ੋਨਲ ਖੇਡਾਂ ਵਿੱਚ ਲੜਕੀਆਂ ਦੇ ਖੋ-ਖੋ ਅੰਡਰ 17 ਅਤੇ 19 ਕੈਟੇਗਰੀ ਵਿੱਚ ਗੋਲਡ ਮੈਡਲ ਜਿੱਤ ਕੇ ਆਪਣੀ ਸੰਸਥਾ, ਮਾਤਾ- ਪਿਤਾ, ਕੋਚ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ। ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਭਗਤ ਪੂਰਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਟਰ ਕਲਾਂ ਵਿਖੇ ਕਰਵਾਈਆਂ ਗਈਆਂ ਜ਼ੋਨਲ ਖੇਡਾਂ ਵਿੱਚ ਉਨ੍ਹਾਂ ਦੀ ਸੰਸਥਾ ਦੀਆਂ ਟੀਮਾਂ ਨੇ ਖੇਡ ਵਿਭਾਗ ਦੇ ਮੁਖੀ ਜਤਿੰਦਰ ਕੁਮਾਰ ਅਤੇ ਡੀਪੀ ਰਾਜਵਿੰਦਰ ਕੌਰ ਦੀ ਯੋਗ ਅਗਵਾਈ ਹੇਠ ਹਿੱਸਾ ਲੈ ਕੇ ਖੋ-ਖੋ ਦੇ ਅੰਡਰ-17 ਮੁਕਾਬਲੇ ਵਿੱਚੋਂ ਰਿਆੜਕੀ ਪਬਲਿਕ ਸਕੂਲ ਦੀ ਟੀਮ ਵਿੱਚ ਵਿਸਾਲੀ (ਕੈਪਟਨ), ਰਸਲੀਨ ਕੌਰ, ਏਕਮਪ੍ਰੀਤ ਕੌਰ, ਜਸਨੀਤ ਕੌਰ, ਸੁਭਨੀਤ ਕੌਰ, ਨਵਰੋਜਪ੍ਰੀਤ ਕੌਰ, ਨਾਜਮੀਤ ਕੌਰ, ਮਨਕੀਰਤ ਕੌਰ, ਸੁਖਮਨਪ੍ਰੀਤ ਕੌਰ, ਹਰਲੀਨ ਕੌਰ ,ਜਸਮੀਤ ਕੌਰ ਅਤੇ ਮਨਪ੍ਰੀਤ ਕੌਰ ਨੇ ਸ਼ਨਦਾਰ ਪ੍ਰਦਰਸਨ ਕਰਕੇ ਗੋਲਡ ਮੈਡਲ ਜਿੱਤਿਆ ਹੈ। ਅੰਡਰ 19 ਵਿੱਚੋਂ ਸਕੂਲ ਟੀਮ ਵਿੱਚ ਸੁਖਮੀਤ ਕੌਰ(ਕੈਪਟਨ),ਲਵਨੀਤ ਕੌਰ, ਮਹਿਕਪ੍ਰੀਤ ਕੌਰ, ਗੁਰਸਹਿਜਦੀਪ ਕੌਰ, ਗੁਰਲੀਨ ਕੌਰ, ਰਾਜਬੀਰ ਕੌਰ, ਮਨਜੋਤ ਕੌਰ, ਐਸਮੀਤ ਕੌਰ, ਜਗਬੀਰ ਕੌਰ, ਸੁਖਮੀਤ ਕੌਰ, ਗਗਨਦੀਪ ਕੌਰ ਅਤੇ ਜਸਮੀਤ ਕੌਰ ਨੇ ਮੈਚ ਨੂੰ ਚਾਰ ਚੰਨ ਲਾ ਕੇ ਗੋਲਡ ਮੈਡਲ ਤੇ ਕਬਜਾ ਕੀਤਾ ਹੈ। ਜੇਤੂ ਖਿਡਾਰਨਾਂ ਦਾ ਸਕੂਲ ਪਹੁੰਚਣ ਤੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ।

ਇਸ ਸ਼ਾਲਦਾਰ ਪ੍ਰਾਪਤੀ 'ਤੇ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਬੱਚਿਆਂ ਅਤੇ ਉਨਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਨੂੰ ਇਸ ਵਧਾਈ ਦਿੱਤੀ ਅਤੇ ਸਮੂਹ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਪ੍ਰਤੀ ਵੀ ਵਧੇਰੇ ਦਿਲਚਸਪੀ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ, ਪ੍ਰਿੰ. ਇੰਦਰਜੀਤ ਕੌਰ, ਕੋਆਰਡੀਨੇਟਰ ਹਰਕਿੰਦਰਬੀਰ ਸਿੰਘ, ਸੁਰਜੀਤ ਕੌਰ, ਸੁਮਨਦੀਪ ਕੌਰ, ਪਵਨਦੀਪ ਕੌਰ, ਬਲਜੀਤ ਕੌਰ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਬੰਦੀਛੋੜ ਭਗਤੀ ਮੁਕਤੀ ਟਰੱਸਟ ਨੇ ਮਿਥਿਆ ਇੱਕ ਲੱਖ ਪੌਦੇ ਲਗਾਉਣ ਦਾ ਟੀਚਾ



**ਮਜੀਠਾ (ਸੋਇਮ ਆਨੰਦ)**– ਪੰਜਾਬ ਸਰਕਾਰ ਵੱਲੋਂ ਚਲਾਈ ਗਈ ਹਰਿਆਲੀ ਉਤਸਵ ਮੁਹਿੰਮ ਨੂੰ ਅੱਗੇ ਵਧਾਉਣ ਲਈ ਆਪਣਾ ਯੋਗਦਾਨ ਪਾਉਦੇ ਹੋਏ ਬੰਦੀਛੋੜ ਭਗਤੀ ਮੁਕਤੀ ਟਰੱਸਟ ਪੰਜਾਬ ਨੇ 22 ਜ਼ਿਲਿਆਂ ਵਿਚ ਪੌਦੇ ਲਗਾਉਣ ਦਾ ਮਹਾਂ ਅਭਿਆਨ ਸ਼ੁਰੂ ਕੀਤਾ ਹੈ।ਇਸ ਸਿਲਸਿਲੇ ਤਹਿਤ ਟਰੱਸਟ ਵੱਲੋਂ ਬਲਾਕ ਮਜੀਠਾ ਅਧੀਨ ਪਿੰਡ ਅਜਾਇਬਵਾਲੀ ਨੇੜੇ ਰੇਲਵੇ ਲਾਈਨ ਦੇ ਨਾਲ ਨਾਲ ਕਰੀਬ 1500 ਪੌਦੇ ਲਗਾਏ ਗਏ।ਇਸ ਮੌਕੇ ਟਰੱਸਟ ਦੇ ਕੋਆਰਡੀਨੇਟਰ ਨਰੇਸ਼ ਕੌਸ਼ਿਕ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਅਭਿਆਨ ਦੀ ਅਗਵਾਈ ਸੰਤ ਰਾਮਪਾਲ ਮਹਾਰਾਜ ਕਰ ਰਹੇ ਹਨ ਅਤੇ ਟਰੱਸਟ ਦਾ ਇਹ ਮੰਤਵ ਹੈ ਕਿ ਪੌਦੇ ਲਗਾ ਕੇ ਵਾਤਾਵਰਣ ਨੂੰ ਸਾਫ ਸੁਥਰਾ ਰਖਿਆ ਜਾਵੇ ਅਤੇ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਡਿੱਗ ਰਹੇ ਪੱਧਰ ਨੂੰ ਬਚਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਟਰੱਸਟ ਦਾ ਟੀਚਾ ਪੰਜਾਬ ਭਰ ਵਿਚ ਕਰੀਬ ਇੱਕ ਲੱਖ ਪੌਦੇ ਲਗਾਉਣ ਦਾ ਹੈ ਜਿਸ ਵਿਚੋਂ ਕਰੀਬ 50 ਹਜ਼ਾਰ ਪੌਦੇ ਲੱਗ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਇਸ ਮੰਤਵ ਵਾਸਤੇ ਟਰੱਸਟ ਵੱਲੋਂ ਸੂਬੇ ਦੇ ਵੱਖ-ਵੱਖ ਸਕੂਲਾਂ, ਕਾਲਜ਼ਾਂ ਅਤੇ ਵੱਸੋਂ ਵਾਲੇ ਇਲਾਕਿਆਂ ਵਿਚ ਜਾ ਕੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ ਜਿਸ 'ਤੇ ਉਨ੍ਹਾਂ ਨੂੰ ਲੋਕਾਂ ਵੱਲੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ।ਇਸ ਮੌਕੇ ਟਰੱਸਟ ਦੇ ਮੈਂਬਰਾਂ ਦੇ ਨਾਲ ਇਲਾਕੇ ਭਰ ਵਿੱਚੋਂ ਭਾਰੀ ਗਿਣਤੀ ਵਿਚ ਸੰਗਤ ਵੀ ਹਾਜ਼ਰ ਸੀ।

# ਕਾਨੂੰਗੋ ਮੇਜਰ ਸਿੰਘ ਭੋਮਾ ਦੀ ਸੇਵਾ-ਮੁਕਤੀ 'ਤੇ ਵਿਦਾਇਗੀ ਸਮਾਗਮ



**ਮਜੀਠਾ (ਸੋਇਮ ਆਨੰਦ)**– ਤਹਿਸੀਲ ਮਜੀਠਾ ਵਿਖੇ ਬਤੌਰ ਕਾਨੂੰਗੋ ਸੇਵਾਵਾਂ ਨਿਭਾਅ ਰਹੇ ਮੇਜਰ ਸਿੰਘ ਭੋਮਾ ਜਿਹੜੇ ਕਿ ਆਪਣੀ 58 ਸਾਲ ਦੀ ਉਮਰ ਪੂਰੀ ਹੋਣ 'ਤੇ ਆਪਣੀ ਡਿਊਟੀ ਤੋਂ ਸੇਵਾ ਮੁਕਤ ਹੋ ਗਏ ਹਨ, ਦੀ ਸੇਵਾ ਮੁਕਤੀ 'ਤੇ 'ਦਿ ਰੈਵੀਨਿਊ ਪਟਵਾਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਪਟਵਾਰੀ, ਕਾਨੂੰਗੋ ਅਤੇ ਮਜੀਠਾ ਦਫਤਰ ਦੇ ਸਮੂਹ ਸਟਾਫ ਮੈਂਬਰਾਂ ਵਲੋਂ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਸੂਬਾ ਪ੍ਰਧਾਨ ਹਰਵੀਰ ਸਿੰਘ ਢੀਂਡਸਾ, ਸੂਬਾ ਖਜਾਨਚੀ ਬਲਰਾਜ ਸਿੰਘ ਅਤੇ ਦੀਦਾਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਮੇਜਰ ਸਿੰਘ ਨੂੰ ਸਾਥੀ ਕਰਮਚਾਰੀਆਂ ਨੇ ਕੀਮਤੀ ਤੋਹਫੇ ਦੇ ਕੇ ਸਨਮਾਨਿਤ ਕੀਤਾ ਅਤੇ ਚੰਗੀ ਸਿਹਤ ਅਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਪਾਲ ਸਿੰਘ ਜ਼ਿਲ੍ਹਾ ਪ੍ਰਧਾਨ, ਜਸਪਾਲ ਸਿੰਘ ਜਿਲ੍ਹਾ ਨੁਮਾਇੰਦਾ, ਜਸਵਿੰਦਰ ਸਿੰਘ ਜਨਰਲ ਸਕੱਤਰ, ਗੁਰਨਾਮ ਸਿੰਘ ਖਜ਼ਾਨਚੀ, ਚਾਨਣ ਸਿੰਘ ਖਹਿਰਾ, ਰਣਜੀਤ ਸਿੰਘ ਮਜੀਠਾ, ਨਰਿੰਦਰ ਕੁਮਾਰ ਮਜੀਠਾ ਕਾੱਨਗੋ, ਜਸਵਿੰਦਰ ਸਿੰਘ ਬੇਦੀ, ਕਵਲਅਵਤਾਰ ਸਿੰਘ, ਅਵਤਾਰ ਸਿੰਘ, ਮਨਬੀਰ ਸਿੰਘ ਮੱਲ੍ਹੀ ਆਦਿ ਹਾਜ਼ਰ ਸਨ।

# ਵਣ-ਮਹਾਂਉਤਸਵ ਮਨਾਉਂਦਿਆਂ ਈ ਟੀ ਓ ਨੇ ਲਗਾਏ ਬੂਟੇ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**–ਪੰਜਾਬ ਸਰਕਾਰ ਵੱਲੋਂ ਮਨਾਏ ਗਏ ਰਾਜ ਪੱਧਰੀ ਵਣ-ਮਹਾਂਉਤਸਵ ਦੇ ਮੌਕੇ ਹਰਭਜਨ ਸਿੰਘ ਈਟੀਓ ਨੇ ਆਪਣੇ ਹਲਕੇ ਵਿੱਚ ਲੋਕਾਂ ਨਾਲ ਮਿਲ ਕੇ ਜਨਤਕ ਸਥਾਨਾਂ ਉਤੇ ਬੂਟੇ ਲਗਾਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ।

ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਆਸ ਵਿਖੇ ਬੂਟੇ ਲਗਾ ਕੇ ਵਣ-ਮਹਾਂਉਤਸਵ ਮਨਾਇਆ ਅਤੇ ਬੱਚਿਆਂ ਤੇ ਅਧਿਆਪਕਾਂ ਨੂੰ ਨਾਲ ਲੈ ਕੇ ਬੂਟੇ ਲਗਾਏ। ਉਨ੍ਹਾਂ ਨੇ ਇਸ ਮੌਕੇ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਅਤੇ ਆਪਣੀਆਂ ਆਉਣ ਵਾਲੀਆਂ ਨਸਲਾਂ ਨੂੰ ਸ਼ੁੱਧ ਵਾਤਾਵਰਨ ਦੇਣ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਆ।

ਉਨ੍ਹਾਂ ਕਿਹਾ ਕਿ ਸਾਡੀ ਕੋਸ਼ਿਸ਼ ਪੰਜਾਬ ਵਿੱਚ ਆਉਂਦੇ ਸਾਲਾਂ ਤੱਕ ਵਾਤਾਵਰਣ ਦੀ ਇਸ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਦੀ ਹੈ ਅਤੇ ਪ੍ਰਦੂਸ਼ਣ ਘੱਟ ਕਰਨ ਲਈ ਵੱਧ ਤੋਂ ਵੱਧ ਬੂਟੇ ਲਗਾ ਰਹੇ ਹਾਂ।

ਸੋ ਅਸੀਂ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਲੋਕ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਉਨ੍ਹਾਂ ਦੀ ਸਾਂਭ ਸੰਭਾਲ ਕਰਨ।

# ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਨੇ 9 ਦੇ ਰੋਸ ਮੁਜ਼ਾਹਰੇ ਨੂੰ ਲੈ ਕੇ ਤਿਆਰੀ ਮੀਟਿੰਗ ਕੀਤੀ



**ਪਠਾਨਕੋਟ (ਦਵਿੰਦਰ ਸਿੰਘ)**–ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 9 ਅਗਸਤ ਨੂੰ ਕਾਰਪੋਰੇਟ ਭਜਾਓ ਖੇਤੀ ਬਚਾਓ ਨਾਹਰੇ ਤਹਿਤ ਹੋਣ ਵਾਲੇ ਮੁਜ਼ਾਹਰੇ ਦੀ ਤਿਆਰੀ ਲਈ ਪਠਾਨਕੋਟ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਬਾਰਠ ਸਾਹਿਬ ਗੁਰਦੁਆਰਾ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਕੇਵਲ ਸਿੰਘ ਕੰਗ ਨੇ ਕੀਤੀ।

ਮੀਟਿੰਗ ਵਿੱਚ ਜਮਹੂਰੀ ਕਿਸਾਨ ਸਭਾ ਵੱਲੋਂ ਬਲਦੇਵ ਰਾਜ, ਬਲਵੰਤ ਘੋਹ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਪਰਸੋਤਮ ਕੁਮਾਰ, ਕੇਵਲ ਕ੍ਰਿਸਨ, ਕਿਰਤੀ ਕਿਸਾਨ ਯੂਨੀਅਨ ਪਰਮਜੀਤ ਸਿੰਘ, ਹਰਬੰਸ ਲਾਲ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਜੋਗਾ ਸਿੰਘ, ਗੁਰਨਾਮ ਸਿੰਘ ਛੀਨਾ, ਬੂਆ ਸਿੰਘ ਬਲਦੇਵ ਸਿੰਘ, ਨਰੰਜਨ ਸਿੰਘ, ਹਰਭਜਨ ਸਿੰਘ, ਸਾਮਲ ਹੋਏ। ਪ੍ਰੈੱਸ ਨੋਟ ਜਾਰੀ ਕਰਦਿਆਂ ਆਗੂਆਂ ਨੇ ਦੱਸਿਆ ਕਿ 9 ਅਗਸਤ ਨੂੰ ਕਾਰਪੋਰੇਟ ਭਜਾਓ ਖੇਤੀ ਬਚਾਓ ਦਿਵਸ ਵੱਜੋਂ 11 00 ਵਜੇ ਲੇਬਰ ਸ਼ੈੱਡ ਪਠਾਨਕੋਟ ਵਿਖੇ ਰੈਲੀ ਉਪਰੰਤ ਬਜ਼ਾਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 9 ਅਗਸਤ 1942 ਨੂੰ ਦੇਸ਼ ਨੂੰ ਆਜਾਦ ਕਰਾਉਣ ਲਈ ਅੰਦੋਲਨ ਸ਼ੁਰੂ ਕੀਤਾ ਗਿਆ ਸੀ।

ਇਸ ਲਈ ਇਸ ਇਤਿਹਾਸਿਕ ਦਿਨ 'ਤੇ ਅਸੀਂ ਕਾਰਪੋਰੇਟ ਭਜਾਓ ਦੇਸ ਬਚਾਓ ਅੰਦੋਲਨ ਸ਼ੁਰੂ ਕਰ ਰਹੇ ਹਾਂ।

# ਮੇਡ-ਇਨ-ਇੰਡੀਆ ਹਾਈ ਕਪੈਸਟੀ ਫਰੰਟ ਲੋਡ ਵਾਸ਼ਿੰਗ ਮਸ਼ੀਨਾਂ ਪੇਸ਼

**ਚੰਡੀਗੜ੍ਹ** : ਬੀਐੱਸਐੱਚ ਹੋਮ ਅਪਲਾਇੰਸਸ ਪ੍ਰਾਈਵੇਟ ਲਿਮਿਟਿਡ ਨੇ ਆਪਣੀ ਨਵੀਨਤਮ ਰੇਂਜ ਮੇਡ-ਇਨ-ਇੰਡੀਆ' ਬਾਸ਼ ਅਤੇ ਸੀਮੈਂਸ ਫਰੰਟ-ਲੋਡਿੰਗ ਵਾਸ਼ਿੰਗ ਮਸ਼ੀਨਾਂ ਨੂੰ ਪੇਸ਼ ਕੀਤਾ ਹੈ।9-10 ਕਿਲੋਗ੍ਰਾਮ ਲੋਡ ਦੀ ਸਮਰੱਥਾ, ਐਡਵਾਂਸਡ ਐਨਰਜੀ ਐਫੀਸ਼ੈਂਸੀ ਅਤੇ ਅਤਿ-ਆਧੁਨਿਕ ਤਕਨਾਲੋਜੀ ਦੇ ਨਾਲ ਇਹ ਵਾਸ਼ਿੰਗ ਮਸ਼ੀਨਾਂ ਸ਼ੁੱਧਤਾ ਅਤੇ ਪਾਵਰ ਨਾਲ ਲਾਂਡਰੀ ਦੀਆਂ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ। ਸਿਲਵਰ, ਡਾਰਕ ਗ੍ਰੇ ਅਤੇ ਡਾਰਕ ਲੇਕ ਦੇ ਇੱਕ ਸ਼ਾਨਦਾਰ ਪੈਲੇਟ ਵਿੱਚ ਉਪਲਬਧ ਇਹ ਮਸ਼ੀਨਾਂ ਨਾ ਸਿਰਫ਼ ਮਜ਼ਬੂਤ ਪਰਫਾਰਮਸ ਦਿੰਦੀਆਂ ਹਨ।

ਲਾਂਚ ਉਤੇ ਟਿੱਪਣੀ ਕਰਦੇ ਹੋਏ ਬੀਐੱਸਐੱਚ ਹੋਮ ਅਪਲਾਇੰਸੇਸ ਦੇ ਐੱਮਡੀ ਅਤੇ ਸੀਈਓ ਸੈਫ ਖਾਨ ਨੇ ਕਿਹਾ ਕਿ ਅਸੀਂ ਮੇਕ-ਇਨ-ਇੰਡੀਆ-ਫਾਰ ਇੰਡੀਆ ਪ੍ਰਤੀ ਮਜ਼ਬੂਤ ਵਚਨਬੱਧਤਾ ਦੇ ਹਿੱਸੇ ਵਜੋਂ ਉਚ-ਸਮਰੱਥਾ ਵਾਲੀਆਂ ਫਰੰਟ ਲੋਡ ਵਾਸ਼ਿੰਗ ਮਸ਼ੀਨਾਂ ਦੀ ਨਵੀਂ ਰੇਂਜ ਨੂੰ ਪੇਸ਼ ਕਰਨ ਲਈ ਅਸੀਂ ਬਹੁਤ ਖੁਸ਼ ਹਾਂ।

# ਪੀਰ ਬਾਬਾ ਸ਼ਾਹ ਜਮਾਲ ਦੀ ਯਾਦ 'ਚ ਲੱਗਾ ਸੱਭਿਆਚਾਰਕ ਤੇ ਖੇਡ ਮੇਲਾ





**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**–ਪਿੰਡ ਫੁੱਲੇ ਚੱਕ ਵਿਖੇ ਪੀਰ ਬਾਬਾ ਸ਼ਾਹ ਜਮਾਲ ਦੀ ਯਾਦ ਵਿੱਚ ਸਲਾਨਾ ਸੱਭਿਆਚਾਰਕ ਅਤੇ ਖੇਡ ਮੇਲਾ ਕੋਟਲੀ ਕੋਰੋਟਾਨਾ ਅਤੇ ਸਰਾਏ ਦੀ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਵੇਰੇ ਸੰਗਤਾਂ ਵੱਲੋਂ ਅਤੇ ਪ੍ਰਬੰਧਕਾਂ ਵੱਲੋਂ ਚਾਦਰ ਦੀ ਰਸਮ ਕੀਤੀ ਗਈ। ਉਪਰੰਤ ਪੰਜਾਬੀ ਨਾਮਵਰ ਦੋਗਾਣਾ ਜੋੜੀ ਗੁਰਮੀਤ ਪੰਜਾਬੀ ਅਤੇ ਬੀਬਾ ਹੁਸਨਮੀਤ ਵੱਲੋਂ ਆਪਣੇ ਗੀਤਾਂ ਨਾਲ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ ਗਿਆ।ਸ਼ਾਮ ਨੂੰ ਕਬੱਡੀ ਦਾ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੀਆਂ ਨਾਮਵਰ ਟੀਮਾਂ ਨੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਅੰਤ ਵਿੱਚ ਬਾਬਾ ਬਿੱਟੂ ਅਤੇ ਅੰਗਰੇਜ਼ ਸਿੰਘ ਨੇ ਦੱਸਿਆ ਕਿ ਖੇਡਾਂ ਕਰਾਉਣ ਦਾ ਸਾਡਾ ਮਕਸਦ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ। ਅੰਤ ਵਿੱਚ ਜੇਤੂ ਟੀਮਾਂ ਨਗਦ ਇਨਾਮ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ ਗਿਆ। ਮੇਲੇ ਦੀ ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਮੁੱਖ ਮਹਿਮਾਨ ਨੂੰ ਵੀ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਬਾਬਾ ਬਿੱਟੂ, ਅੰਗਰੇਜ਼ ਸਿੰਘ, ਬਲਦੇਵ ਸਿੰਘ ਸ਼ਾਹ, ਹਰਵਿੰਦਰ ਸਿੰਘ ਸ਼ਾਹ, ਹਰਪ੍ਰੀਤ ਸਿੰਘ, ਲਖਵਿੰਦਰ ਸਿੰਘ ਸਰਪੰਚ, ਪਰਗਟ ਸਿੰਘ ਪ੍ਰਧਾਨ, ਜਗਬੀਰ ਸਿੰਘ, ਜਤਿੰਦਰ ਸਿੰਘ, ਜਸਪਾਲ ਸਿੰਘ ਬਾਊ, ਗੋਪੀ, ਜਸਪਾਲ ਸਿੰਘ ਗਿਆਨੀ, ਹਰਪਾਲ ਸਿੰਘ ਸ਼ਾਹ, ਜਸਬੀਰ ਸਿੰਘ ਢਿੱਲੋਂ, ਗਗਨ ਢਿੱਲੋਂ, ਲਖਬੀਰ ਸਿੰਘ, ਗੋਰਾ ਸਿੰਘ, ਹਰਮਨ ਢਿੱਲੋਂ, ਗੁਰਚੇਤ ਸਿੰਘ, ਜਰਨੈਲ ਸਿੰਘ, ਭੁਪਿੰਦਰ ਸਿੰਘ ਘੁੱਲਾ, ਅਮਰੀਕ ਸਿੰਘ ਗਿਆਨੀ, ਹਰਭਜਨ ਸਿੰਘ, ਸਾਬ ਸਿੰਘ, ਤਰਸੇਮ ਸਿੰਘ, ਗੁਰਦੀਪ ਸਿੰਘ, ਸਤਨਾਮ ਸਿੰਘ, ਬਲਵਿੰਦਰ ਸਿੰਘ ਸਰਪੰਚ ਆਦਿ ਹਾਜ਼ਰ ਸਨ ।

# ਆਰ ਡੀ ਖੋਸਲਾ ਡੀ ਏ ਵੀ ਸਕੂਲ ਦੀ ਅਨੁਸ਼ਾਸਨੀ ਕਮੇਟੀ ਦਾ ਸਹੁੰ-ਚੁੱਕ ਸਮਾਗਮ ਸਮਾਪਤ



**ਬਟਾਲਾ (ਡਾ. ਮਲਵਿੰਦਰ ਸਿੰਘ)**—ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦਾ ਬੈਜਿਸ ਸਮਾਰੋਹ ਅਤੇ ਅਨੁਸ਼ਾਸਨੀ ਕਮੇਟੀ ਦਾ ਸਹੁੰ-ਚੁੱਕ ਸਮਾਗਮ ਸੰਪੰਨ ਹੋਇਆ।ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਜੈ ਖੋਸਲਾ, ਭੁਪਿੰਦਰ ਸਿੰਘ, ਵਰਿੰਦਰ ਕਾਂਸਰਾ, ਮੋਨਿਕਾ ਖੋਸਲਾ, ਮਨੀਸ਼ਾ ਖੋਸਲਾ ਨੇ ਜੋਤੀ ਜਗਾ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ। ਸਕੂਲ ਦੀ ਅਨੁਸ਼ਾਸਨੀ ਕਮੇਟੀ ਵਿੱਚ ਸਾਹਿਲ ਸਿੰਘ ਨੂੰ ਸੀਨੀਅਰ ਹੈੱਡ ਬੁਆਏ, ਰਿਮਝਿਮ ਨੂੰ ਸੀਨੀਅਰ ਹੈੱਡ ਗਰਲ, ਦਿਲਪ੍ਰੀਤ ਸਿੰਘ ਨੂੰ ਹੈੱਡ ਬੁਆਏ, ਹਰਸ਼ਿਤਾ ਬੈਂਸ ਨੂੰ ਹੈੱਡ ਗਰਲ ਬਣਾਇਆ ਗਿਆ।ਵੰਸ਼ ਭਸੀਨ ਨੂੰ ਸੀਨੀਅਰ ਹੈੱਡ ਪ੍ਰੈਫੈਕਟ ਬੁਆਏ, ਜਪਨੂਰ ਕੌਰ ਨੂੰ ਸੀਨੀਅਰ ਹੈੱਡ ਪ੍ਰੈਫੈਕਟ ਗਰਲ, ਰੋਹਨ ਕੁੰਦਰਾ ਅਤੇ ਚਿਰਾਗ ਸ਼ਰਮਾ ਨੂੰ ਹੈੱਡ ਪ੍ਰੈਫੈਕਟ ਬੁਆਏ, ਨਿਅਤੀ ਖੰਨਾ ਅਤੇ ਜਸਲੀਨ ਅਠਵਾਲ ਨੂੰ ਹੈੱਡ ਪ੍ਰੈਫੈਕਟ ਗਰਲ ਵਜੋਂ ਚੁਣਿਆ ਗਿਆ।ਪ੍ਰੈਫੈਕਟ ਲੜਕੇ ਆਸ਼ਰੇ ਸਲਵਾਨ, ਦਾਨਿਸ਼ ਜੁਲਕਾ, ਅਭਿਜੋਤ ਸਿੰਘ, ਗੁਰਨੂਰ ਸਿੰਘ ਸਨ।ਸੁਹਾਨੀ ਜੁਲਕਾ, ਪਲਕ ਪ੍ਰੀਤ ਕੌਰ, ਭੂਮੀ, ਗੀਤਾਂਜਲੀ ਹਾਂਡਾ, ਭਵਿਆ, ਨਵਦੀਪ ਕੌਰ ਨੂੰ ਪ੍ਰੈਫੈਕਟ ਲੜਕੀਆਂ ਵਿੱਚ ਚੁਣਿਆ ਗਿਆ।ਚਾਰ ਹਾਊਸ ਹਾਰਮਨੀ ਹਾਊਸ, ਲਿਬਰਟੀ ਹਾਊਸ, ਯੂਨਿਟੀ ਹਾਊਸ ਅਤੇ ਵਿਕਟਰੀ ਹਾਊਸ ਦਾ ਗਠਨ ਕੀਤਾ ਗਿਆ।ਹਾਊਸ ਦੇ ਕਪਤਾਨ ਹਿੰਮਤ ਸਿੰਘ, ਪ੍ਰਭਦੀਪ ਕੌਰ, ਮਾਧਵ ਸਰੀਨ, ਦੀਆ ਮਿੱਤਲ, ਆਸ਼ੀਸ਼ ਸ਼ਰਮਾ, ਅਨਮੋਲਪ੍ਰੀਤ ਕੌਰ, ਪ੍ਰਣਵ ਖੋਸਲਾ, ਨਮਰਤਾ ਸ਼ਰਮਾ, ਉਪ ਕਪਤਾਨ ਅਭਿਸ਼ੇਕ ਸੰਗਰ, ਰੀਆ ਸ਼ਰਮਾ, ਫਤਿਹਜੰਗ ਸਿੰਘ, ਪਹਿਲ ਤ੍ਰੇਹਨ, ਆਦਿਤਿਆ ਕਾਸਰਾਂ, ਕਸ਼ਵੀ ਵਿਗ, ਪਾਰਥ ਕਾਂਸਰਾ, ਚਾਹਤ ਸ਼ਰਮਾ ਨੇ ਸਹੁੰ ਚੁੱਕੀ।ਸਿਮਰਨਜੀਤ ਕੌਰ, ਮਨਸੀਰਤ ਕੌਰ, ਦਿਸ਼ਾ, ਦਿਲਨਾਜ਼, ਵੰਸ਼ਿਕਾ ਭੱਲਾ, ਗੁਰਲੀਨ ਕੌਰ, ਲਾਵਣਿਆ ਖੋਸਲਾ, ਭੂਮਿਕਾ, ਅਸ਼ਮੀਨ ਕੌਰ, ਸਨੇਹਾ ਮਹਾਜਨ, ਅੰਤਰਪ੍ਰੀਤ ਕੌਰ, ਨਵਨੀਤ ਕੌਰ, ਰਮਨੀਤ, ਕਿਰਨਦੀਪ, ਕਿਰਨਦੀਪ ਕੌਰ, ਰਿਤਿਕਾ, ਹਰ ਸਿਮਰਨਪ੍ਰੀਤ ਕੌਰ, ਕਨਨ ਸੋਨੀ, ਹਰਮਨਪ੍ਰੀਤ ਕੌਰ, ਦਮਨਪ੍ਰੀਤ ਕੌਰ, ਅਵਰੀਨ ਕੌਰ, ਸਮੀਕਸ਼ਾ, ਭੂਮਿਕਾ, ਸੁਮਨਪ੍ਰੀਤ ਕੌਰ, ਸਿਮਰਜੀਤ ਕੌਰ, ਅਰਸ਼ਪ੍ਰੀਤ ਕੌਰ, ਜਸਨੂਰ ਕੌਰ, ਅਰਸ਼ਦੀਪ ਕੌਰ, ਅਰਸ਼ਦੀਪ ਕੌਰ, ਅਰਸ਼ਜਸਨੂਰ ਕੌਰ, ਅਰਸ਼ਦੀਪ ਕੌਰ, ਅਰਸ਼ਪ੍ਰੀਤ ਕੌਰ, ਮਹਿਕ ਪ੍ਰੀਤ ਕੌਰ, ਗਾਰਗੀ ਅਗਰਵਾਲ, ਦਿਵਿਆ, ਰਵਰੀਤ ਕੌਰ ਨੂੰ ਸੀਨੀਅਰ ਪ੍ਰੈਫੈਕਟ ਲੜਕੀਆਂ ਬਣਾਇਆ ਗਿਆ।ਸੀਨੀਅਰ ਪ੍ਰੈਫੈਕਟ ਲੜਕਿਆਂ ਵਿੱਚ ਕਾਵਿਆ, ਰੇਹਾਨ ਮਹਾਜਨ, ਜਤਿਨ, ਹਰਮਨਪ੍ਰੀਤ ਸਿੰਘ, ਰਿਸ਼ੀ, ਮਾਨਵ ਸ਼ਰਮਾ, ਵਰਧਾ ਬਾਂਸਲ, ਅਨੁਜ, ਰਿਕਸ਼ਤ, ਆਦੇਸ਼ਪ੍ਰਤਾਪ ਸਿੰਘ ਨੂੰ ਸਹੁੰ ਚੁਕਾਈ ਗਈ ਜਦਕਿ ਪਵਨਦੀਪ ਸਿੰਘ, ਹਰਮਨਜੋਤ ਕੌਰ ਨੂੰ ਸੀਨੀਅਰ ਖੇਡ ਕਪਤਾਨ ਨਿਯੁਕਤ ਕੀਤਾ ਗਿਆ। ਪ੍ਰਿੰ. ਡਾ: ਬਿੰਦੂ ਭੱਲਾ ਨੇ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੂੰ ਤਹਿ ਦਿਲੋਂ ਵਧਾਈ ਦਿੱਤੀ। ਉਨ੍ਹਾਂ ਦਿਆਰਥੀਆਂ ਨੂੰ ਸਖ਼ਤ ਮਿਹਨਤ, ਲਗਨ ਅਤੇ ਨਿਰੰਤਰ ਯਤਨਾਂ ਰਾਹੀਂ ਸਕੂਲ ਵਿੱਚ ਅਨੁਸ਼ਾਸਨ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਮਤਾ ਨੰਬਰ 518 'ਤੇ ਮੁੜ ਵਿਚਾਰ ਕਰੇ: ਧਰਮੀ ਫੌਜੀ




**ਧਾਰੀਵਾਲ, 6 ਅਗਸਤ (ਮਨਦੀਪ ਸਿੰਘ ਵਿੱਕੀ)**–ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸ਼ੋਸੀਏਸ਼ਨ ਦੀ ਹੰਗਾਮੀ ਮੀਟਿੰਗ ਸ਼ੇਰੇ ਪੰਜਾਬ ਪੈਲੇਸ ਧਾਰੀਵਾਲ ਵਿਖੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ 518, ਮਿਤੀ 5 ਜੁਲਾਈ 2024 ਦੀ ਅਲੋਚਨਾ ਕਰਦੇ ਹੋਏ ਮਤਾ ਰੱਦ ਕਰਨ ਦੀ ਮੰਗ ਕੀਤੀ। ਇਸ ਮੌਕੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਦੱਸਿਆ ਕਿ ਧਰਮੀ ਫੌਜੀਆਂ ਵੱਲੋਂ ਬਾਰ-ਬਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਇੱਕ ਹੀ ਮੰਗ ਰੱਖੀ ਸੀ ਕਿ ਜੂਨ 1984 ਦੌਰਾਨ ਸ੍ਰੀ ਦਰਬਾਰ ਸਾਹਿਬ ਤੇ ਹੋਏ ਹਮਲੇ ਦੇ ਰੋਸ਼ ਵਜੋਂ ਬੈਰਕਾਂ ਛੱਡ ਕੇ ਸ੍ਰੀ ਅੰਮ੍ਰਿਤਸਰ ਵੱਲ ਚਾਲੇ ਪਏ ਸਾਰੇ ਫੌਜੀਆਂ ਨੂੰ ਧਰਮੀ ਫੌਜੀ ਮੰਨਿਆ ਜਾਵੇ, ਜਦਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ-ਵੱਖ ਸਮੇਂ ਤੇ ਮਤੇ ਪਾ ਕੇ ਧਰਮੀ ਫੌਜੀਆਂ ਨੂੰ ਕੈਟਾਗਿਰੀ ਵਿੱਚ ਵੰਡ ਕੇ ਧਰਮੀ ਫੌਜੀਆਂ ਦੀਆਂ ਕੁਰਬਾਨੀ ਦਾ ਅਪਮਾਨ ਕੀਤਾ ਜਾ ਰਿਹਾ ਹੈ। ਧਰਮੀ ਫੌਜੀਆਂ ਨੇ ਦੱਸਿਆ ਕਿ 5 ਜੁਲਾਈ ਦੇ ਮਤੇ ਵਿੱਚ ਧਰਮੀ ਫੌਜੀਆਂ ਦੀ ਸਿਰਫ ਸ਼ਲਾਘਾ ਕਰਕੇ ਮੂਰਖ ਬਣਾਉਣ ਦਾ ਯਤਨ ਕੀਤਾ ਗਿਆ, ਜਦਕਿ ਧਰਮੀ ਫੌਜੀਆਂ ਨੇ ਇੱਕ ਸਪਸ਼ਟ ਅਤੇ ਸਰਲ ਮੰਗ ਰੱਖੀ ਸੀ ਕਿ ਬੈਰਕਾਂ ਛੱਡਣ ਵਾਲੇ ਸਾਰੇ ਹੀ ਫੌਜੀਆਂ ਨੂੰ ਧਰਮੀ ਫੌਜੀ ਮੰਨਿਆ ਜਾਵੇ। ਮੀਟਿੰਗ ਦੌਰਾਨ ਧਰਮੀ ਫੌਜੀਆਂ ਨੇ ਕਿਹਾ ਉਨ੍ਹਾਂ ਨੇ ਆਪਣੇ ਨਿੱਜੀ ਹਿੱਤਾਂ ਲਈ ਬੈਰਕਾਂ ਨਹੀ ਛੱਡੀਆਂ ਇਹ ਤਾਂ ਸਿੱਖ ਧਰਮ ਅਤੇ ਕੌਮ ਦੀ ਹੋਂਦ ਕਾਇਮ ਰੱਖਣ ਲਈ ਨੌਕਰੀਆਂ ਛੱਡ ਸ੍ਰੀ ਅੰਮ੍ਰਿਤਸਰ ਵੱਲ ਚਾਲੇ ਪਾਏ ਸਨ। ਧਰਮੀ ਫੌਜੀਆਂ ਨੇ ਫੈਸਲਾ ਲਿਆ ਕਿ ਉਹ ਇਸ ਮਸਲੇ ਸਬੰਧੀ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਦਮਦਮਾ ਸਾਹਿਬ ਤਲਵੰਡੀ ਸਾਬੋ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਗੁਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕਟ ਹਰਜਿੰਦਰ ਸਿੰਘ ਧਾਮੀ ਆਦਿ ਤੋਂ ਸਮਾਂ ਲੈ ਕੇ ਦੁਬਾਰਾ ਆਪਣੀ ਗੱਲ ਰੱਖਣਗੇ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਇਹ ਵੀ ਦੱਸਿਆ ਕਿ ਪੰਜ ਸਿੰਘ ਸਾਹਿਬਾਨ 17 ਨਵੰਬਰ 2014 ਨੂੰ ਬੈਰਕਾਂ ਛੱਡਣ ਵਾਲੇ ਸਿੱਖ ਫੌਜੀਆਂ ਨੂੰ ਧਰਮੀ ਫੌਜੀਆਂ ਦੀ ਕੁਰਬਾਨੀ ਦੀ ਮਾਨਤਾ ਦੇ ਚੁੱਕੇ ਹਨ, ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰ-ਬਾਰ ਮਤੇ ਤੇ ਮਤਾ ਪਾ ਕੇ ਧਰਮੀ ਫੌਜੀਆਂ ਨੂੰ ਕੈਟਾਗਿਰੀਆਂ ਵਿੱਚ ਵੰਡ ਕੇ ਕੁਰਬਾਨੀਆਂ ਨੂੰ ਖਤਮ ਕਰ ਰਹੀ ਹੈ, ਜਿਸ ਕਰਕੇ ਧਰਮੀ ਫੌਜੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਇਸ ਮੀਟਿੰਗ ਵਿੱਚ ਧਰਮੀ ਫੌਜੀ ਐਸ਼ੋਸੀਏਸਨ ਦੇ ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ, ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਸਵਿੰਦਰ ਸਿੰਘ ਸੋਹੀ, ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਲਜਾਰ ਸਿੰਘ, ਸੂਬੇਦਾਰ ਮੇਜਰ ਬਲਵਿੰਦਰ ਸਿੰਘ, ਕੈਪਟਨ ਜਰਨੈਲ ਸਿੰਘ, ਅਵਤਾਰ ਸਿੰਘ, ਸੁਜਾਨ ਸਿੰਘ, ਜੋਗਾ ਸਿੰਘ ਆਦਿ ਤੋਂ ਇਲਾਵਾ ਵੀ ਧਰਮੀ ਫੌਜੀ ਅਤੇ ਪਰਿਵਾਰਕ ਮੈਂਬਰ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਸ਼ਹੀਦ ਭਗਤ ਸਿੰਘ ਨਗਰ ਇਲਾਕਾ ਕਮੇਟੀ ਦੀ ਮੀਟਿੰਗ ਹੋਈ



ਨਵਾਂ ਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ ) ਪਿੰਡ ਸ਼ਹਾਬ ਪੁਰ ਵਿਖੇ ਕਿਰਤੀ ਕਿਸਾਨ ਯੂਨੀਅਨ ਸ਼ਹੀਦ ਭਗਤ ਸਿੰਘ ਨਗਰ ਇਲਾਕਾ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਅਨੁਸਾਰ 17 ਅਗਸਤ ਨੂੰ ਐਮ ਪੀਆਂ ਮੰਤਰੀਆਂ ਦੇ ਘਰਾਂ ਵੱਲ ਮਾਰਚ ਕਰਕੇ ਧਰਨੇ ਦੇਣ ਦਾ ਹੈ ਜਿਸ ਵਿਚ ਕਿਸਾਨੀ ਮੋਰਚੇ ਦੁਰਾਨ ਮੰਨੀਆਂ ਮੰਗਾਂ ਲਾਗੂ ਕਰਾਉਣ ਲਈ ਜਿਸ ਐਮ ਐਸ ਪੀ ਗਾਰੰਟੀ ਕਾਨੂੰਨ ਬਨਾਉਣ ਸੀ ਟੂ ਪਲੱਸ ਪੰਜਾਹ ਪਰਸੈਂਟ ਦਾ ਫਾਰਮੂਲਾ ਲਾਗੂ ਕਰਨ ਸਾਰੀਆਂ ਫਸਲਾਂ ਤੇ ਐਮ ਐਸ ਪੀ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਤੇ ਨਵੀਂ ਖੇਤੀ ਨੀਤੀ ਲਾਗੂ ਕਰਕੇ ਝੋਨੇ ਤੋਂ ਖਹਿੜਾ ਛੁਡਾਉਣ ਨਹਿਰੀ ਪਾਣੀ ਹਰ ਘਰ ਹਰ ਖੇਤ ਨੂੰ ਦੇਣ ਦਾ ਪ੍ਰਬੰਧ ਕਰਾਉਣ ਲਈ ਮਰੇ ਪਸ਼ੂਆਂ ਦਾ ਮੁਆਵਜ਼ਾ ਲੇਣ ਲਈ ਸਾਰੇ ਮੰਤਰੀਆਂ ਨੂੰ ਪਾਰਲੀਮੈਂਟ ਵਿੱਚ ਜ਼ੋਰਦਾਰ ਆਵਾਜ਼ ਉਠਾਉਣ ਲਈ ਕਿਹਾ ਜਾਵੇਗਾ ਨਹੀਂ ਤਾਂ ਇਹਨਾਂ ਨੂੰ ਪਿੰਡਾਂ ਵਿੱਚ ਵੜਨ ਦੀ ਮਨਾਹੀ ਕੀਤੀ ਜਾਵੇਗੀ ਇਹਨਾਂ ਖਿਲਾਫ਼ ਸੰਘਰਸ਼ ਕੀਤਾ ਜਾਵੇਗਾ ਇਹਨਾਂ ਤੋਂ ਇਲਾਵਾ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਪਿੰਡਾਂ ਵਿੱਚ ਮੈਂਬਰਸ਼ਿਪ ਕੀਤੀ ਜਾਵੇਗੀ ਫੰਡ ਇਕੱਠਾ ਕੀਤਾ ਜਾਵੇਗਾ ਇਹ ਟੀਚਾ ਇਸੇ ਮਹੀਨੇ ਪੂਰਾ ਕੀਤਾ ਜਾਵੇਗਾ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਮੰਗ ਕੀਤੀ ਕਿ ਸ਼ਹੀਦ ਭਗਤ ਸਿੰਘ ਨਗਰ ਵਿਚ ਖੇਤੀ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਨਹਿਰੀ ਪਾਣੀ ਦਾ ਪ੍ਰਬੰਧ ਕਰੇ ਨਹੀਂ ਤਾਂ ਕਿਸਾਨਾਂ ਦੇ ਰੋਹ ਦਾ ਟਾਕਰਾ ਕਰਨ ਲਈ ਤਿਆਰ ਰਹੇਂ ਮੀਟਿੰਗ ਵਿੱਚ ਇਲਾਕਾ ਪ੍ਰਧਾਨ ਪਰਮਜੀਤ ਸਿੰਘ ਸ਼ਹਾਬ ਪੁਰ ਸਕੱਤਰ ਮੱਖਣ ਸਿੰਘ ਭਾਨ ਮਜਾਰਾ ਸੁਰਿੰਦਰ ਸਿੰਘ ਸੋਇਤਾ ਰਘਬੀਰ ਸਿੰਘ ਮੇਜਰ ਸਿੰਘ ਕੁਲਵਿੰਦਰ ਸਿੰਘ ਉਸਮਾਨ ਪੁਰ ਕੁਲਵੀਰ ਸਿੰਘ ਦਰਸ਼ਨ ਸਿੰਘ ਤਾਰਾ ਸਿੰਘ ਰਾਣਾ ਰਾਮ ਜੀ ਦਾਸ ਸਨਾਵਾ ਮੋਹਨ ਸਿੰਘ ਕੇਵਲ ਸਿੰਘ ਲੰਗੜੋਆ ਬਲਜਿੰਦਰ ਸਿੰਘ ਸਤਨਾਮ ਸਿੰਘ ਸਬਾਜ ਪੁਰ ਬੰਤ ਸਿੰਘ ਪਰਮਜੀਤ ਸਿੰਘ ਕਸ਼ਮੀਰ ਸਿੰਘ ਤੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਨੇ ਵੀ ਹਾਜ਼ਰੀ ਲਵਾਈ।

# ਸ਼ਾਂਤੀ ਤੇ ਸਦਭਾਵਨਾ ਵਿਸ਼ੇ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ



**ਗੁਰਾਇਆ (ਬਿੰਦਰ ਸੁਮਨ )**- ਐਸ.ਟੀ.ਐਸ ਵਰਲਡ ਸਕੂਲ ਦੇ ਵਿਹੜੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਵਿਸ਼ੇ 'ਤੇ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਕਲਾਸ ਨੌਵੀਂ ਬੀ ਦੇ ਵਿਦਿਆਰਥੀਆਂ ਨੇ ਕਲਾਸ ਇੰਚਾਰਜ ਗਰੀਨਾ ਛਾਬੜਾ ਦੀ ਅਗਵਾਈ ਹੇਠ ਆਯੋਜਨ ਕੀਤੀ । ਸਭਾ ਦੀ ਸ਼ੁਰੂਆਤ ਸਵੇਰ ਦੀ ਅਰਦਾਸ ਨਾਲ ਹੋਈ। ਅੰਮ੍ਰਿਤਲੀਨ ਕੌਰ ਤੇ ਅਵਨੀਤ ਕੌਰ ਨੇ ਬਹੁਤ ਵਧੀਆ ਢੰਗ ਨਾਲ ਮੰਚ ਦਾ ਸੰਚਾਲਨ ਕੀਤਾ।ਰੂਹਾਨੀ ਕਾਲਰਾ ਨੇ ਦਿਨ ਦਾ ਵਿਚਾਰ ਸਾਂਝਾ ਕੀਤਾ। ਸਿਮਰਪ੍ਰੀਤ ਕੌਰ ਨੇ ਮੁੱਖ ਖ਼ਬਰਾਂ ਪੜ੍ਹੀਆਂ।ਗੁਰਵੀਨ ਕੌਰ ਵੱਲੋਂ ਸ਼ਾਂਤੀ ਅਤੇ ਸਦਭਾਵਨਾ ਬਾਰੇ ਭਾਸ਼ਣ ਵਿੱਚ ਸਾਰੇ ਧਰਮਾਂ ਦੇ ਲੋਕਾਂ ਨੂੰ ਰਲ ਮਿਲ ਕੇ ਰਹਿਣ ਦਾ ਸੁਨੇਹਾ ਦਿੱਤਾ ਗਿਆ।ਨਵਾਂ ਸ਼ਬਦ ਅਮਨ ਜੋਹਲ ਦੁਆਰਾ ਅਤੇ ਇਸ ਨਾਲ ਸੰਬੰਧਿਤ ਵਾਕ ਵੀ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਵਲੋਂ ਸ਼ਾਂਤੀ ਦਾ ਸੁਨੇਹਾ ਦਿੰਦੇ ਹੋਏ ਸ਼ਾਨਦਾਰ ਯੋਗਾ ਪੇਸ਼ ਕੀਤਾ ਗਿਆ ਤੇ ਨਾਲ ਹੀ ਬਹੁਤ ਹੀ ਸ਼ਾਨਦਾਰ ਨਾਚ ਪੇਸ਼ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਸ਼ਾਂਤੀ ਅਤੇ ਸਦਭਾਵਨਾ ਦੀ ਮਹੱਤਤਾ ਨੂੰ ਪੇਸ਼ ਕਰਦਿਆਂ ਕਿਹਾ ਕਿ ਪਰਮਾਤਮਾ ਨੇ ਸਾਨੂੰ ਸਾਰਿਆਂ ਨੂੰ ਇੱਕੋ ਜਿਹਾ ਬਣਾਇਆ ਹੈ। ਇਸ ਲਈ ਸਾਨੂੰ ਧਰਮ, ਜਾਤ-ਪਾਤ ,ਰੰਗ, ਨਸਲ ਦੇ ਭੇਦਭਾਵ ਤੋਂ ਉੱਤੇ ਉੱਠ ਕੇ ਮਾਨਵਤਾ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ ਤੇ ਆਪਸ ਵਿੱਚ ਸ਼ਾਂਤੀ ਤੇ ਸਦਭਾਵਨਾ ਨਾਲ ਰਹਿਣਾ ਚਾਹੀਦਾ ਹੈ ।

# ਇਨੋਸੈਂਟ ਹਾਰਟਸ 'ਚ ਬੜੇ ਉਤਸ਼ਾਹ ਨਾਲ ਮਨਾਇਆ ਤੀਜ ਦਾ ਤਿਉਹਾਰ




**ਜਲੰਧਰ ( ਸ਼ੈਲੀ ਐਲਬਰਟ) - :** ਇਨੋਸੈਂਟ ਹਾਰਟਸ (ਗਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਛਾਉਣੀ ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ) ਦੇ ਪੰਜੇ ਸਕੂਲਾਂ ਵਿੱਚ ਤੀਜ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੀ-ਨਰਸਰੀ ਤੋਂ ਯੂਕੇਜੀ ਦੇ ਛੋਟੇ ਬੱਚਿਆਂ ਨੇ ਆਪਣੀਆਂ ਸ਼ਾਨਦਾਰ ਅਤੇ ਮਨਮੋਹਕ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ । ਉਨ੍ਹਾਂ ਨੇ ਇਸ ਮੌਜ-ਮਸਤੀ ਭਰੇ ਤਿਉਹਾਰ ਵਿੱਚ ਬੜੇ ਉਤਸ਼ਾਹ, ਆਨੰਦ ਅਤੇ ਪੂਰੀ ਲਗਨ ਨਾਲ ਭਾਗ ਲਿਆ। । ਤੀਜ ਮਨਾਉਣ ਦਾ ਮਕਸਦ ਬੱਚਿਆਂ ਦੇ ਆਪਣੇ ਭਾਰਤੀ ਸੱਭਿਆਚਾਰ ਅਤੇ ਪਰੰਪਰਾ ਲਈ ਪਿਆਰ ਨੂੰ ਮੁੜ ਸੁਰਜੀਤ ਕਰਨਾ ਹੈ। ਇਸ ਮੌਕੇ 'ਤੇ ਸਕੂਲ ਦੇ ਵਿਹੜੇ ਨੂੰ ਤਾਜ਼ੇ ਫੁੱਲਾਂ ਅਤੇ ਰੰਗ-ਬਿਰੰਗੇ ਰਿਬਨਾਂ ਨਾਲ ਸਜਾਇਆ ਗਿਆ । ਪਾਰਮਪ੍ਰਿਕ ਪਹਿਰਾਵੇ ਵਿੱਚ ਬੱਚੇ ਬਹੁਤ ਹੀ ਪਿਆਰੇ ਲੱਗ ਰਹੇ ਸਨ। ਇਸ ਮੌਕੇ ਲੜਕੀਆਂ ਨੇ ਸੁੰਦਰ -ਸੁੰਦਰ ਰੰਗ-ਬਿਰੰਗੀਆਂ ਚੂੜੀਆਂ ਪਾ ਕੇ ਅਤੇ ਹੱਥਾਂ ਚ ਮਹਿੰਦੀ ਲਗਾ ਕੇ ਆਪਣੇ ਲੋਕ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ । ਬੱਚਿਆਂ ਵੱਲੋਂ ਪੇਸ਼ ਕੀਤੇ ਗਿੱਧੇ ਅਤੇ ਭੰਗੜੇ ਦੀ ਸ਼ਾਨਦਾਰ ਪੇਸ਼ਕਾਰੀ ਨੇ ਸਾਰਿਆਂ ਦਾ ਮਨ ਮੋਹ ਲਿਆ। ਬੱਚਿਆਂ ਨੇ ਝੂਲੇ ਲੈਂਦੇ ਹੋਏ ਰਵਾਇਤੀ ਤੀਜ ਦੇ ਗੀਤਾਂ ਦਾ ਆਨੰਦ ਮਾਣਿਆ। ਕਲਾਸਾਂ ਵਿੱਚ ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਤੀਜ ਦਾ ਤਿਉਹਾਰ ਹਰਿਆਵਲ ਦਾ ਪ੍ਰਤੀਕ ਹੈ। ਇਹ ਉਸ ਸਮੇਂ ਦਾ ਹਵਾਲਾ ਦਿੰਦਾ ਹੈ ਜਦੋਂ ਭਾਰਤੀ ਕਿਸਾਨ ਫਸਲਾਂ ਬੀਜਦੇ ਹਨ। ਸ੍ਰੀਮਤੀ ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ ਸੱਭਿਆਚਾਰਕ ਮਾਮਲੇ) ਨੇ ਬੱਚਿਆਂ ਨੂੰ ਤੀਜ ਤਿਉਹਾਰ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਭਾਗ ਲੈ ਕੇ ਹੀ ਵਿਦਿਆਰਥੀ ਆਪਣੇ ਦੇਸ਼ ਦੇ ਸੱਭਿਆਚਾਰ ਨਾਲ ਜੁੜ ਸਕਦੇ ਹਨ।)

# ਵਿਰਸਾ ਸੰਭਾਲ ਲਹਿਰ ਤਹਿਤ ਬੱਚਿਆਂ ਦੇ ਗੁਰਬਾਣੀ ਕੰਠ ਤੇ ਦਸਤਾਰ ਮੁਕਾਬਲੇ ਕਰਵਾਏ



ਮੋਹਾਲੀ (ਗੁਰਜੀਤ ਬਿੱਲਾ)–ਗੁਰਦੁਆਰਾ ਸਿੰਘ ਸ਼ਹੀਦਾਂ ਕਮੇਟੀ ਰਜਿ. ਲਾਂਡਰਾਂ ਵੱਲੋਂ ਬੱਚਿਆਂ ਨੂੰ 8 ਤੋਂ ਲੈ ਕੇ 16 ਸਾਲ ਦੇ ਬੱਚਿਆਂ ਦੇ ਗੁਰਬਾਣੀ ਕੰਠ ਤੇ ਦਸਤਾਰ ਮੁਕਾਬਲੇ ਕਰਵਾਏ ਗਏ।ਮੁੱਖ ਮਹਿਮਾਨ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਹਾਲੀ ਦੇ ਮੁੱਖ ਸੇਵਾਦਾਰ ਪਰਵਿੰਦਰ ਸਿੰਘ ਸੋਹਾਣਾ ਅਤੇ ਗੁਰਦੁਆਰਾ ਧੰਨਾ ਭਗਤ ਦੇ ਬਾਬਾ ਸੁਰਿੰਦਰ ਸਿੰਘ ਨੇ ਜੇਤੂ ਬੱਚਿਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ। ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਸਿੱਖ ਬੱਚਿਆਂ ਨੂੰ ਪਤਿਤਪੁਣੇ ਤੋਂ ਬਚਾਉਣ ਅਤੇ ਵਿਰਸਾ ਤੇ ਵਿਰਾਸਤ ਸੰਭਾਲਣ ਦੀ ਲੋੜ ਹੈ। ਉਹਨਾਂ ਕਿਹਾ ਕਿ ਜੋ ਕੌਮਾਂ ਆਪਣੇ ਵਿਰਸੇ ਨੂੰ ਭੁੱਲ ਜਾਂਦੀਆਂ ਹਨ ਉਹ ਤਬਾਹ ਹੋ ਜਾਂਦੀਆਂ ਹਨ। ਉਹਨਾਂ ਇਸ ਮੌਕੇ ਖਾਸ ਤੌਰ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਅੱਜ ਹਰ ਪਾਸੇ ਵਿਰਸਾ ਸੰਭਾਲ ਲਹਿਰ ਦੀ ਲੋੜ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਹਰ ਪੱਖੋਂ ਇਸ ਦੇ ਨਾਲ ਖੜਾ ਹੈ।ਇਸ ਸਮਾਗਮ ਦੀ ਵਿਲੱਖਣਤਾ ਇਹ ਹੈ ਕਿ ਸੈਂਕੜੇ ਬੱਚੇ ਇਨ੍ਹਾਂ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਪਹੁੰਚੇ ਜਿਸ ਨੂੰ ਦੇਖ ਕੇ ਮਨ ਨੂੰ ਬਹੁਤ ਸਕੂਨ ਮਿਲਿਆ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਇਹ ਮੁਕਾਬਲੇ ਹਲਕੇ ਦੇ ਵੱਖ ਵੱਖ ਹਿੱਸਿਆਂ 'ਚ ਕਰਵਾਏ ਜਾਣਗੇ।ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਲਾਂਡਰਾਂ ਦੇ ਪ੍ਰਧਾਨ ਗੁਰਜੰਟ ਸਿੰਘ ਨੇ ਆਏ ਮੁੱਖ ਮਹਿਮਾਨਾਂ ਦਾ ਸਵਾਗਤ ਕੀਤਾ। ਉਹਨਾਂ ਕਿਹਾ ਕਿ ਅਜਿਹੇ ਸਮਾਗਮ ਆਉਣ ਦੇ ਸਮੇਂ ਵਿੱਚ ਵੀ ਕਰਵਾਏ ਜਾਣਗੇ ਤਾਂ ਜੋ ਵੱਧ ਤੋਂ ਵੱਧ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਿਆ ਜਾ ਸਕੇ।ਇਸ ਸਮਾਗਮ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਲਾਂਡਰਾ ਦੇ ਪ੍ਰਧਾਨ ਗੁਰਜੰਟ ਸਿੰਘ, ਸਤਨਾਮ ਸਿੰਘ ਨੰਬਰਦਾਰ, ਭਾਈ ਜਤਿੰਦਰ ਸਿੰਘ ਪ੍ਰਚਾਰਕ, ਜਥੇਦਾਰ ਭਜਨ ਸਿੰਘ ਸ਼ੇਰਗਿੱਲ, ਜਥੇਦਾਰ ਕਰਤਾਰ ਸਿੰਘ ਤਸਿੰਬਲੀ ਨੇ ਆਪਣਾ ਭਰਪੂਰ ਯੋਗਦਾਨ ਪਾਇਆ।

# ਉੱਘੇ ਸਮਾਜ ਸੇਵੀ ਸੰਜੀਵ ਅਰੋੜਾ ਦੇ ਸਿਰ ਫਿਰ ਸਜਿਆ ਰੋਟਰੀ ਆਈ ਬੈਂਕ ਦਾ ਤਾਜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**–ਰੋਟਰੀ ਆਈ ਬੈਂਕ ਅਤੇ ਕੋਰਨੀਆ ਟਰਾਂਸਪਲਾਂਟੇਸ਼ਨ ਸੁਸਾਇਟੀ ਦੀ ਚੋਣ ਮੀਟਿੰਗ ਚੇਅਰਮੈਨ ਜੇ.ਬੀ. ਬਹਿਲ ਦੀ ਪ੍ਰਧਾਨਗੀ ਹੇਠ ਸਰਵਿਸਿਜ਼ ਕਲੱਬ ਵਿਖੇ ਹੋਈ। ਇਸ ਮੌਕੇ ਤੇ ਆਉਣ ਵਾਲੇ ਦੋ ਸਾਲਾਂ (2024 -26) ਲਈ ਪ੍ਰਧਾਨ ਦੇ ਅਹੁਦੇ ਲਈ ਚੋਣ ਕੀਤੀ ਗਈ ।ਇਸ ਦੌਰਾਨ ਚੇਅਰਮੈਨ ਜੇ.ਬੀ. ਬਹਿਲ ਨੇ ਪ੍ਰਧਾਨ ਦੇ ਅਹੁਦੇ ਲਈ ਸੰਜੀਵ ਅਰੋੜਾ ਦੇ ਨਾਂ ਦਾ ਮੱਤਾ ਪੇਸ਼ ਕੀਤਾ ਜਿਸ ਨੂੰ ਪ੍ਰਿੰ. ਡੀ.ਕੇ. ਸ਼ਰਮਾ ਨੇ ਸਮਰਥਨ ਦਿੰਦੇ ਹੋਏ ਸਾਰੇ ਮੈਂਬਰਾਂ ਨੂੰ ਉਸ ਨਾਮ ਤੇ ਮੋਹਰ ਲਗਾਉਣ ਦੀ ਅਪੀਲ ਕੀਤੀ। ਇਸ ਤੇ ਮੀਟਿੰਗ ਵਿੱਚ ਮੌਜੂਦ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸਰਬਸੰਮਤੀ ਨਾਲ ਸੰਜੀਵ ਅਰੋੜਾ ਨੂੰ ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਦਾਰੀ ਸੌਂਪੀ ਅਤੇ ਉਹਨਾਂ ਨੂੰ ਕਾਰਜਕਾਰਨੀ ਬਣਾਉਣ ਦੇ ਅਧਿਕਾਰ ਵੀ ਸੌਂਪੇ ।ਇਸ ਮੌਕੇ ਜੇ.ਬੀ. ਬਹਿਲ ਨੇ ਸੁਸਾਇਟੀ ਦੀਆਂ ਪ੍ਰਾਪਤੀਆਂ ਅਤੇ ਆਉਣ ਵਾਲੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ । ਉਹਨਾਂ ਦੱਸਿਆ ਕਿ ਸੁਸਾਇਟੀ ਵੱਲੋਂ ਨੇਤਰਦਾਨ ਮੁਹਿਮ ਤਹਿਤ 4100 ਲੋਕਾਂ ਦੇ ਕੋਰਨੀਆ ਟਰਾਂਸਪਲਾਂਟ ਕਰਵਾਏ ਜਾ ਚੁੱਕੇ ਹਨ ਅਤੇ ਹੁਣ ਉਹ ਇਸ ਸੁੰਦਰ ਸੰਸਾਰ ਨੂੰ ਦੇਖ ਰਹੇ ਹਨ। ਉਹਨਾਂ ਦੱਸਿਆ ਕਿ ਇਹ ਮੁਹਿਮ ਸੁਸਾਇਟੀ ਦੇ ਹਰੇਕ ਮੈਂਬਰ ਵੱਲੋਂ ਦਿੱਤੇ ਗਏ ਸਹਿਯੋਗ ਦੇ ਚਲਦੇ ਹੀ ਇੱਕ ਲੋਕ ਲਹਿਰ ਬਣ ਪਾਈ ਹੈ। ਇਸ ਮੌਕੇ ਸੀਨੀਅਰ ਮੈਂਬਰ ਸੁਰਿੰਦਰ ਵਿਜ ਅਤੇ ਅਰੁਣ ਜੈਨ ਨੇ ਕਿਹਾ ਕਿ ਉਹਨਾਂ ਨੂੰ ਉਮੀਦ ਹੈ ਕਿ ਸੰਜੀਵ ਅਰੋੜਾ ਦੇ ਅਨੁਭਵ ਦਾ ਸੁਸਾਇਟੀ ਨੂੰ ਹੋਰ ਵੀ ਜਿਆਦਾ ਲਾਭ ਮਿਲੇਗਾ ਅਤੇ ਇਸ ਮੁਹਿਮ ਵਿੱਚ ਹੋਰ ਤੇਜ਼ੀ ਆਏਗੀ। ਉਹਨਾਂ ਕਿਹਾ ਕਿ ਸੰਜੀਵ ਅਰੋੜਾ ਵੱਖ ਵੱਖ ਜਥੇਬੰਦੀਆਂ ਦੇ ਨਾਲ ਜੁੜੇ ਐਸੇ ਵਿਅਕਤੀ ਹਨ ਜਿਨਾਂ ਨੇ ਆਪਣਾ ਜੀਵਨ ਮਨੁੱਖੀ ਸੇਵਾ ਨੂੰ ਸਮਰਪਿਤ ਕੀਤਾ ਹੋਇਆ ਹੈ । ਉਹਨਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਉਹਨਾਂ ਦੀ ਜੱਥੇਬੰਦੀ ਵਿੱਚ ਸੰਜੀਵ ਅਰੋੜਾ ਵਰਗੇ ਵਿਅਕਤੀ ਨਿਸਵਾਰਥ ਭਾਵ ਨਾਲ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਇਸ ਮੌਕੇ ਸੰਜੀਵ ਅਰੋੜਾ ਨੇ ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪੇ ਜਾਣ ਤੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।ਅਰੋੜਾ ਨੇ ਕਿਹਾ ਕਿ ਭਗਵਾਨ ਦੁਆਰਾ ਬਣਾਈ ਗਈ ਇਸ ਸ੍ਰਿਸ਼ਟੀ ਦਾ ਆਨੰਦ ਅਤੇ ਸੁੱਖ ਭੋਗਣ ਲਈ ਅੱਖਾਂ ਦੀ ਰੌਸ਼ਨੀ ਨਾ ਹੋਣ ਦੇ ਮਾਮਲੇ ਵਿੱਚ ਜਿਨ੍ਹਾਂ ਦੇ ਪਿੱਛੇ ਰੌਸ਼ਨੀ ਹੋਵੇ ਉਹਨਾਂ ਨੂੰ ਅੱਖਾਂ ਲਗਾਉਣ ਤੇ ਉਹ ਦੇਖ ਪਾਉਂਦੇ ਹਨ। ਜੇਕਰ ਪਿੱਛੇ ਰੋਸ਼ਨੀ ਨਾ ਹੋਵੇ ਤਾਂ ਉਸ ਮਾਮਲੇ ਵਿੱਚ ਅੱਖ ਨਹੀਂ ਲਗਾਈ ਜਾ ਸਕਦੀ, ਕਿਸੇ ਨੂੰ ਕੋਰਨੀਅਲ ਸੰਕਰਮਣ ਦੇ ਮਾਮਲੇ ਵਿੱਚ ਵੀ ਟਰਾਂਸਪਲਾਂਟ ਨਹੀਂ ਕੀਤਾ ਜਾ ਸਕਦਾ । ਇਸ ਲਈ ਅੱਖਾਂ ਦਾ ਖਾਸ ਧਿਆਨ ਰੱਖੋ ਅਤੇ ਨੇਤਰ ਦਾਨ ਜ਼ਰੂਰ ਕਰੋ। ਕਿਉਂਕਿ ਇਹੀ ਇੱਕ ਅਜਿਹਾ ਦਾਨ ਹੈ ਜੋ ਮਰਨ ਤੋਂ ਬਾਅਦ ਕਰਨਾ ਹੁੰਦਾ ਹੈ । ਇਸ ਲਈ ਕਿਸੇ ਦੀ ਹਨੇਰੀ ਜ਼ਿੰਦਗੀ ਨੂੰ ਰੌਸ਼ਨ ਕਰਨ ਦੇ ਲਈ ਨੇਤਰ ਦਾਨ ਦੇ ਮਹਾਯਗ ਵਿੱਚ ਆਹੂਤੀ ਜ਼ਰੂਰ ਪਾਓ ਤਾਂ ਜੋ ਤੁਹਾਡੇ ਜਾਣ ਤੋਂ ਬਾਅਦ ਵੀ ਤੁਹਾਡੀਆਂ ਅੱਖਾਂ ਇਸ ਸੁੰਦਰ ਸੰਸਾਰ ਨੂੰ ਦੇਖ ਸਕਣ ।ਅਰੋੜਾ ਨੇ ਦੱਸਿਆ ਕਿ ਅਗਰ ਤੁਹਾਡੇ ਆਸ ਪਾਸ ਕੋਈ ਐਸਾ ਵਿਅਕਤੀ ਹੈ ਜੋ ਕੋਰਨੀਅਲ ਬਲਾਇੰਡਨੈਸ ਤੋਂ ਪੀੜਿਤ ਹੈ ਤਾਂ ਉਸ ਦਾ ਸੰਪਰਕ ਸੁਸਾਇਟੀ ਨਾਲ ਕਰਵਾਓ ਤਾਂ ਕਿ ਉਸ ਦਾ ਮੁਫਤ ਆਪਰੇਸ਼ਨ ਕਰਵਾਇਆ ਜਾ ਸਕੇ ਅਤੇ ਨਵੀਂ ਅੱਖ ਲਗਵਾਈ ਜਾ ਸਕੇ । ਪ੍ਰੋਗਰਾਮ ਦੀ ਸਫਲਤਾ ਲਈ ਸੁਸਾਇਟੀ ਦੇ ਸੀਨੀਅਰ ਮੈਂਬਰ ਸ਼੍ਰੀ ਰਮਿੰਦਰ ਸਿੰਘ ਦਾ ਖਾਸ ਯੋਗਦਾਨ ਰਿਹਾ ।ਸਟੇਜ ਸੈਕਟਰੀ ਦੀ ਭੂਮਿਕਾ ਪ੍ਰਿੰ. ਡੀ.ਕੇ. ਸ਼ਰਮਾ ਨੇ ਬਖ਼ੂਬੀ ਨਿਭਾਈ। ਇਸ ਮੌਕੇ 'ਤੇ ਸੁਰਿੰਦਰ ਵਿੱਜ, ਅਰੁਣ ਜੈਨ, ਪ੍ਰਿੰ. ਡੀ.ਕੇ. ਸ਼ਰਮਾ, ਪ੍ਰੋ. ਦਲਜੀਤ ਸਿੰਘ, ਅਵਿਨਾਸ਼ ਸ਼ੂਦ, ਜਸਵੀਰ ਕੰਵਰ, ਵਿਜੇ ਅਰੋੜਾ, ਜਸਵੀਰ ਸਿੰਘ , ਸ਼ਾਖਾ ਬੱਗਾ, ਸ਼ਰਦ ਮਹਿਤਾ, ਰਜਿੰਦਰ ਮੋਦਗਿੱਲ, ਤਰਸੇਮ ਮੋਦਗਿੱਲ, ਤਰੁਣ ਸਰੀਨ, ਕਾਸ਼ਵੀ, ਵੀਨਾ ਚੋਪੜਾ, ਅਨੀਤਾ ਚੱਡਾ, ਰਮਿੰਦਰ ਸਿੰਘ, ਜਗਦੀਸ਼ ਅਗਰਵਾਲ, ਅਮਿਤ ਨਾਗਪਾਲ, ਕਮਲ ਖੁਰਾਨਾ, ਦੀਪਕ ਮਹਿੰਦੀਰੱਤਾ, ਦਵਿੰਦਰ ਅਰੋੜਾ, ਕੁਲਵੰਤ ਸਿੰਘ, ਰਿਤਿਕਾ ਸਰੀਨ ਅਤੇ ਹੋਰ ਹਾਜ਼ਰ ਸਨ।

# ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਵੰਡੀਆਂ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਹਲਕਾ ਚੱਬੇਵਾਲ ਦੇ ਪਿੰਡ ਗੀਹਲਾ ਵਿਖੇ ਸੀਨੀਅਰ ਕਾਂਗਰਸੀ ਆਗੂ ਕੁਲਵਿੰਦਰ ਸਿੰਘ ਰਸੂਲਪੁਰੀ ਵਲੋਂ ਪਿੰਡ ਦੇ ਫੁੱਟਬਾਲ ਕਲੱਬ ਨੂੰ ਫੁੱਟਬਾਲ ਕਿੱਟਾਂ ਵੰਡੀਆਂ ਅਤੇ ਛੋਟੇ ਬੱਚਿਆਂ ਨੂੰ 06 ਸਾਲ ਤੋਂ 12 ਸਾਲ ਦੇ ਬੱਚਿਆਂ ਨੂੰ ਵੀ ਨਿੱਕਰਾਂ ਅਤੇ ਜਰਸੀਆਂ ਵੰਡੀਆਂ ਗਈਆਂ ।ਇਸ ਮੌਕੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਕੁਲਵਿੰਦਰ ਸਿੰਘ ਰਸੂਲਪੁਰੀ ਅਤੇ ਉਨ੍ਹਾਂ ਦੇ ਬੇਟੇ ਹਰਜਿੰਦਰ ਸਿੰਘ ਰਸੂਲਪੁਰੀ ਅਹੁਦੇਦਾਰ ਅਤੇ ਵਰਕਰ ਸ਼ਾਮਿਲ ਸਨ।ਰਸੂਲਪੁਰ ਨੇ ਦੱਸਿਆ ਕਿ ਇਸ ਚੈਰੀਟੇਬਲ ਟਰੱਸਟ ਪਿਛਲੇ ਕਾਫੀ ਲੰਮੇ ਅਰਸੇ ਤੋਂ ਸੇਵਾ ਕਰਦੀ ਆ ਰਹੀ ਹੈ। ਮਾਤਾ ਚਿੰਤ ਕੌਰ ਚੈਰੀਟੇਬਲ ਟਰੱਸਟ ਦਾ ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਦੇਣ 'ਤੇ ਪਿੰਡ ਵਾਸੀਆਂ ਨੇ ਧੰਨਵਾਦ ਕੀਤਾ। ਇਸ ਮੌਕੇ ਦਵਿੰਦਰ ਸਿੰਘ ਖਾਲਸਾ ਕੂਕੋਵਾਲ ਬਲਾਕ ਪ੍ਰਧਾਨ ਚੱਬੇਵਾਲ, ਚੌਧਰੀ ਗੁਰਪ੍ਰੀਤ ਯੂਥ ਪ੍ਰਧਾਨ, ਕੁਲਵਿੰਦਰ ਸਿੰਘ ਖੈਰੜ ਸਰਕਲ ਪ੍ਰਧਾਨ, ਗਿਆਨ ਚੰਦ, ਕੁਲਵਿੰਦਰ ਸਿੰਘ ਸਰਕਲ ਪ੍ਰਧਾਨ, ਬੀਬੀ ਹਰਬੰਸ ਕੌਰ ਮਹਿਲਾ ਬਲਾਕ ਪ੍ਰਧਾਨ, ਬੀਬੀ ਸੁਰਿੰਦਰ ਕੌਰ ਮਹਿਲਾ ਬਲਾਕ ਪ੍ਰਧਾਨ, ਪਰਮਜੀਤ ਸਿੰਘ ਹਕੂਮਤਪੁਰ, ਮਲਕੀਤ ਰਾਮ ਖੈਰੜ ਆਦਿ ਹਾਜ਼ਰ ਸਨ।

# ਪੇਂਡੂ ਖੇਡ ਏ ਜੀ ਆਈ ਫਿਜ਼ੀਕਲ ਫਿਟਨੈਂਸ ਚੈਂਪੀਅਨਸ਼ਿਪ ਦਾ ਹਿੱਸਾ ਬਣੀ



**ਜਲੰਧਰ ( ਰਾਜੇਸ਼ ਥਾਪਾ )** ਸਭ ਤੋਂ ਮਸ਼ਹੂਰ ਆਮ ਪੇਂਡੂ ਖੇਡ ਊਰਜਾ ਅਤੇ ਤਾਕਤ ਨਾਲ ਭਰਪੂਰ, ਟੱਗ ਆਫ ਵਾਰ, ਏਜੀਆਈ ਫਿਜ਼ੀਕਲ ਫਿਟਨੈਸ ਚੈਂਪੀਅਨਸ਼ਿਪ ਦੇ ਪੰਜਵੇਂ ਦਿਨ ਪੁਰਸ਼ਾਂ ਅਤੇ ਔਰਤਾਂ ਲਈ ਜਲੰਧਰ ਹਾਈਟਸ 1 ਦੇ ਹਰੇ ਭਰੇ ਮੈਦਾਨ ਵਿੱਚ ਆਯੋਜਿਤ ਕੀਤੀ ਗਈ।ਇਸ ਪੇਂਡੂ ਖੇਡ ਨੇ ਸੋਸਾਇਟੀ ਦੇ ਦਰਸ਼ਕਾਂ ਵਿੱਚ ਬਹੁਤ ਦਿਲਚਸਪੀ ਪੈਦਾ ਕੀਤੀ ਜਿਨ੍ਹਾਂ ਨੇ ਖਿਡਾਰੀਆਂ ਨੂੰ ਉਸੇ ਤਰ੍ਹਾਂ ਦੇ ਜੋਸ਼ ਨਾਲ ਉਤਸ਼ਾਹਿਤ ਕੀਤਾ। ਆਮ ਪਰ ਅਸਲ ਊਰਜਾਵਾਨ ਸ਼ਕਤੀਸ਼ਾਲੀ ਸਰੀਰਕ ਤੰਦਰੁਸਤੀ ਵਾਲੀ ਪੇਂਡੂ ਖੇਡ ਜੋ ਕਿ ਆਧੁਨਿਕ ਯੁੱਗ ਵਿੱਚ ਲਗਭਗ ਆਪਣੀ ਮਹੱਤਤਾ ਗੁਆ ਚੁੱਕੀ ਹੈ, ਬਾਰੇ, ਏਜੀਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸੁਰਿੰਦਰ ਭਾਂਬਰੀ ਨੇ ਦੱਸਿਆ ਕਿ ਟਗ ਆਫ਼ ਵਾਰ ਇੱਕ ਅਜਿਹੀ ਖੇਡ ਹੈ ਜਿੱਥੇ ਦੋ ਟੀਮਾਂ ਰੱਸੀ ਦੇ ਉਲਟ ਸਿਰੇ 'ਤੇ ਖਿੱਚਦੀਆਂ ਹਨ। ਟੀਚਾ ਦੂਜੀ ਟੀਮ ਨੂੰ ਜ਼ਮੀਨ 'ਤੇ ਨਿਸ਼ਾਨਬੱਧ ਲਾਈਨ ਦੇ ਪਾਰ ਖਿੱਚਣਾ ਹੈ। ਹਰ ਟੀਮ ਦੂਜੇ 'ਤੇ ਕਾਬੂ ਪਾਉਣ ਲਈ ਆਪਣੀ ਤਾਕਤ ਦੀ ਵਰਤੋਂ ਕਰਨ ਦੀ ਕੋਸ਼ਿਸ਼ ਕਰਦੀ ਹੈ।

ਖੇਡਣ ਲਈ, ਜ਼ਮੀਨ 'ਤੇ ਇਕ ਮੋਟੀ ਰੱਸੀ ਰੱਖੀ ਜਾਂਦੀ ਹੈ ਜਿਸ ਵਿਚ ਵਿਚਕਾਰਲੀ ਲਾਈਨ ਹੁੰਦੀ ਹੈ। ਟੀਮਾਂ ਦੋਵੇਂ ਪਾਸੇ ਲਾਈਨ ਵਿੱਚ ਲੱਗਦੀਆਂ ਹਨ ਅਤੇ ਰੱਸੀ ਨੂੰ ਫੜਦੀਆਂ ਹਨ। ਜਦੋਂ ਖੇਡ ਸ਼ੁਰੂ ਹੁੰਦੀ ਹੈ ਤਾਂ ਦੋਵੇਂ ਟੀਮਾਂ ਜਿੰਨੀਆਂ ਵੀ ਸਖ਼ਤ ਹੋ ਸਕਦੀਆਂ ਹਨ ਖਿੱਚਦੀਆਂ ਹਨ। ਉਹ ਟੀਮ ਜੋ ਦੂਜੀ ਟੀਮ ਨੂੰ ਲਾਈਨ ਤੋਂ ਅੱਗੇ ਖਿੱਚਦੀ ਹੈ ਜਿੱਤ ਜਾਂਦੀ ਹੈ।ਟਗ ਆਫ਼ ਵਾਰ ਇਕ ਮਜ਼ੇਦਾਰ ਖੇਡ ਵੀ ਹੈ ਅਤੇ ਟੀਮ ਵਰਕ ਅਤੇ ਤਾਕਤ ਦੀ ਜਾਂਚ ਵੀ ਕਰਦੀ ਹੈ। ਇਹ ਇੱਕ ਅਜਿਹੀ ਖੇਡ ਹੈ ਜੋ ਬੱਚਿਆਂ ਅਤੇ ਬਾਲਗਾਂ ਦੁਆਰਾ ਖੇਡੀ ਜਾ ਸਕਦੀ ਹੈ ਅਤੇ ਇਹ ਅਕਸਰ ਸਕੂਲ ਦੇ ਸਮਾਗਮਾਂ, ਪਿਕਨਿਕਾਂ ਅਤੇ ਮੇਲਿਆਂ ਵਿੱਚ ਦੇਖੀ ਜਾਂਦੀ ਹੈ।ਇਸ ਈਵੈਂਟ ਵਿੱਚ ਪੁਰਸ਼ਾਂ ਦੀ ਟੀਮ ਏ ਖਿਡਾਰੀਆਂ ਜਤਿੰਦਰ ਵਿਰਕ, ਜੋਬਨਜੀਤ, ਡਾਕਟਰ ਅਭਿਨਵ, ਪਰਮਿੰਦਰ ਸਿੰਘ , ਅਰੁਣ ਭਾਂਬਰੀ, ਅਭੈ, ਕ੍ਰਿਪਾ ਸ਼ੰਕਰ ਤੇ ਰਚਿਤ ਮਹਿਨਾ ਦੀ ਨਿਰੰਤਰਤਾ ਨੇ ਜਿੱਤੀ ਅਤੇ ਮਹਿਲਾ ਮੈਚ ਵਿੱਚ ਟੀਮ ਬੀ ਦੇ ਖਿਡਾਰੀਆਂ ਭਾਵਿਆ ਸ਼ਰਮਾ, ਪਰੀ, ਆਸ਼ਿਮਾ ਸ਼ਰਮਾ,ਗੌਰੀ ਸ਼ੰਕਰ,ਤੇ ਰਾਜਵਿੰਦਰ ਕੌਰ ਨਾਲ ਮੈਚ ਜਿੱਤਿਆ । ਮੈਚ ਦੌਰਾਨ ਭਾਗ ਲੈਣ ਵਾਲੀਆਂ ਟੀਮਾਂ ਅਤੇ ਅਧਿਕਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਏਜੀਆਈ ਇਨਫਰਾ ਲਿਮਟਿਡ ਦੇ ਡਾਇਰੈਕਟਰ ਵਰਿੰਦਰ ਸਿੰਘ ਅਤੇ ਅਭਿਜੀਤ ਸਿੰਘ ਅਤੇ ਚੈਂਪੀਅਨਸ਼ਿਪ ਡਾਇਰੈਕਟਰ ਸੁਮਿਤ ਸ਼ਰਮਾ, ਟੂਰਨਾਮੈਂਟ ਡਾਇਰੈਕਟਰ ਵਿਕਰਮ ਧੀਮਾਨ ਅਤੇ ਮੇਜਰ ਜਨਰਲ ਅਰੁਣ ਖੰਨਾ (ਸੇਵਾਮੁਕਤ) ਖ਼ਾਸ ਤੌਰ 'ਤੇ ਮੌਜੂਦ ਸਨ।

# 'ਸੂਹੀ ਸਵੇਰ' 'ਤੇ ਵਿਚਾਰ-ਗੋਸ਼ਟੀ



**ਜਲੰਧਰ (ਕੇਸਰ)** ਦੇਸ਼ ਭਗਤ ਯਾਦਗਾਰ ਹਾਲ ਦੀ ਲਾਇਬ੍ਰੇਰੀ ਵਿੱਚ ਤਰਕਸ਼ੀਲ ਸੁਸਾਇਟੀ ਜੋਨ ਜਲੰਧਰ ਦੀ ਇੱਕ ਵਿਚਾਰ ਗੋਸ਼ਟੀ ਜੋਨ ਪ੍ਰਧਾਨ ਸੁਰਜੀਤ ਟਿੱਬਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿਚ ਸਵੈਸਾਂਚੀ ਵੱਲੋਂ ਲਿਖੀ ਗਈ ਪੁਸਤਕ ਸੂਹੀ ਸਵੇਰ ਉੱਤੇ ਵਿਚਾਰ ਗੋਸ਼ਟੀ ਹੋਈ।ਵਿਚਾਰ ਗੋਸ਼ਟੀ ਵਿੱਚ ਜੋਨ ਪ੍ਰਧਾਨ ਤੋਂ ਇਲਾਵਾ ਸਾਥੀ ਸੁਖਦੇਵ ਫਗਵਾੜਾ, ਸਾਥੀ ਮਨਜੀਤ ਸਿੰਘ, ਸਾਥੀ ਬਿੱਟੂ ਰੂਪੋਵਾਲੀ, ਡਾਕਟਰ ਸਾਥੀ, ਮਾਸਟਰ ਮਦਨ ਲਾਲ, ਮਾਸਟਰ ਸੁਖਜੀਤ ਸਿੰਘ, ਸਾਥੀ ਪਰਮਜੀਤ ਕਲਸੀ ਅਤੇ ਸੂਬੇਦਾਰ ਮੇਜਰ ਪਰਮਜੀਤ ਸਿੰਘ ਹਾਜ਼ਰ ਸਨ।ਤਹਿਸੀਲਦਾਰ ਜਸਵਿੰਦਰ ਸਿੰਘ ਫਗਵਾੜਾ ਨੇ ਸਾਥੀਆਂ ਦੇ ਕਿੰਤੂ ਪ੍ਰੰਤੂ ਦੇ ਜੁਆਬ ਦਿੱਤੇ ਅਤੇ ਜਲੰਧਰ ਇਕਾਈ ਪ੍ਰਧਾਨ ਨਸੀਬ ਚੰਦ ਨੇ ਆਏ ਸਾਥੀਆਂ ਦਾ ਧੰਨਵਾਦ ਕੀਤਾ।ਕਿਤਾਬ ਵਿਚ ਸਾਡੇ ਸਮਾਜ ਦੀ ਦੁਰਦਸ਼ਾ, ਮਨੁੱਖ ਦਾ ਇਤਿਹਾਸ, ਕਬੀਲਾ ਯੁੱਗ, ਗੁਲਾਮਦਾਰੀ ਯੁੱਗ, ਜਾਗੀਰਦਾਰੀ ਯੁੱਗ, ਸਰਮਾਏਦਾਰੀ ਯੁੱਗ, ਸਮਾਜਵਾਦੀ ਯੁੱਗ, ਪੈਦਾਵਾਰੀ ਸੰਦ, ਪੈਦਾਵਾਰੀ ਸ਼ਕਤੀਆਂ, ਪੈਦਾਵਾਰੀ ਸੰਦਾਂ ਦੇ ਮਾਲਿਕ, ਮਨੁੱਖ ਨਵੇਂ ਪੈਦਾਵਾਰੀ ਸੰਦ ਕਿਓਂ ਬਣਾਉਂਦਾ ਹੈ, ਲੁਟੇਰੀ ਜਮਾਤ ਅਤੇ ਲੁੱਟੀ ਜਾ ਰਹੀ ਜਮਾਤ, ਪ੍ਰੋਲੇਟਰੀ ਕੀ ਅਤੇ ਕਿਸ ਤਰਾਂ ਕੰਮ ਕਰੇ, ਇਹ ਸਾਰਾ ਕੁਝ ਬਹੁਤ ਵਿਸਥਾਰ ਨਾਲ ਲਿਖਿਆ ਗਿਆ ਹੈ। ਕਿਤਾਬ ਪੜ੍ਹ ਲੈਣ ਨਾਲ ਮਾਰਕਸਵਾਦ ਬਾਰੇ ਕਾਫੀ ਸਾਰਾ ਮੁੱਢਲਾ ਗਿਆਨ ਸੌਖਿਆਂ ਹੀ ਪ੍ਰਾਪਤ ਹੋ ਜਾਂਦਾ ਹੈ।

# ਸੀ ਟੀ ਗਰੁੱਪ ਦੇ ਬੀ ਐੱਡ ਵਿਦਿਆਰਥੀਆਂ ਨੇ 'ਵਰਸਿਟੀ 'ਚ ਹਾਸਲ ਕੀਤੀਆਂ 16 ਪੁਜ਼ੀਸ਼ਨਾਂ




**ਜਲੰਧਰ ( ਸ਼ੈਲੀ ਐਲਬਰਟ) - :** ਸੀ ਟੀ ਕਾਲਜ ਆਫ਼ ਐਜੂਕੇਸ਼ਨ, ਮਕਸੂਦਨ ਨੇ ਬੀ.ਐੱਡ ਵਿੱਚ ਯੂਨੀਵਰਸਿਟੀ ਦੀਆਂ 16 ਪੁਜ਼ੀਸ਼ਨਾਂ ਹਾਸਲ ਕੀਤੀਆਂ । ਚੋਟੀ ਦੀਆਂ ਪ੍ਰਾਪਤੀਆਂ ਵਿੱਚੋਂ, ਧ੍ਰਿਤੀ ਮਿਸ਼ਰਾ ਨੇ 8.5 ਦੇ ਐਸਜੀਪੀਏ ਨਾਲ ਜੀ ਐਂਨ ਡੀ" ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੇ ਆਪ ਨੂੰ ਵੱਖਰਾ ਕੀਤਾ।

ਹਰਸ਼ਿਤਾ ਨੇ 8.3 ਦੇ ਐਸਜੀਪੀਏ ਨਾਲ ਚੌਥਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਆਸਥਾ ਭਾਰਦਵਾਜ ਅਤੇ ਰਾਧਿਕਾ ਸ਼ਰਮਾ ਦੋਵਾਂ ਨੇ 8.1 ਦੇ ਐਸਜੀਪੀਏ ਨਾਲ 6ਵਾਂ ਸਥਾਨ ਹਾਸਲ ਕੀਤਾ। ਲਕਸ਼ਮੀ ਮਿਸ਼ਰਾ ਅਤੇ ਹਰਮਨ ਨੇ 8.0 ਦੇ ਐਸਜੀਪੀਏ ਨਾਲ 7ਵਾਂ ਸਥਾਨ ਹਾਸਲ ਕੀਤਾ ਅਤੇ ਸਿੰਮੀ ਅਤੇ ਕੋਮਲਪ੍ਰੀਤ ਕੌਰ ਨੇ 7.9 ਦੇ ਐਸਜੀਪੀਏ ਨਾਲ 8ਵਾਂ ਸਥਾਨ ਹਾਸਲ ਕੀਤਾ। ਰੂਬੀ, ਭਾਵਨਾ ਅਤੇ ਹਰਪ੍ਰੀਤ ਕੌਰ ਨੇ 7.8 ਦੇ ਐਸਜੀਪੀਏ ਨਾਲ 9ਵਾਂ ਸਥਾਨ ਪ੍ਰਾਪਤ ਕੀਤਾ, ਕਨੂ ਪ੍ਰਿਆ, ਇੰਦੂ ਬਾਲਾ, ਰਿਤਿਕਾ ਜਾਲਾਨ ਅਤੇ ਕੋਮਲ ਸ਼ਰਮਾ ਨੇ 7.7 ਦੇ ਐਸਜੀਪੀਏ ਨਾਲ 10ਵਾਂ ਸਥਾਨ ਪ੍ਰਾਪਤ ਕੀਤਾ।। ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਮੈਨੇਜਿੰਗ ਡਾਇਰੈਕਟਰ ਡਾ: ਮਨਬੀਰ ਸਿੰਘ ਸਮੇਤ ਪ੍ਰਬੰਧਕੀ ਅਧਿਕਾਰੀਆਂ ਅਤੇ ਪਿੰਸੀਪਲ ਨੇ ਵਿਦਿਆਰਥੀਆਂ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ । ਚੰਨੀ ਨੇ ਕਿਹਾ, ਇਹ ਸਫਲਤਾ ਸੀਟੀ ਕਾਲਜ ਆਫ਼ ਐਜੂਕੇਸ਼ਨ ਵਿੱਚ ਸਿੱਖਿਆ ਦੀ ਗੁਣਵੱਤਾ ਅਤੇ ਸਹਾਇਕ ਸਿੱਖਣ ਦੇ ਮਾਹੌਲ ਨੂੰ ਦਰਸਾਉਂਦੀ ਹੈ। ਸਾਨੂੰ ਆਪਣੇ ਵਿਦਿਆਰਥੀਆਂ ਅਤੇ ਫੈਕਲਟੀ ਦੇ ਲਗਾਤਾਰ ਯਤਨਾਂ ਅਤੇ ਸਮਰਪਣ ਲਈ ਮਾਣ ਹੈ।।

# ਲਾਇਨਸ ਕਲੱਬ ਰਾਜਾ ਸਾਹਿਬ ਨੇ ਛਾਂਦਾਰ ਤੇ ਫਲਦਾਰ ਬੂਟੇ ਲਗਾਏ



**ਬੰਗਾ (ਅਵਤਾਰ ਕਲੇਰ)** ਲਾਇਨਸ ਕਲੱਬ ਰਾਜਾ ਸਾਹਿਬ 321 ਡੀ ਬੰਗਾ ਵੱਲੋਂ ਲਾਇਨ ਕਲੱਬ ਬੰਗਾ ਦੇ ਪ੍ਰਧਾਨ ਧਰਮਿੰਦਰ ਸਿੰਘ ਨੌਤੇ ਦੀ ਪ੍ਰਧਾਨਗੀ ਵਿੱਚ ਸਾਵਣ ਦੇ ਮਹੀਨੇ ਵਾਤਾਵਰਨ ਦੀ ਸ਼ੁੱਧਤਾ ਲਈ ਇੱਕ ਦਿਨ ਦਾ ਕੈਂਪ ਬੂਟੇ ਲਗਾ ਕੇ ਆਯੋਜਿਤ ਕੀਤਾ ਗਿਆ। ਲਾਇਨਸ ਕਲੱਬ ਦੇ ਰੀਜਨ ਚੇਅਰਮੈਨ ਡਾ. ਓਕਾਰ ਸਿੰਘ ਬੰਗਾ ਨੇ ਦੱਸਿਆ ਕਿ ਕਲੱਬ ਵੱਲੋਂ 51 ਛਾਂਦਾਰ ਅਤੇ ਫਲਦਾਰ ਬੂਟੇ ਪਿੰਡ ਕਲੇਰਾਂ ਦੇ ਇੱਕ ਧਾਰਮਿਕ ਸਥਾਨ ਅਤੇ ਹੋਰ ਖਾਲੀ ਜਗ੍ਹਾ 'ਤੇ ਲਾਏ ਗਏ ਹਨ। ਬੇਸ਼ੱਕ ਇਹ ਬੂਟੇ ਬੜੇ ਥੋੜੇ ਹਨ ਫੇਰ ਵੀ ਇਹ ਬੂਟੇ 3-4 ਸਾਲ ਬਾਅਦ ਹੋਂਦ ਵਿੱਚ ਆਉਣਗੇ।ਇਹ ਬੂਟੇ ਆਉਣ ਵਾਲੇ ਸਮੇਂ ਵਿੱਚ ਜਿੱਥੇ ਵਾਤਾਵਰਣ ਨੂੰ ਸ਼ੁੱਧ ਕਰਨਗੇ ਉੱਥੇ ਹੀ ਧਰਤੀ ਦਾ ਤਾਪਮਾਨ ਘੱਟ ਕਰਨ ਲਈ ਅਹਿਮ ਹੋਣਗੇ।

ਇਸ ਮੌਕੇ ਲਾਇਨ ਕਲੱਬ ਦੇ ਜੋਨ ਚੇਅਰਮੈਨ ਬਲਵੀਰ ਰਾਏ, ਲਾਇਨ ਗੁਲਸ਼ਨ ਕੁਮਾਰ, ਲਾਇਨ ਬਲਵਿੰਦਰ ਸਿੰਘ ਝਿੰਗੜ, ਲਾਇਨ ਰਜਿੰਦਰ ਢਡਵਾੜ,ਲਾਇਨ ਗਗਨਦੀਪ, ਲਾਇਨ ਗਗਨਦੀਪ ਕੰਗਰੋੜ,ਲਾਇਨ ਬਲਕਾਰ ਸਿੰਘ ਹੇੜੀਆਂ,ਲਾਇਨ ਧਰਪਿੰਦਰ ਸਿੰਘ ਤੋਂ ਇਲਾਵਾ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ।

# ਸਾਲਾਨਾ ਜੋੜ ਮੇਲੇ ਸੰਬੰਧੀ ਪੋਸਟਰ ਰਿਲੀਜ਼

**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ )** ਪਿੰਡ ਮੇਹਟੀਆਣਾ ਵਿਖੇ ਦੇਸੂ ਫੱਕਰ ਦੇ ਦਰਬਾਰ 'ਤੇ ਸਾਲਾਨਾ ਜੋੜ ਮੇਲਾ 18 ਅਗਸਤ ਨੂੰ ਡੇਰੇ ਦੇ ਮੁੱਖ ਸੇਵਾਦਾਰ ਸਾਈ ਕਮਲਜੀਤ ਕੁਮਾਰੀ ਮੇਹਟੀਆਣਾ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ।ਡਾਕਟਰ ਮਹਿੰਦਰ ਪਾਲ ਬੱਧਣ, ਦਰਬਾਰ ਦੇ ਗੱਦੀ ਨਸ਼ੀਨ ਸਾਈ ਕਮਲਜੀਤ ਕੁਮਾਰੀ ਮੇਹਟੀਆਣਾ ਨੇ ਦੱਸਿਆ ਕਿ 15 ਅਗਸਤ ਤੋਂ ਮੇਲੇ ਦੀ ਸ਼ੁਰੂਆਤ ਹੋਵੇਗੀ ਅਤੇ 18 ਅਗਸਤ ਨੂੰ ਮੇਲੇ ਦੀ ਸਮਾਪਤੀ ਹੋਵੇਗੀ। ਇਸ ਦੌਰਾਨ ਵੱਖ ਵੱਖ ਦਰਬਾਰਾਂ ਤੋਂ ਫੱਕਰ ਫਕੀਰ ਪੁੱਜ ਕੇ ਦਰਬਾਰ ਦੀ ਹਾਜ਼ਰੀ ਭਰਨਗੇ। ਇੰਟਰਨੈਸ਼ਨਲ ਕਲਾਕਾਰ ਆਪਣੀ ਕਲਾ ਦੁਆਰਾ ਹਾਜ਼ਰੀ ਭਰਨਗੇ।ਪ੍ਰਬੰਧਕਾਂ ਵੱਲੋਂ ਸਲਾਨਾ ਜੋੜ ਮੇਲੇ ਦੇ ਪੋਸਟਰ ਰਿਲੀਜ਼ ਕੀਤੇ ਗਏ। ਇਸ ਸਮੇਂ ਗੁਰਕਿਰਪਾਲ ਬੱਧਣ, ਅਨਮੋਲ ਬੱਧਣ ਕਨੇਡਾ, ਮੋਤਾ ਸਿੰਘ,ਮਸਤਾਨਾ, ਜਸਵੰਤ ਸਿੰਘ ਜੱਸਾ, ਲਖਬੀਰ ਜੋਗੀ, ਯੋਗਰਾਜ ,ਜੱਗੀ, ਲੱਕੀ, ਰਿੱਕੀ, ਸੌਰਵ, ਜਸਵੀਰ ਭਾਲੂ, ਹਰਜਿੰਦਰ ਸਿੰਘ ਲਾਡੀ,ਹਰਜਿੰਦਰ ਸਿੰਘ, ਸਾਬ੍ਹੀ, ਤਰਲੋਚਨ ਸਿੰਘ, ਜੋਗਿੰਦਰ ਸਿੰਘ ਫੌਜੀ, ਰਵਿੰਦਰ, ਬਿੱਟੂ ਬਾਬਾ,ਅਮਨ, ਮਨਜੀਤ, ਰਾਮ ਮੌਜੀ ਪੰਡੋਰੀ ਕੱਦ ਆਦਿ ਹਾਜ਼ਰ ਸਨ।



# ਤੀਜ ਦਾ ਤਿਉਹਾਰ ਔਰਤਾਂ ਦੇ ਸਨਮਾਨ ਤੇ ਸ਼ਕਤੀ ਦਾ ਪ੍ਰਤੀਕ : ਮਨਜੀਤ ਕੌਰ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਇਥੋਂ ਥੋੜੀ ਦੂਰੀ 'ਤੇ ਸਥਿਤ ਪਿੰਡ ਗੀਗਣਵਾਲ ਵਿਖੇ ਪੁਰਾਤਨ ਸਮੇਂ ਤੋਂ ਚੱਲਦਾ ਆ ਰਿਹਾ ਤੀਆਂ ਤੀਜ ਦੀਆਂ ਦਾ ਤਿਉਹਾਰ ਬੜੀ ਸ਼ਿੱਦਤ ਦੇ ਨਾਲ ਮਨਾਇਆ ਗਿਆ। ਉਦਘਾਟਨ ਇਸੇ ਪਿੰਡ ਦੀ ਜੰਮਪਲ ਏਆਈਜੀ ਸੀਆਈਡੀ ਜਲੰਧਰ ਰੇਂਜ ਮਨਜੀਤ ਕੌਰ ਨੇ ਕੀਤਾ। ਉਹਨਾਂ ਦੱਸਿਆ ਕਿ ਮਾਤਾ ਪਾਰਵਤੀ ਵੱਲੋਂ ਭਗਵਾਨ ਸ਼ਿਵ ਨੂੰ ਪਾਉਣ ਲਈ ਕੀਤੀ ਘੋਰ ਤਪੱਸਿਆ ਸਦਕਾ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਦਾ ਇਸ ਮਹੀਨੇ ਮਿਲਾਪ ਹੋਇਆ ਸੀ। ਇਸ ਲਈ ਖੁਸ਼ੀ ਪ੍ਰਗਟ ਕਰਨ ਲਈ ਇਹ ਤਿਉਹਾਰ ਸਾਵਨ ਮਹੀਨੇ 'ਚ ਹੀ ਬੜੇ ਮਾਣ ਤੇ ਸਤਿਕਾਰ ਨਾਲ ਮਨਾਇਆ ਜਾਂਦਾ ਹੈ।ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਸਾਡੇ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਜਿਉਂਦਾ ਰੱਖਣ ਲਈ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਤੀਜ ਦਾ ਤਿਉਹਾਰ ਸਾਡੇ ਸਮਾਜ ਵਿੱਚ ਔਰਤਾਂ ਦੇ ਸਨਮਾਨ ਅਤੇ ਉਹਨਾਂ ਦੀ ਸ਼ਕਤੀ ਦਾ ਪ੍ਰਤੀਕ ਹੈ। ਇਸ ਤਰ੍ਹਾਂ ਦੇ ਤਿਉਹਾਰ ਨਾ ਕੇਵਲ ਸਾਡੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲ ਸਕਦੇ ਹਨ ਬਲਕਿ ਨੌਜਵਾਨ ਪੀੜੀ ਨੂੰ ਆਪਣੀਆਂ ਜੜ੍ਹਾਂ ਨਾਲ ਵੀ ਜੋੜਦੇ ਹਨ । ਇਸ ਦੇ ਨਾਲ ਉਹਨਾਂ ਇਲਾਕਾ ਨਿਵਾਸੀਆਂ ਨੂੰ ਇੱਕ ਖਾਸ ਅਪੀਲ ਕਰਦੇ ਕਿਹਾ ਕਿ ਵਾਤਾਵਰਨ ਨੂੰ ਬਚਾਉਣ ਦੇ ਲਈ ਸਾਰੇ ਰੁੱਖ ਲਗਾਉਣੇ ਚਾਲੂ ਕਰਨ ਤਾਂ ਕਿ ਸਾਡੀ ਆਉਣ ਵਾਲੀ ਪੀੜੀ ਨੂੰ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਬੀਰ ਕੌਰ ਪੰਚ, ਲਖਵੀਰ ਕੌਰ ,ਸੰਦੀਪ ਕੌਰ,ਹਰਦੀਪ ਕੌਰ,ਜਗਦੀਪ ਕੌਰ,ਕੁਲਵਿੰਦਰ ਕੌਰ, ਸਰਬਜੀਤ ਕੌਰ, ਮਨਜੀਤ ਕੌਰ ਆਦਿ ਮੌਜੂਦ ਸਨ।

# ਜਲਦ ਹੀ ਖੁੱਲ੍ਹਣਗੇ ਜ਼ਿਲ੍ਹਾ ਪੱਧਰ 'ਤੇ ਆਮ ਆਦਮੀ ਪਾਰਟੀ ਦੇ ਦਫ਼ਤਰ-ਬਰਸਟ



**ਚੰਡੀਗੜ੍ਹ ( ਗੁਰਜੀਤ ਬਿੱਲਾ )** -ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀਆਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਪੰਜਾਬ ਵਿੱਚ ਆਮ ਆਦਮੀ ਪਾਰਟੀ ਜੋ ਕਿ 117 ਵਿੱਚੋਂ 92 ਵਿਧਾਇਕ ਜਿੱਤ ਕੇ ਵੱਡੀ ਪਾਰਟੀ ਬਣੀ ਹੈ। ਜ਼ਿਲ੍ਹਾ ਪ੍ਰਧਾਨਾਂ ਦਾ ਪ੍ਰਸ਼ਾਸਨ, ਸਰਕਾਰੀ ਨੁਮਾਇੰਦਿਆਂ ਅਤੇ ਆਮ ਲੋਕਾਂ ਵਿਚਾਲੇ ਤਾਲਮੇਲ ਹੋਣਾ ਜ਼ਰੂਰੀ ਹੈ। ਇਨ੍ਹਾਂ ਸਭ ਵਿਚਾਰਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਮ ਆਦਮੀ ਪਾਰਟੀ ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਨੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਅਲਗ-ਅਲਗ ਮੰਗ ਪੱਤਰ ਲਿਖੇ ਹਨ ਤਾਂ ਜੋ ਪਾਰਟੀ, ਲੋਕਾਂ ਅਤੇ ਸਰਕਾਰ ਵਿਚਕਾਰ ਤਾਲਮੇਲ ਬਣਿਆ ਰਹੇ। ਹਰ ਜ਼ਿਲ੍ਹਾ ਪ੍ਰਧਾਨ ਨੇ ਇਸ ਮਕਸਦ ਲਈ ਜ਼ਿਲ੍ਹਾ ਪਾਰਟੀ ਦਫ਼ਤਰ ਬਣਾਉਣ ਲਈ ਸਰਕਾਰ ਤੋਂ ਮੰਗ ਕੀਤੀ ਹੈ ਕਿ ਹਰ ਜ਼ਿਲ੍ਹੇ ਵਿੱਚ 1000 ਵਰਗ ਗਜ਼ ਜਗ੍ਹਾ ਕੁਲੈਕਟਰ ਰੇਟਾਂ 'ਤੇ ਜ਼ਿਲ੍ਹਾ ਪੱਧਰ 'ਤੇ ਦਫ਼ਤਰ ਬਣਾਉਣ ਲਈ ਉਪਲਬਧ ਕਰਵਾਈ ਜਾਵੇ। ਬਰਸਟ ਨੇ ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਵੱਲੋਂ ਪ੍ਰਾਪਤ ਹੋਏ ਅਲਗ-ਅਲਗ ਮੰਗ ਪੱਤਰਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸੌਂਪਿਆ। ਬਰਸਟ ਨੇ ਦੱਸਿਆ ਕਿ ਪਾਰਟੀ, ਲੋਕਾਂ ਅਤੇ ਸਰਕਾਰ ਦੇ ਆਪਸੀ ਤਾਲਮੇਲ ਲਈ ਜ਼ਿਲ੍ਹਾ ਪੱਧਰ ਤੇ ਹੈਡਕੁਆਟਰ ਬਣਾਉਣ ਦੇ ਸੁਝਾਅ ਦਾ ਭਗਵੰਤ ਸਿੰਘ ਮਾਨ ਨੇ ਭਰਪੂਰ ਸੁਆਗਤ ਕੀਤਾ ਹੈ।ਉਨ੍ਹਾਂ ਭਰੋਸਾ ਦਵਾਇਆ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਘੱਟੋ-ਘੱਟ 1000 ਵਰਗ ਗਜ ਜਗ੍ਹਾ ਜਾਂ ਇਸ ਤੋਂ ਵੱਧ ਜਿਨ੍ਹੀਂ ਸੰਭਵ ਹੋ ਸਕੇ ਕੁਲੈਕਟਰ ਰੇਟਾਂ 'ਤੇ ਉਪਲਬਧ ਕਰਵਾਈ ਜਾਵੇਗੀ।

## ਐੱਮ ਐੱਸ ਸੀ ਫਿਜਿਕਸ ਦੇ ਚੌਥੇ ਸਮੈਸਟਰ ਦਾ ਨਤੀਜਾ ਰਿਹਾ ਸ਼ਾਨਦਾਰ



**ਮਾਹਿਲਪੁਰ, (ਸ਼ਫ਼ਰੀ)**=ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਚਲਦੇ ਕੋਰਸ ਐਮਐਸਸੀ ਫਿਜਿਕਸ ਦੇ ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਫਿਜਿਕਸ ਵਿਭਾਗ ਦੇ ਮੁਖੀ ਡਾ. ਆਰਤੀ ਸ਼ਰਮਾ ਨੇ ਦੱਸਿਆ ਕਿ ਐਮ ਐਸ ਸੀ ਫਿਜਿਕਸ ਦੇ ਚੌਥਾ ਸਮੈਸਟਰ ਦੇ ਨਤੀਜੇ ਵਿੱਚ ਸ਼ਰਨਜੀਤ ਕੌਰ ਨੇ 81 ਫੀਸਦੀ ਅੰਕ ਹਾਸਲ ਕਰਕੇ ਪਹਿਲਾ, ਨੇਹਾ ਧੀਮਾਨ ਨੇ 66.2 ਫੀਸਦੀ ਅੰਕਾਂ ਨਾਲ ਦੂਜਾ ਅਤੇ ਵੰਦਨਾ ਦੇਵੀ ਨੇ 61.4 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਸਮੇਤ ਫਿਜਿਕਸ ਵਿਭਾਗ ਦੇ ਸਮੂਹ ਅਧਿਆਪਕਾਂ ਨੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਚੰਗੇ ਨਤੀਜੇ ਲਈ ਮੁਬਾਰਕਬਾਦ ਦਿੱਤੀ।

## ਐੱਸ ਐੱਚ ਓ ਹਰਜਿੰਦਰ ਸਿੰਘ ਨੇ ਚਾਰਜ ਸੰਭਾਲਿਆ



**ਭੁਲੱਥ, (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਥਾਣਾ ਭੁਲੱਥ ਵਿਖੇ ਐਸ.ਐਚ.ਓ ਹਰਜਿੰਦਰ ਸਿੰਘ ਵਲੋਂ ਚਾਰਜ ਸੰਭਾਲਦੇ ਹੋਏ ਕੰਮ ਕਾਜ ਕਰਨਾ ਆਰੰਭ ਕਰ ਦਿੱਤਾ ਹੈ ।ਹਰਜਿੰਦਰ ਸਿੰਘ ਨੇ ਕਿਹਾ ਕਿ ਇਲਾਕੇ ਅੰਦਰ ਅਮਨ ਕਾਨੂੰਨ ਦੀ ਵਿਵਸਥਾ ਕਾਇਮ ਰੱਖੀ ਜਾਵੇਗੀ ਤੇ ਵੱਧ ਰਹੀਆਂ ਕੁਰੀਤੀਆਂ ਨੂੰ ਖਤਮ ਕਰਨ ਲਈ ਨਸ਼ੇ ਦੇ ਵਿਕਰੇਤਾਵਾਂ ਨੂੰ ਠੱਲ੍ਹ ਪਾਈ ਜਾਵੇਗੀ । ਉਹਨਾਂ ਨੇ ਕਿਹਾ ਕਿ ਨੌਜਵਾਨ ਵਰਗ ਜੋ ਨਸ਼ਿਆਂ 'ਚ ਗ੍ਰਸਤ ਹੋ ਕੇ ਜਵਾਨੀ ਬਰਬਾਦ ਕਰ ਰਿਹਾ ਹੈ, ਨੂੰ ਸਹੀ ਮਾਰਗ 'ਤੇ ਲਿਆਉਣ ਲਈ ਨਸ਼ਾ ਵਿਰੋਧੀ ਸੈਮੀਨਾਰ ਲਗਾਏ ਜਾਣਗੇ ਤੇ ਨਸ਼ਾ ਛਡਾਊ ਕੇਂਦਰਾਂ 'ਚ ਇਲਾਜ ਵਾਸਤੇ ਭਰਤੀ ਕਰਵਾਇਆ ਜਾਵੇਗਾ। ਉਹਨਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਕਿਹਾ ਕਿ ਕੋਈ ਵੀ ਕੰਮ ਕਰਾਉਣ ਲਈ ਥਾਣਾ ਭੁਲੱਥ ਵਿਖੇ ਆਉਣ 'ਤੇ ਬਿਨਾਂ ਕਿਸੇ ਭੇਦਭਾਵ ਦੇ ਕੰਮ ਕੀਤਾ ਜਾਵੇਗਾ ਤੇ ਹਰੇਕ ਨੂੰ ਇਨਸਾਫ ਮਿਲੇਗਾ।

**ਜਨਮ ਦਿਨ ਮੁਬਾਰਕ**



ਅਨੁਰੀਤ ਕੌਰ (ਪਾਤੜਾਂ)



ਕਵਿਸ ਸਿੰਘ (ਹੁਸ਼ਿਆਰਪੁਰ)

# ਦੇਹਰੀਵਾਲ 'ਚ ਪਰੰਪਰਾਗਤ ਤਰੀਕੇ ਨਾਲ ਮਨਾਇਆ ਤੀਆਂ ਦਾ ਤਿਉਹਾਰ



**ਅੱਡਾ ਸਰਾਂ (ਕਾਜਲ )**: ਪਿੰਡ ਦੇਹਰੀਵਾਲ ਵਿਚ ਔਰਤਾਂ ਅਤੇ ਲੜਕੀਆਂ ਨੇ ਮਿਲ ਕੇ ਪਰੰਪਰਾਗਤ ਤਰੀਕੇ ਨਾਲ ਖੁਸ਼ੀਆਂ ਖੇੜਿਆਂ ਨਾਲ ਤੀਆਂ ਦਾ ਤਿਉਹਾਰ ਮਨਾਇਆ । ਗਿੱਧਾ ,ਗੀਤ ਬੋਲੀਆਂ ਪੇਸ਼ ਕਰਕੇ ਪੰਜਾਬੀ ਸਭਿਆਚਾਰ ਦੀ ਝਾਕੀ ਪੇਸ਼ ਕੀਤੀ । ਬੱਚਿਆਂ ਨੂੰ ਤੀਆਂ ਦੇ ਤਿਉਹਾਰ ਦੇ ਇਤਿਹਾਸ ਬਾਰੇ ਦੱਸਿਆ ।ਇਸ ਮੌਕੇ ਅਨੂਪ ਕੌਰ, ਮਨਦੀਪ ਕੌਰ, ਅਮਰਜੀਤ ਕੌਰ, ਮਨਜੀਤ ਕੌਰ, ਜਸਵਿੰਦਰ ਕੌਰ, ਸੁਨੈਨਾ, ਕੋਮਲ,ਰਜੋ,ਮੰਨੂ, ਅੰਜਲੀ, ਹਰਮਨ,ਸਹਿਜ, ਮਾਨਵੀ, ਹਰਪ੍ਰੀਤ ਕੌਰ,ਸੀਮਾ, ਕੁਲਵੀਰ ਕੌਰ, ਗਗਨਦੀਪ ਕੌਰ, ਸੁਰਜੀਤ ਕੌਰ, ਸਾਬੀ,ਅਮਨ ਆਦਿ ਪਿੰਡ ਦੀਆਂ ਲੜਕੀਆਂ ਅਤੇ ਔਰਤਾਂ ਹਾਜ਼ਰ ਸਨ ।

# ਕਿੱਕ-ਬਾਕਸਿੰਗ 'ਚ ਖਿਡਾਰੀ ਮੁਸਕਾਨ ਨੇ ਗੋਆ 'ਚ ਜਿੱਤਿਆ ਗੋਲਡ ਮੈਡਲ




**ਬੰਗਾ (ਅਵਤਾਰ ਕਲੇਰ)** ਵਾਕੋ ਇੰਡੀਆ ਸੀਨੀਅਰ ਅਤੇ ਮਾਸਟਰਸ ਨੈਸ਼ਨਲ ਕਿੱਕ-ਬਾਕਸਿੰਗ ਚੈਂਪੀਅਨ 2024 ਮਾਪੂਸਾ ਗੋਆ ਦੀਆਂ ਖੇਡਾਂ ਵਿੱਚ ਕਿੱਕ-ਬਾਕਸਿੰਗ ਦੀ ਨੈਸ਼ਨਲ ਖਿਡਾਰਨ ਤੇ ਬੰਗਾ ਇਲਾਕੇ ਦੇ ਨਾਮਵਰ ਪੱਤਰਕਾਰ ਤੇ ਪਿੰਡ ਸੱਲ ਕਲਾਂ ਦੇ ਨੰਬਰਦਾਰ ਡਾ. ਚਰਨਜੀਤ ਸੱਲ੍ਹਾਂ ਦੀ ਬੇਟੀ ਮੁਸਕਾਨ ਜਦੋਂ ਜਿੱਤ ਕੇ ਪਿੰਡ ਪਹੁੰਚੀ ਤਾਂ ਨਗਰ ਨਿਵਾਸੀਆਂ, ਵੱਖ ਵੱਖ ਧਾਰਮਿਕ ਆਗੂਆਂ, ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਜਥੇਬੰਦੀਆਂ ਦੇ ਆਗੂਆਂ ਵਲੋਂ ਸਵਾਗਤ ਕੀਤਾ ਗਿਆ। ਮੁਸਕਾਨ ਨੇ ਮਹਾਂਰਾਸ਼ਟਰ, ਉੱਤਰ ਪ੍ਰਦੇਸ਼, ਕਰਨਾਟਕ, ਹਰਿਆਣਾ, ਸਿੱਕਮ ਸਮੇਤ ਹੋਰ ਸੂਬਿਆਂ ਦੀਆਂ ਖਿਡਾਰਨਾਂ ਨਾਲ ਮੈਦਾਨ ਵਿੱਚ ਦੋ-ਦੋ ਹੱਥ ਕਰਕੇ ਖੂਬ ਵਾਹ-ਵਾਹ ਖੱਟੀ ਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ। ਸੋਨੇ ਦੇ ਮੈਡਲ ਤੇ ਕਬਜਾ ਕਰਕੇ ਉਸ ਨੇ ਆਪਣੀ ਲੈਅ ਨੂੰ ਬਰਕਰਾਰ ਰੱਖਿਆ। ਮੁਸਕਾਨ ਦੇ ਕੋਚ ਮਨਜੀਤ ਸਿੰਘ ਲੌਂਗੀਆ ਨੇ ਦੱਸਿਆ ਕਿ ਮੁਸਕਾਨ 'ਤੇ ਮੈਨੂੰ ਬਹੁਤ ਹੀ ਆਸਾਂ ਤੇ ਉਮੀਦਾਂ ਹਨ। ਪਰਵਾਰ ਦਾ ਗਰੀਬ ਹੋਣਾ ਕਈ ਵਾਰ ਤਕਲੀਫ ਜ਼ਰੂਰ ਪਹੁੰਚਾ ਦਿੰਦਾ ਹੈ, ਜਦੋਂ ਕਿ ਸਰਕਾਰ ਦੀ ਤਰਫੋਂ ਵੀ ਕੋਈ ਮੱਦਦ ਨਾ ਮਿਲਣਾ ਵੀ ਸਾਡੀ ਰੂਹ ਨੂੰ ਬਹੁਤ ਝੰਜੋੜਦਾ ਹੈ। ਪਰ ਫਿਰ ਵੀ ਇਲਾਕੇ ਦੇ ਐਨ ਆਰ ਆਈ ਤੇ ਹੋਰ ਬੇਸ਼ੁਮਾਰ ਲੋਕਾਂ ਦੇ ਪਿਆਰ ਦਾ ਮੁੱਲ ਇਹ ਮੈਡਲ ਜਿੱਤ ਕੇ ਜ਼ਰੂਰ ਮੋੜ ਰਹੀ ਹੈ।ਮੁਸਕਾਨ ਦਾ ਸਵਾਗਤ ਤੇ ਵਧਾਈ ਦੇਣ ਪਹੁੰਚੇ ਪਿੰਡ ਦੇ ਸਰਪੰਚ ਸੁਖਦੀਪ ਸਿੰਘ ਖਾਲਸਾ ਤੇ ਹੋਰ ਪਤਵੰਤਿਆਂ ਨੇ ਵੀ ਕਿਹਾ ਕਿ ਇਸ ਤੋਂ ਹੋਰ ਵੀ ਬਹੁਤ ਉਮੀਦਾਂ ਹਨ। ਸਾਡੀ ਸਰਕਾਰ ਨੂੰ ਬੇਨਤੀ ਹੈ ਕਿ ਇਸ ਬੱਚੀ ਦੀ ਬਾਂਹ ਜ਼ਰੂਰ ਫੜੀ ਜਾਵੇ। ਵਧਾਈ ਦੇਣ ਵਾਲਿਆਂ ਵਿੱਚ ਪਰਮਿੰਦਰ ਸਿੰਘ ਨੰਬਰਦਾਰ, ਸੁਰਜੀਤ ਕੁਮਾਰ ਵਾਲੀਆ, ਕੁਲਦੀਪ ਸਿੰਘ ਵਾਲੀਆ, ਜਸਵੀਰ ਸਿੰਘ, ਸਤਨਾਮ ਸਿੰਘ ਵਾਲੀਆ, ਰਾਜਵਿੰਦਰ ਕੌਰ ਪੰਚ, ਗੁਰਮੀਤ ਕੌਰ, ਅਵਤਾਰ ਭੱਟੀ, ਜਸਪ੍ਰੀਤ ਭੱਟੀ, ਰਾਹੁਲ ਬੰਗਾ, ਅੰਕੁਸ਼ ਭੱਟੀ, ਸੋਮ ਨਾਥ ਭੱਟੀ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।